ਵੀਰਵਾਰ, 2 ਜੁਲਾਈ, 2026
18 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 31

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 2 JULY, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

# ਬੀਬੀਆਂ ਦੇ ਆਪਣੇ ਖਾਤੇ ਐਕਟਿਵ

## ਕਿਸੇ ਨੂੰ ਪੁੱਤ ਤੇ ਕਿਸੇ ਨੂੰ ਭਰਾ ਦਾ ਸਤਿਕਾਰ ਮਿਲਿਆ

**ਧੂਰੀ/ਸੰਗਰੂਰ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ/ਪ੍ਰਵੀਨ ਸਿੰਘ)**

ਪੰਜਾਬ ਭਰ ਦੀਆਂ ਲੱਖਾਂ ਔਰਤਾਂ ਦੀ ਉਡੀਕ ਬੁੱਧਵਾਰ ਉਸ ਵੇਲੇ ਖ਼ਤਮ ਹੋ ਗਈ, ਜਦੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਦਿੱਤੀ ਆਪਣੀ ਆਖ਼ਰੀ ਚੋਣ ਗਾਰੰਟੀ ਨੂੰ ਪੂਰਾ ਕਰਦਿਆਂ ‘ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ’ ਦੀ ਸ਼ੁਰੂਆਤ ਕੀਤੀ। ਧੂਰੀ ਵਿਖੇ ਵਿਸ਼ੇਸ਼ ਵੈੱਬ ਪੋਰਟਲ ਰਾਹੀਂ ਇਸ ਸਕੀਮ ਦੀ ਸ਼ੁਰੂਆਤ ਕਰਦਿਆਂ ਮੁੱਖ ਮੰਤਰੀ ਨੇ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਤਿੰਨ ਮਹੀਨਿਆਂ ਦੀ ਸਤਿਕਾਰ ਰਾਸ਼ੀ ਸਿੱਧੀ ਟ੍ਰਾਂਸਫਰ ਕਰਨ ਦਾ ਐਲਾਨ ਕੀਤਾ, ਜਿਸ ਤਹਿਤ ਹਰੇਕ ਔਰਤ ਨੂੰ 3,000 ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 4,500 ਮਿਲੇ ਹਨ। ਸਮਾਗਮ ਦੌਰਾਨ ਹੀ ਲਾਭਪਾਤਰੀਆਂ ਨੂੰ ਭੁਗਤਾਨ ਸ਼ੁਰੂ ਹੋ ਗਿਆ ਅਤੇ ਔਰਤਾਂ ਨੂੰ ਉਨ੍ਹਾਂ ਦੇ ਮੋਬਾਇਲ ਫੋਨਾਂ ’ਤੇ ਐੱਸ ਐੱਮ ਐੱਸ ਰਾਹੀਂ ਪੈਸੇ ਖ਼ਾਤੇ ਵਿੱਚ ਆਉਣ ਦਾ ਸੰਦੇਸ਼ ਮਿਲਿਆ।



ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਇਹ ਵਿੱਤੀ ਸਹਾਇਤਾ ਔਰਤਾਂ ਨੂੰ ਅਮੀਰ ਨਾ ਬਣਾਵੇ, ਪਰ ਇਹ ਉਨ੍ਹਾਂ ਨੂੰ ਮਾਣ-ਸਨਮਾਨ ਜ਼ਰੂਰ ਦੇਵੇਗੀ।

ਇਸ ਸਕੀਮ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀਆਂ ਔਰਤਾਂ ਦਾ ਭਰਾ, ਪੁੱਤਰ ਅਤੇ ਭਤੀਜਾ ਹੋਣ ਦੇ ਨਾਤੇ ਉਹ ਹਰ ਲਾਭਪਾਤਰੀ ਨੂੰ ਭਰੋਸਾ ਦਿਵਾਉਂਦੇ ਹਨ ਕਿ ਇਹ ਸਕੀਮ ਕਦੇ ਵੀ ਬੰਦ ਨਹੀਂ ਹੋਵੇਗੀ, ਕਿਉਂਕਿ ਇਹ ਲੋਕਾਂ ਵਿੱਚ ਜਤਾਏ ਗਏ ਵਿਸ਼ਵਾਸ ਦਾ ਪ੍ਰਤੀਕ ਹੈ।ਉਨ੍ਹਾ ਕਿਹਾ—ਔਰਤਾਂ ਦੇ ਮੋਬਾਇਲ ਫੋਨ ਨੋਟੀਫਿਕੇਸ਼ਨਾਂ ਨਾਲ ਬੀਪ ਕਰਨਾ ਸ਼ੁਰੂ ਕਰ ਦੇਣਗੇ, ਜੋ ਖ਼ੁਸ਼ਹਾਲੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੈ, ਜਿੱਥੇ ਔਰਤਾਂ ਮਾਣ ਅਤੇ ਸਨਮਾਨ ਨਾਲ ਜਿਊਣਗੀਆਂ।ਇਹ ਔਰਤਾਂ ਪ੍ਰਤੀ ਸਾਡੇ ਸਨਮਾਨ ਨੂੰ ਦਰਸਾਉਂਦਾ ਹੈ ਅਤੇ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਇਹ ਦੇਸ਼ ਪੱਧਰ ਦੀ ਸਭ ਤੋਂ ਵੱਡੀ ਔਰਤ ਸਤਿਕਾਰ ਯੋਜਨਾ ਹੈ। ਇਸ ਸਕੀਮ ਤਹਿਤ ਜਨਰਲ ਵਰਗ ਦੀਆਂ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸੰਬੰਧਤ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦੀ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਖੁਲਾਸਾ ਕੀਤਾ ਕਿ ਸੂਬੇ ਵਿੱਚ ਇਸ ਇਨਕਲਾਬੀ ਸਕੀਮ ਤਹਿਤ ਹੁਣ ਤੱਕ 40 ਲੱਖ ਤੋਂ ਵੱਧ ਔਰਤਾਂ ਦੀ ਸਫਲ ਰਜਿਸਟਰੇਸ਼ਨ ਹੋ ਚੁੱਕੀ ਹੈ ਅਤੇ ਯੋਗ ਲਾਭਪਾਤਰੀਆਂ ਦੇ ਨਾਂਅ ਦਰਜ ਕਰਨ ਦੀ ਇਹ ਪ੍ਰਕਿਰਿਆ ਲਗਾਤਾਰ ਜਾਰੀ ਰਹੇਗੀ ਤਾਂ ਜੋ ਕੋਈ ਵੀ ਲੋੜਵੰਦ ਔਰਤ ਇਸ ਤੋਂ ਵਾਂਝੀ ਨਾ ਰਹੇ।

ਮਾਨ ਨੇ ਕਿਹਾ ਕਿ ਜੋ ਲੋਕ ਪ੍ਰਚਾਰ ਕਰ ਰਹੇ ਹਨ ਕਿ 1,000 ਜਾਂ 1,500 ਰੁਪਏ ਨਾਲ ਕੁਝ ਨਹੀਂ ਹੁੰਦਾ, ਉਹ ਲੋੜਵੰਦ ਅਤੇ ਗਰੀਬ ਪਰਵਾਰਾਂ ਦੇ ਹਾਲਾਤ ਤੋਂ ਬਿਲਕੁਲ ਅਣਜਾਣ ਹਨ। ਉਨ੍ਹਾਂ ਕਿਹਾ ਕਿ ਇਹ ਰਾਸ਼ੀ ਆਮ ਪਰਵਾਰਾਂ ਦੀਆਂ ਰੋਜ਼ਾਨਾ ਦੀਆਂ ਲੋੜਾਂ, ਘਰੇਲੂ ਖਰਚਿਆਂ ਅਤੇ ਸਮਾਜਿਕ ਰਸਮਾਂ-ਰਿਵਾਜਾਂ ਲਈ ਇੱਕ ਬਹੁਤ ਵੱਡਾ ਸਹਾਰਾ ਸਾਬਿਤ ਹੋਵੇਗੀ। ਹੁਣ ਸਾਡੀਆਂ ਮਾਵਾਂ, ਭੈਣਾਂ ਅਤੇ ਧੀਆਂ ਨੂੰ ਆਪਣੇ ਨਿੱਜੀ ਖਰਚਿਆਂ ਲਈ ਪਰਵਾਰ ਦੇ ਹੋਰਨਾਂ ਮੈਂਬਰਾਂ ਅੱਗੇ ਹੱਥ ਨਹੀਂ ਅੱਡਣੇ ਪੈਣਗੇ, ਜਿਸ ਨਾਲ ਸਮਾਜ ਵਿੱਚ ਉਨ੍ਹਾਂ ਦਾ ਸਵੈ-ਮਾਣ ਅਤੇ ਆਤਮ-ਵਿਸ਼ਵਾਸ ਹੋਰ ਮਜ਼ਬੂਤ ਹੋਵੇਗਾ।ਇਸ ਮੌਕੇ ਹੋਏ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ, ਸੂਬਾਈ ਇੰਚਾਰਜ ਮਨੀਸ਼ ਸਿਸੋਦੀਆ, ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ, ਮੋਗਾ ਤੋਂ ਵਿਧਾਇਕਾ ਅਮਨਦੀਪ ਕੌਰ ਅਰੋੜਾ ਅਤੇ ਸੰਗਰੂਰ ਤੋਂ ਵਿਧਾਇਕਾ ਨਰਿੰਦਰ ਕੌਰ ਭਰਾਜ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਦੀਆਂ ਮਹਿਲਾ ਵਿਧਾਇਕਾਂ ਅਤੇ ਸੀਨੀਅਰ ਆਗੂਆਂ ਨੇ ਵਿਸ਼ੇਸ਼ ਤੌਰ ’ਤੇ

• ਬਾਕੀ ਸਫਾ 2 ’ਤੇ

### ਜੇ ਪੈਸੇ ਨਹੀਂ ਮਿਲੇ ਤਾਂ...

ਯੋਗ ਲਾਭਪਾਤਰੀ ਔਰਤਾਂ ਨਿਰਧਾਰਤ ਸਰਕਾਰੀ ਕੇਂਦਰਾਂ ’ਤੇ ਆਫਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਰਾਹੀਂ ‘ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ’ ਲਈ ਅਪਲਾਈ ਕਰ ਸਕਦੀਆਂ ਹਨ। ਰਜਿਸਟ੍ਰੇਸ਼ਨ ਬਿਲਕੁਲ ਮੁਫ਼ਤ ਹੈ।

**ਕਿੱਥੇ ਅਪਲਾਈ ਕਰਨਾ ਹੈ :** ਨਜ਼ਦੀਕੀ ਆਂਗਣਵਾੜੀ ਕੇਂਦਰ, ਸੇਵਾ ਕੇਂਦਰ, ਮਿਉਂਸਪਲ ਕੌਂਸਲ ਦਫ਼ਤਰ ਤੇ ਸੰਬੰਧਤ ਬਲਾਕ ਦਫ਼ਤਰ।

**ਲੋੜੀਂਦੇ ਦਸਤਾਵੇਜ਼ :** ਆਧਾਰ ਕਾਰਡ, ਪੰਜਾਬ ਦਾ ਵੋਟਰ ਆਈ ਡੀ ਕਾਰਡ, ਆਧਾਰ ਨਾਲ ਲਿੰਕਡ ਬੈਂਕ ਖਾਤੇ ਦੇ ਵੇਰਵੇ/ਪਾਸਬੁੱਕ, ਆਮਦਨ ਸਰਟੀਫਿਕੇਟ (ਜਿੱਥੇ ਲਾਗੂ ਹੋਵੇ), ਪਾਸਪੋਰਟ ਸਾਈਜ਼ ਫੋਟੋ, ਅਨੁਸੂਚਿਤ ਜਾਤੀ ਸਰਟੀਫਿਕੇਟ (ਵੱਧ ਲਾਭ ਲੈਣ ਵਾਲੇ ਬਿਨੈਕਾਰਾਂ ਲਈ)।

**ਅਪਲਾਈ ਕਰਨ ਦੀ ਪ੍ਰਕਿਰਿਆ :** ਨਜ਼ਦੀਕੀ ਨਿਰਧਾਰਤ ਰਜਿਸਟ੍ਰੇਸ਼ਨ ਕੇਂਦਰ ’ਤੇ ਜਾਓ, ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਫਾਰਮ ਪ੍ਰਾਪਤ ਕਰੋ, ਸਾਰੇ ਲੋੜੀਂਦੇ ਵੇਰਵੇ ਧਿਆਨ ਨਾਲ ਭਰੋ, ਲੋੜੀਂਦੇ ਦਸਤਾਵੇਜ਼ ਨਾਲ ਨੱਥੀ ਕਰੋ।ਮੁਕੰਮਲ ਹੋਇਆ ਬਿਨੈ-ਪੱਤਰ ਨਿਰਧਾਰਤ ਅਧਿਕਾਰੀ ਕੋਲ ਜਮ੍ਹਾਂ ਕਰਵਾਓ ਤੇ ਭਵਿੱਖ ਦੇ ਹਵਾਲੇ ਲਈ ਰਸੀਦ ਪ੍ਰਾਪਤ ਕਰੋ।ਜਿਹੜੀਆਂ ਔਰਤਾਂ ਨੇ ਅਜੇ ਤੱਕ ਰਜਿਸਟ੍ਰੇਸ਼ਨ ਨਹੀਂ ਕਰਵਾਈ, ਉਹ ਹੁਣ ਵੀ ਅਪਲਾਈ ਕਰ ਸਕਦੀਆਂ ਹਨ। ਬਾਅਦ ਵਿੱਚ ਰਜਿਸਟਰ ਹੋਣ ਵਾਲੀਆਂ ਔਰਤਾਂ ਨੂੰ ਵੀ ਸਫ਼ਲ ਵੈਰੀਫਿਕੇਸ਼ਨ ਅਤੇ ਮਨਜ਼ੂਰੀ ਤੋਂ ਬਾਅਦ ਪਹਿਲੀ ਜੁਲਾਈ ਤੋਂ ਲਾਗੂ ਸਤਿਕਾਰ ਰਾਸ਼ੀ ਮਿਲੇਗੀ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਰਜਿਸਟ੍ਰੇਸ਼ਨ ਦੀ ਕੋਈ ਆਖਰੀ ਤਰੀਕ ਨਹੀਂ ਹੈ ਅਤੇ ਯੋਗ ਲਾਭਪਾਤਰੀਆਂ ਨੂੰ ਯੋਜਨਾ ਦੇ ਲਾਗੂ ਹੋਣ ਦੀ ਮਿਤੀ ਤੋਂ ਹੀ ਲਾਭ ਦਿੱਤਾ ਜਾਵੇਗਾ।

## ਬਦਲਾਵ ਜ਼ਰੂਰੀ ਹੈ...




**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਭਾਰਤੀ ਕਮਿਊਨਿਸਟ ਪਾਰਟੀ ਨੇ ਇੱਥੇ ਰਾਮ ਲੀਲ੍ਹਾ ਮੈਦਾਨ ਵਿੱਚ ਇੱਕ ਸਤੰਬਰ ਨੂੰ ਕੀਤੀ ਜਾਣ ਵਾਲੀ ‘ਬਦਲਾਵ ਜ਼ਰੂਰੀ ਹੈ’ ਰੈਲੀ ਦਾ ਪ੍ਰੈੱਸ ਕਾਨਫਰੰਸ ’ਚ ਪੋਸਟਰ ਜਾਰੀ ਕੀਤਾ।

ਇਸ ਮੌਕੇ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ, ਕੌਮੀ ਸਕੱਤਰੇਤ ਦੇ ਮੈਂਬਰ ਪੀ ਸੰਦੋਸ਼ ਕੁਮਾਰ ਸਾਂਸਦ, ਡਾ. ਭਲਚੰਦਰ ਕਾਂਗੋ, ਡਾ. ਗਿਰੀਸ਼ ਸ਼ਰਮਾ, ਐਨੀ ਰਾਜਾ, ਕੇ ਰਾਮਾਕ੍ਰਿਸ਼ਨਾ ਅਤੇ ਕੌਮੀ ਐਗਜ਼ੈਕਟਿਵ ਮੈਂਬਰ ਤੇ ਦਿੱਲੀ ਦੇ ਸਕੱਤਰ ਪ੍ਰੋ. ਦਿਨੇਸ਼ ਚੰਦਰ ਵਰਸ਼ਨੇ ਮੌਜੂਦ ਸਨ। ਰੈਲੀ ਕੀਮਤਾਂ ਵਿੱਚ ਵਾਧਾ ਅਤੇ ਬੇਰੁਜ਼ਗਾਰੀ ਖਤਮ ਕਰਨ, ਕੁਆਲਿਟੀ ਜਨਤਕ ਸਿੱਖਿਆ ਤੇ ਸਿਹਤ, ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ, ਵਰਕਰਾਂ ਦੇ ਹੱਕਾਂ ਦੀ ਰਾਖੀ, ਮਹਿਲਾ ਰਿਜ਼ਰਵੇਸ਼ਨ ਲਾਗੂ ਕਰਨ, ਦਲਿਤਾਂ ਤੇ ਆਦਿਵਾਸੀਆਂ ਲਈ ਸਮਾਜੀ ਨਿਆਂ ਅਤੇ ਜਮਹੂਰੀਅਤ, ਸੈਕੂਲਰਿਜ਼ਮ ਤੇ ਸੰਵਿਧਾਨਕ ਕਦਰਾਂ-ਕੀਮਤਾਂ ਦੀ ਬਹਾਲੀ ਦੇ ਮੁੱਦਿਆਂ ’ਤੇ ਦੇਸ਼-ਭਰ ਦੇ ਲੋਕਾਂ ਨੂੰ ਇਕੱਠੇ ਕਰੇਗੀ।

ਰੈਲੀ ਤੋਂ ਪਹਿਲਾਂ ਇਨ੍ਹਾਂ ਮੁੱਦਿਆਂ ’ਤੇ ਲੋਕਾਂ ਨੂੰ ਲਾਮਬੰਦ ਕਰਨ ਲਈ 6 ਤੋਂ 15 ਅਗਸਤ ਤੱਕ ਦੇਸ਼ਵਿਆਪੀ ਪਦ-ਯਾਤਰਾਵਾਂ ਕੀਤੀਆਂ ਜਾਣਗੀਆਂ।

## ‘ਸ਼ਾਹ ਨੇ ਰਾਮ ਲੱਲਾ ਦੇ ਦਰਸ਼ਨ ਕੀਤੇ ਨਹੀਂ, ਵੋਟਾਂ ਬਟੋਰੀਆਂ’

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਰਾਮ ਮੰਦਰ ਫੰਡ ਘੁਟਾਲੇ ਅਤੇ ਉਸ ਤੋਂ ਬਾਅਦ ਹੋਈ ਕਾਰਵਾਈ ਨੂੰ ਲੈ ਕੇ ਚੱਲ ਰਹੇ ਵਿਵਾਦ ਦੇ ਵਿਚਕਾਰ ਆਮ ਆਦਮੀ ਪਾਰਟੀ ਦੇ ਅਰਵਿੰਦ ਕੇਜਰੀਵਾਲ ਨੇ ਇਹ ਸਵਾਲ ਕਰਦਿਆਂ ਨਵੀਂ ਬਹਿਸ ਛੇੜ ਦਿੱਤੀ ਹੈ ਕਿ ਕੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਭਗਵਾਨ ਸ੍ਰੀ ਰਾਮ ਦੇ ਦਰਸ਼ਨ ਕਰਨ ਲਈ ਅਯੁੱਧਿਆ ਦੇ ਰਾਮ ਮੰਦਰ ਗਏ ਹਨ? ਕੇਜਰੀਵਾਲ ਨੇ ਕਿਹਾ ਕਿ ਸ੍ਰੀ ਰਾਮ ਮੰਦਰ ਦੀ ਪ੍ਰਾਣ ਪ੍ਰਤਿਸ਼ਠਾ ਨੂੰ ਢਾਈ ਸਾਲ ਹੋ ਗਏ ਹਨ, ਇਨ੍ਹਾਂ ਢਾਈ ਸਾਲਾਂ ਵਿੱਚ ਸ਼ਾਹ ਨੇ ਇੱਕ ਵਾਰ ਵੀ ਭਗਵਾਨ ਰਾਮ ਦੇ ਦਰਸ਼ਨ ਨਹੀਂ ਕੀਤੇ। ਇਨ੍ਹਾਂ ਢਾਈ ਸਾਲਾਂ ਵਿੱਚ ਉਨ੍ਹਾ ਆਪਣੇ ਭਾਸ਼ਣਾਂ ਅਤੇ ਇੰਟਰਵਿਊਜ਼ ਵਿੱਚ 42 ਤੋਂ ਵੱਧ ਵਾਰ ਭਗਵਾਨ ਰਾਮ ਅਤੇ ਮੰਦਰ ਦਾ ਜ਼ਿਕਰ ਕੀਤਾ, ਵਾਰ-ਵਾਰ ਰਾਮ ਅਤੇ ਮੰਦਰ ਦੇ ਨਾਂਅ ’ਤੇ ਵੋਟਾਂ ਮੰਗੀਆਂ, ਪਰ ਉਹ ਉੱਥੇ ਕਦੇ ਨਹੀਂ ਗਏ।



ਕੇਜਰੀਵਾਲ ਨੇ ਕਿਹਾ ਕਿ ਸ੍ਰੀ ਰਾਮ ਮੰਦਰ ਦੇ ਪਵਿੱਤਰ ਅਭਿਸ਼ੇਕ ਸਮਾਰੋਹ ਨੂੰ 891 ਦਿਨ ਹੋ ਗਏ ਹਨ। ਇਨ੍ਹਾਂ 891 ਦਿਨਾਂ ਵਿੱਚ ਅਮਿਤ ਸ਼ਾਹ ਰਾਮ ਲੱਲਾ ਦੇ ਦਰਸ਼ਨ ਕਰਨ ਲਈ ਸ੍ਰੀ ਰਾਮ ਮੰਦਰ ਨਹੀਂ ਗਏ। ਕਿਉਂ? ਉਨ੍ਹਾਂ (ਭਾਜਪਾ) ਲਈ ਰਾਮ ਸਿਰਫ ਸੱਤਾ ਹਾਸਲ ਕਰਨ ਅਤੇ ਪੈਸਾ ਕਮਾਉਣ ਦਾ ਇੱਕ ਸਾਧਨ ਹੈ। ਉਨ੍ਹਾਂ ਨੂੰ ਰਾਮ ਵਿੱਚ ਕੋਈ ਵਿਸ਼ਵਾਸ ਨਹੀਂ। ਕੇਜਰੀਵਾਲ ਨੇ ਸ਼ਾਹ ਨੂੰ ਪੰਜ ਸਵਾਲ ਕੀਤੇ ਹਨ : ਤੁਸੀਂ ਅਜੇ ਤੱਕ ਰਾਮ ਮੰਦਰ ਕਿਉਂ ਨਹੀਂ ਗਏ? ਕੀ ਤੁਹਾਡਾ ਭਗਵਾਨ ਰਾਮ ਦੇ ਦਰਸ਼ਨ ਕਰਨ ਦਾ ਮਨ ਨਹੀਂ ਕਰਦਾ? ਕੀ ਤੁਹਾਡਾ ਰਾਮ ਮੰਦਰ ਜਾਣ ਦਾ ਮਨ ਨਹੀਂ ਕਰਦਾ? ਕੀ ਤੁਸੀਂ ਭਗਵਾਨ ਰਾਮ ਦਾ ਆਸ਼ੀਰਵਾਦ ਨਹੀਂ ਚਾਹੁੰਦੇ? ਕੀ ਤੁਸੀਂ ਮੰਨਦੇ ਹੋ ਕਿ ਰਾਮ ਪਰਮਾਤਮਾ ਹੈ?

### ਨਹੀਂ ਬਚਿਆ ਨਿਰਵੈਰ



**ਅੰਬਾਲਾ :** ਧਨੌਰਾ ਪਿੰਡ ਵਿੱਚ ਮੰਗਲਵਾਰ ਸਵੇਰੇ ਬੋਰਵੈੱਲ ਵਿੱਚ ਡਿੱਗੇ 4 ਸਾਲਾ ਨਿਰਵੈਰ ਸਿੰਘ ਨੂੰ ਬਚਾਇਆ ਨਹੀਂ ਜਾ ਸਕਿਆ। ਬੁੱਧਵਾਰ ਤੜਕਸਾਰ ਕਰੀਬ 3:25 ਵਜੇ ਬਚਾਅ ਕਾਰਜ ਮੁਕੰਮਲ ਹੋਇਆ, ਪਰ ਨਿਰਵੈਰ ਨੂੰ ਅੰਬਾਲਾ ਦੇ ਸਿਵਲ ਹਸਪਤਾਲ ਵਿੱਚ ਮ੍ਰਿਤਕ ਐਲਾਨ ਦਿੱਤਾ ਗਿਆ। ਬੋਰਵੈੱਲ ਵਿੱਚ ਪਾਣੀ ਵੀ ਸੀ, ਇਸ ਲਈ ਮੌਤ ਦਾ ਅਸਲ ਕਾਰਨ ਪੋਸਟਮਾਰਟਮ ਰਿਪੋਰਟ ਤੋਂ ਹੀ ਸਪੱਸ਼ਟ ਹੋਵੇਗਾ। ਨਿਰਵੈਰ ਪਿਤਾ ਮਨਜੀਤ ਸਿੰਘ ਨਾਲ ਸਵੇਰੇ ਦਾਦਾ ਜੀ ਨੂੰ ਖਾਣਾ ਦੇਣ ਖੇਤਾਂ ਵਿੱਚ ਗਿਆ ਸੀ। ਖੇਡਦੇ ਹੋਏ ਉਹ ਗੁਆਂਢੀ ਦੇ ਬੋਰਵੈੱਲ ਵਿੱਚ ਡਿੱਗ ਗਿਆ।

### ਤਾਪ ਬਿਜਲੀ ਘਰਾਂ ਦੇ 3500 ਆਊਟ ਸੋਰਸ ਕਾਮੇ ਠੇਕਾ ਪ੍ਰਣਾਲੀ ’ਚ

**ਚੰਡੀਗੜ੍ਹ :** ਪਾਵਰਕੌਮ ਵੱਲੋਂ ਤਾਪ ਬਿਜਲੀ ਘਰਾਂ ਦੇ ਆਊਟ ਸੋਰਸ ਕਾਮਿਆਂ ਨੂੰ ਠੇਕਾ ਪ੍ਰਣਾਲੀ ’ਚ ਲਿਆਉਣ ਦਾ ਨੋਟੀਫਿਕੇਸ਼ਨ ਜਾਰੀ ਕਰ ਦੇਣ ਤੋਂ ਬਾਅਦ ਆਊਟ ਸੋਰਸ ਕਾਮਿਆਂ ਦੀ ਯੂਨੀਅਨ ਨੇ ਹੜਤਾਲ ਖਤਮ ਕਰ ਦਿੱਤੀ ਹੈ। ਨੋਟੀਫਿਕੇਸ਼ਨ ਮੁਤਾਬਕ ਚਾਰ ਕੈਟਾਗਰੀ ਦੇ ਇਨ੍ਹਾਂ ਕਾਮਿਆਂ ’ਚੋਂ ਤਿੰਨ ਸਾਲ ਦੀ ਸੇਵਾ ਪੂਰੀ ਕਰਨ ਵਾਲੇ ਕਾਮਿਆਂ ਨੂੰ ਠੇਕਾ ਪ੍ਰਣਾਲੀ ’ਚ ਲਿਆ ਜਾਣਾ ਹੈ, ਜਦੋਂ ਕਿ ਬਾਕੀਆਂ ਨੂੰ ਤਿੰਨ ਸਾਲ ਦਾ ਸਮਾਂ ਪੂਰੇ ਹੋਣ ਮਗਰੋਂ ਲਿਆ ਜਾਵੇਗਾ। ਇਸ ਫੈਸਲੇ ਦਾ ਕਰੀਬ 3500 ਆਊਟ ਸੋਰਸ ਕਾਮਿਆਂ ਨੂੰ ਲਾਭ ਮਿਲੇਗਾ। ਬਹੁਤੇ ਕਾਮੇ ਤਾਂ 1997 ਤੋਂ ਹੀ ਆਊਟ ਸੋਰਸ ’ਤੇ ਚੱਲੇ ਆ ਰਹੇ ਸਨ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਨ੍ਹਾਂ ਨੂੰ 30 ਜੂਨ ਤੱਕ ਨੋਟੀਫਿਕੇਸ਼ਨ ਜਾਰੀ ਕਰਨ ਦਾ ਭਰੋਸਾ ਦਿੱਤਾ ਸੀ।

### ਕਮਰਸ਼ੀਅਲ 183.50 ਰੁਪਏ ਘਟਿਆ

**ਨਵੀਂ ਦਿੱਲੀ :** 19 ਕਿੱਲੋ ਦੇ ਕਮਰਸ਼ੀਅਲ ਸਿਲੰਡਰ ਦੇ ਰੇਟ ਵਿੱਚ ਸਰਕਾਰੀ ਤੇਲ ਕੰਪਨੀਆਂ ਨੇ 183.50 ਰੁਪਏ ਦੀ ਕਟੌਤੀ ਕੀਤੀ ਹੈ। ਇਹ ਸਿਲੰਡਰ 3,113 ਰੁਪਏ ਦੇ ਰਿਕਾਰਡ ਪੱਧਰ ’ਤੇ ਪਹੁੰਚ ਗਿਆ ਸੀ, ਜੋ ਹੁਣ ਘਟ ਕੇ 2,930 ਰੁਪਏ ਦਾ ਮਿਲੇਗਾ। 5 ਕਿੱਲੋ ਦਾ ਸਿਲੰਡਰ 13 ਰੁਪਏ ਘਟ ਕੇ 808.50 ਰੁਪਏ ਦਾ ਮਿਲੇਗਾ। ਘਰੇਲੂ ਸਿਲੰਡਰ ਦੀ ਕੀਮਤ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ ਅਤੇ ਇਹ 942 ਰੁਪਏ ’ਤੇ ਬਰਕਰਾਰ ਹੈ।

## ਮੈਂ ਫਾਰਮ ਭਰਤਾ, ਤੁਸੀਂ ਵੀ ਜ਼ਰੂਰ ਭਰੋ : ਮਾਨ

**ਸੰਗਰੂਰ (ਪ੍ਰਵੀਨ ਸਿੰਘ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਲੋਕਾਂ ਨੂੰ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐਸ ਆਈ ਆਰ)-2026 ਤਹਿਤ ਆਪਣੀ ਵੋਟ ਦੀ ਤਸਦੀਕ ਲਈ ਗਣਨਾ ਫਾਰਮ (ਐਨਿਊਮਰੇਸ਼ਨ ਫਾਰਮ) ਭਰਨ ਦਾ ਸੱਦਾ ਦਿੱਤਾ।ਆਪਣੀ ਵੋਟ ਦੀ ਤਸਦੀਕ ਲਈ ਗਣਨਾ ਫਾਰਮ ਭਰਨ ਤੋਂ ਬਾਅਦ ਮੁੱਖ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਇਸ ਸੁਧਾਰ ਪ੍ਰਕਿਰਿਆ ਦੌਰਾਨ ਕਿਸੇ ਦੀ ਵੀ ਅਸਲੀ ਵੋਟ ਨੂੰ ਕੱਟਣ ਨਹੀਂ ਦੇਵੇਗੀ।

ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਬੂਥ ਲੈਵਲ ਅਫ਼ਸਰ (ਬੀ ਐਲ ਓਜ਼) 25 ਜੂਨ ਤੋਂ 24 ਜੁਲਾਈ ਤੱਕ ਘਰ-ਘਰ ਜਾ ਕੇ ਵੋਟਰ ਸੂਚੀਆਂ ਦੀ ਤਸਦੀਕ ਅਤੇ ਸੁਧਾਈ ਕਰ ਰਹੇ ਹਨ।ਇਹ ਬਹੁਤ ਹੀ ਮਾਣ ਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਸੂਬੇ ਵਿੱਚ ਲਗਭਗ 90 ਫੀਸਦ ਵੋਟਰਾਂ ਦੀ ਮੈਪਿੰਗ ਪਹਿਲਾਂ ਹੀ ਹੋ ਚੁੱਕੀ ਹੈ ਅਤੇ ਬਾਕੀ ਰਹਿੰਦਾ ਕੰਮ ਵੀ ਜੰਗੀ ਪੱਧਰ ’ਤੇ ਚੱਲ ਰਿਹਾ ਹੈ। ਮੁੱਖ ਮੰਤਰੀ ਨੇ ਦੱਸਿਆ, ਜੇਕਰ ਕੋਈ ਘਰ ਬੰਦ ਪਾਇਆ ਜਾਂਦਾ ਹੈ ਤਾਂ ਬੀ ਐਲ ਓ ਉੱਥੇ ਸੂਚਨਾ ਪਰਚੀ (ਇਨਫਰਮੇਸ਼ਨ ਸਲਿੱਪ) ਅਤੇ ਸਟਿੱਕਰ ਲਾਏਗਾ। ਬੀ ਐਲ ਓ ਭਰਿਆ ਹੋਇਆ ਫਾਰਮ ਲੈਣ ਲਈ ਉਸ ਘਰ ਵਿੱਚ ਘੱਟੋ-ਘੱਟ ਤਿੰਨ ਵਾਰ ਫੇਰੀ ਪਾਉਣਗੇ। ਲੋਕਾਂ ਨੂੰ ਬਿਨਾਂ ਕਿਸੇ ਦੇਰੀ ਦੇ ਇਸ ਪ੍ਰਕਿਰਿਆ ਨੂੰ ਮੁਕੰਮਲ ਕਰਨ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਸਿਰਫ਼ ਉਨ੍ਹਾਂ ਵੋਟਰਾਂ ਦੇ ਨਾਂਅ ਹੀ ਵੋਟਰ ਸੂਚੀ ਦੇ ਖਰੜੇ (ਡਰਾਫਟ



• ਬਾਕੀ ਸਫਾ 2 ’ਤੇ

## ਅਜਿਹੀ ਹੰਕਾਰੀ ਸਰਕਾਰ ਪਹਿਲੀ ਵਾਰ ਵੇਖੀ : ਵਾਂਗਚੁਕ

**ਨਵੀਂ ਦਿੱਲੀ :** ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਵੱਲੋਂ ਜੰਤਰ-ਮੰਤਰ ਵਿਖੇ ਕੀਤਾ ਗਿਆ ਵਿਰੋਧ ਪ੍ਰਦਰਸ਼ਨ ਬੁੱਧਵਾਰ ਨੂੰ ਆਪਣੇ 12ਵੇਂ ਦਿਨ ਵਿੱਚ ਦਾਖਲ ਹੋ ਗਿਆ।

ਵਾਤਾਵਰਣ ਕਾਰਕੁਨ ਸੋਨਮ ਵਾਂਗਚੁਕ ਨੇ ਚੌਥੇ ਦਿਨ ਵੀ ਆਪਣੀ ਭੁੱਖ ਹੜਤਾਲ ਜਾਰੀ ਰੱਖੀ। ਉਸ ਨੇ ਕਿਹਾ ਕਿ ਉਹ ਥੋੜ੍ਹਾ ਥੱਕਿਆ ਹੋਇਆ ਮਹਿਸੂਸ ਕਰ ਰਿਹਾ ਹੈ। ਇੱਕ ਸਿਹਤ ਅਪਡੇਟ ਵਿੱਚ ਵਾਂਗਚੁਕ ਨੇ ਕਿਹਾ ਕਿ ਡਾਕਟਰਾਂ ਨੇ ਉਸ ਨੂੰ ਬਲੱਡ ਪ੍ਰੈਸ਼ਰ ਘੱਟ ਪਾਏ ਜਾਣ ਤੋਂ ਬਾਅਦ ਪਾਣੀ ਅਤੇ ਨਮਕ ਦਾ ਸੇਵਨ ਵਧਾਉਣ ਦੀ ਸਲਾਹ ਦਿੱਤੀ ਸੀ। ਉਸ ਦਾ ਬਲੱਡ ਸ਼ੂਗਰ ਲੈਵਲ 66 ’ਤੇ ਰਿਹਾ। ਉਸ ਨੇ ਕਿਹਾ ਕਿ ਉਸ ਦਾ ਭਾਰ ਦੋ ਕਿਲੋਗ੍ਰਾਮ ਘੱਟ ਗਿਆ ਹੈ ਅਤੇ ਪ੍ਰਤੀ ਦਿਨ ਲਗਭਗ 650 ਗ੍ਰਾਮ ਦਾ ਨੁਕਸਾਨ ਆਮ ਗੱਲ ਹੈ। ਉਸ ਨੇ ਕਿਹਾ “ਮੇਰੀਆਂ ਅਸੁਵਿਧਾਵਾਂ ਉਨ੍ਹਾਂ 20 ਤੋਂ ਵਧ ਵਿਦਿਆਰਥੀਆਂ ਦੇ ਮੁਕਾਬਲੇ ਕੁਝ ਵੀ ਨਹੀਂ ਹਨ ਜਿਨ੍ਹਾਂ ਨੇ ਆਪਣੀਆਂ ਜਾਨਾਂ ਦਿੱਤੀਆਂ। ਇੱਕ ਵਿਦਿਆਰਥੀ, ਇਨੇਸ਼, ਜੋ ਅੱਠ ਦਿਨਾਂ ਤੋਂ ਵਿਰੋਧ ਸਥਾਨ ’ਤੇ ਭੁੱਖ ਹੜਤਾਲ ’ਤੇ ਸੀ ਅਤੇ ਮੰਗਲਵਾਰ ਰਾਤ ਨੂੰ ਉਸ ਦੀ ਹਾਲਤ ਵਿਗੜਨ ਤੋਂ ਬਾਅਦ ਉਸ ਨੂੰ ਹਸਪਤਾਲ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ ਜਿਥੇ ਉਹ ਠੀਕ ਹੋ ਰਿਹਾ ਹੈ। ਉਸ ਨੇ ਦੋਸ਼ ਲਗਾਇਆ ਕਿ ਭਾਰਤ ਨੇ ਪਹਿਲਾਂ ਕਦੇ ਵੀ ਅਜਿਹੀ ‘ਹੰਕਾਰੀ’ ਸਰਕਾਰ ਨਹੀਂ ਦੇਖੀ।

ਇਸ ਦੌਰਾਨ ਐਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ ਨੇ ਕਿਹਾ ਕਿ ਭੁੱਖ ਹੜਤਾਲ ’ਤੇ ਬੈਠੇ ਵਿਦਿਆਰਥੀਆਂ ਦੀ ਸਿਹਤ ਵਿਗੜਨੀ ਸ਼ੁਰੂ ਹੋ ਗਈ ਹੈ ਕਿਉਂਕਿ ਉਨ੍ਹਾਂ ਦਾ ਅਣਮਿੱਥੇ ਸਮੇਂ ਦਾ ਵਰਤ ਚੱਲ ਰਹੇ ਵਿਰੋਧ ਪ੍ਰਦਰਸ਼ਨ ਦੇ ਨਾਲ-ਨਾਲ ਚੌਥੇ ਦਿਨ ਵਿੱਚ ਦਾਖਲ ਹੋ ਗਿਆ ਹੈ।

**ਭੁੱਖ ਹੜਤਾਲ ’ਤੇ ਬੈਠੇ ਵਿਦਿਆਰਥੀਆਂ ਦੀ ਹਾਲਤ ਵਿਗੜੀ**



## ਕੁੰਭ ਮੇਲੇ ਵੇਲੇ ਰਾਮ ਮੰਦਰ ਦੇ ਚੜ੍ਹਾਵੇ ’ਚ ਵੱਡੀ ਸੰਨ੍ਹ ਲੱਗੀ

**ਨਵੀਂ ਦਿੱਲੀ (ਨ ਜ਼ ਸ)**

ਅਯੁੱਧਿਆ ਦੇ ਰਾਮ ਮੰਦਰ ਤੋਂ ਦਾਨ ਦੀ ਚੋਰੀ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਸਿੱਟ) ਨੇ ਲੱਭਿਆ ਹੈ ਕਿ ਸਭ ਤੋਂ ਵੱਧ ਗੱਫੇ 2025 ਦੇ ਕੁੰਭ ਮੇਲੇ ਦੌਰਾਨ ਲਾਏ ਗਏ, ਜਦੋਂ ਮੰਦਰ ਵਿੱਚ ਚੜ੍ਹਾਵੇ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਸੀ।

ਪੁਲਸ ਨੇ ਇਸ ਕਾਂਡ ’ਚ ਅੱਠ ਮੁਲਜ਼ਮਾਂ ਅਵਿਨਾਸ਼ ਸ਼ੁਕਲਾ, ਅਨੁਕਲਪ ਮਿਸ਼ਰਾ, ਲਵ ਕੁਸ਼ ਮਿਸ਼ਰਾ, ਮਨੀਸ਼ ਕੁਮਾਰ ਯਾਦਵ, ਕਰੁਣੇਸ਼ ਪਾਂਡੇ, ਰਮਾਸ਼ੰਕਰ ਮਿਸ਼ਰਾ, ਸੁਭਾਸ਼ ਸ੍ਰੀਵਾਸਤਵ ਅਤੇ ਰਾਮਸ਼ੰਕਰ ਯਾਦਵ ਉਰਫ ਟੀਨੂੰ ਯਾਦਵ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ’ਤੇ ਮੰਦਰ ਦੇ ਦਾਨ ਪਾਤਰ ’ਚੋਂ ਨਕਦੀ ਖਿਸਕਾਉਣ ਦੀ ਸਾਜ਼ਿਸ਼ ਦਾ ਦੋਸ਼ ਹੈ। ਜਾਂਚਕਰਤਾਵਾਂ ਦਾ ਦਾਅਵਾ ਹੈ ਕਿ ਲਵ ਕੁਸ਼ ਮਿਸ਼ਰਾ ਅਤੇ ਅਨੁਕਲਪ ਮਿਸ਼ਰਾ ਦੀ ਭੈਣ-ਭਰਾ ਜੋੜੀ ਨੇ ਸਭ ਤੋਂ ਵੱਡਾ ਹਿੱਸਾ ਚੋਰੀ ਕੀਤਾ ਅਤੇ ਜਾਇਦਾਦਾਂ ਵਿੱਚ ਪੈਸਾ ਲਗਾਇਆ। ਦੋਵਾਂ ਨਾਲ ਜੁੜੀਆਂ ਅੱਧੀ ਦਰਜਨ ਤੋਂ ਵੱਧ ਜਾਇਦਾਦਾਂ ਦਾ ਪਤਾ ਲਗਾਇਆ ਗਿਆ ਹੈ, ਜਦੋਂ ਕਿ ਆਮਦਨ ਕਰ ਵਿਭਾਗ ਨੂੰ ਉਨ੍ਹਾਂ ਦੇ ਵਿੱਤੀ ਲੈਣ-ਦੇਣ ਦੀ ਜਾਂਚ ਕਰਨ ਲਈ ਕਿਹਾ ਗਿਆ ਹੈ। ਪੁਲਸ ਪੈਸਾ ਕਿੱਥੋਂ-ਕਿੱਥੇ ਗਿਆ, ਇਸ ਦਾ ਪਤਾ ਲਾਉਣ ਲਈ ਈ ਡੀ ਤੋਂ ਜਾਂਚ ਕਰਵਾਉਣ ਦੀ ਵੀ ਯੋਜਨਾ ਬਣਾ ਰਹੀ ਹੈ।

ਜਾਂਚਕਰਤਾਵਾਂ ਮੁਤਾਬਕ ਸਭ ਤੋਂ ਵੱਧ ਨਕਦੀ ਬਰਾਮਦਗੀ ਅਵਿਨਾਸ਼ ਸ਼ੁਕਲਾ ਨਾਲ ਜੁੜੀ ਨਿਕਲੀ। ਐੱਫ ਆਈ ਆਰ ਦਰਜ ਹੋਣ ਤੋਂ ਪਹਿਲਾਂ ਉਸ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਆਧਾਰ ’ਤੇ 89 ਲੱਖ ਰੁਪਏ ਬਰਾਮਦ ਕੀਤੇ ਗਏ, ਜਦੋਂ ਕਿ ਛਾਪੇਮਾਰੀ ਦੌਰਾਨ ਉਸ ਦੇ ਪਰਵਾਰ ਨਾਲ ਜੁੜੇ ਇੱਕ ਯੋਗਾ ਕੇਂਦਰ ਤੋਂ ਲੱਗਭੱਗ 5 ਲੱਖ ਰੁਪਏ ਜ਼ਬਤ ਕੀਤੇ ਗਏ। ਪੁਲਸ ਨੇ ਲਵ ਕੁਸ਼ ਮਿਸ਼ਰਾ ਦੇ ਜੱਦੀ ਘਰ ਤੋਂ ਢੇਰ ’ਚ ਲੁਕਾਏ ਗਏ 12 ਲੱਖ ਰੁਪਏ ਵੀ ਬਰਾਮਦ ਕੀਤੇ। ਜਾਂਚਕਰਤਾਵਾਂ ਨੂੰ ਸ਼ੱਕ ਹੈ ਕਿ ਮਿਸ਼ਰਾ, ਜੋ ਕਥਿਤ ਤੌਰ ’ਤੇ ਲੱਗਭੱਗ 12,000 ਰੁਪਏ ਪ੍ਰਤੀ ਮਹੀਨਾ ਕਮਾਉਂਦਾ ਸੀ, ਨੇ ਆਪਣੀ ਪਤਨੀ ਦੇ ਨਾਂਅ ’ਤੇ ਅਯੁੱਧਿਆ ਵਿੱਚ 25 ਲੱਖ ਰੁਪਏ ਦਾ ਘਰ ਬਣਾਉਣ ਲਈ ਗਬਨ ਕੀਤੇ ਪੈਸੇ ਦੀ ਵਰਤੋਂ ਕੀਤੀ। ਉਸ ਦੇ ਬੈਂਕ ਖਾਤਿਆਂ ਅਤੇ ਸੰਭਾਵਤ ਬੇਨਾਮੀ ਜਾਇਦਾਦਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਮਨੀਸ਼ ਕੁਮਾਰ ਯਾਦਵ ਦੇ ਘਰ ਤੋਂ ਲੱਗਭੱਗ 36 ਲੱਖ ਰੁਪਏ ਬਰਾਮਦ ਕੀਤੇ ਗਏ ਹਨ, ਜਦੋਂ ਕਿ ਰਾਮਸ਼ੰਕਰ ਯਾਦਵ ਉਰਫ ਟੀਨੂੰ ਯਾਦਵ ਦੇ ਘਰ ਤੋਂ ਨਕਦੀ, ਗਹਿਣੇ ਅਤੇ ਜਾਇਦਾਦ ਦੇ ਦਸਤਾਵੇਜ਼ ਜ਼ਬਤ ਕੀਤੇ ਗਏ ਹਨ। ਇਸ ਜਾਂਚ ਨੇ ਸਟੇਟ ਬੈਂਕ ਆਫ਼ ਇੰਡੀਆ ਦੇ ਕੁਝ ਕਰਮਚਾਰੀਆਂ ਨੂੰ ਵੀ ਜਾਂਚ ਦੇ ਘੇਰੇ ਵਿੱਚ ਲਿਆਂਦਾ ਹੈ। ਬੈਂਕ ਇੱਕ ਨਿੱਜੀ ਏਜੰਸੀ ਰਾਹੀਂ ਮੰਦਰ ਦੇ ਦਾਨ ਦੀ ਗਿਣਤੀ ਦੀ ਨਿਗਰਾਨੀ ਕਰਦੀ ਹੈ। ਚਾਰ ਦਾਨ ਬਕਸਿਆਂ ਦੀ ਨਕਦੀ ਦੀ ਗਿਣਤੀ 14 ਮੈਂਬਰੀ ਟੀਮ ਵੱਲੋਂ ਕੀਤੀ ਜਾਂਦੀ ਹੈ, ਜਿਸ ਵਿੱਚ 11 ਬੈਂਕ ਕਰਮਚਾਰੀ ਅਤੇ ਮੰਦਰ ਟਰੱਸਟ ਦੇ ਤਿੰਨ ਪ੍ਰਤੀਨਿਧ ਸ਼ਾਮਲ ਹਨ। ਜਾਂਚਕਰਤਾਵਾਂ ਨੂੰ ਸ਼ੱਕ ਹੈ ਕਿ ਮੁਲਜ਼ਮਾਂ ਨੇ ਗਿਣਤੀ ਕਮਰੇ ਤੱਕ ਪਹੁੰਚ ਦਾ ਫਾਇਦਾ ਉਠਾਇਆ ਅਤੇ ਅੰਦਰੂਨੀ ਲੋਕਾਂ ਨਾਲ ਮਿਲੀਭੁਗਤ ਕਰਕੇ ਨਕਦੀ ਹੜੱਪ ਲਈ। ਪੁਲਸ ਦਾ ਕਹਿਣਾ ਹੈ ਕਿ ਬੈਂਕ ਖਾਤੇ ਦੇ ਵਿਸ਼ਲੇਸ਼ਣ ਤੋਂ ਪਤਾ ਲੱਗਾ ਹੈ ਕਿ ਮੁਲਜ਼ਮਾਂ ਦੇ ਆਮਦਨ ਦੇ ਜਾਣੇ-ਪਛਾਣੇ ਸਰੋਤਾਂ ਤੋਂ ਵੱਧ ਲੈਣ-ਦੇਣ ਹੋਇਆ ਹੈ। ਜਾਂਚ ਜਾਰੀ ਹੈ।




ਮੁਲਜ਼ਮ ਅਵਿਨਾਸ਼ ਸ਼ੁਕਲਾ ਦੇ ਘਰੋਂ ਮਿਲਿਆ ਦਾਨ-ਸੰਦੂਕ।

ਇਸੇ ਦੌਰਾਨ ਮੁਲਜ਼ਮ ਅਵਿਨਾਸ਼ ਸ਼ੁਕਲਾ ਦੇ ਘਰੋਂ ‘ਰਾਮਰਾਜਯ ਕੋਸ਼’ ਸੰਦੂਕ ਮਿਲਿਆ ਹੈ। ਸੰਦੂਕ ’ਤੇ ਡਿਜੀਟਲ ਭੁਗਤਾਨ ਲਈ ਕਿਊ ਆਰ ਕੋਡ ਲੱਗਿਆ ਹੋਇਆ ਹੈ। ਜਾਂਚਕਰਤਾ ਇਸ ਨੂੰ ਹੁਣ ਤੱਕ ਦੇ ਸਭ ਤੋਂ ਮਹੱਤਵਪੂਰਨ ਸਬੂਤਾਂ ਵਿੱਚੋਂ ਇੱਕ ਮੰਨ ਰਹੇ ਹਨ। ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਲੱਕੜ ਦੇ ਸੰਦੂਕ ਤੋਂ ਇਹ ਪਤਾ ਲਗਾਉਣ ਵਿੱਚ ਮਦਦ ਮਿਲ ਸਕਦੀ ਹੈ ਕਿ ਕੀ ਮੰਦਰ ਦੇ ਨਾਂਅ ’ਤੇ ਕੋਈ ਅਣਅਧਿਕਾਰਤ ਦਾਨ ਇਕੱਠਾ ਕਰਨ ਦੀ ਪ੍ਰਣਾਲੀ ਚਲਾਈ ਜਾ ਰਹੀ ਸੀ ਅਤੇ ਡਿਜੀਟਲ ਲੈਣ-ਦੇਣ ਨਾਲ ਜੁੜੇ ਕਿਊ ਆਰ ਕੋਡ ਰਾਹੀਂ ਵਿੱਤੀ ਟਰੇਲ ਦਾ ਪਤਾ ਲਗਾਇਆ ਜਾ ਸਕਦਾ ਹੈ। ਅਧਿਕਾਰੀ ਇਹ ਵੀ ਜਾਂਚ ਕਰ ਰਹੇ ਹਨ ਕਿ ਕੀ ਇਸੇ ਤਰ੍ਹਾਂ ਦੇ ਦਾਨ ਸੰਦੂਕਾਂ ਦੀ ਵਰਤੋਂ ਕਿਤੇ ਹੋਰ ਕੀਤੀ ਗਈ ਸੀ ਅਤੇ ਕੀ ਕਥਿਤ ਸਾਜ਼ਿਸ਼ ਵਿੱਚ ਹੋਰ ਵਿਅਕਤੀ ਸ਼ਾਮਲ ਸਨ।

ਇਸੇ ਦੌਰਾਨ ਸਥਾਨਕ ਅਦਾਲਤ ਨੇ ਸਿੱਟ ਨੂੰ ਆਪਣੀ ਜਾਂਚ ਪੂਰੀ ਕਰਨ ਲਈ 15 ਦਿਨ ਹੋਰ ਦੇ ਦਿੱਤੇ ਹਨ।

## ਅੱਜ-ਨਾਮਾ

ਅਫਸਰ ਇੱਕ ਹਰਿਆਣੇ ਦਾ ਕੱਲ੍ਹ ਫੜਿਆ,
ਫੜਿਆ ਅਫਸਰ ਇੱਕ ਹੋਰ ਹੈ ਅੱਜ ਬੇਲੀ।
ਪਹਿਲਾ ਫਸਿਆ ਕਰੋੜਾਂ ਦੀ ਧਾਂਦਲੀ ਵਿੱਚ,
ਲਾਇਆ ਤਾਣ ਤਾਂ ਸਕਿਆ ਨਾ ਭੱਜ ਬੇਲੀ।
ਦੂਸਰਾ ਮੰਗਦਾ ਰਿਸ਼ਵਤ ਸੀ ਅੱਜ ਅੜਿਆ,
ਕਰੀ ਗਿਆ ਪਹਿਲੇ ਤੋਂ ਬੜਾ ਕੁਚੱਜ ਬੇਲੀ।
ਤਨਖਾਹਾਂ ਮੋਟੀਆਂ, ਭੱਤੇ ਕਈ ਮਿਲਣ ਭਾਰੇ,
ਭੁੱਖੜ ਨੀਤਾਂ ਨੂੰ ਆਇਆ ਨਹੀਂ ਰੱਜ ਬੇਲੀ।
ਬਦਨਾਮੀ ਆਪਣੀ ਹੁੰਦੀ ਪਈ ਬਹੁਤ ਭਾਰੀ,
ਸਾਰੇ ਪਰਵਾਰ ਲਈ ਅੰਤ ਦੀ ਸ਼ਰਮ ਬੇਲੀ।
ਅੱਗੜ-ਪਿੱਛੜ ਦੋ ਫਸੇ ਜਦ ਬੜੇ ਅਫਸਰ,
ਮੁੱਕ ਗਿਆ ਸੁਥਰੇ ਪ੍ਰਬੰਧ ਦਾ ਭਰਮ ਬੇਲੀ।

-ਤੀਸ ਮਾਰ ਖਾਂ

## ਭਾਰਤ ਤੇ ਪਾਕਿਸਤਾਨ ਦੀਆਂ 117 ਹਸਤੀਆਂ ਵੱਲੋਂ ਮੋਦੀ ਤੇ ਸ਼ਰੀਫ ਨੂੰ ਦੁਸ਼ਮਣੀ ਤਿਆਗਣ ਦੀ ਅਪੀਲ

**ਨਵੀਂ ਦਿੱਲੀ/ਇਸਲਾਮਾਬਾਦ (ਨ ਜ਼ ਸ)**

ਭਾਰਤ-ਪਾਕਿਸਤਾਨ ਸੰਬੰਧਾਂ ਨੂੰ ਬਿਹਤਰ ਬਣਾਉਣ ਲਈ, ਦੋਵਾਂ ਦੇਸ਼ਾਂ ਦੀਆਂ 117 ਪ੍ਰਮੁੱਖ ਹਸਤੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੂੰ ਇੱਕ ਖੁੱਲ੍ਹਾ ਪੱਤਰ ਲਿਖਿਆ ਹੈ, ਜਿਸ ਵਿੱਚ ਉਨ੍ਹਾਂ ਨੂੰ ਦੱਖਣੀ ਏਸ਼ੀਆ ਵਿੱਚ ਸ਼ਾਂਤੀ ਅਤੇ ਵਿਕਾਸ ਦੇ ਮਾਹੌਲ ਨੂੰ ਉਤਸ਼ਾਹਤ ਕਰਨ ਲਈ ਟਕਰਾਅ ਦੀ ਬਜਾਏ ਗੱਲਬਾਤ ਦੀ ਚੋਣ ਕਰਨ ਦੀ ਅਪੀਲ ਕੀਤੀ ਹੈ।

117 ਵਿਅਕਤੀਆਂ ਵਿੱਚ ਸਾਬਕਾ ਅਧਿਕਾਰੀ, ਸਮਾਜਿਕ ਤੇ ਸਿਆਸੀ ਸ਼ਖ਼ਸੀਅਤਾਂ ਸ਼ਾਮਲ ਹਨ। ਇਨ੍ਹਾਂ ਵਿੱਚ ਭਾਰਤ ਦੀਆਂ 61 ਸ਼ਖ਼ਸੀਅਤਾਂ ਹਨ, ਜਿਨ੍ਹਾਂ ਵਿੱਚ ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਫਾਰੂਕ ਅਬਦੁੱਲਾ, ਮਹਿਬੂਬਾ ਮੁਫ਼ਤੀ, ਮੀਰਵਾਇਜ਼ ਉਮਰ ਫਾਰੂਕ, ਸਾਬਕਾ ਟੀ ਐੱਮ ਸੀ ਮੰਤਰੀ ਤੇ ਮੌਜੂਦਾ ਏ ਜੇ ਯੂ ਪੀ ਨੇਤਾ ਹੁਮਾਯੂੰ ਕਬੀਰ ਅਤੇ ਆਰ ਜੇ ਡੀ ਦੇ ਸੰਸਦ ਮੈਂਬਰ ਮਨੋਜ ਝਾਅ ਸ਼ਾਮਲ ਸਨ। ਪਾਕਿਸਤਾਨ ਦੀਆਂ 56 ਸ਼ਖ਼ਸੀਅਤਾਂ ਵਿੱਚ ਸਾਬਕਾ ਵਿਦੇਸ਼ ਮੰਤਰੀ ਖੁਰਸ਼ੀਦ ਮਹਿਮੂਦ ਕਸੂਰੀ, ਡਿਪਲੋਮੈਟ ਅਸ਼ਰਫ ਜਹਾਂਗੀਰ ਕਾਜ਼ੀ, ਨੈਸ਼ਨਲ ਅਸੈਂਬਲੀ ਮੈਂਬਰ ਇਸਫਾਨਯਾਰ ਭੰਡਾਰਾ ਤੋਂ ਇਲਾਵਾ ਪ੍ਰਮਾਣੂ ਭੌਤਿਕ ਵਿਗਿਆਨੀ ਤੇ ਲੇਖਕ ਪਰਵੇਜ਼ ਹੁਦਭੌਏ ਸ਼ਾਮਲ ਹਨ।

ਪੱਤਰ ਵਿੱਚ ਅਪੀਲ ਕੀਤੀ ਗਈ ਹੈ ਕਿ ਨਵੀਂ ਦਿੱਲੀ ਅਤੇ ਇਸਲਾਮਾਬਾਦ ਵਿੱਚ ਹਾਈ ਕਮਿਸ਼ਨਰਾਂ ਦੀ ਬਹਾਲੀ ਕੀਤੀ ਜਾਵੇ, ਆਮ ਵੀਜ਼ਾ ਸੇਵਾਵਾਂ ਨੂੰ ਮੁੜ ਸ਼ੁਰੂ ਕੀਤਾ ਜਾਵੇ ਅਤੇ ਹਵਾਈ ਖੇਤਰ ਨੂੰ ਦੁਬਾਰਾ ਖੋਲ੍ਹਿਆ ਜਾਵੇ। ਪੱਤਰ ਵਿੱਚ ਕਿਹਾ ਗਿਆ ਹੈ, “ਭਾਰਤ ਅਤੇ ਪਾਕਿਸਤਾਨ ਇਕੱਠੇ ਮਨੁੱਖਤਾ ਦੇ ਲੱਗਭੱਗ ਪੰਜਵੇਂ ਹਿੱਸੇ ਦਾ ਘਰ ਹਨ। ਸਾਡੀ ਆਬਾਦੀ ਦਾ ਇੱਕ ਵੱਡਾ ਹਿੱਸਾ ਨੌਜਵਾਨ ਹੈ... ਦੋਵਾਂ ਦੇਸ਼ਾਂ ਦੇ ਲੋਕ ਸਥਾਈ ਅਵਿਸ਼ਵਾਸ ਅਤੇ ਟਕਰਾਅ ਦੀ ਬਜਾਏ ਸ਼ਾਂਤੀ, ਵਿਕਾਸ, ਸੰਪਰਕ ਅਤੇ ਸਹਿਯੋਗ ਦੁਆਰਾ ਪਰਿਭਾਸ਼ਤ ਭਵਿੱਖ ਦੇ ਹੱਕਦਾਰ ਹਨ।”

ਦੋਵਾਂ ਦੇਸ਼ਾਂ ਦੇ ਪ੍ਰਧਾਨ ਮੰਤਰੀਆਂ ਨੂੰ ਸ਼ਾਂਤੀ, ਆਮ ਸਥਿਤੀ, ਗੱਲਬਾਤ ਅਤੇ ਸਹਿਯੋਗ ਨੂੰ ਬਹਾਲ ਕਰਨ ਲਈ ਸਾਰਥਕ ਅਤੇ ਨਿਰੰਤਰ ਕਦਮ ਚੁੱਕਣ ਦੀ ਅਪੀਲ ਕਰਦੇ ਹੋਏ ਪੱਤਰ ਵਿਚ ਲਗਾਤਾਰ ਦੁਸ਼ਮਣੀ ਨੂੰ ਖਤਮ ਕਰਨ ਦਾ ਸੱਦਾ ਦਿੱਤਾ ਗਿਆ ਹੈ, ਜੋ ਦੋਵਾਂ ਪਾਸਿਆਂ ਦੇ ਲੱਖਾਂ ਨੌਜਵਾਨਾਂ ਨੂੰ ਮੌਕਿਆਂ, ਖੁਸ਼ਹਾਲੀ ਅਤੇ ਸੁਰੱਖਿਅਤ ਭਵਿੱਖ ਤੋਂ ਵਾਂਝਾ ਕਰ ਰਹੀ ਹੈ।



‘ਸੈਂਟਰ ਫਾਰ ਪੀਸ ਐਂਡ ਪ੍ਰੋਗਰੈਸ’ ਵੱਲੋਂ ਜਾਰੀ ਕੀਤੇ ਗਏ ਪੱਤਰ ਵਿੱਚ ਤੁਰੰਤ ਕੂਟਨੀਤਕ ਉਪਾਵਾਂ ਤੋਂ ਲੈ ਕੇ ਇੱਕ ਢਾਂਚਾਗਤ ਗੱਲਬਾਤ ਦੀ ਮੁੜ ਸ਼ੁਰੂਆਤ, ਲੋਕਾਂ ਦੇ ਲੋਕਾਂ ਨਾਲ ਸੰਬੰਧਾਂ ਨੂੰ ਮੁੜ ਜੋੜਨ ਦੇ ਨਾਲ-ਨਾਲ ਧਾਰਮਿਕ ਅਤੇ ਸੱਭਿਆਚਾਰਕ ਪਹੁੰਚ ਨੂੰ ਉਤਸ਼ਾਹਤ ਕਰਨ ਤੱਕ ਦੇ ਸੁਝਾਅ ਦਿੱਤੇ ਗਏ ਹਨ। ਪੱਤਰ ਵਿੱਚ ਜੰਮੂ-ਕਸ਼ਮੀਰ ’ਤੇ ਚਰਚਾ ਵਰਗੇ ਸਾਰੇ ਬਕਾਇਆ ਮੁੱਦਿਆਂ ’ਤੇ ਇੱਕ ਵਿਆਪਕ ਦੁਵੱਲੀ ਗੱਲਬਾਤ ਮੁੜ ਸ਼ੁਰੂ ਕਰਨ ਦਾ ਸੱਦਾ ਵੀ ਦਿੱਤਾ ਗਿਆ ਹੈ। ਵਪਾਰ ਅਤੇ ਯਾਤਰਾ ਲਈ ਅਟਾਰੀ-ਵਾਹਗਾ ਜ਼ਮੀਨੀ ਸਰਹੱਦ ਨੂੰ ਪੂਰੀ ਤਰ੍ਹਾਂ ਖੋਲ੍ਹਣ ਦਾ ਸੁਝਾਅ ਦੇਣ ਤੋਂ ਇਲਾਵਾ, ਸ੍ਰੀਨਗਰ-ਮੁਜ਼ੱਫਰਾਬਾਦ ਬੱਸ ਸੇਵਾ ਨੂੰ ਮੁੜ ਸ਼ੁਰੂ ਕਰਨ ਸਮੇਤ ਹੋਰ ਸੰਪਰਕ ਪਹਿਲਕਦਮੀਆਂ ਦੇ ਨਾਲ, ਯਾਤਰਾ ਦੇ ਸਮੇਂ ਅਤੇ ਲਾਗਤਾਂ ਨੂੰ ਘਟਾਉਣ ਤੇ ਸੰਪਰਕ ਨੂੰ ਬਿਹਤਰ ਬਣਾਉਣ ਲਈ ਕਮਰਸ਼ੀਅਲ ਏਅਰਲਾਈਨਾਂ ਲਈ ਹਵਾਈ ਖੇਤਰ ਨੂੰ ਦੁਬਾਰਾ ਖੋਲ੍ਹਣ ਦੀ ਮੰਗ ਵੀ ਕੀਤੀ ਗਈ ਹੈ। ਪੱਤਰ ਵਿੱਚ ਕਰਤਾਰਪੁਰ ਸਾਹਿਬ ਲਾਂਘੇ ਨੂੰ ਇੱਕ ਮਹੱਤਵਪੂਰਨ ਵਿਸ਼ਵਾਸ-ਨਿਰਮਾਣ ਉਪਾਅ ਵਜੋਂ ਦੁਬਾਰਾ ਖੋਲ੍ਹਣ ਦੇ ਨਾਲ-ਨਾਲ ਪਾਕਿਸਤਾਨ ਦੀ ਨੀਲਮ ਘਾਟੀ ਵਿੱਚ ਸਥਿਤ ਸ਼ਾਰਦਾ ਪੀਠ (ਕਸ਼ਮੀਰੀ ਪੰਡਤਾਂ ਦਾ ਪਵਿੱਤਰ ਧਾਰਮਿਕ ਸਥਾਨ) ਖੋਲ੍ਹਣ ਦੀ ਅਪੀਲ ਕਰਨ ਦੇ ਨਾਲ-ਨਾਲ ਸਰਹੱਦ ਦੇ ਦੋਵੇਂ ਪਾਸੇ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤੀ ਸਥਾਨਾਂ ਦੇ ਦੌਰੇ ਦੀ ਸਹੂਲਤ ਦੇਣ ਦੀ ਮੰਗ ਕੀਤੀ ਗਈ ਹੈ। ਪੱਤਰ ਵਿੱਚ ਦੋਹਾਂ ਪ੍ਰਧਾਨ ਮੰਤਰੀਆਂ ਨੂੰ ਕਿਹਾ ਗਿਆ ਹੈ, “ਅਸੀਂ ਤੁਹਾਨੂੰ ਸਤਿਕਾਰ ਸਹਿਤ ਬੇਨਤੀ ਕਰਦੇ ਹਾਂ ਕਿ ਤੁਸੀਂ ਆਮ ਲੋਕਾਂ ਦੀਆਂ ਇੱਛਾਵਾਂ ਨੂੰ ਸੁਣੋ ਅਤੇ ਅਲੱਗ-ਥਲੱਗਤਾ ਦੀ ਬਜਾਏ ਸ਼ਮੂਲੀਅਤ, ਦੁਸ਼ਮਣੀ ਦੀ ਬਜਾਏ ਗੱਲਬਾਤ ਅਤੇ ਟਕਰਾਅ ਦੀ ਬਜਾਏ ਸਹਿਯੋਗ ਦੀ ਚੋਣ ਕਰੋ। ਦੱਖਣੀ ਏਸ਼ੀਆ ਦਾ ਭਵਿੱਖ ਵੰਡ ਅਤੇ ਟਕਰਾਅ ਦੁਆਰਾ ਨਹੀਂ, ਸਗੋਂ ਸ਼ਾਂਤੀ, ਖੁਸ਼ਹਾਲੀ ਅਤੇ ਸਾਂਝੀ ਤਰੱਕੀ ਦੁਆਰਾ ਘੜਿਆ ਜਾਣਾ ਚਾਹੀਦਾ ਹੈ।” ਪੱਤਰ ਵਿੱਚ ਅੱਗੇ ਕਿਹਾ ਗਿਆ ਹੈ, “ਇਹ ਲੱਗਭੱਗ ਦੋ ਅਰਬ ਲੋਕਾਂ ਦੀ ਭਲਾਈ, ਇੱਛਾਵਾਂ ਅਤੇ ਭਵਿੱਖ ਨੂੰ ਟਕਰਾਅ ਅਤੇ ਵੰਡ ਤੋਂ ਉੱਪਰ ਰੱਖਣ ਦਾ ਸੱਦਾ ਹੈ। ਸਾਡਾ ਮੰਨਣਾ ਹੈ ਕਿ ਸ਼ਾਂਤੀ, ਗੱਲਬਾਤ ਅਤੇ ਸਹਿਯੋਗ ਇੱਕ ਸਥਿਰ, ਖੁਸ਼ਹਾਲ ਅਤੇ ਸੁਰੱਖਿਅਤ ਦੱਖਣੀ ਏਸ਼ੀਆ ਵੱਲ ਸਭ ਤੋਂ ਪੱਕਾ ਰਸਤਾ ਪੇਸ਼ ਕਰਦੇ ਹਨ।”

## ਮਹੀਨਾਵਾਰ ਮੀਟਿੰਗ ਦੌਰਾਨ ਜਨਮ ਦਿਨ ਮਨਾਏ



**ਧੂਰੀ (ਸੁਖਦੇਵ ਧੂਰੀ)**-ਸੀਨੀਅਰ ਸਿਟੀਜਨ ਆਫ਼ ਧੂਰੀ ਵੈਲਫ਼ੇਅਰ ਐਸੋਸੀਏਸ਼ਨ, ਰਾਮ ਬਾਗ ਦੀ ਮਹੀਨਾਵਾਰ ਮੀਟਿੰਗ ਪ੍ਰਿੰਸੀਪਲ ਸੁਖਵੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮਰਹੂਮ ਅਮਰਜੀਤ ਸਿੰਘ ਸਾਬਕਾ ਫੌਜੀ ਦੇ ਅਚਾਨਕ ਸਵਰਗਵਾਸ ਹੋਣ 'ਤੇ ਹਾਊਸ ਨੇ ਖੜੇ ਹੋ ਕੇ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ।12 ਮੈਂਬਰਾਂ ਦਾ ਜਨਮ ਦਿਨ ਐਸੋਸੀਏਸ਼ਨ ਵੱਲੋਂ ਧੂਮ-ਧਾਮ ਨਾਲ ਮਨਾਇਆ ਗਿਆ।ਉਨ੍ਹਾਂ ਦੇ ਸਤਿਕਾਰ ਨਾਲ ਹਾਰ ਪਾ ਕੇ ਯਾਦਗਾਰੀ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ, ਜਿਸ ਵਿੱਚ ਦਰਸ਼ਨ ਸਿੰਘ ਧਾਂਦਰਾ, ਬਲਦੇਵ ਸਿੰਘ, ਸੁਰਜੀਤ ਸਿੰਘ, ਰਾਮ ਦਾਸ, ਸੁਖਵਿੰਦਰ ਸਿੰਘ, ਜਗਸੀਰ ਸਿੰਘ, ਤਰਲੋਚਨ ਸਿੰਘ, ਸੰਦੀਪ ਕੁਮਾਰ ਤਾਇਲ ਸਾਬਕਾ ਪ੍ਰਧਾਨ, ਤਰਲੋਚਨ ਸਿੰਘ, ਭਗਵਾਨ ਦਾਸ ਮਿੱਤਲ, ਬਲਵੀਰ ਸਿੰਘ ਤੇ ਹੰਸ ਰਾਜ ਅੱਤਰੀ ਸਨ।ਸਟੇਜ ਸਕੱਤਰ ਦਾ ਕੰਮ ਜਸਪਾਲ ਸਿੰਘ ਨੇ ਬਾਖੂਬੀ ਨਿਭਾਇਆ।ਜਨਮ ਦਿਨ ਵਾਲੇ ਮੈਂਬਰਾਂ ਨੇ ਐਸੋਸੀਏਸ਼ਨ ਨੂੰ ਦਿਲ ਖੋਲ ਕੇ ਸਹਾਇਤਾ ਕੀਤੀ, ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।ਸੀਨੀਅਰ ਮੈਂਬਰ ਜਸਮੇਲ ਸਿੰਘ ਨੇ ਗੀਤ ਗਾ ਕੇ ਹਾਊਸ ਦਾ ਮਨੋਰੰਜਨ ਕੀਤਾ।ਬਹੁਤ ਜ਼ਿਆਦਾ ਗਰਮੀ ਹੋਣ ਕਰਕੇ ਸਮਾਗਮ ਨੂੰ ਛੋਟਾ ਕੀਤਾ ਗਿਆ।ਅਖੀਰ ਵਿੱਚ ਸੇਵਾਮੁਕਤ ਡਿਪਟੀ ਡਾਇਰੈਕਟਰ ਮਨਜੀਤ ਸਿੰਘ ਬਖ਼ਸ਼ੀ ਨੇ ਸਾਰੇ ਮੈਂਬਰਾਂ ਦਾ ਸਮਾਗਮ 'ਚ ਆਉਣ 'ਤੇ ਧੰਨਵਾਦ ਕੀਤਾ ਅਤੇ ਹੋਰ ਮਿੱਤਰਾਂ ਨੂੰ ਆਉਣ ਲਈ ਪ੍ਰੇਰਿਆ।ਰਾਜਵੰਤ ਸਿੰਘ, ਪੀ.ਐਸ.ਪੀ.ਸੀ.ਐਲ ਨੇ ਨਵੀਂ ਮੈਂਬਰਸ਼ਿਪ ਲੈਣ ਉਪਰੰਤ ਉਨ੍ਹਾਂ ਨੂੰ ਹਾਰ ਪਾ ਕੇ ਸਨਮਾਨਤ ਕੀਤਾ ਗਿਆ।ਅਖੀਰ ਵਿੱਚ ਗਰੁੱਪ ਫੋਟੋ ਵੀ ਕਰਾਈ ਗਈ।

## ਸੱਚਖੰਡ ਵਾਸੀ ਸੰਤ ਬਾਬਾ ਜਸਵੀਰ ਸਿੰਘ ਖ਼ਾਲਸਾ ਦੀ ਯਾਦ 'ਚ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੱਚਖੰਡ ਵਾਸੀ ਸੰਤ ਬਾਬਾ ਜਸਵੀਰ ਸਿੰਘ ਖ਼ਾਲਸਾ ਕਾਲਾਮਲ੍ਹਾ ਸਾਹਿਬ ਦੀ ਸਾਲਾਨਾ ਬਰਸੀ ਮੌਕੇ 29ਵਾਂ ਵਿਸ਼ਾਲ ਖੂਨਦਾਨ ਕੈਂਪ ਗੁਰਦੁਆਰਾ ਸਿੱਧਸਰ ਕਾਲਾਮਲ੍ਹਾ ਸਾਹਿਬ ਛਾਪਾ ਵਿਖੇ ਪ੍ਰੈੱਸ ਕਲੱਬ ਵੱਲੋਂ ਗੁਰਦੁਆਰਾ ਸਾਹਿਬ ਕਮੇਟੀ, ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਲਾਇਆ ਗਿਆ, ਜਿਸ ਦਾ ਉਦਘਾਟਨ ਸਾਬਕਾ ਮੈਂਬਰ ਪਾਰਲੀਮੈਂਟ ਰਾਜਦੇਵ ਸਿੰਘ ਖ਼ਾਲਸਾ ਤੇ ਸਮੂਹ ਪ੍ਰਬੰਧਕਾਂ ਸਾਂਝੇ ਤੌਰ 'ਤੇ ਕੀਤਾ।ਉਨ੍ਹਾਂ ਕਿਹਾ ਕਿ ਅਜਿਹੇ ਕੈਂਪਾਂ ਦਾ ਆਯੋਜਨ ਪਿੰਡ-ਪਿੰਡ ਹੋਣਾ ਚਾਹੀਦਾ ਹੈ, ਤਾਂ ਜੁ ਨੌਜਵਾਨ ਪੀੜ੍ਹੀ ਸਮਾਜਿਕ ਬੁਰਾਈਆਂ ਤੋਂ ਬਚਾ ਕੇ ਸਮਾਜ ਸੇਵੀ ਕਾਰਜਾਂ 'ਚ ਉਨ੍ਹਾਂ ਦੀ ਰੁਚੀ ਬਣਾਈ ਜਾ ਸਕੇ।ਉਨ੍ਹਾਂ ਸੰਤ ਜਸਵੀਰ ਸਿੰਘ ਖਾਲਸਾ ਵਲੋਂ ਧਾਰਮਿਕ ਖੇਤਰ ਤੇ ਸਮਾਜ ਸੇਵਾ ਦੇ ਖੇਤਰ 'ਚ ਪਾਏ ਅਹਿਮ ਯੋਗਦਾਨ ਦੀ ਸ਼ਲਾਘਾ ਕੀਤੀ। ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਲੱਬ ਵੱਲੋਂ ਨਿਰੰਤਰ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦੁਆਇਆ।ਜਥੇ: ਮਨਜੀਤ ਸਿੰਘ ਕੈਨੇਡੀਅਨ, ਆਪ ਆਗੂ ਸਰਪੰਚ ਗੁਰਦੀਪ ਸਿੰਘ ਛਾਪਾ, ਸੀਨੀ: ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ ਨੇ ਕਿਹਾ ਕਿ ਖ਼ੂਨਦਾਨ ਇੱਕ ਉੱਤਮ ਦਾਨ ਹੈ, ਐਮਰਜੈਂਸੀ ਸਮੇਂ ਖ਼ੂਨਦਾਨ ਕਰਕੇ ਕੀਮਤੀ ਜਿੰਦਾਂ ਨੂੰ ਬਚਾਇਆ ਜਾ ਸਕਦਾ ਹੈ।ਪ੍ਰਬੰਧਕਾਂ ਅਵਤਾਰ ਸਿੰਘ ਅਣਖੀ, ਬਲਜਿੰਦਰ ਸਿੰਘ ਢਿੱਲੋਂ, ਸੋਨੀ ਮਾਂਗੇਵਾਲ, ਮੇਘ ਰਾਜ ਜੋਸ਼ੀ ਨੇ ਕੈਂਪ ਦੀ ਸਫਲਤਾ ਲਈ ਸਹਿਯੋਗ ਦੇਣ ਤੇ ਸਾਰਿਆਂ ਦਾ ਧੰਨਵਾਦ ਕਰਦਿਆ ਦੱਸਿਆ ਕਿ ਭਵਿੱਖ ਵਿੱਚ ਇਸ ਖ਼ੂਨਦਾਨ ਦੀ ਮੁਹਿੰਮ ਨੂੰ ਹੋਰ ਤੇਜ ਕੀਤਾ ਜਾਵੇਗਾ।ਬਲੱਡ ਬੈਂਕ ਸਿਵਲ ਹਸਪਤਾਲ ਨੂੰ ਖ਼ੂਨਦਾਨੀਆਂ ਵਲੋਂ 30 ਯੂਨਿਟ ਖ਼ੂਨਦਾਨ ਕੀਤਾ ਗਿਆ।ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ, ਖ਼ੂਨਦਾਨੀਆਂ ਤੇ ਵੱਖ-ਵੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਵਾਲੀਬਾਲ ਖਿਡਾਰੀ ਅਮਰਿੰਦਰਪਾਲ ਸਿੰਘ ਦਾ ਸਨਮਾਨ



**ਲਹਿਰਾਗਾਗਾ (ਪਵਨ ਸ਼ਰਮਾ)**-ਡਾ. ਦੇਵ ਰਾਜ ਡੀ.ਈ.ਵੀ. ਸੀਨੀ. ਸੈਕੰ. ਪਬਲਿਕ ਸਕੂਲ ਖਾਈ/ਲਹਿਰਾਗਾਗਾ ਵਿੱਚੋਂ ਸਿੱਖਿਆ ਗ੍ਰਹਿਣ ਕਰ ਚੁੱਕੇ ਪਿੰਡ ਲਹਿਲ ਖੁਰਦ ਦੇ ਵਸਨੀਕ ਅਮਰਿੰਦਰਪਾਲ ਸਿੰਘ ਸਪੁੱਤਰ ਜਗਦੇਵ ਸਿੰਘ/ਸ਼੍ਰੀਮਤੀ ਹਰਮੀਤ ਕੌਰ ਨੇ ਭਾਰਤੀ ਸੀਨੀਅਰ ਵਾਲੀਬਾਲ ਦੀ ਟੀਮ ਦੀ ਨੁਮਾਇੰਦਗੀ ਕਰਦਿਆਂ ਏ.ਵੀ.ਸੀ. ਕੱਪ ਵਿੱਚੋਂ ਕਾਂਸੀ ਦਾ ਤਗਮਾ ਜਿੱਤਣ ਦੀ ਖੁਸ਼ੀ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਲਹਿਲ ਖੁਰਦ ਵਿੱਚ ਪਹੁੰਚਣ 'ਤੇ ਗੁਰੂਦੁਆਰਾ ਸਾਹਿਬ ਵਿੱਚ ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ।ਸਕੂਲ ਦੇ ਪ੍ਰਧਾਨ ਲਕਸ਼ਮੀਕਾਂਤ ਖੋਖਰ (ਲੱਕੀ ਖੋਖਰ), ਮੈਨੇਜਿੰਗ ਡਾਇਰੈਕਟਰ ਪ੍ਰਵੀਨ ਖੋਖਰ, ਕਾਨੂੰਨੀ ਸਲਾਹਕਾਰ ਐਡਵੋਕੇਟ ਅਨਿਰੁੱਧ ਕੋਸ਼ਲ ਨੇ ਦੱਸਿਆ ਕਿ ਇਹ ਸਾਡੇ ਸਕੂਲ ਲਈ ਇੱਕ ਮਾਣ ਤੇ ਸਨਮਾਨ ਵਾਲੀ ਗੱਲ ਹੈ ਕਿ ਸਕੂਲ ਵਿੱਚੋਂ ਸਿੱਖਿਆ ਗ੍ਰਹਿਣ ਕਰਕੇ ਆਪਣੇ ਸੁਨਿਹਰੇ ਭਵਿੱਖ ਨੂੰ ਰੁਸ਼ਨਾਉਂਦੇ ਹੋਏ ਆਪਣੀ ਮਾਂ ਖੇਡ ਵਾਲੀਬਾਲ ਵਿੱਚ ਅੰਤਰਰਾਸ਼ਟਰੀ ਪੱਧਰ ਤੇ ਸਕੂਲ ਦੇ ਨਾਲ-ਨਾਲ ਮਾਪਿਆ, ਪਿੰਡ ਤੇ ਪੰਜਾਬ ਦਾ ਨਾਂਅ ਰੋਸ਼ਨ ਕੀਤਾ ਹੈ।ਉਨ੍ਹਾਂ ਦੱਸਿਆ ਕਿ ਇਹ ਸਾਡੇ ਲਈ ਹੋਰ ਵੀ ਖੁਸ਼ੀ ਵਾਲੀ ਗੱਲ ਹੈ ਕਿ ਅਮਰਿੰਦਰਪਾਲ ਸਿੰਘ ਨੇ ਦੇਸ਼ ਲਈ ਏ.ਵੀ.ਸੀ. ਕੱਪ ਵਿੱਚ ਕਾਂਸੀ ਦਾ ਤਗਮਾ ਜਿੱਤਿਆ ਹੈ ਤੇ ਸਾਡੇ ਲਈ ਫਖਰ ਵਾਲੀ ਗੱਲ ਇਹ ਵੀ ਹੈ ਕਿ 40 ਸਾਲਾਂ ਬਾਅਦ ਭਾਰਤ ਨੇ ਏ.ਵੀ.ਸੀ. ਕੱਪ ਵਿੱਚ ਚਾਂਦੀ ਦਾ ਤਗਮਾ ਜਿੱਤਿਆ ਹੈ।ਉਨ੍ਹਾਂ ਦੱਸਿਆ ਕਿ ਜਪਾਨ ਵਿੱਚ ਹੋਣ ਵਾਲੀਆਂ ਏਸ਼ੀਅਨ ਖੇਡਾਂ ਦੀਆਂ ਤਿਆਰੀਆਂ ਲਈ ਭਾਰਤੀ ਕੈਂਪ ਵਿੱਚ ਇੰਨ੍ਹਾਂ ਦੀ ਚੋਣ ਹੋ ਚੁੱਕੀ ਹੈ।

## ਸ਼ੁੱਧ ਵਾਤਾਵਰਨ ਲਈ ਹਰ ਇਨਸਾਨ ਰੁੱਖ ਲਾਉਣਾ ਫ਼ਰਜ਼ ਸਮਝੇ : ਇੰਦਰਜੀਤ ਮੁੰਡੇ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਇੰਦਰਜੀਤ ਸਿੰਘ ਮੁੰਡੇ (ਚੇਅਰਮੈਨ ਕੇ. ਐਸ. ਗਰੁੱਪ) ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੰਦਰਵਾੜਾ ਮੁਹਿੰਮ ਤਹਿਤ ਰੁੱਖ ਲਗਾਓ, ਵਾਤਾਵਰਨ ਬਚਾਓ ਤਹਿਤ ਵੱਡੇ ਪੱਧਰ ਤੇ ਬੂਟੇ ਲਗਾਉਣ ਦੀ ਸੇਵਾ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਤਹਿਤ 50 ਕਿਲੋਮੀਟਰ ਦੇ ਇਲਾਕੇ ਵਿੱਚ ਪਿੰਡਾਂ ਦੀਆਂ ਸਾਂਝੀਆਂ ਥਾਵਾਂ, ਖੇਡ ਮੈਦਾਨਾਂ ਅਤੇ ਧਾਰਮਿਕ ਅਦਾਰਿਆਂ ਵਿੱਚ ਬੂਟੇ ਲਗਾਏ ਜਾ ਰਹੇ ਹਨ।ਇਸੇ ਲੜੀ ਤਹਿਤ ਅੱਜ ਮਾਤਾ ਗੁਜਰ ਕੌਰ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਵਾਲੀ ਮੁਕੱਦਸ ਧਰਤੀ, ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸੈਂਕੜੇ ਸਜਾਵਟੀ ਬੂਟੇ ਲਗਾਉਣ ਦੀ ਸੇਵਾ ਨਿਭਾਈ ਗਈ। ਇਹ ਬੂਟੇ ਗੁਰਦੁਆਰਾ ਸਾਹਿਬ ਦੀ ਹਦੂਦ (ਪਰਿਸਰ) ਅਤੇ ਦਫ਼ਤਰ ਦੀ ਸ਼ੋਭਾ ਵਧਾਉਣ ਲਈ ਲਗਾਏ ਗਏ ਹਨ।ਇਸ ਮੌਕੇ ਗੱਲਬਾਤ ਕਰਦਿਆਂ ਵਾਤਾਵਰਨ ਪ੍ਰੇਮੀ ਇੰਦਰਜੀਤ ਸਿੰਘ ਮੁੰਡੇ ਨੇ ਕਿਹਾ ਕਿ ਇੱਕ ਰੁੱਖ, ਸੌ ਸੁੱਖ ਦਾ ਨਾਅਰਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਜੇਕਰ ਆਪਾਂ ਅੱਜ ਵੱਧ ਤੋਂ ਵੱਧ ਰੁੱਖ ਲਗਾਵਾਂਗੇ, ਤਾਂ ਹੀ ਆਉਣ ਵਾਲੀਆਂ ਨਸਲਾਂ ਲਈ ਸ਼ੁੱਧ ਵਾਤਾਵਰਨ ਛੱਡ ਕੇ ਜਾ ਸਕਾਂਗੇ।ਸ. ਇੰਦਰਜੀਤ ਸਿੰਘ ਮੁੰਡੇ ਨੇ ਕਿਹਾ ਜਿਸ ਤਰ੍ਹਾਂ ਅੱਜ ਵਾਤਾਵਰਨ ਪ੍ਰਦੂਸ਼ਿਤ ਹੋ ਰਿਹਾ ਹੈ, ਜੇ ਇਹੀ ਹਾਲ ਰਿਹਾ ਤਾਂ ਆਉਣ ਵਾਲੇ ਸਮੇਂ ਵਿੱਚ ਜ਼ਿੰਦਗੀ ਜਿਊਣਾ ਤਾਂ ਦੂਰ, ਸਾਹ ਲੈਣਾ ਵੀ ਮੁਸ਼ਕਿਲ ਹੋ ਜਾਵੇਗਾ। ਇਸ ਲਈ ਹਰ ਇਨਸਾਨ ਨੂੰ ਆਪਣਾ ਇਖ਼ਲਾਕੀ ਫ਼ਰਜ਼ ਸਮਝਦੇ ਹੋਏ ਹਰ ਸਾਲ ਵੱਧ ਤੋਂ ਵੱਧ ਰੁੱਖ ਜ਼ਰੂਰ ਲਗਾਉਣੇ ਚਾਹੀਦੇ ਹਨ ਅਤੇ ਉਨ੍ਹਾਂ ਦੀ ਸੰਭਾਲ ਕਰਨੀ ਚਾਹੀਦੀ ਹੈ। ਬੂਟੇ ਲਗਾਉਣ ਦੀ ਇਸ ਰਸਮ ਦੌਰਾਨ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਕੌਮੀ ਪ੍ਰਧਾਨ ਭਾਈ ਮਨਦੀਪ ਸਿੰਘ ਖੁਰਦ, ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਐਡੀਸ਼ਨਲ ਮੈਨੇਜਰ ਬਲਵਿੰਦਰ ਸਿੰਘ ਭਰਮਾਰਸੀ, ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜਸਵੀਰ ਸਿੰਘ ਜੱਸੀ ਚੀਮਾ, ਪਟਵਾਰੀ ਮਨਜਿੰਦਰਜੀਤ ਸਿੰਘ ਬਿੱਟਾ, ਰਿਕਾਰਡ ਕੀਪਰ ਹਰਜੀਤ ਸਿੰਘ, ਗੁਰਭੇਜ ਸਿੰਘ ਅਤੇ ਹਾਜੀ ਬਿੱਟੂ ਨਰਸਰੀ ਵਾਲੇ ਸਮੇਤ ਕਈ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## 'ਮਾਵਾਂ-ਧੀਆਂ ਸਨਮਾਨ ਯੋਜਨਾ' ਦੀ ਪਹਿਲੀ ਕਿਸ਼ਤ ਜਾਰੀ ਹੋਣਾ ਇਤਿਹਾਸਕ ਕਦਮ : ਅਰਸ਼ ਸੱਚਰ



**ਫ਼ਰੀਦਕੋਟ, (ਗੁਰਪ੍ਰੀਤ ਸਿੰਘ ਬੇਦੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਸਮਾਜ ਸੇਵੀ ਅਰਸ਼ ਸੱਚਰ ਨੇ ਪੰਜਾਬ ਸਰਕਾਰ ਵੱਲੋਂ 'ਮਾਵਾਂ-ਧੀਆਂ ਸਨਮਾਨ ਯੋਜਨਾ' ਤਹਿਤ ਯੋਗ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਪਹਿਲੀ ਕਿਸ਼ਤ ਜਾਰੀ ਕਰਨ ਦੀ ਸ਼ੁਰੂਆਤ ਦਾ ਦਿਲੋਂ ਸਵਾਗਤ ਕਰਦਿਆਂ ਇਸ ਨੂੰ ਪੰਜਾਬ ਦੀਆਂ ਮਾਵਾਂ, ਭੈਣਾਂ ਅਤੇ ਧੀਆਂ ਦੇ ਸਨਮਾਨ, ਆਰਥਿਕ ਸਸ਼ਕਤੀਕਰਨ ਤੇ ਸਮਾਜਿਕ ਸੁਰੱਖਿਆ ਵੱਲ ਇੱਕ ਇਤਿਹਾਸਕ ਅਤੇ ਦੂਰਅੰਦੇਸ਼ੀ ਭਰਿਆ ਕਦਮ ਕਰਾਰ ਦਿੱਤਾ ਹੈ।ਅਰਸ਼ ਸੱਚਰ ਨੇ ਕਿਹਾ ਕਿ ਕਿਸੇ ਵੀ ਸੂਬੇ ਦੀ ਤਰੱਕੀ ਉਸ ਸਮੇਂ ਹੀ ਸੰਭਵ ਹੁੰਦੀ ਹੈ, ਜਦੋਂ ਉੱਥੋਂ ਦੀਆਂ ਮਹਿਲਾਵਾਂ ਆਰਥਿਕ ਤੌਰ 'ਤੇ ਮਜ਼ਬੂਤ, ਸਮਾਜਿਕ ਤੌਰ 'ਤੇ ਸਨਮਾਨਤ ਅਤੇ ਫ਼ੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਸਮਰੱਥ ਹੋਣ।ਇਸ ਯੋਜਨਾ ਰਾਹੀਂ ਲੱਖਾਂ ਯੋਗ ਔਰਤਾਂ ਨੂੰ ਸਿੱਧਾ ਆਰਥਿਕ ਸਹਿਯੋਗ ਪ੍ਰਾਪਤ ਹੋਵੇਗਾ, ਜਿਸ ਨਾਲ ਉਨ੍ਹਾਂ ਨੂੰ ਆਪਣੀਆਂ ਰੋਜ਼ਾਨਾ ਦੀਆਂ ਲੋੜਾਂ, ਬੱਚਿਆਂ ਦੀ ਸਿੱਖਿਆ, ਸਿਹਤ ਸੰਭਾਲ, ਪੋਸ਼ਣ ਤੇ ਪਰਵਾਰਕ ਖਰਚਿਆਂ ਨੂੰ ਹੋਰ ਆਤਮ-ਵਿਸ਼ਵਾਸ ਨਾਲ ਪੂਰਾ ਕਰਨ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਮਹਿਲਾ ਸਸ਼ਕਤੀਕਰਨ ਸਿਰਫ਼ ਨਾਅਰਿਆਂ ਨਾਲ ਨਹੀਂ, ਸਗੋਂ ਠੋਸ ਤੇ ਪ੍ਰਭਾਵਸ਼ਾਲੀ ਨੀਤੀਆਂ ਨਾਲ ਸੰਭਵ ਹੁੰਦਾ ਹੈ। ਜਦੋਂ ਸਰਕਾਰੀ ਸਹਾਇਤਾ ਸਿੱਧੇ ਲਾਭਪਾਤਰੀ ਦੇ ਬੈਂਕ ਖਾਤੇ ਵਿੱਚ ਪਹੁੰਚਦੀ ਹੈ ਤਾਂ ਇਸ ਨਾਲ ਪਾਰਦਰਸ਼ਤਾ, ਜਵਾਬਦੇਹੀ ਤੇ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੁੰਦਾ ਹੈ।ਅਰਸ਼ ਸੱਚਰ ਨੇ ਕਿਹਾ ਕਿ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਅਮਲ ਵਿੱਚ ਬਦਲਣਾ ਹੀ ਜਨ-ਪੱਖੀ ਤੇ ਜਵਾਬਦੇਹ ਸਰਕਾਰ ਦੀ ਪਛਾਣ ਹੁੰਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਕੀਤੀਆਂ ਜਾ ਰਹੀਆਂ ਪਹਿਲਾਂ ਇਹ ਦਰਸਾਉਂਦੀਆਂ ਹਨ ਕਿ ਆਮ ਪਰਿਵਾਰਾਂ, ਖ਼ਾਸ ਕਰਕੇ ਔਰਤਾਂ ਦੀ ਆਰਥਿਕ ਸੁਰੱਖਿਆ ਤੇ ਸਨਮਾਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

# ਮਨਰੇਗਾ ਕਰਮਚਾਰੀਆਂ ਦੀ ਕਲਮ-ਛੋੜ ਹੜਤਾਲ ਜਾਰੀ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਵਿਚ ਮਨਰੇਗਾ ਕ੍ਰਮਚਾਰੀ ਯੂਨੀਅਨ ਵੱਲੋਂ ਆਪਣੀ ਰੁਜ਼ਗਾਰ ਸੁਰੱਖਿਆ ਤੇ ਹੋਰ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ੁਰੂ ਕੀਤੀ ਗਈ ਕਲਮ-ਛੋੜ ਹੜਤਾਲ ਲਗਾਤਾਰ ਜਾਰੀ ਹੈ। ਮੁਲਾਜ਼ਮ ਆਗੂਆਂ ਦਾ ਕਹਿਣਾ ਹੈ ਕਿ ਹੜਤਾਲ ਨੂੰ ਲੰਬਾ ਸਮਾਂ ਬੀਤ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਉਨ੍ਹਾਂ ਦੇ ਮਸਲਿਆਂ ਦਾ ਹੱਲ ਲੱਭਣ ਦੀ ਬਜਾਏ ਲਗਾਤਾਰ ਤਾਨਾਸ਼ਾਹੀ ਫ਼ਰਮਾਨ ਜਾਰੀ ਕਰਕੇ ਇਸ ਜਨਤਕ ਅੰਦੋਲਨ ਨੂੰ ਦਬਾਉਣ ਦੀ ਨਾਕਾਮ ਕੋਸ਼ਿਸ਼ ਕਰ ਰਹੀ ਹੈ। ਯੂਨੀਅਨ ਨੇ ਸਾਫ਼ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਹੈ ਕਿ ਜੇਕਰ ਭਲਕੇ ਵਿੱਤ ਮੰਤਰੀ ਨਾਲ ਹੋਣ ਵਾਲੀ ਉੱਚ ਪੱਧਰੀ ਮੀਟਿੰਗ ਵਿੱਚ ਕੋਈ ਸਾਰਥਕ ਹੱਲ ਨਾ ਨਿਕਲਿਆ, ਤਾਂ ਇਸ ਸੰਘਰਸ਼ ਨੂੰ ਹੋਰ ਪ੍ਰਚੰਡ ਅਤੇ ਤੇਜ਼ ਕੀਤਾ ਜਾਵੇਗਾ। ਇਸ ਦੌਰਾਨ ਚੱਲ ਰਹੇ ਰੋਸ ਧਰਨੇ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦਿਆਂ ਮਨਰੇਗਾ ਕਰਮਚਾਰੀ ਯੂਨੀਅਨ ਦੇ ਸੂਬਾਈ ਉਪ ਪ੍ਰਧਾਨ ਅਖਿਲ ਅਰੋੜਾ ਤੇ ਜ਼ਿਲ੍ਹਾ ਪ੍ਰੈਸ ਸਕੱਤਰ ਵਿਕਰਮ ਖੋਖਰ ਨੇ ਮੌਜੂਦਾ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਦ੍ਰਿੜ੍ਹ ਆਵਾਜ਼ ਵਿੱਚ ਆਖਿਆ ਕਿ ਜਦੋਂ ਤੱਕ ਪੰਜਾਬ ਸਰਕਾਰ ਉਨ੍ਹਾਂ ਦੀਆਂ ਜਾਇਜ਼ ਅਤੇ ਹੱਕੀ ਮੰਗਾਂ ਨੂੰ ਪੂਰਨ ਤੌਰ 'ਤੇ ਪ੍ਰਵਾਨ ਨਹੀਂ ਕਰਦੀ, ਉਦੋਂ ਤੱਕ ਇਹ ਸੰਘਰਸ਼ ਇਸੇ ਤਰ੍ਹਾਂ ਅਟੱਲ, ਦ੍ਰਿੜ੍ਹ ਤੇ ਨਿਰੰਤਰ ਜਾਰੀ ਰਹੇਗਾ। ਸਰਕਾਰ ਦੀਆਂ ਦਮਨਕਾਰੀ ਨੀਤੀਆਂ ਮੁਲਾਜ਼ਮਾਂ ਦੇ ਹੌਸਲੇ ਪਸਤ ਨਹੀਂ ਕਰ ਸਕਦੀਆਂ। ਕ੍ਰਮਚਾਰੀ ਆਗੂਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਆਖਿਆ ਕਿ ਇਸ ਹੜਤਾਲ ਕਾਰਨ ਪੇਂਡੂ ਖੇਤਰਾਂ ਦੇ ਚੱਲ ਰਹੇ ਵਿਕਾਸ ਕਾਰਜਾਂ ਵਿਚ ਜੋ ਵੀ ਵੱਡੀ ਰੁਕਾਵਟ ਆ ਰਹੀ ਹੈ ਤੇ ਆਮ ਜਨਤਾ ਨੂੰ ਜਿਸ ਪ੍ਰੇਸ਼ਾਨੀ ਦੇ ਦੌਰ ਵਿੱਚੋਂ ਲੰਘਣਾ ਪੈ ਰਿਹਾ ਹੈ, ਉਸ ਦੀ ਸਿੱਧੀ ਅਤੇ ਸਮੁੱਚੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਤੇ ਮੌਜੂਦਾ ਪੰਜਾਬ ਸਰਕਾਰ ਦੀ ਹੋਵੇਗੀ।

ਉਨ੍ਹਾਂ ਸਪੱਸ਼ਟ ਕੀਤਾ ਕਿ ਮੁਲਾਜ਼ਮ ਪਿਛਲੇ ਲੰਮੇ ਸਮੇਂ ਤੋਂ ਸ਼ਾਂਤੀਪੂਰਵਕ ਅਤੇ ਜਮਹੂਰੀ ਤਰੀਕੇ ਨਾਲ ਆਪਣੇ ਹੱਕਾਂ ਦੀ ਮੰਗ ਕਰ ਰਹੇ ਹਨ, ਪਰ ਸਰਕਾਰ ਹਮਦਰਦੀ ਪੂਰਵਕ ਸੰਵਾਦ ਰਚਾਉਣ ਦੀ ਥਾਂ ਡਰਾਉਣ-ਧਮਕਾਉਣ ਤੇ ਮੁਲਾਜ਼ਮਾਂ ਨੂੰ ਦਬਾਉਣ ਦੇ ਰਾਹ ਪਈ ਹੋਈ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਰੋਸ ਪ੍ਰਦਰਸ਼ਨ ਤੇ ਅੰਦੋਲਨ ਵਿੱਚ ਮਨਰੇਗਾ ਕਰਮਚਾਰੀ ਯੂਨੀਅਨ ਦੇ ਸੀਨੀਅਰ ਆਗੂ ਹਰਪਿੰਦਰ ਸਿੰਘ ਟਿੱਬੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਦੀ ਪੁਰਜ਼ੋਰ ਵਕਾਲਤ ਕੀਤੀ। ਉਨ੍ਹਾਂ ਦੇ ਨਾਲ ਉਪ ਪ੍ਰਧਾਨ ਅਖਿਲ ਅਰੋੜਾ ਤੇ ਜ਼ਿਲ੍ਹਾ ਪ੍ਰੈਸ ਸਕੱਤਰ ਵਿਕਰਮ ਖੋਖਰ ਤੋਂ ਇਲਾਵਾ ਮੀਨੂ ਸ਼ਰਮਾ ਏ. ਪੀ. ਓ. ਨਰੇਗਾ, ਵਰਿੰਦਰ ਪਾਲ ਸਿੰਘ ਲੇਖਾਕਾਰ, ਗੁਰਪ੍ਰੀਤ ਕੌਰ, ਮੋਨਿਕਾ ਸ਼ਰਮਾ, ਵੀਰਪਾਲ ਕੌਰ, ਅਮਨਪ੍ਰੀਤ ਕੌਰ, ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਰਾਜਨ ਚਿਨਵਾਲ ਅਤੇ ਗੁਰਵਿੰਦਰ ਸਿੰਘ ਭੁੱਲਰ ਬੀ.ਐੱਫ.ਟੀ. ਯੂਨੀਅਨ, ਮੋਗਾ ਸਮੇਤ ਵੱਡੀ ਗਿਣਤੀ ਵਿੱਚ ਮਨਰੇਗਾ ਕਰਮਚਾਰੀ ਤੇ ਹੋਰ ਸਹਾਇਕ ਸਟਾਫ਼ ਮੈਂਬਰ ਵੀ ਮੌਜੂਦ ਸਨ। ਸਾਰੇ ਹਾਜ਼ਰ ਮੁਲਾਜ਼ਮਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਜਲਦੀ ਤੋਂ ਜਲਦੀ ਰੁਜ਼ਗਾਰ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਬਾਕੀ ਹੱਕੀ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ, ਤਾਂ ਜੁ ਪੇਂਡੂ ਵਿਕਾਸ ਦੇ ਕਾਰਜ ਮੁੜ ਲੀਹ 'ਤੇ ਆ ਸਕਣ।

## ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ ਵਿਖੇ ਮੁਫ਼ਤ ਕੋਚਿੰਗ ਕਲਾਸਾਂ ਸ਼ੁਰੂ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਉਪਰਾਲੇ ਅਤੇ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੀ ਅਗਵਾਈ ਹੇਠ ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ, ਚੰਡੀਗੜ੍ਹ ਵਲੋਂ ਸਾਬਤ ਸੂਰਤ ਸਿੱਖ ਸਿਖਿਆਰਥੀਆਂ ਨੂੰ ਸਿਵਲ ਸੇਵਾਵਾਂ ਦੀ ਮੁਫ਼ਤ ਕੋਚਿੰਗ ਪ੍ਰਦਾਨ ਕਰਨ ਹਿੱਤ ਗੁਰੂ ਮਹਾਰਾਜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿੱਚ ਵਿਦਿਆਰਥੀਆਂ ਨੂੰ ਦਾਖ਼ਲਾ ਪੱਤਰ ਪ੍ਰਦਾਨ ਕੀਤੇ ਗਏ ਅਤੇ ਨਵੇਂ ਸੈਸ਼ਨ 2026-27 ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ, ਰੂਹਾਨੀ ਕੀਰਤਨ ਅਤੇ ਅਰਦਾਸ ਉਪਰੰਤ ਗੁਰੂ ਸਾਹਿਬ ਦਾ ਓਟ-ਆਸਰਾ ਲੈਂਦਿਆਂ ਸ਼ਰਧਾ ਭਾਵਨਾ ਨਾਲ ਕੀਤੀ ਗਈ।ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਸਿਖਲਾਈ ਕੇਂਦਰ, ਚੰਡੀਗੜ੍ਹ ਦੇ ਡਿਪਟੀ ਡਾਇਰੈਕਟਰ ਡਾ. ਰਜਿੰਦਰ ਕੌਰ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਸ ਸੈਸ਼ਨ ਵਿਚ 24 ਵਿਦਿਆਰਥੀਆਂ ਨੇ ਲਿਖਤੀ ਪ੍ਰੀਖਿਆ ਅਤੇ ਇੰਟਰਵਿਊ ਪਾਸ ਕੀਤੀ ਹੈ ਜਿਨ੍ਹਾਂ ਨੂੰ ਦਾਖ਼ਲਾ ਪੱਤਰ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੇ ਸਕੱਤਰ ਇੰਜੀ. ਸੁਖਮਿੰਦਰ ਸਿੰਘ ਵੱਲੋਂ ਉਲੀਕਿਆ ਗਿਆ ਇਹ ਸ਼ਲਾਘਾਯੋਗ ਉਪਰਾਲਾ ਸਿੱਖ ਨੌਜਵਾਨਾਂ ਨੂੰ ਉੱਚ ਸਿੱਖਿਆ ਅਤੇ ਮੁਕਾਬਲਿਆਂ ਦੀਆਂ ਪ੍ਰੀਖਿਆਵਾਂ ਵਿਚ ਸਫ਼ਲਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰਨ ਦੇ ਉਦੇਸ਼ ਤਹਿਤ ਕੀਤਾ ਗਿਆ ਹੈ ਤਾਂ ਜੋ ਸਿੱਖ ਵਿਦਿਆਰਥੀ ਮਿਆਰੀ ਸਿੱਖਿਆ ਪ੍ਰਾਪਤ ਕਰਕੇ ਸਿਵਲ ਸੇਵਾਵਾਂ ਵਿਚ ਯੋਗਦਾਨ ਪਾਉਣ ਦੇ ਸਮਰੱਥ ਹੋ ਸਕਣ।ਇਸ ਮੌਕੇ ਸਕੱਤਰ ਵਿੱਦਿਆ ਇੰਜੀਨੀਅਰ ਸੁਖਮਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸ਼੍ਰੋਮਣੀ ਕਮੇਟੀ ਵਲੋਂ ਵਿਦਿਆਰਥੀਆਂ ਨੂੰ ਮੁਫ਼ਤ ਕੋਚਿੰਗ ਦੇ ਨਾਲ-ਨਾਲ ਰਿਹਾਇਸ਼ ਅਤੇ ਭੋਜਨ ਦੀਆਂ ਸਾਰੀਆਂ ਸੁਵਿਧਾਵਾਂ ਵੀ ਬਗੈਰ ਕਿਸੇ ਅਦਾਇਗੀ ਤੋਂ ਉਪਲਬਧ ਕਰਵਾਈਆਂ ਜਾਣਗੀਆਂ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮਹਿਮਾਨ ਸਾਬਕਾ ਆਈ.ਏ.ਐਸ. ਅਧਿਕਾਰੀ ਕਾਹਨ ਸਿੰਘ ਪੰਨੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿਵਲ ਸੇਵਾਵਾਂ ਦੀ ਤਿਆਰੀ ਦੇ ਨਾਲ-ਨਾਲ ਗੁਰੂ ਸਾਹਿਬ ਦੇ ਸਿਧਾਂਤਾਂ ਨੂੰ ਅਪਣਾਉਣਾ ਵੀ ਬਹੁਤ ਜ਼ਰੂਰੀ ਹੈ

## ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਹਲਕੇ ਦੇ ਪਿੰਡ ਕਮਾਲੇ ਵਾਲਾ, ਝੁੱਗੇ ਛੀਨਾ ਸਿੰਘ ਵਾਲਾ ਅਤੇ ਖੁੰਦਰ ਗੱਟੀ ਵਿਖੇ ਲੋਕ ਮਿਲਣੀਆਂ ਕਰਕੇ ਇਲਾਕਾ ਵਾਸੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ ਤੇ ਵਿਕਾਸ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਨ੍ਹਾਂ ਲੋਕ ਮਿਲਣੀਆਂ ਦੌਰਾਨ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਦਿਆਂ ਆਪਣੇ ਇਲਾਕਿਆਂ ਦੇ ਵਿਕਾਸ ਅਤੇ ਲੋਕ ਭਲਾਈ ਨਾਲ ਜੁੜੇ ਵੱਖ-ਵੱਖ ਮੁੱਦੇ ਵਿਧਾਇਕ ਦੇ ਧਿਆਨ ਵਿੱਚ ਲਿਆਂਦੇ। ਰਣਬੀਰ ਸਿੰਘ ਭੁੱਲਰ ਨੇ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਹਰ ਵਰਗ ਦੀ ਭਲਾਈ ਅਤੇ ਹਲਕੇ ਦੇ ਸਰਵਪੱਖੀ ਵਿਕਾਸ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਵਿਧਾਇਕ ਭੁੱਲਰ ਨੇ ਕਿਹਾ, 'ਲੋਕਾਂ ਦਾ ਅਟੁੱਟ ਭਰੋਸਾ, ਪਿਆਰ ਤੇ ਸਹਿਯੋਗ ਹੀ ਸਾਡੀ ਦੀ ਸਭ ਤੋਂ ਵੱਡੀ ਤਾਕਤ ਹੈ।' ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਅਤੇ ਲੋਕਾਂ ਦੀ ਹਰ ਜਾਇਜ਼ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿਚ ਪਿੰਡ ਵਾਸੀ, ਪਾਰਟੀ ਵਰਕਰ ਅਤੇ ਅਹੁਦੇਦਾਰ ਵੀ ਹਾਜ਼ਰ ਸਨ।

## ਹੱਕੀ ਮੰਗਾਂ ਨੂੰ ਲੈ ਕੇ ਮਗਨਰੇਗਾ ਮੁਲਾਜ਼ਮਾਂ ਦਾ ਸੰਘਰਸ਼ ਤੇਜ਼, ਸਰਕਾਰ 'ਤੇ ਅਣਗੌਲਿਆ ਕਰਨ ਦੇ ਦੋਸ਼



**ਮਾਨਸਾ (ਰੀਤਵਾਲ)**-ਪਿਛਲੇ ਕਰੀਬ 15 ਸਾਲਾਂ ਤੋਂ ਮਹਾਤਮਾ ਗਾਂਧੀ ਕੌਮੀ ਦਿਹਾਤੀ ਰੁਜ਼ਗਾਰ ਗਾਰੰਟੀ ਯੋਜਨਾ (ਮਗਨਰੇਗਾ) ਤਹਿਤ ਠੇਕਾ ਭਰਤੀ ਅਧੀਨ ਸੇਵਾਵਾਂ ਨਿਭਾ ਰਹੇ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ੁਰੂ ਕੀਤਾ ਗਿਆ ਸੰਘਰਸ਼ ਲਗਾਤਾਰ ਜਾਰੀ ਹੈ। ਮੁਲਾਜ਼ਮਾਂ ਨੇ ਪੰਜਾਬ ਸਰਕਾਰ 'ਤੇ ਉਨ੍ਹਾਂ ਦੇ ਜਾਇਜ਼ ਸੰਘਰਸ਼ ਨੂੰ ਨਜ਼ਰਅੰਦਾਜ਼ ਕਰਨ ਅਤੇ ਜਾਣਬੁੱਝ ਕੇ ਲਟਕਾਉਣ ਦੇ ਗੰਭੀਰ ਦੋਸ਼ ਲਗਾਏ ਹਨ।ਮੁਲਾਜ਼ਮਾਂ ਨੇ ਦੱਸਿਆ ਕਿ ਉਹ ਪਿਛਲੀ 1 ਜੂਨ ਤੋਂ ਕਲਮ ਛੋੜ ਹੜਤਾਲ 'ਤੇ ਹਨ ਅਤੇ ਸੂਬੇ ਭਰ ਦੇ ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰਾਂ ਅੱਗੇ ਰੋਸ ਧਰਨੇ ਦੇ ਰਹੇ ਹਨ। ਉਨ੍ਹਾਂ ਦੀ ਮੁੱਖ ਮੰਗ ਹੈ ਕਿ ਪਿਛਲੇ 15 ਸਾਲਾਂ ਤੋਂ ਨਿਰੰਤਰ ਸੇਵਾ ਕਰ ਰਹੇ ਮਗਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ ਕਰਕੇ ਪੱਕਾ ਕੀਤਾ ਜਾਵੇ। ਇਸ ਤੋਂ ਇਲਾਵਾ ਪਿਛਲੇ ਸੱਤ ਮਹੀਨਿਆਂ ਤੋਂ ਰੋਕੀਆਂ ਤਨਖ਼ਾਹਾਂ ਬਿਨਾਂ ਕਿਸੇ ਦੇਰੀ ਦੇ ਜਾਰੀ ਕੀਤੀਆਂ ਜਾਣ ਅਤੇ ਹੋਰ ਲੰਬਿਤ ਹੱਕੀ ਮੰਗਾਂ ਨੂੰ ਵੀ ਤੁਰੰਤ ਪ੍ਰਵਾਨ ਕੀਤਾ ਜਾਵੇ।ਇਸ ਮੌਕੇ ਏ ਪੀ ਓ ਵਨੀਤ ਮੱਤੀ, ਰਾਜਪਾਲ ਕੌਰ ਬੀਰੋਕੇ, ਸ਼ੁਭਪ੍ਰੀਤ ਸਿੰਘ ਖਿਆਲਾ ਅਤੇ ਗੁਰਕਾਬਲ ਸਿੰਘ ਰਾਠੀ ਨੇ ਪੰਜਾਬ ਸਰਕਾਰ ਦੇ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਘੱਟ ਤਨਖ਼ਾਹਾਂ ਅਤੇ ਅਸਥਾਈ ਨੌਕਰੀ ਦੇ ਬਾਵਜੂਦ ਮੁਲਾਜ਼ਮਾਂ ਨੇ ਪੂਰੀ ਤਨਦੇਹੀ ਨਾਲ ਆਪਣੀਆਂ ਡਿਊਟੀਆਂ ਨਿਭਾਈਆਂ ਹਨ, ਪਰ ਅੱਜ ਵੀ ਉਹ ਪੱਕੀ ਨੌਕਰੀ ਅਤੇ ਸਮੇਂ ਸਿਰ ਤਨਖ਼ਾਹ ਵਰਗੇ ਬੁਨਿਆਦੀ ਹੱਕਾਂ ਤੋਂ ਵਾਂਝੇ ਹਨ।ਆਗੂਆਂ ਨੇ ਕਿਹਾ ਕਿ ਮਹੀਨਿਆਂ ਤੋਂ ਤਨਖ਼ਾਹਾਂ ਨਾ ਮਿਲਣ ਕਾਰਨ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਗੰਭੀਰ ਆਰਥਿਕ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਪਰ ਸਰਕਾਰ ਇਸ ਗੰਭੀਰ ਮਸਲੇ ਪ੍ਰਤੀ ਕੋਈ ਸੰਵੇਦਨਸ਼ੀਲਤਾ ਨਹੀਂ ਵਿਖਾ ਰਹੀ।ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੇ ਨੁਮਾਇੰਦਿਆਂ ਨਾਲ ਕੋਈ ਠੋਸ ਗੱਲਬਾਤ ਨਹੀਂ ਕੀਤੀ ਜਾ ਰਹੀ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਹੀ ਮੰਗਾਂ ਦਾ ਹੱਲ ਨਾ ਕੀਤਾ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਅਤੇ ਵਿਆਪਕ ਕੀਤਾ ਜਾਵੇਗਾ। ਮੁਲਾਜ਼ਮ ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਟਕਰਾਅ ਦਾ ਰਾਹ ਛੱਡ ਕੇ ਗੱਲਬਾਤ ਰਾਹੀਂ ਮਸਲੇ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਮਗਨਰੇਗਾ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਬਿਨਾਂ ਦੇਰੀ ਪ੍ਰਵਾਨ ਕਰਦਿਆਂ ਰੋਕੀਆਂ ਤਨਖ਼ਾਹਾਂ ਜਾਰੀ ਕੀਤੀਆਂ ਜਾਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬਜੀਤ ਕੌਰ, ਜਸਵਿੰਦਰ ਕੌਰ,ਗੁਰਪ੍ਰੀਤ ਸਿੰਘ ਰਾਠੀ, ਗੁਰਦੀਪ ਝੱਬਰ, ਕੁਲਵਿੰਦਰ ਝੱਬਰ, ਜਸਵੀਰ ਭੂਪਾਲ ਬਿੰਦੂ ਰਾਣੀ, ਵਿਜੈ ਲੱਛਮੀ, ਮੋਨੂੰ ਕੁਮਾਰ, ਸਨੀ ਮਾਨਸਾ ਅਤੇ ਕੇਸ਼ਵ ਸਿੰਗਲਾ ਆਦਿ ਵੀ ਹਾਜ਼ਰ ਸਨ।

## ਪੰਜਾਬੀਆਂ ਤੇ ਸਿੱਖਾਂ ਦਾ ਘਾਣ ਬਾਦਲ ਪਰਵਾਰ ਵੱਲੋਂ ਕੀਤਾ ਗਿਆ : ਸਰਪੰਚ ਪਾਲੀ ਡੱਲਾ



**ਹਠੂਰ (ਲਵਲੀ ਕੁਮਾਰ)**-ਇਤਿਹਾਸ ਗਵਾਹ ਹੈ ਜਦੋਂ ਵੀ ਪੰਜਾਬੀਆਂ ਅਤੇ ਸਿੱਖਾਂ ਦਾ ਘਾਣ ਹੋਇਆ ਸਭ ਤੋਂ ਵੱਧ ਬਾਦਲ ਪਰਵਾਰ ਵੱਲੋਂ ਕੀਤਾ ਗਿਆ, ਸਿੱਖਾਂ ਨਾਲ ਧੋਖੇ 'ਚ ਇਸ ਬਾਦਲ ਪਰਵਾਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੋਇਆ ਹੈ।ਇਸ ਪਰਵਾਰ ਵੱਲੋਂ ਆਪਣੇ ਸੁਆਰਥ ਲਈ ਪੰਜਾਬ ਨੂੰ ਬਰਬਾਦ ਕਰਨ 'ਚ ਕੋਈ ਕਸਰ ਬਾਕੀ ਨਹੀਂ ਛੱਡੀ, ਅੱਜ ਇਹ ਪੰਥ ਦਰਦੀ ਬਣਦੇ ਫਿਰਦੇ ਹਨ।ਪੰਜਾਬ ਦੇ ਲੋਕਾਂ ਨੇ ਇਨ੍ਹਾਂ ਨੂੰ ਸਿਰੇ ਤੋਂ ਨਿਕਾਰਿਆ ਹੋਇਆ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਯੂਥ ਵਿੰਗ ਦੇ ਜ਼ਿਲ੍ਹਾ ਸੈਕਟਰੀ ਗੋਪਾਲ ਸਿੰਘ ਪਾਲੀ ਸਰਪੰਚ ਡੱਲਾ ਵੱਲੋਂ ਅੱਜ ਪਿੰਡ ਡੱਲਾ ਵਿਖੇ ਸੁਖਬੀਰ ਬਾਦਲ ਦਾ ਪੂਰਨ ਤੌਰ 'ਤੇ ਬਾਈਕਾਟ ਕਰਨ ਸਬੰਧੀ ਪੋਸਟਰ ਜਾਰੀ ਕਰ ਸਮੇਂ ਕੀਤਾ ਗਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਜੋ ਆਗੂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਪਣੇ ਵੱਲੋਂ ਕੀਤੇ ਹੋਏ ਗੁਨਾਹ ਮੰਨ ਕੇ ਆਇਆ, ਜਿਸ ਨੇ ਸਮੂਹ ਸੰਗਤਾਂ ਦੀ ਹਾਜ਼ਰੀ 'ਚ ਮੰਨਿਆ ਕਿ ਉਨ੍ਹਾਂ ਵੱਲੋਂ ਇਨਸਾਫ਼ ਮੰਗਦੇ ਸਿੱਖਾਂ 'ਤੇ ਗੋਲੀ ਕਾਂਡ, ਕਾਤਲ ਅਫ਼ਸਰਾਂ ਨੂੰ ਤਰੱਕੀਆਂ, ਗੁਰੂਘਰਾਂ ਦੀਆ ਗੋਲਕਾਂ ਚੋਂ ਲੱਖਾਂ ਦੇ ਇਸ਼ਤਿਹਾਰ, ਸੌਦਾ ਸਾਧ ਨੂੰ ਬਿਨਾਂ ਮੰਗੇ ਮੁਆਫ਼ੀ ਅਤੇ ਹੋਰ ਬਹੁਤ ਸਾਰੇ ਗੁਨਾਹ ਜੋ ਸਿੱਖ ਸੰਗਤਾਂ ਦੀ ਹਾਜ਼ਰੀ 'ਚ ਮੰਨੇ ਗਏ।ਏਨੇ ਗੁਨਾਹ ਕਰਨ ਵਾਲੇ ਨੂੰ ਸੰਗਤਾਂ ਕਦੇ ਵੀ ਮੂੰਹ ਨਹੀਂ ਲਗਾਉਣਗੀਆਂ। ਇਸ ਦੇ ਵਿਰੋਧ ਵਿਚ ਬੁੱਧਵਾਰ ਪਿੰਡ ਡੱਲਾ ਦੀਆਂ ਸਾਂਝੀਆਂ ਥਾਵਾਂ 'ਤੇ ਪੋਸਟਰ ਲਗਾਏ ਗਏ।ਇਸ ਮੌਕੇ ਉਨ੍ਹਾ ਨਾਲ ਮਾਰਕੀਟ ਕਮੇਟੀ ਹਠੂਰ ਦੇ ਚੇਅਰਮੈਨ ਕਰਮਜੀਤ ਸਿੰਘ ਕੰਮੀ ਡੱਲਾ, ਸਰਪੰਚ ਮੇਜਰ ਸਿੰਘ ਨਵਾਂ ਡੱਲਾ, ਸਵਰਨ ਸਿੰਘ, ਨੰਬਰਦਾਰ ਹਾਕਮ ਸਿੰਘ, ਪ੍ਰੀਤਮ ਸਿੰਘ ਖ਼ਾਲਸਾ, ਜੋਰਾ ਸਿੰਘ ਡੱਲਾ, ਜੋਰ ਸਿੰਘ ਸਿੱਧੂ, ਦਰਸ਼ਨ ਸਿੰਘ, ਗੁਰਚਰਨ ਸਿੰਘ, ਪੰਚ ਜਗਸੀਰ ਸਿੰਘ, ਪੰਚ ਲਾਡੀ ਸਿੰਘ, ਸਰਨਾ ਸਰਾਂ, ਅਮਨ ਸਿੱਧੂ, ਹੈਪੀ ਚਾਹਿਲ, ਮਨਿੰਦਰ ਸਿੰਘ ਚਾਹਿਲ, ਬਲਵੀਰ ਸਿੰਘ ਚਾਹਿਲ, ਗੁਰਨਾਮ ਸਿੰਘ ਗਾਮਾ, ਪੰਚ ਕੁਲਵਿੰਦਰ ਸਿੰਘ ਕਾਲਾ, ਜਸਵੰਤ ਸਿੰਘ ਸਿੱਧੂ, ਦਲਜੀਤ ਸਿੰਘ, ਰਾਣਾ ਪ੍ਰਧਾਨ, ਬਲਵੀਰ ਸਿੰਘ, ਹਰਵਿੰਦਰ ਸਿੰਘ ਨੀਲਾ, ਕਰਤਾਰ ਸਿੰਘ ਆਦਿ ਹਾਜ਼ਰ ਸਨ।

## ਜਤਿੰਦਰਪਾਲ ਸਿੰਘ ਢਿੱਲੋਂ ਨੇ ਤਹਿਸੀਲਦਾਰ ਵਜੋਂ ਸੰਭਾਲਿਆ ਚਾਰਜ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮਲੋਟ ਵਿਖੇ ਤਹਿਸੀਲਦਾਰ ਦਾ ਐਡੀਸ਼ਨਲ ਚਾਰਜ ਮਿਲਣ ਉਪਰੰਤ ਸ. ਜਤਿੰਦਰਪਾਲ ਸਿੰਘ ਢਿੱਲੋਂ (ਜੇ ਪੀ) ਨੇ ਬੁੱਧਵਾਰ ਮਲੋਟ ਦੇ ਤਹਿਸੀਲਦਾਰ ਵਜੋਂ ਅਹੁਦੇ ਦਾ ਚਾਰਜ ਸੰਭਾਲ ਲਿਆ।ਮੈਡਮ ਹਰਪ੍ਰੀਤ ਕੌਰ, ਨਾਇਬ ਤਹਿਸੀਲਦਾਰ, ਸੁਖਜਿੰਦਰ ਸਿੰਘ (ਜੂਨੀਅਰ ਸਹਾਇਕ ਰੀਡਰ-1), ਕੁਲਦੀਪ ਸਿੰਘ (ਕਲਰਕ ਰੀਡਰ-2) ਅਤੇ ਹਰਿੰਦਰ ਕੁਮਾਰ (ਰਜਿਸਟਰੀ ਕਲਰਕ) ਨੇ ਢਿੱਲੋਂ ਨੂੰ ਗੁਲਦਸਤਾ ਭੇਟ ਕਰਕੇ ਜੀ ਆਇਆਂ ਆਖਿਆ ਅਤੇ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਅਮਨਦੀਪ ਕੌਰ (ਜੂਨੀਅਰ ਸਹਾਇਕ), ਮੀਨੂ ਗੁਪਤਾ (ਕਲਰਕ), ਹਰਦੀਪ ਸਿੰਘ, ਅਸ਼ਵਨੀ ਕੁਮਾਰ, ਹਰਪਾਲ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਸੁਖਦੀਪ ਸਿੰਘ ਬਾਦਲ ਸਮੇਤ ਤਹਿਸੀਲ ਦਫ਼ਤਰ ਦੇ ਹੋਰ ਅਧਿਕਾਰੀ, ਕਰਮਚਾਰੀ ਅਤੇ ਪਤਵੰਤੇ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਬੀਬੀਆਂ ਦੇ ਆਪਣੇ ...

ਸ਼ਿਰਕਤ ਕੀਤੀ।ਇਹਨਾਂ ਤੋਂ ਇਲਾਵਾ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਸੀਨੀਅਰ ਆਗੂ ਰਾਜਵੰਤ ਸਿੰਘ ਘੁੱਲੀ, ਡਾ. ਅਨਵਰ ਭਸੌੜ, ਅਸ਼ੋਕ ਕੁਮਾਰ ਲੱਖਾ, ਸਤਿੰਦਰ ਸਿੰਘ ਚੱਠਾ, ਰਛਪਾਲ ਸਿੰਘ ਭੁੱਲਰ, ਰਣਜੋਧ ਸਿੰਘ ਕਾਂਝਲਾ, ਅਮਰਦੀਪ ਸਿੰਘ ਧਾਂਦਰਾ, ਐਡਵੋਕੇਟ ਹੈਪੀ ਗਰਗ, ਸੰਦੀਪ ਬਾਂਸਲ, ਬਲਵਿੰਦਰ ਸਿੰਘ ਬਿੱਲੂ, ਵਿਕਰਾਂਤ ਸਿੰਘ ਚੱਠਾ, ਹਰਜਿੰਦਰ ਸਿੰਘ ਕਾਂਝਲਾ, ਗਗਨ ਜਵੰਧਾ ਅਤੇ ਪਰਮਿੰਦਰ ਸਿੰਘ ਨੂਰ ਔਲਖ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਤੇ ਹਜ਼ਾਰਾਂ ਦੀ ਤਾਦਾਦ 'ਚ ਮਹਿਲਾ ਲਾਭਪਾਤਰੀ ਹਾਜ਼ਰ ਸਨ।

### ਮੈਂ ਫਾਰਮ ਭਰਤਾ...

ਵੋਟਰ ਲਿਸਟ) ਵਿੱਚ ਸ਼ਾਮਲ ਕੀਤੇ ਜਾਣਗੇ ਜੋ ਸਹੀ ਤਰੀਕੇ ਨਾਲ ਭਰਿਆ ਹੋਇਆ ਫਾਰਮ ਜਮ੍ਹਾਂ ਕਰਵਾਉਣਗੇ। ਜੇਕਰ ਕੋਈ ਫਾਰਮ ਜਮ੍ਹਾਂ ਨਹੀਂ ਕਰਵਾਉਂਦਾ ਤਾਂ ਉਸ ਦਾ ਨਾਂਅ ਖਰੜਾ ਸੂਚੀ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ। ਜਿਹੜੇ ਲੋਕ ਫਾਰਮ ਜਮ੍ਹਾਂ ਨਹੀਂ ਕਰਵਾਉਣਗੇ, ਉਨ੍ਹਾਂ ਬਾਰੇ ਗੁਆਂਢੀਆਂ ਤੋਂ ਪੁੱਛਗਿੱਛ ਕਰਕੇ ਲੋੜੀਂਦੀ ਪ੍ਰਕਿਰਿਆ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਜਿਹੇ ਵੋਟਰਾਂ ਨੂੰ ਚਾਰ ਸ਼੍ਰੇਣੀਆਂ ਵਿੱਚ ਵੰਡਿਆ ਜਾਵੇਗਾ, ਜਿਨ੍ਹਾਂ ਵਿੱਚ ਗੈਰ-ਹਾਜ਼ਰ, ਸ਼ਿਫਟ ਹੋ ਚੁੱਕੇ, ਮ੍ਰਿਤਕ ਅਤੇ ਦੋਹਰੀ ਵੋਟ ਵਾਲੇ ਵੋਟਰ ਸ਼ਾਮਲ ਹਨ।

ਵੋਟਰ ਸੂਚੀਆਂ ਦੇ ਪ੍ਰਕਾਸ਼ਨ ਦੀ ਸਮਾਂ-ਸੀਮਾ ਸਾਂਝੀ ਕਰਦਿਆਂ ਮੁੱਖ ਮੰਤਰੀ ਮਾਨ ਨੇ ਦੱਸਿਆ, ਇਹ ਸੂਚੀ ਸਿਆਸੀ ਪਾਰਟੀਆਂ ਦੇ ਬੂਥ ਲੈਵਲ ਏਜੰਟਾਂ (ਬੀ ਐਲ ਏਜ਼) ਨਾਲ ਸਾਂਝੀ ਕੀਤੀ ਜਾਵੇਗੀ ਅਤੇ ਵੋਟਰ ਸੂਚੀ ਦਾ ਖਰੜਾ 3 ਅਗਸਤ ਨੂੰ ਪ੍ਰਕਾਸ਼ਤ ਕੀਤਾ ਜਾਵੇਗਾ। ਜੇਕਰ ਕੋਈ ਵੋਟਰ ਸੂਚੀ ਦਾ ਖਰੜਾ ਪ੍ਰਕਾਸ਼ਨ ਹੋਣ ਤੋਂ ਪਹਿਲਾਂ ਫਾਰਮ ਜਮ੍ਹਾਂ ਨਹੀਂ ਕਰਵਾ ਪਾਉਂਦਾ ਤਾਂ ਉਹ 3 ਅਗਸਤ ਤੋਂ 2 ਸਤੰਬਰ ਦਰਮਿਆਨ ਡੈਕਲਾਰੇਸ਼ਨ ਫਾਰਮ ਦੇ ਨਾਲ ਫਾਰਮ-6 ਜਮ੍ਹਾਂ ਕਰਵਾ ਕੇ ਆਪਣਾ ਦਾਅਵਾ ਪੇਸ਼ ਕਰ ਸਕਦਾ ਹੈ।ਅੰਤਮ ਵੋਟਰ ਸੂਚੀ ਇਕ ਅਕਤੂਬਰ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਮੁੱਖ ਮੰਤਰੀ ਮਾਨ ਨੇ ਕਿਹਾ, ਮੈਂ ਹਰ ਯੋਗ ਵੋਟਰ ਨੂੰ ਅਪੀਲ ਕਰਦਾ ਹਾਂ ਕਿ ਉਹ ਇਸ ਪ੍ਰਕਿਰਿਆ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲੈਣ ਕਿਉਂਕਿ ਇਸ ਦਾ ਮੁੱਖ ਮਕਸਦ ਲੋਕਤੰਤਰ ਨੂੰ ਮਜ਼ਬੂਤ ਕਰਨਾ ਹੈ।

## ਨਸ਼ਿਆਂ ਵਿਰੁੱਧ 160 ਮੁਕੱਦਮੇ ਦਰਜ, 223 ਵਿਅਕਤੀ ਗ੍ਰਿਫ਼ਤਾਰ ਤੇ 24 ਸਪਲਾਇਰ/ਪੈਡਲਰ ਗ੍ਰਿਫ਼ਤਾਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਸਰਕਾਰ ਦੇ ਸਖ਼ਤ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪੁਲਿਸ ਮੋਗਾ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਜੂਨ ਮਹੀਨੇ ਦੌਰਾਨ ਐਨ.ਡੀ.ਪੀ.ਐਸ. ਐਕਟ ਅਧੀਨ ਕੁੱਲ 137 ਮੁਕੱਦਮੇ ਦਰਜ ਕਰਕੇ 196 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।ਉਨ੍ਹਾਂ ਪਾਸੋਂ 5.699 ਗ੍ਰਾਮ ਹੈਰੋਇਨ, 1.500 ਗ੍ਰਾਮ ਅਫ਼ੀਮ, 30 ਕਿਲੋ ਭੁੱਕੀ ਚੂਰਾ ਪੋਸਤ, 4483 ਨਸ਼ੀਲੀਆਂ ਗੋਲੀਆਂ ਤੇ 47,940/- ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ।ਸੀਨੀਅਰ ਕਪਤਾਨ ਪੁਲਸ ਸਰਤਾਜ ਸਿੰਘ ਚਾਹਲ ਨੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਨਜਾਇਜ਼ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖ਼ਿਲਾਫ਼ 20 ਮੁਕੱਦਮੇ ਦਰਜ ਕਰਕੇ 23 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਉਨ੍ਹਾਂ ਪਾਸੋਂ 2296.500 ਲੀਟਰ ਠੇਕਾ ਸ਼ਰਾਬ, 3.555 ਲੀਟਰ ਨਜਾਇਜ਼ ਸ਼ਰਾਬ ਤੇ 180.000 ਲੀਟਰ ਲਾਹਣ ਬਰਾਮਦ ਕੀਤੀ ਗਈ। ਉਨ੍ਹਾਂ ਕਿਹਾ ਕਿ ਮਾੜੇ ਅਨਸਰਾਂ ਖ਼ਿਲਾਫ਼ ਕਾਰਵਾਈ ਕਰਦੇ ਹੋਏ ਅਸਲਾ ਐਕਟ ਦੇ 03 ਮੁਕੱਦਮੇ ਦਰਜ ਕਰਕੇ 04 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਉਨ੍ਹਾਂ ਪਾਸੋਂ 03 ਪਿਸਤੌਲ, 03 ਮੈਗਜ਼ੀਨ, 10 ਰੌਂਦ, 4 ਲੱਖ ਰੁਪਏ ਨਕਦ ਤੇ 01 ਕਾਰ ਬਰਾਮਦ ਕੀਤੀ ਗਈ।ਇਸ ਅਰਸੇ ਦੌਰਾਨ 14 ਪੀ.ਓ. ਗ੍ਰਿਫ਼ਤਾਰ/ਖਾਰਜ ਕਰਾਏ ਗਏ ਤੇ ਲੁੱਟ-ਖੋਹ/ਚੋਰੀ ਕਰਨ ਵਾਲੇ 37 ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 02 ਕਿਰਪਾਨਾਂ, 01 ਲੋਹਾ ਖੰਡਾ, 01 ਡਾਂਗ, 01 ਮੋਬਾਈਲ ਫੋਨ, 01 ਸਵਿਫਟ ਕਾਰ ਦੀ ਬੈਟਰੀ, 11 ਮੋਟਰਸਾਈਕਲ, 17 ਕਿਲੋ ਤਾਂਬੇ ਦੀਆਂ ਤਾਰਾਂ, 240 ਲੀਟਰ ਟਰਾਂਸਫਾਰਮਰ ਦਾ ਤੇਲ ਤੇ 54,000/- ਰੁਪਏ ਨਕਦੀ ਬਰਾਮਦ ਕੀਤੀ ਗਈ।ਐਸ.ਐਸ.ਪੀ ਨੇ ਨਸ਼ਾ ਵਿਰੋਧੀ ਮੁਹਿੰਮ ਵਿੱਚ ਆਮ ਲੋਕਾਂ ਨੂੰ ਸਹਿਯੋਗ ਦੇਣ ਲਈ ਅਪੀਲ ਕੀਤੀ।

ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ, ਸਪੋਰਟਸ ਕਲੱਬਾਂ ਤੇ ਮੋਹਤਬਰ ਵਿਅਕਤੀਆਂ ਨਾਲ ਮੀਟਿੰਗਾਂ ਕਰਕੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਟਿਡ ਅਫ਼ਸਰਾਂ ਤੇ ਮੁੱਖ ਅਫ਼ਸਰਾਂ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ 265 ਸੈਮੀਨਾਰ/ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਲੋਕਾਂ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਸ ਨੂੰ ਇਤਲਾਹ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੁ ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ।

## ਦਿਨ-ਰਾਤ ਵਾਰਡ ਵਾਸੀਆਂ ਦੀ ਸੇਵਾ 'ਚ ਡਟਿਆ ਟੱਕਰ ਪਰਵਾਰ



**ਕੋਟ ਈਸੇ ਖਾਂ (ਅਰੋੜਾ)**-ਜਦੋਂ ਤੋਂ ਸੁਖਨਜੀਤ ਕੌਰ ਪਤਨੀ ਅਮਨਦੀਪ ਟੱਕਰ ਵਾਰਡ ਨੰ 7 ਦੇ ਕੌਂਸਲਰ ਬਣੇ ਹਨ, ਉਦੋਂ ਤੋਂ ਹੀ ਟੱਕਰ ਪਰਿਵਾਰ ਵਾਰਡ ਨੰ 7 ਦੇ ਵਾਸੀਆਂ ਦੀ ਸੇਵਾ ਵਿੱਚ ਦਿਨ ਰਾਤ ਹਾਜ਼ਰ ਹੈ।ਬੀਤੀ ਰਾਤ ਵਾਰਡ ਨੰ 7 ਵਿੱਚ ਲਾਈਟ ਖਰਾਬ ਸੀ ਜਿਸ ਕਰਕੇ ਗਰਮੀ ਦਾ ਮੌਸਮ ਹੋਣ ਕਰਕੇ ਬੱਚਿਆਂ, ਬਜ਼ੁਰਗਾਂ ਆਦਿ ਨੂੰ ਬਹੁਤ ਮੁਸ਼ਕਿਲ ਆ ਰਹੀ ਸੀ ਜਿਸ ਦੇ ਚਲਦਿਆਂ ਕੌਂਸਲਰ ਦੇ ਪਤੀ ਅਮਨਦੀਪ ਟੱਕਰ ਵੱਲੋਂ ਬਿਜਲੀ ਮਹਿਕਮੇ ਦੇ ਮੁਲਾਜ਼ਮਾ ਦੀ ਮਦਦ ਨਾਲ ਰਾਤ ਕਰੀਬ 12 ਵਜੇ ਲਾਈਟ ਸਹੀ ਕਰਵਾ ਕੇ ਬਿਜਲੀ ਚਾਲੂ ਕਰਵਾਈ ਜਿਸ 'ਤੇ ਵਾਰਡ ਵਾਸੀਆਂ ਵੱਲੋਂ ਕੌਂਸਲਰ ਸਾਹਿਬ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕੌਂਸਲਰ ਸੁਖਨਜੀਤ ਕੌਰ ਤੇ ਪਤੀ ਅਮਨ ਟੱਕਰ ਨੇ ਕਿਹਾ ਕਿ ਵਾਰਡ ਵਾਸੀਆਂ ਨੇ ਸਾਨੂੰ ਬਹੁਤ ਮਾਣ ਬਖ਼ਸ਼ਿਆ ਹੈ ਅਤੇ ਅਸੀ ਵਾਰਡ ਵਾਸੀਆਂ ਲਈ ਹਮੇਸ਼ਾ ਕੰਮ ਕਰਦਾ ਰਹਾਂਗੇ। ਉਨ੍ਹਾ ਕਿਹਾ ਕਿ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਵਾਰਡ ਨੰ 7 ਦਾ ਵੱਧ ਤੋਂ ਵੱਧ ਵਿਕਾਸ ਕਰਵਾਇਆ ਜਾਵੇਗਾ ਅਤੇ ਬਣਦੀਆ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

## ਭਗਵੰਤ ਮਾਨ ਨੇ ਵੀ ਮੋਦੀ ਵਾਲਾ ਕੰਮ ਕੀਤਾ : ਪ੍ਰਕਾਸ਼ ਸਿੰਘ ਬਰ੍ਹਮੀ



**ਰਾਏਕੋਟ (ਸੰਤੋਖ ਗਿੱਲ)**-ਮਨਰੇਗਾ ਦੀ ਥਾਂ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਦੇਸ਼ ਭਰ ਵਿੱਚ ਲਾਗੂ ਕਰਨ ਵਿਰੁੱਧ ਪੇਂਡੂ ਅਤੇ ਖੇਤ ਮਜ਼ਦੂਰਾਂ ਦੇ ਕੌਮੀ ਮੰਚ ਵੱਲੋਂ ਦਿੱਤੇ ਸੱਦੇ ਅਨੁਸਾਰ ਰਾਏਕੋਟ ਤਹਿਸੀਲ ਵਿੱਚ ਸੀਟੂ ਆਗੂਆਂ ਨੇ ਨਾਇਬ ਤਹਿਸੀਲਦਾਰ ਪਰਮਿੰਦਰ ਸਿੰਘ ਰਾਹੀਂ ਮੰਗ-ਪੱਤਰ ਕੇਂਦਰ ਅਤੇ ਸੂਬਾ ਸਰਕਾਰ ਨੂੰ ਭੇਜਿਆ। ਇਸ ਮੌਕੇ ਸੰਬੋਧਨ ਕਰਦਿਆਂ ਮਨਰੇਗਾ ਮਜ਼ਦੂਰ ਯੂਨੀਅਨ (ਸੀਟੂ) ਦੇ ਸੂਬਾਈ ਪ੍ਰਧਾਨ ਪ੍ਰਕਾਸ਼ ਸਿੰਘ ਬਰ੍ਹਮੀ ਨੇ ਕਿਹਾ ਕਿ ਪੇਂਡੂ ਮਜ਼ਦੂਰਾਂ ਨੂੰ ਮੰਗਣ 'ਤੇ ਕੰਮ ਦੀ ਗਰੰਟੀ ਦੇਣ ਵਾਲੇ ਮਨਰੇਗਾ ਕਾਨੂੰਨ ਨੂੰ ਖ਼ਤਮ ਕਰ ਕੇ ਮੋਦੀ ਸਰਕਾਰ ਨੇ ਤਾਂ ਮਜ਼ਦੂਰ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੀ ਸੀ, ਪਰ 30 ਦਸੰਬਰ 2025 ਨੂੰ ਪੰਜਾਬ ਵਿਧਾਨ ਸਭਾ ਵਿੱਚ ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਨ ਦਾ ਮਤਾ ਸਰਬਸੰਮਤੀ ਨਾਲ ਪਾਸ ਕਰਨ ਦੇ ਬਾਵਜੂਦ ਪੰਜਾਬ ਸਰਕਾਰ ਨੇ ਵੀ ਮੋਦੀ ਦੇ ਪੈਰ ਚਿੰਨ੍ਹਾਂ 'ਤੇ ਚਲਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਮਜ਼ਦੂਰਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਦੇ 12 ਲੱਖ ਮਨਰੇਗਾ ਮਜ਼ਦੂਰਾਂ ਵਿੱਚ ਕਰੀਬ 60% ਔਰਤਾਂ ਜਿਨ੍ਹਾਂ ਵਿੱਚ 32% ਅਨੁਸੂਚਿਤ ਜਾਤੀ ਦੀਆਂ ਔਰਤਾਂ ਸ਼ਾਮਲ ਹਨ, ਜਿਨ੍ਹਾਂ ਦੇ ਘਰ ਦਾ ਚੁੱਲ੍ਹਾ ਠੰਢਾ ਕਰਨ ਦੇ ਰਾਹ ਸੂਬਾ ਸਰਕਾਰ ਤੁਰ ਪਈ ਹੈ। ਆਗੂਆਂ ਨੇ 60-40% ਦੀ ਅਨੁਪਾਤ ਨੂੰ ਰੱਦ ਕਰ ਕੇ ਸਾਰਾ ਫ਼ੰਡ ਕੇਂਦਰ ਸਰਕਾਰ ਵੱਲੋਂ ਦੇਣ ਦੀ ਮੰਗ ਕੀਤੀ ਹੈ। ਹੋਰਨਾ ਤੋਂ ਇਲਾਵਾ ਰਾਜਜਸਵੰਤ ਸਿੰਘ ਤਲਵੰਡੀ, ਰਲਦਾ ਸਿੰਘ ਗੋਬਿੰਦਗੜ੍ਹ, ਸਨ੍ਹੀ ਰਾਏਕੋਟ, ਗੁਰਪ੍ਰੀਤ ਸਿੰਘ ਟੂਸਾ, ਕੇਵਲ ਮੁੱਲਾਂਪੁਰ, ਪ੍ਰਿਤਪਾਲ ਸਿੰਘ ਬਿੱਟਾ, ਚਮਕੌਰ ਸਿੰਘ ਨੂਰਪੁਰਾ, ਸਤਵਿੰਦਰ ਸਿੰਘ, ਬਹਾਦਰ ਨੂਰਪੁਰਾ ਅਤੇ ਮੇਵਾ ਸਿੰਘ ਰਕਬਾ ਨੇ ਵੀ ਸੰਬੋਧਨ ਕੀਤਾ।

## ਠੰਢੇ ਮਿੱਠੇ ਜਲ ਦੀ ਛਬੀਲ ਲਾਈ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਬਾਪੂ ਗੁਰਦੇਵ ਸਿੰਘ ਦੀਦਾਰ ਸਿੰਘ ਵਾਲਾ ਦੀ ਬਰਸੀ ਮੌਕੇ ਉਨ੍ਹਾਂ ਦੇ ਸਪੁੱਤਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਐਡਵੋਕੇਟ ਤੇ ਪੰਜਾਬ ਕਾਂਗਰਸ ਪਾਰਟੀ ਮੋਹਾਲੀ ਦੇ ਲੀਗਲ ਸੈੱਲ ਦੇ ਅਡਵਾਈਜ਼ਰ ਕਮਲਦੀਪ ਸਿੰਘ ਸਿੱਧੂ ਤੇ ਅਮਰਜੀਤ ਸਿੰਘ ਸਿੱਧੂ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਾਈ ਗਈ।ਇਸ ਮੌਕੇ ਰਾਹਗੀਰਾਂ ਤੇ ਇਲਾਕਾ ਵਾਸੀਆਂ ਨੂੰ ਠੰਡਾ ਮਿੱਠਾ ਜਲ ਵੰਡਿਆ ਗਿਆ ਤੇ ਬਾਪੂ ਗੁਰਦੇਵ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਸਮਾਗਮ ਦੌਰਾਨ ਪਿੰਡ ਦੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਰਹੇ ਤੇ ਸੇਵਾ ਕਾਰਜ ਵਿੱਚ ਆਪਣਾ ਯੋਗਦਾਨ ਪਾਇਆ।

## ਕਮਿਊਨਿਸਟ ਆਗੂ ਨੇ ਪੰਜਾਬ ਸਰਕਾਰ ਦੀ ਕੀਤੀ ਤਿੱਖੀ ਆਲੋਚਨਾ



**ਬੁਢਲਾਡਾ (ਅਸ਼ੋਕ ਲਾਕੜਾ)**-ਬੁੱਧਵਾਰ ਨੂੰ ਇੱਥੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਸੂਬਾ ਸਕੱਤਰੇਤ ਮੈਂਬਰ ਅਤੇ ਜ਼ਿਲ੍ਹਾ ਮਾਨਸਾ ਦੇ ਸਕੱਤਰ ਕਾਮਰੇਡ ਸਵਰਨਜੀਤ ਸਿੰਘ ਦਲਿਓ ਐਡਵੋਕੇਟ ਨੇ ਬਿਜਲੀ ਦੇ ਲੰਬੇ ਲੰਬੇ ਕੱਟਾਂ ਅਤੇ ਪੰਜਾਬ ਵਿੱਚ ਮਨਰੇਗਾ ਕਾਨੂੰਨ ਦੀ ਥਾਂ ਨਵਾਂ ਕਾਨੂੰਨ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਲਿਆਉਣ ਦੇ ਮਾਮਲੇ ਵਿੱਚ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਤਿੱਖੀ ਆਲੋਚਨਾ ਕੀਤੀ ਹੈ।ਕਮਿਊਨਿਸਟ ਆਗੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਿਜਲੀ ਦੇ ਕੱਟਾਂ ਕਾਰਨ ਕਿਸਾਨੀ 'ਤੇ ਭਾਰੀ ਆਰਥਿਕ ਬੋਝ ਪੈ ਰਿਹਾ ਹੈ।ਝੋਨੇ ਦੀ ਫ਼ਸਲ ਦੀ ਸਿੰਚਾਈ ਲਈ ਪਾਣੀ ਪੂਰਾ ਨਹੀਂ ਹੋ ਰਿਹਾ।ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕਈ ਕਈ ਘੰਟਿਆਂ ਦੇ ਬਿਜਲੀ ਦੇ ਕੱਟਾਂ ਕਾਰਨ ਵਰਕਸ਼ਾਪਾਂ,ਆਟਾ ਚੱਕੀਆਂ ਅਤੇ ਹੋਰ ਛੋਟੇ ਮੋਟੇ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੇ ਹਨ। ਉਨ੍ਹਾਂ ਨੇ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਸਬੰਧੀ ਬੋਲਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਉਕਤ ਕਾਨੂੰਨ ਲਾਗੂ ਕਰਨਾ ਸੀ ਤਾਂ ਫਿਰ 30 ਦਸੰਬਰ 2025 ਨੂੰ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਵਿੱਚ ਇਸ ਨਵੇਂ ਕਾਨੂੰਨ ਨੂੰ ਰੱਦ ਕਰਨ ਦਾ ਮਤਾ ਪਾਸ ਕਰਨ ਦਾ ਢਕਵੰਜ ਕਿਉਂ ਕੀਤਾ ਸੀ ? ਉਨ੍ਹਾਂ ਨਾਲ ਇਸ ਮੌਕੇ ਸੀ ਪੀ ਐਮ ਦੇ ਜ਼ਿਲ੍ਹਾ ਸਕੱਤਰੇਤ ਮੈਂਬਰ ਹਰਜਿੰਦਰ ਸਿੰਘ ਬਰੇਟਾ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਾ.ਜਗਸੀਰ ਸਿੰਘ ਜੱਗਾ ਬਰੇਟਾ, ਪੰਜਾਬ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾ.ਜਸਵੰਤ ਸਿੰਘ ਬੀਰੋਕੇ ਆਦਿ ਵੀ ਹਾਜ਼ਰ ਸਨ।

## ਅਮਰਜੀਤ ਸਿੰਘ ਰਾਮਗੜ੍ਹੀਆ ਦਾ ਸਨਮਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਪਟਿਆਲਾ ਦਿਹਾਤੀ ਦੇ ਹਰਮਨ ਪਿਆਰੇ ਨੇਤਾ ਸ. ਅਮਰਜੀਤ ਸਿੰਘ ਰਾਮਗੜ੍ਹੀਆ ਨੂੰ ਪੰਜਾਬ ਸਰਕਾਰ ਵਲੋਂ ਰਾਮਗੜ੍ਹੀਆ ਵੈਲਫ਼ੇਅਰ ਬੋਰਡ ਦਾ ਸਟੇਟ ਮੈਂਬਰ ਪੰਜਾਬ ਨਿਯੁਕਤ ਕਰਨ 'ਤੇ ਸ. ਸੁਰਵਿੰਦਰ ਸਿੰਘ ਛਾਬੜਾ ਜੋ ਕਿ ਪਟਿਆਲਾ ਦੀ ਉੱਘੀ ਸਮਾਜ ਸੇਵੀ ਸੰਸਥਾ ਜਨ ਹਿੱਤ ਸਮਿਤੀ ਦੇ ਉਪ ਪ੍ਰਧਾਨ ਦੇ ਨਾਲ ਪੰਜਾਬ ਪੈਨਸ਼ਨਰਸ ਐਸੋਸੀਏਸ਼ਨ ਦੇ ਵੀ ਉਪ ਪ੍ਰਧਾਨ ਹਨ ਤੇ ਸ. ਸੁਰਜੀਤ ਸਿੰਘ ਗੋਰੀਆ ਜੋ ਬਹੁਜਨ ਸਮਾਜ ਪਾਰਟੀ ਦੇ ਜਿਲ੍ਹਾ ਪ੍ਰਧਾਨ ਦੇ ਨਾਲ ਪੈਨਸ਼ਨਰਜ ਐਸੋਸੀਏਸ਼ਨ ਦੇ ਪ੍ਰਬੰਧਕ ਸਕੱਤਰ ਵੀ ਹਨ ਵਲੋਂ ਸਾਂਝੇ ਤੌਰ 'ਤੇ ਸਨਮਾਨਿਤ ਕੀਤਾ ਤੇ ਸੰਸਥਾਵਾਂ ਵਲੋਂ ਮੁਬਾਰਕਾਂ ਵੀ ਦਿਤੀਆਂ। ਇਸ ਮੌਕੇ ਤੇ ਸ੍ਰੀ ਪ੍ਰਦੀਪ ਕੁਮਾਰ ਵਿਸ਼ਵਕਰਮਾਂ ਵੈਲਡਿੰਗ, ਸ. ਹਰੀ ਸਿੰਘ ਤੇ ਸ੍ਰੀ ਸ਼ਾਮ ਲਾਲ ਵੀ ਹਾਜ਼ਰ ਸਨ।

## ਬਜ਼ੁਰਗਾਂ ਦਾ ਸਨਮਾਨ ਸਾਡਾ ਫ਼ਰਜ਼ : ਡਾ. ਮਿੰਕੂ ਜਵੰਧਾ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਸੀਨੀਅਰ ਸਿਟੀਜ਼ਨ ਸਮਾਜ ਦੀਆਂ ਉਹ ਮਜ਼ਬੂਤ ਜੜ੍ਹਾਂ ਹਨ, ਜਿਨ੍ਹਾਂ ਦੇ ਤਜ਼ਰਬੇ ਅਤੇ ਮਾਰਗਦਰਸ਼ਨ ਸਦਕਾ ਨਵੀਂ ਪੀੜ੍ਹੀ ਸਹੀ ਦਿਸ਼ਾ ਵਿੱਚ ਅੱਗੇ ਵਧਦੀ ਹੈ।ਉਨ੍ਹਾਂ ਕਿਹਾ ਕਿ ਬਜ਼ੁਰਗਾਂ ਦਾ ਸਤਿਕਾਰ ਕਰਨਾ ਹਰ ਇੱਕ ਦਾ ਨੈਤਿਕ ਫ਼ਰਜ਼ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੋਣੀ ਚਾਹੀਦੀ ਹੈ।ਸਥਾਨਕ ਬੀ.ਐਸ.ਐਨ.ਐਲ. ਪਾਰਕ ਵਿਖੇ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ ਕਰਵਾਏ ਵਿਸ਼ੇਸ਼ ਮਿਲਣੀ ਸਮਾਗਮ ਦੌਰਾਨ ਡਾ. ਜਵੰਧਾ ਨੇ ਬਜ਼ੁਰਗਾਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਪੈਰ ਛੂਹ ਕੇ ਅਸ਼ੀਰਵਾਦ ਵੀ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਆਪਣੀ ਪੂਰੀ ਉਮਰ ਸਮਾਜ ਅਤੇ ਦੇਸ਼ ਦੀ ਸੇਵਾ ਲਈ ਸਮਰਪਿਤ ਕੀਤੀ ਹੈ, ਉਨ੍ਹਾਂ ਨੂੰ ਹਰ ਪੱਧਰ 'ਤੇ ਸਨਮਾਨ ਅਤੇ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ।ਉਨ੍ਹਾਂ ਸੰਸਥਾ ਦੇ ਮੈਂਬਰਾਂ ਨੂੰ ਭਰੋਸਾ ਦਿਵਾਇਆ ਕਿ ਬਜ਼ੁਰਗਾਂ ਨੂੰ ਸਰਕਾਰੀ ਦਫ਼ਤਰਾਂ ਜਾਂ ਹੋਰ ਪ੍ਰਸ਼ਾਸਨਿਕ ਕੰਮਾਂ ਦੌਰਾਨ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਸਮਾਗਮ ਦੇ ਅੰਤ ਵਿੱਚ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੂੰ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸ਼ਹਿਰ ਦੇ ਪਤਵੰਤੇ ਵਿਅਕਤੀ, ਸੰਸਥਾ ਦੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਸੀਨੀਅਰ ਸਿਟੀਜ਼ਨ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਝੋਨਾ ਲਾਉਣ ਵੇਲੇ ਬਿਜਲੀ ਦੀ ਲੋੜੀਂਦੀ ਸਪਲਾਈ ਨਾ ਆਉਣਾ ਚਿੰਤਾ ਦਾ ਵਿਸ਼ਾ: ਪਾਖਰ ਸਿੰਘ ਲਾਲਪੁਰਾ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬਾਬਾ ਰਾਇਆ ਜੀ (ਇਕਾਈ ਲਾਲਪੁਰਾ) ਵੱਲੋਂ ਅਹਿਮ ਮੀਟਿੰਗ ਕਿਸਾਨ ਆਗੂ ਪਾਖਰ ਲਾਲਪੁਰਾ ਦੀ ਰਹਿਨੁਮਾਈ ਹੇਠ ਵੱਖ-ਵੱਖ ਮੁੱਦਿਆਂ ਨੂੰ ਲੈ ਕੇ ਕੀਤੀ ਗਈ ਜਿਸ ਵਿੱਚ ਲੋਕ ਮੁੱਦਿਆਂ ਨੂੰ ਲੈ ਕੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ,ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਾਜ਼ਰੀ ਭਰੀ। ਗੱਲਬਾਤ ਦੇ ਦੌਰਾਨ ਆਗੂ ਪਾਖਰ ਸਿੰਘ ਨੇ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ 1 ਜੂਨ ਤੋਂ ਝੋਨੇ ਦੀ ਲਵਾਈ ਸ਼ੁਰੂ ਕਰਵਾ ਕੇ ਹੁਣ ਕਿਸਾਨਾਂ ਨੂੰ ਬਿਜਲੀ ਸਪਲਾਈ ਨਹੀਂ ਦੇ ਰਹੀ ਜੋ ਕਿ ਬਹੁਤ ਵੱਡਾ ਕਿਸਾਨਾਂ ਨਾਲ ਮਜ਼ਾਕ ਕੀਤਾ ਜਾ ਰਿਹਾ ਹੈ। ਬਿਜਲੀ ਮਹਿਕਮੇ ਵੱਲੋਂ ਪਿੰਡਾਂ 'ਚ ਮੀਟਰ ਰੀਡਿੰਗ ਨਹੀਂ ਭੇਜੇ ਗਏ, ਪਰ ਆਮ ਲੋਕਾਂ ਨੂੰ ਫੋਨ ਮੈਸਿਜ ਰਹੀਂ ਬਹੁਤ ਵੱਡੇ ਵੱਡੇ ਬਿੱਲ ਆ ਰਹੇ ਹਨ, ਚਿੰਤਾ ਦਾ ਵਿਸ਼ਾ ਹੈ। ਪਿੰਡਾਂ 'ਚ ਕਿਸੇ ਵੀ ਕੀਮਤ ਤੇ ਚਿੱਪਾਂ ਵਾਲੇ ਮੀਟਰ ਨਹੀਂ ਲੱਗਣ ਦਿਆਂਗੇ। ਸ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਸਾਡੇ ਪੰਜਾਬ ਵਿਚ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਲਗਾਤਾਰ ਵਧਾ ਕੇ ਪੰਜਾਬ ਦੇ ਕਿਰਤੀ ਕਿਸਾਨਾਂ, ਮਜ਼ਦੂਰਾਂ ਨੂੰ ਉਪਰ ਮਹਿੰਗਾਈ ਦਾ ਵੱਡਾ ਬੋਝ ਪਾਇਆ ਜਾ ਰਿਹਾ ਹੈ,ਜਦ ਕਿ ਪੰਜਾਬ ਦਾ ਕਿਸਾਨ ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠ ਦੱਬਿਆ ਪਿਆ ਹੈ। ਝੋਨੇ ਦੇ ਸੀਜ਼ਨ ਵਿੱਚ ਡੀਜ਼ਲ ਅਤੇ ਪੈਟਰੋਲ ਦੀਆਂ ਲਗਾਤਾਰ ਕੀਮਤਾਂ ਵੱਧ ਰਹੀਆਂ ਹਨ, ਵਲੰਟੀਅਰ ਹਰਪਾਲ ਸਿੰਘ ਨੇ ਕਿਹਾ ਕਿ ਜੇਕਰ ਯੂਰੀਆ ਖਾਦ ਦੀ ਗੱਲ ਕੀਤੀ ਜਾਵੇ ਤਾਂ ਖਾਦ ਦੀ ਆ ਰਹੀ ਘਾਟ ਦੇ ਦੌਰਾਨ ਕਿਸਾਨ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਖਾਦ ਵਿਕਰੇਤਾ ਯੂਰੀਆ ਖਾਦ ਦੇ ਨਾਲ ਅਤੀ ਮਹਿੰਗੀਆਂ ਦਵਾਈਆਂ, ਪਾਊਡਰ, ਕੀਟ ਨਾਸ਼ਕ ਸਪਰੇਆਂ ਆਦਿ ਜਬਰਨ ਕਿਸਾਨਾਂ ਨੂੰ ਦੇ ਕੇ ਉਸ ਉਪਰ ਮਹਿੰਗਾਈ ਦਾ ਵਾਧੂ ਬੋਝ ਪਾਇਆ ਜਾਂਦਾ ਹੈ। ਇਸ ਮੌਕੇ ਸੁਰਜੀਤ ਸਿੰਘ, ਖਜਾਨਚੀ ਵਿਰਸਾ ਸਿੰਘ, ਪੰਚਾਇਤ ਮੈਂਬਰ ਸਰਬਜੀਤ ਸਿੰਘ, ਡਿਪੂ ਹੋਲਡਰ ਰਛਪਾਲ ਸਿੰਘ, ਹਰਭਜਨ ਸਿੰਘ, ਦੁਰਗਾ ਸਿੰਘ, ਲੱਖਾ ਸਿੰਘ, ਦਲਬੀਰ ਸਿੰਘ, ਕੁਲਦੀਪ ਸਿੰਘ, ਪਰਗਟ ਸਿੰਘ, ਸੰਤੋਖ ਸਿੰਘ, ਕਸ਼ਮੀਰ ਸਿੰਘ, ਅਮਰੀਕ ਸਿੰਘ, ਪਰਮਜੀਤ ਸਿੰਘ, ਰਿੱਕੀ ਯੂਕੇ, ਕੁਲਦੀਪ ਸਿੰਘ ਤੇ ਆਦਿ ਆਗੂ ਹਾਜ਼ਰ ਸਨ।

# ਸਟਰੀਟ ਲਾਈਟ ਵਰਕਰਾਂ ਵੱਲੋਂ ਮੰਗਾਂ ਨੂੰ ਲੈ ਕੇ ਭੰਡਾਰੀ ਪੁਲ 'ਤੇ ਇਕੱਠ



**ਛੇਹਰਟਾ/ਖਾਸਾ(ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਸਟਰੀਟ ਲਾਈਟ ਟੈਕਨੀਕਲ ਵਰਕਰ ਯੂਨੀਅਨ (ਸੀਟੂ) ਅੰਮ੍ਰਿਤਸਰ ਵੱਲੋਂ ਜ਼ਿਲ੍ਹਾ ਪ੍ਰਧਾਨ ਸਾਥੀ ਤਰਸੇਮ ਸਿੰਘ ਦਿਉਲ ਦੀ ਪ੍ਰਧਾਨਗੀ ਹੇਠ ਵਿਸ਼ਾਲ ਇਕੱਠ ਭੰਡਾਰੀ ਪੁਲ ਅੰਮ੍ਰਿਤਸਰ ਵਿਖੇ ਕੀਤਾ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਵਾਸੁਦੇਵ ਤੇ ਸੂਬਾਈ ਮੀਤ ਪ੍ਰਧਾਨ (ਸੀਟੂ) ਸੁੱਚਾ ਸਿੰਘ ਅਜਨਾਲਾ ਨੇ ਸੰਬੋਧਨ ਕਰਦਿਆਂ ਮੰਗ ਕੀਤੀ ਕਿ ਸਟਰੀਟ ਲਾਈਟ ਵਰਕਰ ਜੋ ਕਿ ਡੀਸੀ ਰੇਟ 'ਤੇ ਪਿਛਲੇ 10-15 ਸਾਲ ਤੋ ਕੰਮ ਕਰਦੇ ਆ ਰਹੇ ਹਨ, ਨੂੰ ਤੁਰੰਤ ਪੱਕਾ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਇਸ ਸਬੰਧੀ ਪੰਜਾਬ ਸਰਕਾਰ ਜਥੇਬੰਦੀ ਨੂੰ ਸੱਦ ਕੇ ਵਰਕਰਾਂ ਨੂੰ ਪੱਕਾ ਕਰਨ ਬਾਰੇ ਕਾਨੂੰਨ ਬਣਾਏ। ਉਨ੍ਹਾਂ ਇਹ ਵੀ ਕਿਹਾ ਕਿ ਠੇਕੇਦਾਰ ਨੂੰ ਬਾਹਰ ਕਰਕੇ ਵਰਕਰਾਂ ਨੂੰ ਪੱਕਾ ਕੀਤਾ ਜਾਵੇ। ਇਸ ਮੌਕੇ ਡੀਸੀਪੀ ਅੰਮ੍ਰਿਤਸਰ ਹਰਪਾਲ ਸਿੰਘ ਰੰਧਾਵਾ ਦੇ ਦਖ਼ਲ ਨਾਲ ਨਗਰ ਨਿਗਮ ਕਮਿਸ਼ਨਰ ਨਾਲ 3 ਜੁਲਾਈ 2026 ਨੂੰ ਠੀਕ 3 ਵਜੇ ਸਿਟਿੰਗ ਤੈਅ ਕਰ ਦਿੱਤੀ ਗਈ ਹੈ। ਜੇਕਰ ਮਸਲਾ ਹੱਲ ਨਾ ਹੋਇਆ ਤਾਂ ਮੰਤਰੀ ਨਾਲ ਗੱਲਬਾਤ ਕਰਵਾਈ ਜਾਵੇਗੀ। ਇਸ ਮੌਕੇ ਇਕੱਠ ਨੂੰ ਜ਼ਿਲ੍ਹਾ ਪ੍ਰਧਾਨ ਕਾਮਰੇਡ ਜਸਪਾਲ ਸਿੰਘ, ਕਿਰਪਾ ਰਾਮ, ਸੁਖਦੇਵ ਸਿੰਘ ਰੇਲਵੇ, ਜਸਬੀਰ ਸਿੰਘ ਝਬਾਲ, ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ, ਜਗਜੀਤ ਸਿੰਘ, ਕੁਲਵੰਤ ਸਿੰਘ, ਰੋਹਿਤ, ਮੇਜਰ ਸਿੰਘ, ਵਿਜੇ ਕੁਮਾਰ, ਚੇਅਰਮੈਨ ਜਗਜੀਤ ਸਿੰਘ, ਧਰਮਪਾਲ, ਰਾਜਾ ਰਾਮ, ਮਣੀ ਆਦਿ ਸਾਥੀ ਹਾਜ਼ਰ ਸਨ।

# ਈ ਟੀ ਓ ਨੇ ਧਰਦਿਓ ਵਿਖੇ 66 ਕੇ ਵੀ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਿਆ



**ਬਿਆਸ (ਪਰਮਜੀਤ ਸਿੰਘ ਰੱਖੜਾ)** ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਬਿਜਲੀ ਸਪਲਾਈ ਪ੍ਰਣਾਲੀ ਨੂੰ ਹੋਰ ਮਜ਼ਬੂਤ ਅਤੇ ਆਧੁਨਿਕ ਬਣਾਉਣ ਦੇ ਯਤਨ ਲਗਾਤਾਰ ਜਾਰੀ ਹਨ। ਇਨ੍ਹਾਂ ਯਤਨਾਂ ਤਹਿਤ ਬਿਜਲੀ ਸਪਲਾਈ ਦੇ ਸੁਧਾਰ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਵੱਲੋਂ ਬੁੱਧਵਾਰ ਸਵੇਰੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਧਰਦਿਓ ਵਿਖੇ ਨਵੇਂ 66 ਕੇ ਵੀ ਸਬ-ਸਟੇਸ਼ਨ ਦਾ ਨੀਂਹ ਪੱਥਰ ਰਖਿਆ ਗਿਆ। ਪੰਜਾਬ ਸਰਕਾਰ ਵੱਲੋਂ ਇਸ ਪ੍ਰੋਜੈਕਟ ਉਪਰ ਲਗਭਗ 11 ਕਰੋੜ ਰੁਪਏ ਖਰਚ ਕੀਤੇ ਜਾਣਗੇ। ਧਰਦਿਓ ਵਿਖੇ ਨਵੇਂ 66 ਕੇ ਵੀ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਣ ਉਪਰੰਤ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਤਿਆਰ ਕੀਤਾ ਜਾ ਰਿਹਾ ਇਹ ਸਬ-ਸਟੇਸ਼ਨ ਖੇਤਰ ਦੀ ਬਿਜਲੀ ਵੰਡ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਦੇ ਨਾਲ-ਨਾਲ ਖਪਤਕਾਰਾਂ ਨੂੰ ਬਿਨਾਂ ਰੁਕਾਵਟ ਅਤੇ ਬਿਹਤਰ ਗੁਣਵੱਤਾ ਵਾਲੀ ਬਿਜਲੀ ਸਪਲਾਈ ਯਕੀਨੀ ਬਣਾਏਗਾ।

ਉਹਨਾ ਦੱਸਿਆ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਮੌਜੂਦਾ 66 ਕੇ ਵੀ ਸਬ-ਸਟੇਸ਼ਨ ਮਹਿਤਾ ਅਤੇ 66 ਕੇ ਵੀ ਸਬ-ਸਟੇਸ਼ਨ ਸਠਿਆਲਾ ਉਪਰੋਂ ਲਗਭਗ 14,806 ਕੇ ਵੀ ਏ ਦਾ ਲੋਡ ਘਟੇਗਾ, ਜਿਸ ਨਾਲ ਇਨ੍ਹਾਂ ਸਬ-ਸਟੇਸ਼ਨਾਂ ਤੋਂ ਚੱਲਦੇ ਹੋਰ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਨੂੰ ਵੀ ਵਧੇਰੇ ਭਰੋਸੇਯੋਗ, ਨਿਰਵਿਘਨ ਅਤੇ ਗੁਣਵਤਾ ਭਰਪੂਰ ਬਿਜਲੀ ਸਪਲਾਈ ਪ੍ਰਾਪਤ ਹੋਵੇਗੀ। ਇਸ ਸਬ-ਸਟੇਸ਼ਨ ਤੋਂ ਸਿੱਧ ਤੌਰ 'ਤੇ ਲਾਭ ਪ੍ਰਾਪਤ ਕਰਨ ਵਾਲੇ ਪਿੰਡਾਂ ਗੱਗੜਭਾਣਾ, ਪੱਲਾ, ਧਰਦਿਓ, ਧਰਦਿਓਂ ਸਰਦਾਰਾਂ, ਧਰਦਿਓ ਸ਼ਹੀਦ ਮਲਕੀਤ ਸਿੰਘ ਨਗਰ, ਬੁੱਟਰ ਸਿਵੀਆਂ, ਬੁੱਟਰ ਖੁਰਦ, ਦਿਆਲਗੜ੍ਹ ਤੇ ਨੰਗਲੀ ਪ੍ਰਮੁੱਖ ਹਨ। ਇਸ ਤੋਂ ਇਲਾਵਾ ਰਜਧਾਨ, ਮਹਿਤਾ, ਰੱਖੇਸ਼ਾਹ, ਸਿੰਘ ਬੇਲਾ ਅਤੇ ਖੱਬੇ ਰਾਜਪੂਤਾਂ ਆਦਿ ਪਿੰਡਾਂ ਨੂੰ ਵੀ ਅਸਿੱਧੇ ਤੌਰ 'ਤੇ ਇਸ ਪ੍ਰੋਜੈਕਟ ਦਾ ਲਾਭ ਮਿਲੇਗਾ।ਇਸ ਮੌਕੇ ਪਾਵਰਕਾਮ ਦੇ ਚੀਫ ਇੰਜੀਨੀਅਰ ਜਤਿੰਦਰ ਕੁਮਾਰ ਬੈਂਸ, ਐੱਸ ਈ ਮੋਹਤਮ ਸਿੰਘ ਤੋਂ ਇਲਾਵਾ ਮਾਰਕਿਟ ਕਮੇਟੀ ਮਹਿਤਾ ਦੇ ਚੇਅਰਮੈਨ ਡਾ. ਗੁਰਜਿੰਦਰ ਸਿੰਘ, ਬਲਾਕ ਪ੍ਰਧਾਨ ਅਜੇ ਗਾਂਧੀ, ਕੰਵਲਜੀਤ ਸਿੰਘ ਸੋਨੀ ਸਰਪੰਚ ਧਰਦਿਓ, ਸਰਪੰਚ ਧਰਦਿਓ ਨਿਸ਼ਾਨ ਸਿੰਘ, ਪ੍ਰਗਟ ਸਿੰਘ ਬੁੱਟਰ, ਗੁਰਪ੍ਰੀਤ ਸਿੰਘ ਗੱਗੜਭਾਣਾ, ਬਲਵਿੰਦਰ ਸਿੰਘ ਰਜਧਾਨ ਤੋਂ ਇਲਾਵਾ ਇਲਾਕੇ ਦੇ ਹੋਰ ਵੀ ਮੋਹਤਬਰ ਹਾਜ਼ਰ ਸਨ।

# ਕਰਨਬੀਰ ਸਿੰਘ ਬੁਰਜ ਨੇ ਘਰ-ਘਰ ਜਾ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਹਲਕਾ ਤਰਨਤਾਰਨ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਕਰਨਬੀਰ ਸਿੰਘ ਨੇ ਆਪਣੀ 'ਬੁਰਜ ਅਸ਼ੀਰਵਾਦ ਯਾਤਰਾ' ਨੂੰ ਅੱਗੇ ਵਧਾਉਂਦੇ ਹੋਏ ਅੱਜ ਪਿੰਡ ਪਲਾਸੌਰ ਵਿਖੇ ਘਰ-ਘਰ ਜਾ ਕੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ।ਇਸ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਹੱਲ ਦਾ ਭਰੋਸਾ ਦਿੱਤਾ।ਕਰਨਬੀਰ ਸਿੰਘ ਬੁਰਜ ਨੇ ਦੱਸਿਆ ਕਿ ਅਸ਼ੀਰਵਾਦ ਯਾਤਰਾ ਦਾ ਮਕਸਦ ਸਿਰਫ਼ ਵੋਟ ਮੰਗਣਾ ਨਹੀਂ, ਸਗੋਂ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਕੇ ਉਨ੍ਹਾਂ ਦੇ ਦੁੱਖ-ਸੁੱਖ 'ਚ ਸ਼ਰੀਕ ਹੋਣਾ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ, ਹਰ ਘਰ ਤੱਕ ਪਹੁੰਚ ਕੇ ਤੁਹਾਡਾ ਆਸ਼ੀਰਵਾਦ ਲੈਣਾ ਹੈ। ਤੁਹਾਡੀਆਂ ਸਮੱਸਿਆਵਾਂ ਮੇਰੀਆਂ ਆਪਣੀਆਂ ਸਮੱਸਿਆਵਾਂ ਹਨ। ਪਿੰਡ ਪਲਾਸੌਰ 'ਚ ਯਾਤਰਾ ਦੌਰਾਨ ਲੋਕਾਂ ਨੇ ਕਰਨਬੀਰ ਸਿੰਘ ਦਾ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ। ਬਜ਼ੁਰਗਾਂ ਨੇ ਸਿਰ 'ਤੇ ਹੱਥ ਰੱਖ ਕੇ ਆਸ਼ੀਰਵਾਦ ਦਿੱਤਾ ਤੇ ਨੌਜਵਾਨਾਂ ਨੇ ਮੋਢੇ ਨਾਲ ਮੋਢਾ ਲਾ ਕੇ ਚੱਲਣ ਦਾ ਵਾਅਦਾ ਕੀਤਾ।ਇਸ ਮੌਕੇ ਕਰਨਬੀਰ ਸਿੰਘ ਭਾਵੁਕ ਹੁੰਦੇ ਹੋਏ ਬੋਲੇ ਕਿ ਯਾਤਰਾ ਦੌਰਾਨ ਜੋ ਪਿਆਰ ਅਤੇ ਸਤਿਕਾਰ ਤੁਸੀਂ ਸਭਨਾਂ ਵੱਲੋਂ ਦਿੱਤਾ ਜਾ ਰਿਹਾ ਹੈ, ਇਸ ਪਿਆਰ ਤੇ ਸਤਿਕਾਰ ਲਈ ਮੈਂ ਸਦਾ ਤੁਹਾਡਾ ਰਿਣੀ ਰਹਾਂਗਾ।ਮੈਂ ਕੋਈ ਨੇਤਾ ਨਹੀਂ, ਤਰਨਤਾਰਨ ਦਾ ਬੇਟਾ ਹਾਂ। ਤੁਹਾਡਾ ਬੇਟਾ ਬਣ ਕੇ ਸੇਵਾ ਕਰਨੀ ਚਾਹੁੰਦਾ ਹਾਂ।ਇਸ ਮੌਕੇ ਪਿੰਡ ਵਾਸੀਆਂ ਨੇ ਗਲੀਆਂ-ਨਾਲੀਆਂ, ਪੀਣ ਵਾਲੇ ਪਾਣੀ, ਬਿਜਲੀ ਤੇ ਨੌਜਵਾਨਾਂ ਲਈ ਰੁਜ਼ਗਾਰ ਦੀ ਮੰਗ ਮੁੱਖ ਤੌਰ ਤੇ ਰੱਖੀ। ਕਰਨਬੀਰ ਸਿੰਘ ਨੇ ਭਰੋਸਾ ਦਿੱਤਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਬਣਨ 'ਤੇ ਪਹਿਲ ਦੇ ਆਧਾਰ 'ਤੇ ਇਹ ਕੰਮ ਕਰਵਾਏ ਜਾਣਗੇ।

## 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਫਾਰਮ ਭਰੇ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਝਬਾਲ ਖਾਮ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਅਤੇ ਸਰਪੰਚ ਰਾਜ ਕੌਰ ਨੇ ਵਿਧਾਇਕ ਹਰਮੀਤ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪਿੰਡ ਝਬਾਲ ਚ ਪੰਜਾਬ ਸਰਕਾਰ ਦੀ ਅਹਿਮ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਫਾਰਮ ਭਰੇ ਗਏ ਇਸ ਸਬੰਧੀ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਪ ਆਗੂ ਵਿਕਰਮ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦਾ ਮਕਸਦ ਹਰ ਮਾਂ-ਧੀ ਨੂੰ ਸਨਮਾਨ ਦੇਣਾ ਹੈ।ਵਿਧਾਇਕ ਹਰਮੀਤ ਸਿੰਘ ਸੰਧੂ ਦੇ ਹੁਕਮਾਂ ਮੁਤਾਬਕ ਅਸੀਂ ਘਰ-ਘਰ ਜਾ ਕੇ ਯੋਗ ਲਾਭਪਾਤਰੀਆਂ ਦੇ ਫਾਰਮ ਭਰਵਾ ਰਹੇ ਹਾਂ।ਸਰਪੰਚ ਰਾਜ ਕੌਰ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਵੱਲੋਂ ਲੋੜੀਂਦੇ ਦਸਤਾਵੇਜ਼ ਆਧਾਰ ਕਾਰਡ, ਬੈਂਕ ਪਾਸਬੁੱਕ, ਆਮਦਨ ਸਰਟੀਫਿਕੇਟ ਇਕੱਠੇ ਕਰਨ 'ਚ ਮਦਦ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕੋਈ ਵੀ ਯੋਗ ਔਰਤ ਇਸ ਸਕੀਮ ਤੋਂ ਵਾਂਝੀ ਨਹੀਂ ਰਹਿਣ ਦਿੱਤੀ ਜਾਵੇਗੀ।ਇਸ ਮੌਕੇ ਗੁਰਮੀਤ ਸਿੰਘ ਸਾਹ ਆਂਗਨਵਾੜੀ ਵਰਕਰ, ਆਸ਼ਾ ਵਰਕਰ ਪਿੰਡ ਦੇ ਮੈਂਬਰ ਪੰਚਾਇਤ ਤੇ ਹੋਰ ਵੀ ਕਈ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ।

# ਬਾਬਾ ਮੀਰਾ ਸੂਰਾਜ ਪੀਰ ਹਦੂਰੀ ਵਾਲਿਆਂ ਦੇ ਦਰਬਾਰ 'ਤੇ ਲੱਗਾ ਸੱਭਿਆਚਾਰਕ ਮੇਲਾ

**• ਖੁੱਲ੍ਹੇ ਅਖਾੜੇ ਦੌਰਾਨ ਪ੍ਰਿੰਸ ਰੰਧਾਵਾ ਤੇ ਰੰਮੀ ਰੰਧਾਵਾ ਨੇ ਸਰੋਤੇ ਝੂਮਣ ਲਾਏ**



**ਝਬਾਲ, (ਹਰਜਿੰਦਰ ਸਿੰਘ ਸੋਨੀ)**-ਧੰਨ ਧੰਨ ਬਾਬਾ ਮੀਰਾ ਸੂਰਾਜ ਪੀਰ ਹਦੂਰੀ ਵਾਲਿਆਂ ਦੇ ਦਰਬਾਰ ਪਿੰਡ ਮਾਲੂਵਾਲ ਅਤੇ ਨਜ਼ਦੀਕ ਪਿੰਡ ਨੱਥੂਪੁਰ ਅੰਮ੍ਰਿਤਸਰ ਵਿਖੇ ਸਾਲਾਨਾ ਸੱਭਿਆਚਾਰਕ ਮੇਲਾ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਸ਼ਮਸ਼ੇਰ ਸਿੰਘ ਸ਼ੇਰਾ ਕਲੇਰ, ਐੱਨ ਆਰ ਆਈ ਵੀਰਾਂ ਅਤੇ ਨਗਰ ਦੀਆਂ ਸੰਗਤਾਂ ਵੱਲੋਂ ਬੜੀ ਧੂਮਧਾਮ ਨਾਲ ਮਨਾਇਆ ਗਿਆ।ਬਾਬਾ ਸ਼ੇਰਾ ਕਲੇਰ ਸਮੇਤ ਅਹਿਮ ਸ਼ਖ਼ਸੀਅਤਾਂ ਵੱਲੋਂ ਸਵੇਰੇ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੇ ਜਾਣ ਉਪਰੰਤ ਅਯੋਜਿਤ ਸੱਭਿਆਚਾਰਕ ਮੇਲੇ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ ਪ੍ਰਿੰਸ ਰੰਧਾਵਾ ਤੇ ਰੰਮੀ ਰੰਧਾਵਾ ਆਪਣੇ ਲੋਕ ਤੱਥ ਤੇ ਸੱਭਿਆਚਾਰਕ ਗੀਤਾਂ ਨਾਲ ਖੁੱਲ੍ਹੇ ਅਖਾੜੇ ਦੌਰਾਨ ਸਰੋਤਿਆਂ ਨੂੰ ਝੂਮਣ ਲਾ ਦਿੱਤਾ ਜਦ ਕਿ ਕਲਾਕਾਰਾਂ ਅਤੇ ਸ਼ਖ਼ਸੀਅਤਾ ਨੂੰ ਸ਼ੇਰਾ ਕਲੇਰ ਤੇ ਪ੍ਰਬੰਧਕਾਂ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਪੂਰਾ ਦਿਨ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ ਅਤੇ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ। ਸ਼ਾਮ ਵੇਲੇ ਪੰਜਾਬ ਦੀਆਂ ਨਾਮਵਰ ਮਾਝਾ ਤੇ ਮਾਲਵਾ ਕਬੱਡੀ ਕਲੱਬਾ ਦੀਆਂ ਟੀਮਾਂ ਵਿਚਕਾਰ ਪ੍ਰਦਰਸ਼ਨੀ ਮੈਚ ਖੇਡਿਆ ਗਿਆ।ਜੇਤੂ ਟੀਮ ਨੂੰ ਸਨਮਾਨਿਤ ਕਰਨ ਮੌਕੇ ਬਾਬਾ ਗੁਰਪਿੰਦਰ ਸਿੰਘ ਵਡਾਲਾ ਕਾਰ ਸੇਵਾ ਸੰਪ੍ਰਦਾਇ ਸਤਲਾਣੀ ਸਾਹਿਬ ਵਾਲੇ, ਬਾਬਾ ਇੰਦਰਬੀਰ ਸਿੰਘ ਵਡਾਲਾ ਸਤਲਾਣੀ ਸਾਹਿਬ, ਬਾਬਾ ਰਣਬੀਰ ਸਿੰਘ ਰਾਣਾ ਵਡਾਲਾ ਸਤਲਾਣੀ ਸਾਹਿਬ, ਬਾਬਾ ਸੇਰਾ ਕਲੇਰ, ਬਾਬਾ ਨਿਰਵੈਰ ਸਿੰਘ ਮਿੱਠੂ,ਬਾਬਾ ਸ਼ਮਸ਼ੇਰ ਸਿੰਘ, ਬਾਬਾ ਹੀਰਾ ਸਿੰਘ, ਉੱਘੇ ਸਮਾਜ ਸੇਵਕ ਤੇ ਪੱਤਰਕਾਰ ਜਸਬੀਰ ਸਿੰਘ ਗਿੱਲ ਭਕਨਾ, ਦਰਸ਼ਨ ਸਿੰਘ ਚੀਚਾ, ਸਰਪੰਚ ਮਾਲੂਵਾਲ, ਸਰਪੰਚ ਨੱਥੂਪੁਰਾ, ਸਰਪੰਚ ਪਿੰਡ ਚੀਚਾ ਪ੍ਰਮੁੱਖ ਸਖਸ਼ੀਅਤਾਂ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

## ਥਾਣਾ ਮੁਖੀ ਢਿੱਲਵਾਂ ਨੇ ਦੁਕਾਨਦਾਰਾਂ ਨਾਲ ਕੀਤੀ ਵਿਸ਼ੇਸ਼ ਮੀਟਿੰਗ



**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**-ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਲਈ ਕਸਬਾ ਢਿੱਲਵਾਂ ਵਿੱਚ ਥਾਣਾ ਮੁਖੀ ਢਿੱਲਵਾਂ ਹਰਜਿੰਦਰ ਸਿੰਘ ਵੱਲੋਂ ਸਮੂਹ ਦੁਕਾਨਦਾਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ ਅਤੇ ਉਨ੍ਹਾਂ ਨੂੰ ਆਉਂਦੀਆਂ ਦਰਪੇਸ਼ ਮੁਸ਼ਕਲਾਂ ਸੁਣੀਆਂ।ਇਸ ਮੌਕੇ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ।ਥਾਣਾ ਮੁਖੀ ਹਰਜਿੰਦਰ ਸਿੰਘ ਨੇ ਕਿਹਾ ਕਿ ਸੇਫਟੀ ਵਾਸਤੇ ਇੱਕ ਚੌਕੀਦਾਰ ਜ਼ਰੂਰ ਰੱਖਿਆ ਜਾਵੇ।ਇਸ ਮੌਕੇ ਕਸਬੇ ਦੇ ਸਿਟੀ ਪ੍ਰਧਾਨ ਬਲਜੀਤ ਸਿੰਘ ਢਿੱਲੋਂ ਨੇ ਇਹ ਵਾਅਦਾ ਕੀਤਾ ਕਿ ਜਲਦ ਹੀ ਬਾਜ਼ਾਰ ਵਿੱਚ ਦੁਕਾਨਦਾਰਾਂ ਵਾਸਤੇ ਇੱਕ ਬਾਥਰੂਮ ਬਣਾਇਆ ਜਾਵੇਗਾ।ਇਸ ਮੌਕੇ ਸੁਰਿੰਦਰ ਪਾਲ ਸੁਖੀਜਾ, ਵਿਸ਼ਾਲ ਸੁਖੀਜਾ, ਅਮਿਤ ਅਰੋੜਾ, ਗਗਨ ਅਰੋੜਾ ਮੰਗਲ ਸਿੰਘ ਚਾਵਲਾ, ਹਰਜੋਤ ਸਿੰਘ ਤੇ ਹੋਰ ਦੁਕਾਨਦਾਰ ਹਾਜ਼ਰ ਸਨ।

## 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਮਹਿਲਾਵਾਂ ਦੇ ਖਾਤਿਆਂ 'ਚ ਪੈਸੇ ਆਉਣੇ ਸ਼ੁਰੂ: ਪ੍ਰੋ. ਹਰਪ੍ਰੀਤ ਸਿੰਘ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਆਮ ਆਦਮੀ ਪਾਰਟੀ ਸਰਕਾਰ ਵੱਲੋਂ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ ਪੰਜਾਬ ਦੀਆਂ ਸਾਰੀਆਂ ਮਹਿਲਾਵਾਂ ਨੂੰ 1000 ਅਤੇ 1500 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ ਜਿਸ ਮੁਤਾਬਕ 3000 ਅਤੇ 4500 ਰੁਪਏ ਮਹਿਲਾਵਾਂ ਦੇ ਖਾਤੇ ਵਿੱਚ ਪਾਉਣੇ ਸ਼ੁਰੂ ਕਰ ਦਿੱਤੇ ਹਨ ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਾਵਾਂ ਧੀਆਂ ਸਤਿਕਾਰ ਯੋਜਨਾ ਅੱਜ ਸ਼ੁਰੂ ਕੀਤੀ ਗਈ ਜੋ ਕਿ ਮਹਿਲਾਵਾਂ ਦੇ ਸਨਮਾਨ ਲਈ ਬਹੁਤ ਵੱਡਾ ਵਰਦਾਨ ਸਾਬਿਤ ਹੋਵੇਗੀ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਨ ਜਨਰਲ ਸਕੱਤਰ ਅਤੇ ਬੁਲਾਰਾ ਪੰਜਾਬ, ਹਲਕਾ ਖਡੂਰ ਸਾਹਿਬ ਨੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਦੀਆਂ ਮਾਵਾਂ, ਭੈਣਾਂ ਨਾਲ ਜਿਹੜਾ ਵਾਅਦਾ ਕੀਤਾ ਗਿਆ ਸੀ ਉਹ ਸਰਕਾਰ ਵੱਲੋਂ ਪੂਰਾ ਕੀਤਾ ਗਿਆ ਹੈ ਜਿਸ ਤਹਿਤ ਪੰਜਾਬ ਦੀ ਹਰ ਮਹਿਲਾ ਨੂੰ ਅੱਜ ਪੈਸੇ ਖਾਤਿਆਂ ਵਿੱਚ ਪਾ ਦਿੱਤੇ ਗਏ ਹਨ ।ਮੁੱਖ ਮੰਤਰੀ ਪੰਜਾਬ ਦੀ ਭਲਾਈ ਲਈ ਦਿਨ ਰਾਤ ਕੰਮ ਕਰ ਰਹੇ ਹਨ ਜਿਵੇਂ ਕਿ ਸਿਹਤ, ਸਿੱਖਿਆ, ਸਕੂਲ ਪ੍ਰਬੰਧ, ਸੜਕਾਂ ਦਾ ਨਵੀਨੀਕਰਨ, ਟੇਲਾਂ ਤੱਕ ਪਾਣੀ ਪਹੁੰਚਾਉਣਾ ਆਦਿ ਸਾਰੀਆਂ ਸੁਵਿਧਾਵਾਂ ਪੰਜਾਬ ਦੇ ਲੋਕਾਂ ਨੂੰ ਨਿਰਵਿਘਨ ਅਤੇ ਨਿਰਵਿਰੋਧ ਮਿਲ ਰਹੀਆਂ ਹਨ ।

# ਜੇ ਐੱਮ ਕੇ ਇੰਟਰਨੈਸ਼ਨਲ ਸਕੂਲ 'ਚ ਚਾਰ ਦਿਨਾ ਮੈਡੀਟੇਸ਼ਨ ਕੋਰਸ ਸੰਪੰਨ



**ਪਠਾਨਕੋਟ (ਦਵਿੰਦਰ ਸਿੰਘ)**-ਜੇਐੱਮਕੇ ਇੰਟਰਨੈਸ਼ਨਲ ਸਕੂਲ ਵਿੱਚ ਆਰਟ ਆਫ ਲਿਵਿੰਗ ਵੱਲੋਂ ਆਯੋਜਿਤ ਚਾਰ ਦਿਨ ਦਾ ਐਡਵਾਂਸ ਮੈਡੀਟੇਸ਼ਨ ਕੋਰਸ ਦਾ ਸਫਲਤਾਪੂਰਵਕ ਸਮਾਪਨ ਹੋ ਗਿਆ।ਇਹ ਕੋਰਸ ਸਕੂਲ ਕੈਂਪਸ ਵਿੱਚ ਵਾਈਸ ਚੇਅਰਪਰਸਨ ਅਤੇ ਕੋਰਸ ਕੋਆਰਡੀਨੇਟਰ ਵੰਦਨਾ ਸੂਦ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਸਾਰੇ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੇ ਉਤਸ਼ਾਹ ਨਾਲ ਭਾਗ ਲਿਆ।ਕੋਰਸ ਦੌਰਾਨ ਭਾਗੀਦਾਰਾਂ ਨੂੰ ਯੋਗ, ਧਿਆਨ ਅਤੇ ਮਾਨਸਿਕ ਸ਼ਾਂਤੀ ਨਾਲ ਸੰਬੰਧਿਤ ਪ੍ਰਭਾਵਸ਼ਾਲੀ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਸਿਖਲਾਈ ਰਾਹੀਂ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਨੂੰ ਤਣਾਅ ਪ੍ਰਬੰਧਨ, ਸਕਾਰਾਤਮਕ ਸੋਚ ਅਤੇ ਬਿਹਤਰ ਜੀਵਨ ਸ਼ੈਲੀ ਅਪਣਾਉਣ ਦੇ ਤਰੀਕੇ ਸਿਖਾਏ ਗਏ।ਇਸ ਮੌਕੇ ਵਾਈਸ ਚੇਅਰਪਰਸਨ ਅਤੇ ਕੋਰਸ ਕੋਆਰਡੀਨੇਟਰ ਵੰਦਨਾ ਸੂਦ ਨੇ ਕਿਹਾ ਕਿ ਜੇਐੱਮਕੇ ਇੰਟਰਨੈਸ਼ਨਲ ਸਕੂਲ ਵਿੱਚ ਇਸ ਕੋਰਸ ਦੇ ਆਯੋਜਨ ਦਾ ਮੁੱਖ ਉਦੇਸ਼ ਅਧਿਆਪਕਾਂ ਅਤੇ ਸਟਾਫ ਮੈਂਬਰਾਂ ਦੇ ਸਰੀਰਕ, ਮਾਨਸਿਕ ਅਤੇ ਭਾਵਨਾਤਮਕ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ, ਤਾਂ ਜੋ ਉਹ ਆਪਣੇ ਕਾਰਜਖੇਤਰ ਵਿੱਚ ਹੋਰ ਵੱਧ ਊਰਜਾ ਅਤੇ ਸਕਾਰਾਤਮਕਤਾ ਨਾਲ ਯੋਗਦਾਨ ਪਾ ਸਕਣ।ਆਰਟ ਆਫ ਲਿਵਿੰਗ ਦੀ ਟ੍ਰੇਨਰ ਪ੍ਰੀਤੀ ਲਾਲਵਾਨੀ ਨੇ ਕਿਹਾ ਕਿ ਸੰਸਥਾ ਦਾ ਉਦੇਸ਼ ਲੋਕਾਂ ਨੂੰ ਧਿਆਨ, ਯੋਗ ਅਤੇ ਆਧਿਆਤਮਿਕ ਗਿਆਨ ਰਾਹੀਂ ਤਣਾਅ-ਮੁਕਤ ਅਤੇ ਸੰਤੁਲਿਤ ਜੀਵਨ ਜਿਊਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਨੇ ਭਾਗੀਦਾਰਾਂ ਨੂੰ ਨਿਯਮਿਤ ਧਿਆਨ ਅਭਿਆਸ ਦੇ ਮਹੱਤਵ ਬਾਰੇ ਵੀ ਜਾਣੂ ਕਰਵਾਇਆ। ਉੱਥੇ ਹੀ ਸਕੂਲ ਦੇ ਡਾਇਰੈਕਟਰ ਅਤੇ ਪ੍ਰਿੰਸੀਪਲ ਡਾ. ਨੀਰਜ ਮੋਹਨ ਪੁਰੀ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਅਧਿਆਪਕਾਂ ਦੇ ਵਿਅਕਤੀਤਵ ਵਿਕਾਸ ਦੇ ਨਾਲ-ਨਾਲ ਸੰਸਥਾ ਵਿੱਚ ਸਕਾਰਾਤਮਕ ਮਾਹੌਲ ਸਿਰਜਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਆਰਟ ਆਫ ਲਿਵਿੰਗ ਦੀ ਟੀਮ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮ ਕਰਵਾਉਣ ਦੀ ਗੱਲ ਕਹੀ।ਇਸ ਮੌਕੇ ਜੇਐੱਮਕੇ ਇੰਟਰਨੈਸ਼ਨਲ ਸਕੂਲ ਦੇ ਅਸਿਸਟੈਂਟ ਡਾਇਰੈਕਟਰ ਚਰਨਜੀਤ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਅਤੇ ਸਟਾਫ ਮੈਂਬਰ ਵੀ ਹਾਜ਼ਰ ਸਨ।

# ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸੰਧੂ ਨੇ ਪੰਜਾਬ ਦੇ ਰਾਜਪਾਲ ਨੂੰ ਮੰਗ-ਪੱਤਰ ਸੌਂਪਿਆ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਭਾਰਤੀ ਜਨਤਾ ਪਾਰਟੀ ਤਰਨਤਾਰਨ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਹਰਜੀਤ ਸਿੰਘ ਸੰਧੂ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਜ਼ਿਲ੍ਹਾ ਤਰਨਤਾਰਨ ਵਿੱਚ ਦਿਨੋਂ-ਦਿਨ ਵਿਗੜ ਰਹੀ ਕਾਨੂੰਨ-ਵਿਵਸਥਾ, ਨਸ਼ਿਆਂ ਦੇ ਵਧਦੇ ਕਾਰੋਬਾਰ, ਗੈਂਗਸਟਰਵਾਦ, ਫਿਰੌਤੀਆਂ, ਵਪਾਰੀਆਂ ਨੂੰ ਮਿਲ ਰਹੀਆਂ ਧਮਕੀਆਂ ਅਤੇ ਆਮ ਲੋਕਾਂ ਵਿੱਚ ਬਣੇ ਡਰ ਦੇ ਮਾਹੌਲ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਇੱਕ ਮੰਗ-ਪੱਤਰ ਸੌਂਪਿਆ। ਇਸ ਮੌਕੇ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਸਰਹੱਦੀ ਜ਼ਿਲ੍ਹਾ ਤਰਨਤਾਰਨ ਅੱਜ ਬਹੁਤ ਹੀ ਸੰਵੇਦਨਸ਼ੀਲ ਦੌਰ ਵਿੱਚੋਂ ਲੰਘ ਰਿਹਾ ਹੈ।ਨਸ਼ਿਆਂ ਦਾ ਕਾਰੋਬਾਰ ਬੇਖੌਫ਼ ਤਰੀਕੇ ਨਾਲ ਫੈਲ ਰਿਹਾ ਹੈ, ਜਿਸ ਕਾਰਨ ਨੌਜਵਾਨ ਪੀੜ੍ਹੀ ਦਾ ਭਵਿੱਖ ਖਤਰੇ ਵਿੱਚ ਪੈ ਗਿਆ ਹੈ।ਨਸ਼ਿਆਂ ਦੀ ਦਲਦਲ ਵਿੱਚ ਧੱਸ ਕੇ ਨੌਜਵਾਨ ਮੌਤ ਦਾ ਸ਼ਿਕਾਰ ਹੋ ਰਹੇ ਹਨ ਅਤੇ ਕਈ ਪਰਿਵਾਰਾਂ ਦੇ ਇਕਲੌਤੇ ਚਿਰਾਗ ਇਸ ਮਾਰੂ ਅਲਾਮਤ ਦੀ ਭੇਟ ਚੜ੍ਹ ਚੁੱਕੇ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਗੈਂਗਸਟਰਾਂ ਵੱਲੋਂ ਵਪਾਰੀਆਂ, ਉਦਯੋਗਪਤੀਆਂ ਅਤੇ ਆਮ ਨਾਗਰਿਕਾਂ ਨੂੰ ਲਗਾਤਾਰ ਫਿਰੌਤੀ ਲਈ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਕਾਰਨ ਲੋਕਾਂ ਵਿੱਚ ਅਸੁਰੱਖਿਆ ਅਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਰਾਜਪਾਲ ਨੂੰ ਦੱਸਿਆ ਕਿ ਜ਼ਿਲ੍ਹੇ ਦੇ ਵਪਾਰੀ, ਕਿਸਾਨ, ਸਮਾਜ ਸੇਵੀ ਅਤੇ ਆਮ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। ਕਈ ਲੋਕ ਡਰ ਦੇ ਮਾਹੌਲ ਕਾਰਨ ਖੁੱਲ੍ਹ ਕੇ ਆਪਣੀ ਗੱਲ ਵੀ ਨਹੀਂ ਕਰ ਸਕਦੇ। ਅਜਿਹੇ ਹਾਲਾਤ ਕਿਸੇ ਵੀ ਲੋਕਤੰਤਰੀ ਅਤੇ ਸ਼ਾਂਤੀਪੂਰਨ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ।

## ਬਿਜਲੀ ਦੀ ਨਾਕਸ ਸਪਲਾਈ ਨੂੰ ਲੈ ਕੇ ਪੰਜ ਪਿੰਡਾਂ ਨੇ ਲਾਇਆ ਧਰਨਾ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਇਲਾਕੇ ਦੇ ਪਿੰਡਾਂ ਵਿੱਚ ਖੇਤੀਬਾੜੀ ਅਤੇ ਘਰਾਂ ਦੀ ਬਿਜਲੀ ਦੀ ਸਪਲਾਈ ਦੇ ਪ੍ਰਬੰਧਾਂ ਨੂੰ ਲੈ ਕੇ ਪੰਜ ਪਿੰਡਾਂ ਦੇ ਲੋਕਾਂ ਨੇ ਅੱਡਾ ਝਬਾਲ ਵਿਖੇ ਧਰਨਾ ਦਿੱਤਾ।ਧਰਨੇ ਨੂੰ ਸੰਬੋਧਨ ਕਰਦਿਆਂ ਕਾਮਰੇਡ ਦਵਿੰਦਰ ਕੁਮਾਰ ਸੋਹਲ, ਸਾਬਕਾ ਸਰਪੰਚ ਗੁਰਪਾਲ ਸਿੰਘ ਜਗਤਪੁਰਾ ਨੇ ਪਾਵਰਕਾਮ ਦੇ ਪ੍ਰਬੰਧਾਂ 'ਤੇ ਤਿੱਖੇ ਸਵਾਲ ਖੜ੍ਹੇ ਕੀਤੇ। ਉਨ੍ਹਾਂ ਕਿਹਾ ਕਿ ਝੋਨੇ ਦੀ ਚੱਲ ਰਹੀ ਲਵਾਈ ਦੇ ਨਾਜ਼ੁਕ ਸੀਜ਼ਨ ਦੌਰਾਨ ਸਰਕਾਰ ਵੱਲੋਂ ਕੀਤੇ ਗਏ ਪੂਰੀ ਬਿਜਲੀ ਦੇਣ ਦੇ ਵਾਅਦੇ ਖੋਖਲੇ ਸਾਬਤ ਹੋ ਰਹੇ ਹਨ।ਕਿਸਾਨਾਂ ਨੂੰ ਖੇਤਾਂ ਲਈ ਲੋੜੀਂਦੀ ਬਿਜਲੀ ਨਾ ਮਿਲਣ ਕਾਰਨ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਬਿਜਲੀ ਦੇ ਲਗਾਤਾਰ ਲੱਗ ਰਹੇ ਕੱਟਾਂ ਨੇ ਕਿਸਾਨਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ।ਨਿਰਧਾਰਤ ਸਮੇਂ ਤੋਂ ਬਹੁਤ ਘੱਟ ਬਿਜਲੀ ਮਿਲ਼ ਰਹੀ ਹੈ।ਪਿੰਡਾਂ ਵਾਲਿਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪਾਵਰਕਾਮ ਨੇ ਖੇਤੀ ਸੰਕਟ ਲਈ ਬਿਜਲੀ ਦੀ ਨਿਰਵਿਘਨ ਸਪਲਾਈ ਤੁਰੰਤ ਬਹਾਲ ਨਾ ਕੀਤੀ ਤਾਂ ਆਉਣ ਵਾਲੇ ਦਿਨਾਂ ਵਿੱਚ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤੇ ਬਿਜਲੀ ਘਰ ਦਾ ਮੁਕੰਮਲ ਘੇਰਾਓ ਕੀਤਾ ਜਾਵੇਗਾ।ਇਸ ਸਮੇਂ ਸਾਬਕਾ ਸਰਪੰਚ ਮੰਗਲ ਸਿੰਘ ਖੈਰਦੀ, ਜੇ ਈ ਪ੍ਰਮਜੀਤ ਸਿੰਘ ਜਗਤਪੁਰਾ, ਰਤਨ ਸਿੰਘ ਢੰਡ ਅਜ਼ਾਦ ਸੰਘਰਸ਼ ਕਮੇਟੀ, ਸਤਨਾਮ ਸਿੰਘ ਜਗਤਪੁਰਾ, ਪਲਵਿੰਦਰ ਸਿੰਘ ਜਗਤਪੁਰਾ, ਜੈਮਲ ਸਿੰਘ ਢੰਡ, ਰੇਸ਼ਮ ਸਿੰਘ, ਲਾਲ ਸਿੰਘ, ਮੈਂਬਰ ਪੰਚਾਇਤ ਨਿਸ਼ਾਨ ਸਿੰਘ, ਸਾਬਕਾ ਮੈਂਬਰ ਨਿਸ਼ਾਨ ਸਿੰਘ, ਕਾਬਲ ਸਿੰਘ ਜਗਤਪੁਰਾ, ਰਾਣਾ ਜਗਤਪੁਰਾ, ਪ੍ਰਮਜੀਤ ਸਿੰਘ ਕੰਬਾਇਨਾ ਵਾਲੇ ਆਦਿ ਹਾਜ਼ਰ ਸਨ।ਇਸ ਧਰਨੇ ਸਬੰਧੀ ਜਦੋਂ ਐੱਸ ਡੀ ਓ ਝਬਾਲ ਮਨਪ੍ਰੀਤ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਬਿਜਲੀ ਸਬੰਧੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

## ਸਕੂਲਾਂ 'ਚ ਕਰੀਅਰ ਗਾਈਡੈਂਸ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਨਿਰਦੇਸ਼

**ਧਾਰੀਵਾਲ, (ਮਨਦੀਪ ਵਿੱਕੀ)**-ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਆਦਿਤਿਆ ਉੱਪਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਸ਼ਰਮਾ (ਸਟੇਟ ਐਵਾਰਡੀ) ਦੀ ਅਗਵਾਈ ਹੇਠ ਜ਼ਿਲ੍ਹੇ ਦੇ ਸਮੂਹ ਬਲਾਕ ਗਾਈਡੈਂਸ ਕਾਊਂਸਲਰਾਂ ਦੀ ਇੱਕ ਆਨਲਾਈਨ ਮੀਟਿੰਗ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਮੁਕੇਸ਼ ਵਰਮਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਮੁਕੇਸ਼ ਵਰਮਾ ਨੇ ਸਮੂਹ ਬਲਾਕ ਗਾਈਡੈਂਸ ਕਾਊਂਸਲਰਾਂ ਨੂੰ ਹਦਾਇਤ ਕੀਤੀ ਕਿ ਉਹ ਹਰ ਮਹੀਨੇ ਘੱਟੋ-ਘੱਟ ਦੋ ਕਾਰਜ ਦਿਨਾਂ ਦੌਰਾਨ ਚਾਰ ਸਰਕਾਰੀ ਸਕੂਲਾਂ ਦਾ ਦੌਰਾ ਲਾਜ਼ਮੀ ਤੌਰ ਤੇ ਕਰਨ, ਤਾਂ ਜੋ ਸਕੂਲਾਂ ਵਿੱਚ ਚੱਲ ਰਹੀਆਂ ਕਰੀਅਰ ਗਾਈਡੈਂਸ ਅਤੇ ਕਾਊਂਸਲਿੰਗ ਗਤੀਵਿਧੀਆਂ ਦੀ ਪ੍ਰਭਾਵਸ਼ਾਲੀ ਨਿਗਰਾਨੀ ਕੀਤੀ ਜਾ ਸਕੇ ਅਤੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਕਰੀਅਰ ਮਾਰਗਦਰਸ਼ਨ ਪ੍ਰਦਾਨ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਸਕੂਲ ਦੌਰੇ ਦੌਰਾਨ ਹੇਠ ਲਿਖੇ ਮੁੱਖ ਬਿੰਦੂਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਜਾਵੇਗੀ।ਮੁਕੇਸ਼ ਵਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦਾ ਮੁੱਖ ਉਦੇਸ਼ ਹਰ ਵਿਦਿਆਰਥੀ ਤੱਕ ਸਮੇਂ ਸਿਰ, ਸਹੀ ਅਤੇ ਲਾਭਦਾਇਕ ਕਰੀਅਰ ਮਾਰਗਦਰਸ਼ਨ ਪਹੁੰਚਾਉਣਾ ਹੈ, ਤਾਂ ਜੋ ਉਹ ਆਪਣੀ ਰੁਚੀ ਅਤੇ ਯੋਗਤਾ ਅਨੁਸਾਰ ਆਪਣੇ ਭਵਿੱਖ ਦੀ ਸਹੀ ਦਿਸ਼ਾ ਚੁਣ ਸਕਣ। ਉਨ੍ਹਾਂ ਸਮੂਹ ਬਲਾਕ ਗਾਈਡੈਂਸ ਕਾਊਂਸਲਰਾਂ ਨੂੰ ਸਕੂਲਾਂ ਵਿੱਚ ਨਿਯਮਤ ਫਾਲੋ-ਅੱਪ, ਬਿਹਤਰ ਤਾਲਮੇਲ ਅਤੇ ਗੁਣਵੱਤਾ ਭਰਪੂਰ ਕਾਊਂਸਲਿੰਗ ਸੇਵਾਵਾਂ ਯਕੀਨੀ ਬਣਾਉਣ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਵੱਖ-ਵੱਖ ਬਲਾਕਾਂ ਦੇ ਗਾਈਡੈਂਸ ਕਾਊਂਸਲਰਾਂ ਨੇ ਆਪਣੇ ਤਜਰਬੇ ਵੀ ਸਾਂਝੇ ਕੀਤੇ ਅਤੇ ਕਰੀਅਰ ਗਾਈਡੈਂਸ ਪ੍ਰੋਗਰਾਮਾਂ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਨਤੀਜਾ-ਕੇਂਦਰਿਤ ਬਣਾਉਣ ਲਈ ਕੀਮਤੀ ਸੁਝਾਅ ਦਿੱਤੇ।ਸਾਰੇ ਭਾਗੀਦਾਰਾਂ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸਿੱਖਿਆ ਵਿਭਾਗ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪੂਰੀ ਤਨਦੇਹੀ ਅਤੇ ਸਮਰਪਣ ਨਾਲ ਪਾਲਣਾ ਕਰਨ ਦਾ ਸੰਕਲਪ ਲਿਆ।





## ਲਿਟਲ ਫਲਾਵਰ ਕੌਨਵੈਂਟ ਸਕੂਲ ਦੀ ਨਵੀਂ ਪ੍ਰਿੰਸੀਪਲ ਸਿਸਟਰ ਪੂਨਮ ਦਾ ਨਿੱਘਾ ਸਵਾਗਤ



**ਗੁਰਦਾਸਪੁਰ, (ਜਨਕ ਮਹਾਜਨ)**-ਲਿਟਲ ਫਲਾਵਰ ਕੋਨਵੈਂਟ ਸਕੂਲ ਪੁਰਾਣਾ ਸ਼ਾਲਾ ਵਿਖੇ ਨਵੇਂ ਪ੍ਰਿੰਸੀਪਲ ਰੈਵਲਡ ਸਿਸਟਰ ਪੂਨਮ ਵੱਲੋਂ ਚਾਰਜ ਸੰਭਾਲਣ ਉਪਰੰਤ ਦਫ਼ਤਰੀ ਸਕੂਲ ਸਟਾਫ਼ ਅਤੇ ਬੱਚਿਆਂ ਨੇ ਉਨ੍ਹਾਂ ਦਾ ਗੁਲਦਸਤੇ ਭੇਟ ਕਰਕੇ ਭਰਵਾਂ ਸਵਾਗਤ ਕੀਤਾ। ਇਸ ਦੌਰਾਨ ਇਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਟਾਫ ਅਤੇ ਵਿਦਿਆਰਥੀਆਂ ਵਲੋਂ ਫੁੱਲਾਂ, ਸਵਾਗਤੀ ਗੀਤ ਅਤੇ ਨਿੱਘੀਆਂ ਸ਼ੁਭਕਾਮਨਾਵਾਂ ਨਾਲ ਸਿਸਟਰ ਪੂਨਮ ਨੂੰ 'ਜੀ ਆਇਆਂ' ਆਖਿਆ। ਸਮਾਗਮ ਦੌਰਾਨ ਸਭ ਨੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਅਤੇ ਸਕੂਲ ਦੀ ਹੋਰ ਤਰੱਕੀ ਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਚਨਬਧਤਾ ਦੁਹਰਾਈ। ਇਹ ਸਮਾਗਮ ਖੁਸ਼ੀ, ਉਤਸ਼ਾਹ ਭਰਿਆ ਰਿਹਾ। ਸਮੂਹ ਸਕੂਲ ਪਰਿਵਾਰ ਨੇ ਸਿਸਟਰ ਪੂਨਮ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਦੇ ਸਫ਼ਲ ਕਾਰਜਕਾਲ ਲਈ ਅਰਦਾਸ ਅਤੇ ਸ਼ੁਭਕਾਮਨਾਵਾਂ ਭੇਟ ਕੀਤੀਆਂ। ਇਸ ਮੌਕੇ ਪ੍ਰਿੰਸੀਪਲ ਪੂਨਮ ਨੇ ਕਿਹਾ ਕਿ ਉਹ ਸਕੂਲ ਦੇ ਸਰਬਪੱਖੀ ਵਿਕਾਸ ਅਤੇ ਬੱਚਿਆਂ ਦੀ ਪੜ੍ਹਾਈ ਨੂੰ ਤਰਜੀਹ ਦੇਣਗੇ ਅਤੇ ਸਕੂਲ ਦੀ ਤਰੱਕੀ ਵੱਲ ਵਿਸ਼ੇਸ ਧਿਆਨ ਦਿੱਤਾ ਜਾਵੇਗਾ ਜਿਸ ਨਾਲ ਬੱਚਿਆਂ, ਸਕੂਲ ਸਟਾਫ਼ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਇਸ ਮੌਕੇ ਉਨ੍ਹਾਂ ਨਾਲ ਸਕੂਲ ਸਟਾਫ਼ ਤੇ ਵਿਦਿਆਰਥੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਸੰਪਰਕ ਸੜਕਾਂ 'ਤੇ ਪ੍ਰੀਮਿਕਸ ਨਾ ਪੈਣ ਕਰਕੇ ਪਿੰਡ ਵਾਸੀ ਭਾਰੀ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**-ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਪੈਂਦੇ ਪਿੰਡ ਨੁਸ਼ਹਿਰਾ ਬਹਾਦਰ ਦੀਆਂ ਆਲੇ ਦੁਆਲੇ ਦੀਆਂ ਸੰਪਰਕ ਸੜਕਾਂ 'ਤੇ ਕਈ ਮਹੀਨਿਆਂ ਤੋਂ ਮੋਟਾ ਪੱਥਰ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਨੇ ਸੁੱਟਿਆ ਹੋਇਆ ਹੈ ਅਤੇ ਇਸ ਉਤੇ ਪ੍ਰੀਮਕਸ ਨਾ ਪੈਣ ਕਰਕੇ ਇਲਾਕੇ ਦੇ ਲੋਕਾਂ ਦਾ ਮਹਿਕਮੇ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਅਕਾਲੀ ਆਗੂ ਤੇ ਸਰਕਲ ਪ੍ਰਧਾਨ ਹਰਪ੍ਰੀਤ ਸਿੰਘ ਸੈਣੀ, ਪਿੰਡ ਵਾਸੀ ਨਾਜਰ ਸਿੰਘ ਲੁਬਾਣਾ, ਕੈਪਟਨ ਪਰਮਜੀਤ ਸਿੰਘ ਨੇ ਦੱਸਿਆ ਕਿ ਲੋਕ ਨਿਰਮਾਣ ਵਿਭਾਗ ਦੇ ਠੇਕੇਦਾਰ ਨੇ ਸੜਕ ਬਣਾਉਣ ਵਾਸਤੇ ਪਿੰਡ ਦੇ ਆਲੇ ਦੁਆਲੇ ਅਤੇ ਸਟੇਡੀਅਮ ਤੱਕ ਮੋਟਾ ਪੱਥਰ ਪਾਇਆ ਹੈ ਅਤੇ ਹੁਣ ਮੀਂਹ ਪੈਣ ਕਰਕੇ ਇਹ ਪੱਥਰ ਨੰਗੇ ਹੋ ਚੁੱਕੇ ਹਨ ਅਤੇ ਜਦੋਂ ਕੋਈ ਟਰੈਕਟਰ ਜਾਂ ਹੋਰ ਵਾਹਨ ਲੰਘਦਾ ਹੈ ਤਾਂ ਮੋਟਾ ਪੱਥਰ ਲੋਕਾਂ 'ਤੇ ਵੱਜਦੇ ਹਨ ਜਿਸ ਕਰਕੇ ਲੋਕ ਜ਼ਖ਼ਮੀ ਹੋ ਜਾਂਦੇ ਹਨ ਅਤੇ ਕਈ ਲੋਕ ਪੱਥਰ ਤੋਂ ਡਿਗ ਕੇ ਸੱਟਾਂ ਵੀ ਲਗਵਾ ਰਹੇ ਹਨ। ਉਨ੍ਹਾਂ ਕਿਹਾ ਕਿ ਮਹਿਕਮੇ ਦੇ ਠੇਕੇਦਾਰ ਦਾ ਇਸ ਪਾਸੇ ਧਿਆਨ ਨਹੀਂ ਹੋਣ ਕਰਕੇ ਲੋਕ ਸੜਕ 'ਤੇ ਪਏ ਪੱਥਰ ਤੋਂ ਲੰਘਣ ਤੋਂ ਵੀ ਅਸਮਰੱਥ ਹਨ। ਉਨ੍ਹਾਂ ਦੱਸਿਆ ਕਿ ਪਿੰਡ ਨਵਾਂ ਸ਼ਾਲਾ ਤੋਂ ਨਵਾਂ ਪਿੰਡ ਬਹਾਦਰ ਨੂੰ ਜਾਣ ਵਾਲੀ ਸੰਪਰਕ ਸੜਕ 'ਤੇ ਜਿੱਥੇ ਪਾਣੀ ਖੜ੍ਹਾ ਹੁੰਦਾ ਹੈ ਅਤੇ ਇੰਟਰਲਾਕ ਟਾਇਲਾਂ ਲਗਵਾਈਆਂ ਜਾ ਰਹੀਆਂ ਹਨ, ਉਹ ਵੀ ਕੰਮ ਅਧੂਰਾ ਹੋਣ ਕਰਕੇ ਰਾਹਗੀਰ ਕਾਫੀ ਚਿੰਤਤ ਹਨ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਹਿਲਾਂ ਨੁਸ਼ਹਿਰਾ ਦੀ ਫਿਰਨੀ ਅਤੇ ਬਹਾਦਰ ਨਵਾਂ ਪਿੰਡ ਨੂੰ ਜਾਣ ਵਾਲੀ ਸੜਕ ਜੋ ਗੁਰਦੁਆਰਾ ਸ਼ਹੀਦ ਬੀਬੀ ਸੁੰਦਰੀ ਨੂੰ ਜਾਂਦੀ ਹੈ ਉਸ ਉੱਤੇ ਪ੍ਰੀਮਿਕਸ ਪਾਉਣ ਲਈ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਨੂੰ ਸਖਤ ਹੁਕਮ ਜਾਰੀ ਕੀਤੇ ਜਾਣ ਜਿਸ ਨਾਲ ਲੋਕਾਂ ਦੀ ਲੰਬੇ ਸਮੇਂ ਤੋਂ ਚੱਲਦੀ ਆ ਰਹੀ ਮੰਗ ਪੂਰੀ ਹੋ ਸਕੇ।

## ਨਸ਼ਾ ਛੁਡਾਊ ਕੇਂਦਰ ਦੇ ਮਾਲਕ ਸਮੇਤ ਦੋ ਮੁਲਜ਼ਮ ਸੱਤ ਆਧੁਨਿਕ ਪਿਸਤੌਲਾਂ ਨਾਲ ਗ੍ਰਿਫ਼ਤਾਰ



**ਛੇਹਰਟਾ/ਖਾਸਾ(ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਸਰਹੱਦ ਪਾਰ ਦੇ ਹਥਿਆਰ ਤਸਕਰੀ ਮਾਡਿਊਲ ਦੇ ਦੋ ਵਿਅਕਤੀਆਂ ਨੂੰ ਸੱਤ ਆਧੁਨਿਕ ਪਿਸਤੌਲਾਂ ਸਮੇਤ 40 ਜ਼ਿੰਦਾ ਕਾਰਤੂਸਾਂ ਨਾਲ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਨਤਾਰਨ ਦੇ ਪਿੰਡ ਸੁਰ ਸਿੰਘ ਦੇ ਵਸਨੀਕ ਸੁਰਜੀਤ ਸਿੰਘ ਉਰਫ਼ ਰਾਣਾ (33) ਤੇ ਅੰਮ੍ਰਿਤਸਰ ਦੇ ਭਾਈ ਮੰਜ ਸਿੰਘ ਰੋਡ ਦੇ ਵਸਨੀਕ ਗੁਲਬਾਗ ਸਿੰਘ ਉਰਫ਼ ਬਾਠ (26) ਵਜੋਂ ਹੋਈ ਹੈ। ਦੱਸਣਯੋਗ ਹੈ ਕਿ ਗੁਲਬਾਗ ਸਿੰਘ, ਅੰਮ੍ਰਿਤਸਰ ਦੇ ਸੁਲਤਾਨਵਿੰਡ ਵਿਚ ਭਾਈ ਮੰਜ ਸਿੰਘ ਰੋਡ 'ਤੇ ਨਸ਼ਾ ਛੁਡਾਊ ਕੇਂਦਰ ਚਲਾਉਂਦਾ ਹੈ। ਉਨ੍ਹਾਂ ਦੱਸਿਆ ਕਿ ਬਰਾਮਦ ਕੀਤੇ ਗਏ ਪਿਸਤੌਲਾਂ ਵਿਚ ਇਕ 9 ਐੱਮਐੱਮ ਗਲੌਕ, ਇਕ .30 ਬੋਰ ਤਿਸਾਸ (ਤੁਰਕੀ ਦਾ ਬਣਿਆ), ਇਕ .30 ਬੋਰ ਸਪੈਸ਼ਲ ਮੋਡੀਫਾਈਡ ਪਿਸਤੌਲ, ਚਾਰ .30 ਬੋਰ ਪਿਸਤੌਲ ਸ਼ਾਮਲ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਐਪਸ ਰਾਹੀਂ ਵਿਦੇਸ਼ੀ ਤਸਕਰਾਂ ਦੇ ਸੰਪਰਕ ਵਿਚ ਸਨ ਅਤੇ ਸਰਹੱਦੀ ਰਸਤਿਆਂ ਰਾਹੀਂ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਪ੍ਰਾਪਤ ਕਰਕੇ ਅਪਰਾਧਿਕ ਤੱਤਾਂ ਨੂੰ ਸਪਲਾਈ ਕਰ ਰਹੇ ਸਨ। ਅਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੁਲਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦੇ ਹੋਏ ਪੁਲਸ ਟੀਮਾਂ ਨੇ ਸੁਰਜੀਤ ਉਰਫ਼ ਰਾਣਾ ਅਤੇ ਗੁਲਬਾਗ ਉਰਫ਼ ਬਾਠ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਸੀ। ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦੀ ਨਿਰੰਤਰ ਪੁੱਛਗਿੱਛ ਤੇ ਉਨ੍ਹਾਂ ਦੇ ਬਿਆਨਾਂ 'ਤੇ ਪੁਲਸ ਟੀਮਾਂ ਨੇ ਪੰਜ ਹੋਰ ਆਧੁਨਿਕ ਪਿਸਤੌਲ ਬਰਾਮਦ ਕੀਤੇ, ਜਿਸ ਨਾਲ ਬਰਾਮਦਗੀ ਦੀ ਕੁੱਲ ਗਿਣਤੀ ਸੱਤ ਹੋ ਗਈ ਹੈ। ਸੀ. ਪੀ. ਨੇ ਦੱਸਿਆ ਕਿ ਅਪਰਾਧਿਕ ਪਿਛੋਕੜ ਦੀ ਤਫ਼ਤੀਸ਼ ਤੋਂ ਪਤਾ ਲੱਗਾ ਹੈ ਕਿ ਸੁਰਜੀਤ ਉਰਫ਼ ਰਾਣਾ ਪਹਿਲਾਂ ਹੀ ਤਰਨਤਾਰਨ ਦੇ ਪੁਲਿਸ ਸਟੇਸ਼ਨ ਭਿੱਖੀਵਿੰਡ ਵਿਚ ਦਰਜ ਨਸ਼ੀਲੇ ਪਦਾਰਥਾਂ ਦੇ ਇਕ ਮਾਮਲੇ ਵਿਚ ਲੋੜੀਂਦਾ ਹੈ, ਜੋ ਕਿ ਸੰਗਠਿਤ ਅਪਰਾਧਿਕ ਗਤੀਵਿਧੀਆਂ ਵਿਚ ਉਸਦੀ ਸ਼ਮੂਲੀਅਤ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਅੱਗੇ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਹੋਰ ਗ੍ਰਿਫ਼ਤਾਰੀਆਂ ਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ। ਇਸ ਸਬੰਧ ਵਿਚ ਅੰਮ੍ਰਿਤਸਰ ਦੇ ਪੁਲਸ ਸਟੇਸ਼ਨ ਸੁਲਤਾਨਵਿੰਡ ਵਿਚ ਕੇਸ ਦਰਜ ਕੀਤਾ ਗਿਆ ਹੈ।

## ਸ਼ਹੀਦ ਊਧਮ ਸਿੰਘ ਸੁਨਾਮ ਦਾ ਸ਼ਹੀਦੀ ਦਿਹਾੜਾ 31 ਨੂੰ : ਜਾਮਾਰਾਏ



**ਤਰਨ ਤਾਰਨ ( ਪ੍ਰਿਤਪਾਲ ਸਿੰਘ)**-ਆਰ ਐੱਮ ਪੀ ਆਈ ਵੱਲੋਂ ਤਹਿਸੀਲ ਪੱਧਰੀ ਜਨਰਲ ਬਾਡੀ ਮੀਟਿੰਗ ਬਲਦੇਵ ਸਿੰਘ ਭੈਲ ਦੀ ਪਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਭਾਜਪਾ ਦੀ ਮੋਦੀ ਸਰਕਾਰ ਕਾਰਪੋਰੇਟਾਂ ਦੇ ਹਿੱਤ ਵਿੱਚ ਕੰਮ ਕਰ ਰਹੀ ਅਤੇ ਦੇਸ਼ ਦੀ ਪ੍ਰਭੂਸੱਤਾ ਨੂੰ ਅਮਰੀਕਨ ਸਾਮਰਾਜ ਕੋਲ ਗਹਿਣੇ ਧਰਕੇ ਦੇਸ਼ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾ ਰਹੀ ਹੈ। ਉਨ੍ਹਾਂ ਕਿਹਾ ਕਿ ਆਰਐੱਸਐੱਸ ਤੇ ਭਾਜਪਾ ਦੀਆਂ ਪੰਜਾਬ ਦੀ ਸੱਤਾ ਤੇ ਕਬਜ਼ਾ ਜਮਾਉਣ ਦੀਆਂ ਕੁਚਾਲਾਂ ਨੂੰ ਭਾਂਜ ਦੇਣ ਲਈ ਸਿਆਸੀ ਤੇ ਜਨਤਕ ਘੋਲ ਹੋਰ ਪ੍ਰਚੰਡ ਕੀਤੇ ਜਾਣਗੇ। ਜਾਮਾਰਾਏ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਸੁਨਾਮ ਦਾ ਸ਼ਹੀਦੀ ਦਿਹਾੜਾ 31ਜੁਲਾਈ ਨੂੰ ਤਰਨ ਤਾਰਨ ਤਹਿਸੀਲ ਵੱਲੋਂ ਮਨਾਇਆ ਜਾਵੇਗਾ।ਇਸ ਮੌਕੇ ਨਰਿੰਦਰ ਰਟੌਲ, ਜਸਬੀਰ ਕੌਰ ਕੈਰੋਵਾਲ, ਕੁਲਦੀਪ ਸਿੰਘ ਮਾਨੋਚਾਲ, ਕਰਮ ਸਿੰਘ ਪੰਡੋਰੀ, ਜਰਨੈਲ ਸਿੰਘ ਰਸੂਲਪੁਰ, ਸੁਖਦੇਵ ਸਿੰਘ ਜਵੰਦਾ, ਅੰਮ੍ਰਿਤਪਾਲ ਸਿੰਘ ਚੌਧਰੀਵਾਲਾ, ਗੁਰਭੇਜ ਸਿੰਘ ਭੱਟੀ, ਬੁੱਧ ਸਿੰਘ ਪੱਥੋਕੇ, ਬਲਵਿੰਦਰ ਸਿੰਘ, ਦਲਬੀਰ ਸਿੰਘ ਬਾਗੜੀਆਂ, ਡਾਕਟਰ ਅਸ਼ਵਨੀ ਕੁਮਾਰ, ਸੁਰਿੰਦਰ ਸਿੰਘ ਖੱਬਾ, ਪਰਮਜੀਤ ਸਿੰਘ ਗੰਡੀਵਿੰਡ, ਬਲਵਿੰਦਰ ਸਿੰਘ ਭੁੱਚਰ, ਗੁਰਵਿੰਦਰ ਸਿੰਘ ਠੱਠੀਆਂ, ਪ੍ਰਭ ਸਿੰਘ ਤਰਨ ਤਾਰਨ ਆਰੇਵਾਲੇ, ਸਤਨਾਮ ਸਿੰਘ ਤਰਨ ਤਾਰਨ ਤੂੰ ਇਲਾਵਾ ਪਾਰਟੀ ਆਗੂ ਹਾਜ਼ਰ ਸਨ।

## ਕਸੇਲ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਪੀਰ ਬਾਬਾ ਪੱਲ੍ਹੇ ਸ਼ਾਹ ਦਾ ਸਾਲਾਨਾ ਜੋੜ ਮੇਲਾ



**ਝਬਾਲ, (ਹਰਜਿੰਦਰ ਸਿੰਘ ਸੋਨੀ)**-ਪ੍ਰਸਿੱਧ ਪਿੰਡ ਕਸੇਲ ਜ਼ਿਲਾ ਤਰਨਤਾਰਨ ਵਿਖੇ ਸਥਿਤ ਪੀਰ ਬਾਬਾ ਪੱਲ੍ਹੇ ਸ਼ਾਹ ਦੇ ਦਰਬਾਰ 'ਤੇ ਸਾਲਾਨਾ ਮੇਲਾ ਬੜੀ ਧੂਮਧਾਮ ਨਾਲ ਮਨਾਇਆ ਗਿਆ।25 ਜੂਨ ਨੂੰ ਸਵੇਰੇ 8 ਵਜੇ ਝੰਡੇ ਰਸਮ, 28 ਜੂਨ ਨੂੰ ਸ਼ਾਮ 5 ਤੋਂ 6 ਵਜੇ ਜਾਗੋ ਅਤੇ ਮਹਿੰਦੀ ਦੀ ਰਸਮ 6 ਤੋਂ 7 ਵਜੇ ਤੱਕ ਉਪਰੰਤ ਕੇਕ ਕੱਟਿਆ ਗਿਆ।ਰਾਤ 9 ਵਜੇ ਤੋਂ 1 ਵਜੇ ਤੱਕ ਕੱਵਾਲੀਆਂ ਪੇਸ਼ ਕੀਤੀਆਂ ਗਈਆਂ।29 ਜੂਨ ਨੂੰ ਖੁੱਲ੍ਹੇ ਪੰਡਾਲ 'ਚ ਅਯੋਜਿਤ ਸੱਭਿਆਚਾਰਕ ਮੇਲੇ ਦੌਰਾਨ ਗਾਇਕ ਜੋੜੀ ਰਾਜ ਅਟੱਲਗੜ੍ਹ ਅਤੇ ਮਿਸ ਨੀਲਮ ਤੋਂ ਬਾਅਦ ਪ੍ਰਸਿੱਧ ਗਾਇਕਾ ਅਮਨ ਰੋਜ਼ੀ ਨੇ ਆਪਣੇ ਨਵੇਂ ਪੁਰਾਣੇ ਹਿੱਟ ਗੀਤ ਗਾ ਕੇ ਪੂਰਾ ਮੇਲਾ ਹੀ ਲੁੱਟ ਲਿਆ।ਇਸ ਮੌਕੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ ਸਮੇਤ ਸੁਖਜਿੰਦਰ ਸਿੰਘ ਢਿੱਲੋਂ ਕਸੇਲ, ਸਰਪੰਚ ਗੁਰਚਰਨ ਸਿੰਘ ਖੈਰਦੀ, ਸਾਬਕਾ ਸਰਪੰਚ ਗੁਰਬਚਨ ਸਿੰਘ ਆਦਿ ਸਖਸ਼ੀਅਤਾਂ ਪੁੱਜੀਆਂ ਅਤੇ ਕਲਾਕਾਰਾਂ ਨੂੰ ਮੁੱਖ ਸੇਵਾਦਾਰ ਬਾਬਾ ਦਿਲਬਾਗ ਸਿੰਘ ਫੌਜੀ, ਬਲਕਾਰ ਸਿੰਘ ਭੋਲਾ ਪ੍ਰਧਾਨ ਕਸੇਲ, ਬਾਬਾ ਨਿਸ਼ਾਨ ਸਿੰਘ, ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬਿਕਰਮਜੀਤ ਸਿੰਘ ਰੰਧਾਵਾ ਕਸੇਲ, ਠੇਕੇਦਾਰ ਮੰਗਾ ਸਿੰਘ ਕਸੇਲ, ਠੇਕੇਦਾਰ ਕਾਲ੍ਹੀ ਕਸੇਲ, ਸੁਰਜੀਤ ਕੁਮਾਰ ਬੌਬੀ, ਕੁਲਦੀਪ ਸਿੰਘ ਬੋਰਾਂ ਵਾਲੇ ਕਸੇਲ, ਖਜ਼ਾਨ ਸਿੰਘ ਫੌਜੀ ਕਸੇਲ, ਮੈਂਬਰ ਦਲਬੀਰ ਸਿੰਘ ਕਸੇਲ, ਸੂਬੇਦਾਰ ਬਲਦੇਵ ਸਿੰਘ ਕਸੇਲ, ਨਵਪ੍ਰੀਤ ਸਿੰਘ ਕਸੇਲ, ਕੈਪਟਨ ਗੁਰਮੀਤ ਸਿੰਘ ਕਸੇਲ, ਮੰਨੂ ਬੋਰਾਂ ਵਾਲੇ ਕਸੇਲ, ਮੁਖਤਿਆਰ ਸਿੰਘ ਭੂਬੜ ਕਸੇਲ, ਆਲੂ ਕਸੇਲ, ਸੱਤਾ ਹਲਵਾਈ, ਦਿਲਬਾਗ ਸਿੰਘ ਕਵਾੜੀਆ ਕਸੇਲ ਆਦਿ ਕਮੇਟੀ ਮੈਂਬਰਾਂ ਵੱਲੋਂ ਸਨਮਾਨ ਚਿੰਨ੍ਹ ਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਠੰਡੇ ਮਿੱਠੇ ਜਲ ਦੀ ਛਬੀਲਾਂ ਅਤੇ ਲੰਗਰ ਭੰਡਾਰੇ ਅਤੁੱਟ ਵਰਤਾਏ ਗਏ।ਸ਼ਾਮ ਨੂੰ ਕਬੱਡੀ ਟੀਮਾਂ ਵਿਚਕਾਰ ਮੈਚ ਖੇਡਿਆ ਗਿਆ। ਅੰਮ੍ਰਿਤਸਰ ਤੇ ਤਰਨਤਾਰਨ ਦੀਆਂ ਟੀਮਾਂ ਵਿਚਕਾਰ ਪ੍ਰਦਰਸਨੀ ਮੈਚ ਕਰਵਾਇਆ ਗਿਆ।ਜੇਤੂ ਟੀਮ ਨੂੰ ਦਿਲਕਸ਼ ਨਗਦ ਇਨਾਮ ਦੇ ਕੇ ਨਿਵਾਜਿਆ।

## ਵਿਧਾਇਕ ਜਸਵਿੰਦਰ ਸਿੰਘ ਰਮਦਾਸ ਵੱਲੋਂ ਹੇਰ ਵਿਖੇ ਨਵੇਂ ਜਿਮ ਦਾ ਉਦਘਾਟਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਵਿਧਾਨ ਸਭਾ ਹਲਕਾ ਅਟਾਰੀ ਦੇ ਵਿਧਾਇਕ ਸ. ਜਸਵਿੰਦਰ ਸਿੰਘ ਰਮਦਾਸ ਵੱਲੋਂ ਅੱਜ ਹਲਕੇ ਦੇ ਪਿੰਡ ਹੇਰ ਵਿਖੇ ਪੰਜਾਬ ਸਰਕਾਰ ਵੱਲੋਂ 5 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਜਿੰਮ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਧਾਇਕ ਜਸਵਿੰਦਰ ਸਿੰਘ ਰਮਦਾਸ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨੌਜਵਾਨਾਂ ਨੂੰ ਖੇਡਾਂ ਅਤੇ ਸਿਹਤਮੰਦ ਜੀਵਨ ਸ਼ੈਲੀ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਆਧੁਨਿਕ ਖੇਡ ਅਤੇ ਫਿਟਨੈੱਸ ਸਹੂਲਤਾਂ ਉਪਲਬਧ ਕਰਵਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ, ਤਾਂ ਜੋ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਸਰੀਰਕ ਤੰਦਰੁਸਤੀ ਵੱਲ ਪ੍ਰੇਰਿਤ ਹੋਣ। ਉਨ੍ਹਾਂ ਦੱਸਿਆ ਕਿ ਪਿੰਡ ਹੇਰ ਵਿੱਚ ਸਥਾਪਤ ਇਸ ਜਿੰਮ 'ਤੇ ਪੰਜਾਬ ਸਰਕਾਰ ਵੱਲੋਂ 5 ਲੱਖ ਰੁਪਏ ਖਰਚ ਕੀਤੇ ਗਏ ਹਨ। ਇਸ ਜਿੰਮ ਵਿੱਚ ਨੌਜਵਾਨਾਂ ਲਈ ਲੋੜੀਂਦੇ ਆਧੁਨਿਕ ਉਪਕਰਨ ਮੁਹੱਈਆ ਕਰਵਾਏ ਗਏ ਹਨ, ਜਿਸ ਨਾਲ ਪਿੰਡ ਅਤੇ ਆਸ-ਪਾਸ ਦੇ ਖੇਤਰਾਂ ਦੇ ਨੌਜਵਾਨਾਂ ਨੂੰ ਵੱਡਾ ਲਾਭ ਮਿਲੇਗਾ। ਵਿਧਾਇਕ ਰਮਦਾਸ ਨੇ ਕਿਹਾ ਕਿ ਹਲਕਾ ਅਟਾਰੀ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਲਗਾਤਾਰ ਕਰਵਾਏ ਜਾ ਰਹੇ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਪਿੰਡ ਦੀ ਪੰਚਾਇਤ, ਪਤਵੰਤੇ ਸੱਜਣ, ਨੌਜਵਾਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਦੋਦਵਾਂ ਕਾਲਜ ਵਿਖੇ ਸੈਸ਼ਨ 2026-27 ਲਈ ਰਜਿਸਟ੍ਰੇਸ਼ਨ ਸ਼ੁਰੂ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਸਰਕਾਰੀ ਬਹੁ-ਤਕਨੀਕੀ ਕਾਲਜ ,ਦੋਦਵਾਂ (ਦੀਨਾਨਗਰ) ਵਿਖੇ ਨਵੇਂ ਸੈਸ਼ਨ 2026-27 ਦਾਖਲੇ ਲਈ ਮਿਤੀ 30-06-26 ਤੋਂ ਦੂਜੀ ਕਾਊਂਸਲਿੰਗ ਸ਼ੁਰੂ ਹੋ ਚੁੱਕੀ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਇੰਜ: ਵਿਜੇ ਥਾਪਾ ਨੇ ਦੱਸਿਆ ਕਿ ਇਹ ਕਾਲਜ ਉੱਚ ਪੱਧਰੀ ਸਿੱਖਿਆ, ਆਧੁਨਿਕ ਸਹੂਲਤਾਂ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਕਾਲਜ ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਦੀ ਸਹੂਲਤ ਲਈ ਕਾਲਜ ਵਿਚ ਦਾਖਲਾ ਸੈਲ ਦਾ ਗਠਨ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਵਿਦਿਆਰਥੀਆਂ ਦੀ ਦਾਖਲੇ ਲਈ ਰਜਿਸਟ੍ਰੇਸ਼ਨ, ਕੋਰਸ ਦੀ ਚੋਣ ਕਰਨ ਵਿਚ ਸਹਾਇਤਾ ਅਤੇ ਫੀਸਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕਰਵਾਉਣਾ ਹੈ।ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ, ਪੱਛੜੀ ਸ਼੍ਰੇਣੀ, ਘੱਟ ਗਿਣਤੀ ਵਰਗ ਆਦਿ ਦੇ ਵਿਦਿਆਰਥੀਆਂ ਲਈ ਫੀਸ ਵਿਚ ਵਿਸ਼ੇਸ਼ ਛੋਟ ਦਿੱਤੀ ਜਾ ਰਹੀ ਹੈ।ਅਨੁਸੂਚਿਤ ਜਾਤੀ ਦੇ 2.50 ਲੱਖ ਤੱਕ ਪਰਿਵਾਰਕ ਆਮਦਨ ਵਾਲੇ ਵਿਦਿਆਰਥੀਆਂ ਵਾਸਤੇ ਪੂਰੇ ਕੋਰਸ ਲਈ 1683 ਫੀਸ, ਜਨਰਲ ਅਤੇ ਹੋਰ ਵਰਗ ਦੇ ਵਿਦਿਆਰਥੀਆਂ ਲਈ ਮੁੱਖ ਮੰਤਰੀ ਵਜੀਫਾ ਯੋਜਨਾ ਤਹਿਤ ਵਿਦਿਆਰਥੀਆਂ ਨੂੰ ਯੋਗਤਾ ਪ੍ਰੀਖਿਆ ਵਿਚ 60 ਰੁਪਏ ਤੋਂ 100 ਰੁਪਏ ਤੱਕ ਪ੍ਰਤੀ ਸਮੈਸਟਰ ਟਿਊਸ਼ਨ ਫੀਸ ਛੂਟ ਪ੍ਰਾਪਤ ਕਰ ਸਕਦੇ ਹਨ।ਪ੍ਰਿੰਸੀਪਲ ਇੰਜ: ਵਿਜੇ ਥਾਪਾ ਨੇ ਦੱਸਿਆ ਕਿ ਕਾਲਜ ਵਿਖੇ ਤਿੰਨ ਸਾਲਾ ਡਿਪਲੋਮਾ ਕੋਰਸ ਦੇ ਦੋ ਟ੍ਰੇਡ ਕੰਪਿਊਟਰ ਸਾਇੰਸ ਐਂਡ ਇੰਜੀ: ਅਤੇ ਇਲੈਕਟ੍ਰੋਨਿਕਸ ਐਂਡ ਕਮਿਊਨੀਕੇਸ਼ਨ ਇੰਜੀ: ਸਫਲਤਾਪੂਰਵਕ ਚੱਲ ਰਹੇ ਹਨ।

ਨਵਾਂ ਜ਼ਮਾਨਾ
ਵੀਰਵਾਰ, 2 ਜੁਲਾਈ 2026

# ਪੱਛੜਿਆਂ ਨਾਲ ਘੋਰ ਵਿਤਕਰਾ

ਦੇਸ਼ ਦੇ ਪ੍ਰਮੁੱਖ ਇੰਜੀਨੀਅਰਿੰਗ ਸੰਸਥਾਨ ਇੰਡੀਅਨ ਇੰਸਟੀਚਿਊਟ ਆਫ ਟੈਕਨਾਲੋਜੀ (ਆਈ ਆਈ ਟੀ) ਫੈਕਲਟੀ ਦੀ ਭਾਰੀ ਘਾਟ ਨਾਲ ਜੂਝ ਰਹੇ ਹਨ, ਜਦੋਂ ਕਿ ਇਹ ਸੰਸਥਾਨ ਆਪਣੇ ਕੈਂਪਸਾਂ ਦਾ ਵਿਸਥਾਰ ਕਰ ਰਹੇ ਹਨ, ਵਧੇਰੇ ਵਿਦਿਆਰਥੀਆਂ ਨੂੰ ਦਾਖਲਾ ਦੇ ਰਹੇ ਹਨ ਅਤੇ ਨਵੇਂ ਕੋਰਸ ਸ਼ੁਰੂ ਕਰ ਰਹੇ ਹਨ, ਫੈਕਲਟੀ ਦੇ ਅਹੁਦਿਆਂ ਦੀਆਂ ਵਿਆਪਕ ਖਾਲੀ ਅਸਾਮੀਆਂ ਇੱਕ ਚਿੰਤਾਜਨਕ ਮੁੱਦਾ ਹੈ। ਦੇਸ਼ ਦੇ 23 ਆਈ ਆਈ ਟੀ ਵਿੱਚ ਕੁੱਲ 12,498 ਫੈਕਲਟੀ ਅਸਾਮੀਆਂ ਮਨਜ਼ੂਰ ਹਨ ਅਤੇ ਇਨ੍ਹਾਂ ਵਿੱਚੋਂ 4,804 ਅਸਾਮੀਆਂ ਖਾਲੀ ਹਨ, ਯਾਨੀ ਕੁੱਲ 38 ਪ੍ਰਤੀਸ਼ਤ ਅਸਾਮੀਆਂ ਖਾਲੀ ਹਨ, ਜਿਸ ਦਾ ਮਤਲਬ ਹੈ ਕਿ ਹਰ ਪੰਜ ਵਿੱਚੋਂ ਦੋ ਅਸਾਮੀਆਂ ਖਾਲੀ ਹਨ।

ਇੱਕ ਡੇਟਾ ਵਿਸ਼ਲੇਸ਼ਣ ਤੋਂ ਪਤਾ ਲੱਗਿਆ ਹੈ ਕਿ ਦੇਸ਼ ਦੀਆਂ ਸਿਰਫ ਨੌਂ ਆਈ ਆਈ ਟੀਜ਼ ਨੇ ਫੈਕਲਟੀ ਦੀਆਂ ਖਾਲੀ ਅਸਾਮੀਆਂ ਦਾ ਜਾਤੀ-ਵਾਰ ਵੇਰਵਾ ਦਿੱਤਾ ਹੈ, ਜਦੋਂ ਕਿ ਬਾਕੀਆਂ ਨੇ ਸਿਰਫ ਕੁੱਲ ਅੰਕੜੇ ਦਿੱਤੇ ਹਨ। ਇਨ੍ਹਾਂ ਨੌਂ ਸੰਸਥਾਵਾਂ ਵਿੱਚ ਖਾਲੀ ਪਈਆਂ 1,501 ਅਸਾਮੀਆਂ ਵਿੱਚੋਂ, 888 (ਲੱਗਭੱਗ 60 ਫੀਸਦੀ) ਅਨੁਸੂਚਿਤ ਜਾਤੀ (ਐੱਸ ਸੀ), ਅਨੁਸੂਚਿਤ ਜਨਜਾਤੀ (ਐੱਸ ਟੀ) ਅਤੇ ਹੋਰ ਪੱਛੜੀਆਂ ਸ਼੍ਰੇਣੀਆਂ (ਓ ਬੀ ਸੀ) ਸ਼੍ਰੇਣੀਆਂ ਵਿੱਚ ਸਨ।

ਅੰਕੜਿਆਂ ਮੁਤਾਬਕ ਅਸਾਮੀਆਂ ਵਿੱਚੋਂ ਲੱਗਭੱਗ ਇੱਕ-ਤਿਹਾਈ ਅਸਾਮੀਆਂ ਸਿਰਫ ਓ ਬੀ ਸੀ ਦੀਆਂ ਸਨ। ਇਹ ਗਿਣਤੀ 'ਜਨਰਲ' ਸ਼੍ਰੇਣੀ ਵਿੱਚ 443 ਖਾਲੀ ਅਸਾਮੀਆਂ ਤੋਂ ਕਿਤੇ ਵੱਧ ਹੈ। ਇਸ ਦੌਰਾਨ ਅਨੁਸੂਚਿਤ ਜਾਤੀਆਂ ਲਈ 261 ਪ੍ਰਵਾਨਤ ਅਸਾਮੀਆਂ ਖਾਲੀ ਰਹੀਆਂ, ਜਦੋਂ ਕਿ 'ਆਰਥਕ ਤੌਰ 'ਤੇ ਕਮਜ਼ੋਰ ਵਰਗ' (ਈ ਡਬਲਿਊ ਐੱਸ) ਅਤੇ ਐੱਸ ਟੀ ਲਈ ਕ੍ਰਮਵਾਰ 170 ਅਤੇ 150 ਅਸਾਮੀਆਂ ਖਾਲੀ ਸਨ।

ਸ਼੍ਰੇਣੀ-ਵਾਰ ਅੰਕੜੇ ਇੱਕ ਚਿੰਤਾਜਨਕ ਰੁਝਾਨ ਨੂੰ ਦਰਸਾਉਂਦੇ ਹਨ, ਪਰ ਇਸ ਤੋਂ ਇਲਾਵਾ, ਆਈ ਆਈ ਟੀ ਵਿੱਚ ਫੈਕਲਟੀ ਦੀ ਵੱਡੀ ਘਾਟ ਵੀ ਇੱਕ ਵੱਡੀ ਸਮੱਸਿਆ ਨੂੰ ਦਰਸਾਉਂਦੀ ਹੈ। ਆਈ ਆਈ ਟੀ ਪਟਨਾ ਅਤੇ ਆਈ ਆਈ ਟੀ ਖੜਗਪੁਰ ਸਮੇਤ ਕਈ ਸੰਸਥਾਵਾਂ ਵਿੱਚ ਖਾਲੀ ਅਸਾਮੀਆਂ ਦੀ ਦਰ 50 ਫੀਸਦੀ ਤੋਂ ਵੱਧ ਪਾਈ ਗਈ, ਜਦੋਂ ਕਿ 12 ਤੋਂ ਵੱਧ ਆਈ ਆਈ ਟੀ ਵਿੱਚ ਮਨਜ਼ੂਰਸ਼ੁਦਾ ਅਸਾਮੀਆਂ ਦਾ ਇੱਕ-ਤਿਹਾਈ ਤੋਂ ਵੱਧ ਖਾਲੀ ਸਨ। ਇਸ ਚਿੰਤਾਜਨਕ ਸਥਿਤੀ ਦੇ ਬਾਵਜੂਦ ਆਈ ਆਈ ਟੀ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਭਰਤੀ ਪ੍ਰਕਿਰਿਆ ਨੂੰ ਜਾਣਬੁੱਝ ਕੇ ਬਹੁਤ ਸਖਤ ਰੱਖਿਆ ਗਿਆ ਹੈ। ਇਨ੍ਹਾਂ ਸੰਸਥਾਵਾਂ ਦੇ ਡਾਇਰੈਕਟਰਾਂ ਨੇ ਕਿਹਾ ਕਿ ਇਹ ਖਾਲੀ ਅਸਾਮੀਆਂ ਯੋਗਤਾ ਪ੍ਰਾਪਤ ਪੀ ਐੱਚ ਡੀ ਉਮੀਦਵਾਰਾਂ ਲਈ ਤੇਜ਼ੀ ਨਾਲ ਵਧ ਰਹੇ ਵਿਸ਼ਵ ਪੱਧਰ 'ਤੇ ਮੁਕਾਬਲੇ ਵਾਲੇ ਮੌਕੇ ਹਨ, ਕਿਉਂਕਿ ਟਾਪ ਰਿਸਰਚਰ ਅਕਸਰ ਕੌਮਾਂਤਰੀ ਯੂਨੀਵਰਸਿਟੀਆਂ, ਬਹੁ-ਕੌਮੀ ਖੋਜ ਅਤੇ ਵਿਕਾਸ ਪ੍ਰਯੋਗਸ਼ਾਲਾਵਾਂ ਅਤੇ ਡੀਪ-ਟੈੱਕ ਕੰਪਨੀਆਂ ਵਿੱਚ ਕੰਮ ਕਰਨਾ ਪਸੰਦ ਕਰਦੇ ਹਨ।

ਉਨ੍ਹਾ ਇਹ ਵੀ ਕਿਹਾ ਕਿ ਸੰਸਥਾਵਾਂ ਦੀ 'ਉੱਚ ਚੋਣ ਪ੍ਰਕਿਰਿਆ' ਦੇ ਕਾਰਨ ਸਹੀ ਉਮੀਦਵਾਰ ਮਿਲਣ ਤੱਕ ਅਹੁਦੇ ਖਾਲੀ ਰਹਿੰਦੇ ਹਨ।

ਡਾਇਰੈਕਟਰ ਜੋ ਮਰਜ਼ੀ ਦਲੀਲਾਂ ਦੇਣ ਪਰ ਸਿਰਫ ਨੌਂ ਆਈ ਆਈ ਟੀਜ਼ ਨੇ ਜਾਤ-ਅਧਾਰਤ ਖਾਲੀ ਅਸਾਮੀਆਂ ਬਾਰੇ ਡੇਟਾ ਜਾਰੀ ਕੀਤਾ, ਜਿਸ ਨਾਲ ਪ੍ਰਤੀਨਿਧਤਾ ਦੀ ਸਥਿਤੀ ਦਾ ਪੂਰੀ ਤਰ੍ਹਾਂ ਮੁਲਾਂਕਣ ਕਰਨਾ ਮੁਸ਼ਕਲ ਹੋ ਗਿਆ। ਇਹ ਸਮੱਸਿਆ ਇਸ ਤੱਥ ਨਾਲ ਹੋਰ ਵੀ ਵਧ ਜਾਂਦੀ ਹੈ ਕਿ ਸਿਰਫ ਦੋ-ਤਿਹਾਈ ਆਈ ਆਈ ਟੀਜ਼ ਦੇ ਡੇਟਾ ਦੇਸ਼ ਦੇ ਪ੍ਰਮੁੱਖ ਇੰਜੀਨੀਅਰਿੰਗ ਸੰਸਥਾਵਾਂ ਵਿੱਚ ਸਮਾਵੇਸ਼ੀ ਭਰਤੀ ਦੀ ਏਨੀ ਮਾੜੀ ਸਥਿਤੀ ਦਾ ਖੁਲਾਸਾ ਕਰਦੇ ਹਨ।

ਅੰਕੜੇ ਦਰਸਾਉਂਦੇ ਹਨ ਕਿ ਮਾਮਲਾ ਸਿਰਫ ਖਾਲੀ ਅਕਾਦਮਿਕ ਅਹੁਦਿਆਂ ਦੀ ਕੁੱਲ ਗਿਣਤੀ ਜਾਂ ਯੋਗ ਖੋਜਕਰਤਾਵਾਂ ਦੀ ਘਾਟ ਤੱਕ ਸੀਮਤ ਨਹੀਂ ਹੈ, ਸਗੋਂ ਜਾਤੀ ਪਛਾਣ ਦਾ ਇੱਕ ਮਹੱਤਵਪੂਰਨ ਪਹਿਲੂ ਵੀ ਸ਼ਾਮਲ ਹੈ, ਜਿਸ ਨੂੰ ਅਜੇ ਤੱਕ ਢੁਕਵੇਂ ਢੰਗ ਨਾਲ ਸੰਬੋਧਤ ਨਹੀਂ ਕੀਤਾ ਗਿਆ। ਰਾਸ਼ਟਰੀ ਪੱਧਰ ਦੇ ਅਦਾਰਿਆਂ ਵਿੱਚ ਰਾਖਵੇਂ ਵਰਗ ਦੀਆਂ ਖਾਲੀ ਅਸਾਮੀਆਂ ਦੀ ਵੱਡੀ ਗਿਣਤੀ ਇੱਕ ਮਹੱਤਵਪੂਰਨ ਅਤੇ ਚਿੰਤਾਜਨਕ ਮੁੱਦਾ ਹੈ, ਖਾਸ ਕਰਕੇ ਭਾਰਤ ਵਰਗੇ ਸਮਾਜ ਵਿੱਚ, ਜਿੱਥੇ ਸਮਾਜਿਕ ਵਰਗਾਂ ਵਿੱਚ ਬਹੁਤ ਜ਼ਿਆਦਾ ਵਖਰੇਵਾਂ ਹੈ।

# ਨਵੇਂ ਵਿਸ਼ਵਕ੍ਰਮ ਵਿੱਚ ਬ੍ਰਿਕਸ ਇੱਕ ਹਕੀਕਤ


ਡਾ. ਅਰੁਣ ਮਿਤਰਾ

ਹਾਲ ਹੀ ਵਿੱਚ ਸੰਪੰਨ ਹੋਏ ਜੀ-7 ਸੰਮੇਲਨ ਵਿੱਚ ਸੱਤ ਮੈਂਬਰ ਦੇਸ਼ਾਂ ਤੋਂ ਇਲਾਵਾ ਭਾਰਤ, ਬ੍ਰਾਜ਼ੀਲ, ਦੱਖਣੀ ਕੋਰੀਆ, ਕੀਨੀਆ, ਯੂਕਰੇਨ, ਸਾਊਦੀ ਅਰਬ, ਕਤਰ ਅਤੇ ਸੰਯੁਕਤ ਅਰਬ ਅਮੀਰਾਤ (ਯੂ ਏ ਈ) ਸਮੇਤ ਕਈ ਹੋਰ ਦੇਸ਼ਾਂ ਨੂੰ ਵੀ ਭਾਗ ਲੈਣ ਲਈ ਸੱਦਾ ਦਿੱਤਾ ਗਿਆ। ਇਹ ਇਸ ਗੱਲ ਦਾ ਸੰਕੇਤ ਹੋ ਸਕਦਾ ਹੈ ਕਿ ਜੀ-7 ਦੇਸ਼ ਹੁਣ ਇਹ ਮਹਿਸੂਸ ਕਰਨ ਲੱਗੇ ਹਨ ਕਿ ਵਿਸ਼ਵ ਪੱਧਰ 'ਤੇ ਉਨ੍ਹਾਂ ਦਾ ਦਬਦਬਾ ਪਹਿਲਾਂ ਵਾਂਗ ਨਿਰਵਿਵਾਦ ਨਹੀਂ ਰਿਹਾ। ਜਿਵੇਂ-ਜਿਵੇਂ ਉਨ੍ਹਾਂ ਦਾ ਪ੍ਰਭਾਵ ਘਟ ਰਿਹਾ ਹੈ, ਉਨ੍ਹਾਂ ਲਈ ਉੱਭਰ ਰਹੀਆਂ ਤਾਕਤਾਂ ਨਾਲ ਸਹਿਯੋਗ ਕਰਨਾ ਲਾਜ਼ਮੀ ਬਣਦਾ ਜਾ ਰਿਹਾ ਹੈ। ਫਿਰ ਵੀ, ਇਸ ਬਦਲਦੀ ਹਕੀਕਤ ਦੇ ਬਾਵਜੂਦ ਇਹ ਦੇਸ਼ ਅਜੇ ਵੀ ਸਾਮਰਾਜਵਾਦੀ ਸੋਚ 'ਤੇ ਆਧਾਰਤ ਵਿਸ਼ਵ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ ਦੀ ਕੋਸ਼ਿਸ਼ ਵਿੱਚ ਹਨ।

ਸੋਵੀਅਤ ਸੰਘ ਦੀ ਸਥਾਪਨਾ ਨਾਲ ਹੀ ਬਸਤੀਵਾਦ ਅਤੇ ਸਾਮਰਾਜਵਾਦੀ ਹਕੂਮਤਾਂ ਦੇ ਪਤਨ ਦੀ ਸ਼ੁਰੂਆਤ ਹੋਈ। ਵੀਹਵੀਂ ਸਦੀ ਦੇ ਮੱਧ ਤੱਕ ਬਹੁਤੇ ਦੇਸ਼ਾਂ ਨੇ ਰਾਜਨੀਤਕ ਆਜ਼ਾਦੀ ਹਾਸਲ ਕਰ ਲਈ ਸੀ, ਪਰ ਉਨ੍ਹਾਂ ਨੂੰ ਵਿਕਾਸ ਅਤੇ ਸੁਰੱਖਿਆ ਨਾਲ ਜੁੜੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ, ਕਿਉਂਕਿ ਬਸਤੀਵਾਦੀ ਰਾਜ ਦੌਰਾਨ ਉਨ੍ਹਾਂ ਦੀਆਂ ਅਰਥ ਵਿਵਸਥਾਵਾਂ ਦਾ ਯੋਜਨਾਬੱਧ ਢੰਗ ਨਾਲ ਸ਼ੋਸ਼ਣ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਸੁਤੰਤਰ ਸੁਰੱਖਿਆ ਢਾਂਚੇ ਵਿਕਸਤ ਕਰਨ ਦਾ ਮੌਕਾ ਨਹੀਂ ਦਿੱਤਾ ਗਿਆ ਸੀ।

ਲਗਭਗ 1990ਵਿਆਂ ਦੇ ਆਸ-ਪਾਸ ਸਮਾਜਵਾਦੀ ਖੇਮੇ ਦੇ ਵਿਘਟਨ ਤੋਂ ਬਾਅਦ ਵਿਸ਼ਵ ਸ਼ਕਤੀ ਸੰਤੁਲਨ ਵਿੱਚ ਵੱਡਾ ਬਦਲਾਅ ਆਇਆ। ਸੰਯੁਕਤ ਰਾਜ ਅਮਰੀਕਾ ਨੇ ਆਪਣੇ ਆਪ ਨੂੰ ਇਕਲੌਤੀ ਮਹਾਂਸ਼ਕਤੀ ਵਜੋਂ ਸਥਾਪਤ ਕਰਦਿਆਂ ਇਕਧਰੁਵੀ ਅਤੇ ਸਾਮਰਾਜਵਾਦੀ ਏਜੰਡੇ ਨੂੰ ਅੱਗੇ ਵਧਾਉਣ ਦੀ ਕੋਸ਼ਿਸ਼ ਕੀਤੀ, ਪਰ ਹਾਲੀਆ ਘਟਨਾਕ੍ਰਮ, ਖ਼ਾਸ ਕਰਕੇ ਅਮਰੀਕਾ ਵੱਲੋਂ ਈਰਾਨ 'ਤੇ ਹਮਲੇ ਅਤੇ ਉਸ ਤੋਂ ਬਾਅਦ ਪੈਦਾ ਹੋਏ ਟਕਰਾਅ ਵਿੱਚੋਂ ਆਪਣੇ ਆਪ ਨੂੰ ਬਾਹਰ ਕੱਢਣ ਵਿੱਚ ਉਸ ਦੀ ਅਸਮਰੱਥਾ ਨੇ ਅਮਰੀਕਾ ਦੀ ਵਿਸ਼ਵ ਪੱਧਰੀ ਸਾਖ ਨੂੰ ਕਾਫ਼ੀ ਕਮਜ਼ੋਰ ਕੀਤਾ ਹੈ। ਪੱਛਮੀ ਏਸ਼ੀਆ ਵਿੱਚ ਉਸ ਦੇ ਮੁੱਖ ਸਹਿਯੋਗੀ ਇਸਰਾਈਲ ਦੀ ਅੰਤਰਰਾਸ਼ਟਰੀ ਭਰੋਸੇਯੋਗਤਾ ਵਿੱਚ ਵੀ ਕਮੀ ਆਈ ਹੈ। ਅੱਜ ਬਹੁਤ ਸਾਰੇ ਦੇਸ਼ ਇਸਰਾਈਲ ਨੂੰ ਸਿਰਫ਼ ਹਮਲਾਵਰ ਰਾਜ ਹੀ ਨਹੀਂ, ਸਗੋਂ ਨਸਲਕੁਸ਼ੀ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਰਾਜ ਵਜੋਂ ਵੀ ਦੇਖਦੇ ਹਨ, ਜਿਸ ਦੇ ਵਰਤਾਰੇ ਦੀ ਅੰਤਰਰਾਸ਼ਟਰੀ ਸੰਸਥਾਵਾਂ ਵਿੱਚ ਗੰਭੀਰ ਜਾਂਚ ਹੋ ਰਹੀ ਹੈ।

ਇਸ ਦੇ ਨਾਲ ਹੀ ਰੂਸ ਅਤੇ ਚੀਨ ਵਿਚਕਾਰ ਵਧ ਰਹੀ ਰਣਨੀਤਕ ਭਾਈਵਾਲੀ ਇੱਕ ਨਵੇਂ ਅੰਤਰਰਾਸ਼ਟਰੀ ਕ੍ਰਮ ਦੇ ਉਭਾਰ ਵੱਲ ਸੰਕੇਤ ਕਰਦੀ ਹੈ। ਅੱਜ ਦਾ ਸੰਸਾਰ ਨਾ ਤਾਂ ਸੋਵੀਅਤ ਦੌਰ ਵਾਲਾ ਹੈ ਅਤੇ ਨਾ ਹੀ ਗੁਟ ਨਿਰਲੇਪ ਅੰਦੋਲਨ ਵਾਲਾ ਹੈ। ਫਿਰ ਵੀ ਬ੍ਰਿਕਸ ਨੇ ਵਿਕਾਸਸ਼ੀਲ ਦੇਸ਼ਾਂ ਲਈ ਆਪਸੀ ਸਾਂਝ ਰਾਹੀਂ ਸਹਿਯੋਗ ਮਜ਼ਬੂਤ ਕਰਨ ਅਤੇ ਵਿਕਾਸ ਨੂੰ ਅੱਗੇ ਵਧਾਉਣ ਦੀਆਂ ਨਵੀਆਂ ਸੰਭਾਵਨਾਵਾਂ ਖੋਲ੍ਹੀਆਂ ਹਨ।

ਇੱਕ ਹੋਰ ਮਹੱਤਵਪੂਰਨ ਵਿਕਾਸ ਚੀਨ ਦਾ ਆਰਥਿਕ ਅਤੇ ਸੈਨਿਕ ਤਾਕਤ ਵਜੋਂ ਤੇਜ਼ੀ ਨਾਲ ਉਭਰਨਾ ਹੈ। ਈਰਾਨ ਅਤੇ ਅਮਰੀਕਾ ਵਿਚਕਾਰ ਸੰਭਾਵਿਤ ਸਮਝੌਤੇ ਸੰਬੰਧੀ ਗੱਲਬਾਤ ਨੂੰ ਸੌਖਾ ਬਣਾਉਣ ਵਿੱਚ ਪਾਕਿਸਤਾਨ ਦੀ ਕਥਿਤ ਭੂਮਿਕਾ ਕਾਰਨ ਉਸ ਦੀ ਅੰਤਰਰਾਸ਼ਟਰੀ ਛਵੀ ਵੀ ਸੁਧਰੀ ਹੈ। ਇੱਕ ਅਜਿਹਾ ਦੇਸ਼, ਜਿਸ ਨੇ ਆਪਣੀ ਆਰਥਿਕ ਭਰੋਸੇਯੋਗਤਾ ਅਤੇ ਭੂ-ਰਾਜਨੀਤਕ ਮਹੱਤਤਾ ਕਾਫ਼ੀ ਹੱਦ ਤੱਕ ਗੁਆ ਦਿੱਤੀ ਸੀ, ਵਿਸ਼ਵ ਦਾ ਧਿਆਨ ਖਿੱਚਣ ਵਿੱਚ ਕਾਮਯਾਬ ਹੋਇਆ ਹੈ।

ਦੂਜੇ ਪਾਸੇ ਅਮਨ ਦੇ ਵਿਸ਼ਵ ਪੱਧਰੀ ਹਮਾਇਤੀ ਵਜੋਂ ਭਾਰਤ ਦੀ ਰਵਾਇਤੀ ਪਛਾਣ ਕਾਫ਼ੀ ਕਮਜ਼ੋਰ ਹੋਈ ਹੈ। ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਦੌਰਾਨ ਭਾਰਤ ਨੇ ਅਮਰੀਕਾ ਨਾਲ ਆਪਣੇ ਰਣਨੀਤਕ ਸੰਬੰਧ ਲਗਾਤਾਰ ਮਜ਼ਬੂਤ ਕੀਤੇ ਹਨ, ਪਰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਭਾਰਤ ਨੂੰ ਕੋਈ ਵਿਸ਼ੇਸ਼ ਮਹੱਤਤਾ ਦਿੰਦੇ ਨਜ਼ਰ ਨਹੀਂ ਆਉਂਦੇ। ਅਪਰੇਸ਼ਨ ਸਿੰਧੂਰ ਤੋਂ ਬਾਅਦ ਉਨ੍ਹਾਂ ਦੇ ਬਿਆਨ, ਭਾਰਤੀ ਵਸਤੂਆਂ 'ਤੇ ਟੈਰਿਫ਼ ਲਗਾਉਣ ਦੀਆਂ ਧਮਕੀਆਂ ਅਤੇ ਭਾਰਤ-ਅਮਰੀਕਾ ਵਪਾਰ ਗੱਲਬਾਤ ਦੌਰਾਨ ਅਮਰੀਕੀ ਹਿਤਾਂ ਦੀ ਰੱਖਿਆ 'ਤੇ ਜ਼ੋਰ ਇਸ ਹਕੀਕਤ ਨੂੰ ਦਰਸਾਉਂਦੇ ਹਨ।

25 ਫਰਵਰੀ 2026 ਨੂੰ ਇਸਰਾਈਲ ਦੌਰੇ ਦੌਰਾਨ ਭਾਰਤ ਦੇ ਪ੍ਰਧਾਨ ਮੰਤਰੀ ਵੱਲੋਂ ਇਸਰਾਈਲੀ ਸੰਸਦ ਕਨੇਸੇਟ ਵਿੱਚ ਦਿੱਤੇ ਗਏ ਭਾਸ਼ਣ ਨੇ ਕਈ ਨਿਰੀਖਕਾਂ ਦੇ ਇਸ ਪ੍ਰਭਾਵ ਨੂੰ ਹੋਰ ਮਜ਼ਬੂਤ ਕੀਤਾ ਕਿ ਗਾਜ਼ਾ ਵਿੱਚ ਇਸਰਾਈਲ ਦੀਆਂ ਕਾਰਵਾਈਆਂ ਦੀ ਵਿਸ਼ਵ ਪੱਧਰੀ ਆਲੋਚਨਾ ਦੇ ਬਾਵਜੂਦ ਭਾਰਤ ਇਸਰਾਈਲੀ ਸਰਕਾਰ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ। ਇਸ ਦੇ ਨਾਲ ਹੀ ਦੋਵਾਂ ਦੇਸ਼ਾਂ ਵਿਚਕਾਰ ਰੱਖਿਆ ਸਹਿਯੋਗ ਵੀ ਇੱਕ ਪ੍ਰਮੁੱਖ ਤਰਜੀਹ ਬਣਿਆ ਹੋਇਆ ਹੈ।

ਪਰ ਜੀ-7 ਸੰਮੇਲਨ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਸ਼ਟਰਪਤੀ ਟਰੰਪ ਨਾਲ ਜਿਸ ਢੰਗ ਨਾਲ ਮੁਲਾਕਾਤ ਵਿਚ ਜਿਸ ਤਰੀਕੇ ਨਾਲ ਵਿਹਾਰ ਕੀਤਾ, ਉਸ ਨਾਲ ਨਾ ਸਿਰਫ਼ ਉਨ੍ਹਾ ਦੀ ਨਿੱਜੀ ਸਾਖ ਨੂੰ ਸਗੋਂ ਭਾਰਤ ਦੀ ਅੰਤਰਰਾਸ਼ਟਰੀ ਛਵੀ ਨੂੰ ਵੀ ਨੁਕਸਾਨ ਪਹੁੰਚਿਆ ਹੈ। ਇਸ ਨਾਲ ਇਹ ਧਾਰਨਾ ਹੋਰ ਮਜ਼ਬੂਤ ਹੋਈ ਹੈ ਕਿ ਭਾਰਤ ਦੀ ਵਿਦੇਸ਼ ਨੀਤੀ ਅਮਰੀਕੀ ਰਣਨੀਤਕ ਹਿੱਤਾਂ ਨਾਲ ਵੱਧ ਤੋਂ ਵੱਧ ਮੇਲ ਖਾਂਦੀ ਜਾ ਰਹੀ ਹੈ। ਅਮਰੀਕੀ ਦਬਾਅ ਹੇਠ ਰੂਸੀ ਤੇਲ ਦੀ ਖਰੀਦ ਪ੍ਰਤੀ ਭਾਰਤ ਦੇ ਬਦਲਦੇ ਰੁਖ ਨੇ ਵੀ ਇਸ ਧਾਰਨਾ ਨੂੰ ਹੋਰ ਮਜ਼ਬੂਤ ਕੀਤਾ ਹੈ। ਇੱਕ ਹੋਰ ਮਹੱਤਵਪੂਰਨ ਮੁੱਦਾ ਯੂਕਰੇਨ ਲਈ ਜੀ-7 ਦਾ ਸਪੱਸ਼ਟ ਸਮਰਥਨ ਹੈ। ਅਜਿਹੇ ਹਾਲਾਤ ਵਿੱਚ ਆਖ਼ਰਕਾਰ ਭਾਰਤ ਕਿਹੜਾ ਰੁਖ ਅਪਣਾਏਗਾ?

ਇਸ ਸਾਲ ਭਾਰਤ ਬ੍ਰਿਕਸ ਦਾ ਪ੍ਰਧਾਨਗੀ ਅਹੁਦਾ ਸੰਭਾਲਦਿਆਂ ਬ੍ਰਿਕਸ ਸੰਮੇਲਨ ਦੀ ਮੇਜ਼ਬਾਨੀ ਕਰੇਗਾ। ਇਨ੍ਹਾਂ ਭੂ-ਰਾਜਨੀਤਕ ਵਿਰੋਧਾਭਾਸਾਂ ਦੇ ਮੱਦੇਨਜ਼ਰ ਸੰਮੇਲਨ ਵਿੱਚ ਭਾਰਤ ਦੀ ਭੂਮਿਕਾ 'ਤੇ ਦੁਨੀਆ ਦੀਆਂ ਨਜ਼ਰਾਂ ਟਿਕੀਆਂ ਹੋਣਗੀਆਂ। ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬਿਓ ਪਹਿਲਾਂ ਹੀ ਕਹਿ ਚੁੱਕੇ ਹਨ ਕਿ ਬ੍ਰਿਕਸ ਦੇ ਅੰਦਰ ਭਾਰਤ ਅਕਸਰ ਅਮਰੀਕੀ ਰੁਖ ਦਾ ਸਮਰਥਨ ਕਰਦਾ ਹੈ ਅਤੇ ਭਾਰਤ ਸਰਕਾਰ ਨੇ ਇਸ ਦਾਅਵੇ ਦਾ ਜਨਤਕ ਤੌਰ 'ਤੇ ਖੰਡਨ ਨਹੀਂ ਕੀਤਾ। ਇਸ ਨਾਲ ਸੁਭਾਵਕ ਤੌਰ 'ਤੇ ਇਹ ਸਵਾਲ ਉੱਠਦੇ ਹਨ ਕਿ ਬ੍ਰਿਕਸ ਦੇ ਹੋਰ ਮੈਂਬਰ ਅਤੇ ਵਿਸ਼ਵ ਦੇ ਦੱਖਣੀ ਹਿੱਸੇ (ਗਲੋਬਲ ਸਾਊਥ) ਦੇ ਦੇਸ਼ ਭਾਰਤ 'ਤੇ ਕਿੰਨਾ ਭਰੋਸਾ ਕਰਨਗੇ। ਇਹ ਵੀ ਅਸਪੱਸ਼ਟ ਹੈ ਕਿ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਖੁਦ ਸੰਮੇਲਨ ਵਿੱਚ ਸ਼ਾਮਲ ਹੋਣਗੇ ਜਾਂ ਨਹੀਂ। ਇਹ ਯਾਦ ਰੱਖਣਾ ਚਾਹੀਦਾ ਹੈ ਕਿ ਅਗਲੇ ਸਾਲ ਬ੍ਰਿਕਸ ਦੀ ਪ੍ਰਧਾਨਗੀ ਚੀਨ ਸੰਭਾਲੇਗਾ।

ਭਾਰਤ ਲਈ ਜ਼ਰੂਰੀ ਹੈ ਕਿ ਉਹ ਆਪਣੀ ਭਰੋਸੇਯੋਗਤਾ ਨੂੰ ਕਾਇਮ ਰੱਖੇ ਅਤੇ ਬ੍ਰਿਕਸ ਵਿੱਚ ਆਪਣੀ ਅਗਵਾਈ ਨੂੰ ਹੋਰ ਮਜ਼ਬੂਤ ਕਰੇ। ਇਸ ਲਈ ਉਸ ਨੂੰ ਅਜਿਹੇ ਠੋਸ ਕਦਮ ਚੁੱਕਣੇ ਪੈਣਗੇ, ਜੋ ਵਿਸ਼ਵ ਦੇ ਦੱਖਣੀ ਹਿੱਸੇ (ਗਲੋਬਲ ਸਾਊਥ) ਪ੍ਰਤੀ ਉਸ ਦੀ ਵਚਨਬੱਧਤਾ ਨੂੰ ਸਾਬਤ ਕਰਨ। ਇਸ ਵਿੱਚ ਅੰਤਰਰਾਸ਼ਟਰੀ ਵਪਾਰ ਵਿੱਚ ਅਮਰੀਕੀ ਡਾਲਰ ਦੇ ਵਿਕਲਪਾਂ ਨੂੰ ਉਤਸ਼ਾਹਤ ਕਰਨਾ, ਸਾਮਰਾਜਵਾਦੀ ਤਾਕਤਾਂ ਤੋਂ ਸੁਤੰਤਰ ਸਮੂਹਿਕ ਸੁਰੱਖਿਆ ਪ੍ਰਬੰਧਾਂ ਦੀ ਵਕਾਲਤ ਕਰਨੀ ਅਤੇ ਵਿਕਾਸਸ਼ੀਲ ਦੇਸ਼ਾਂ ਵਿਚਕਾਰ ਵਪਾਰ ਅਤੇ ਵਿਕਾਸ ਲਈ ਹੋਰ ਮਜ਼ਬੂਤ ਢਾਂਚੇ ਤਿਆਰ ਕਰਨੇ ਸ਼ਾਮਲ ਹਨ। ਸਮਾਂ ਹੀ ਦੱਸੇਗਾ ਕਿ ਮੌਜੂਦਾ ਭਾਰਤੀ ਸਰਕਾਰ ਇਨ੍ਹਾਂ ਚੁਣੌਤੀਆਂ ਦਾ ਕਿੰਨੀ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣਾ ਕਰਦੀ ਹੈ, ਪਰ ਭਾਰਤ ਨੂੰ ਆਪਣੀ ਦਿਸ਼ਾ ਦਾ ਫ਼ੈਸਲਾ ਹੁਣ ਕਰਨਾ ਹੋਵੇਗਾ।

# ਸੰਪਰਕ : 94170-00360

# ਅਸੀਂ ਕੱਖੋਂ ਹੌਲੇ ਹੋ ਰਹੇ ਆਂ

ਅੰਮ੍ਰਿਤ ਕੌਰ

ਪੰਜਾਬ ਦੇ ਜੋ ਅੱਜ ਹਾਲਾਤ ਹਨ, ਸਭ ਦੀਆਂ ਅੱਖਾਂ ਸਾਹਮਣੇ ਹਨ। ਇਹਨਾਂ ਬਾਰੇ ਬਹੁਤਾ ਦੱਸਣ ਦੀ ਜ਼ਰੂਰਤ ਨਹੀਂ। ਪਹਿਲਾਂ ਸੱਤ ਦਰਿਆ ਸਨ, ਫਿਰ ਪੰਜ, ਫਿਰ ਢਾਈ। ਜ਼ਮੀਨਾਂ ਵੀ ਇਸੇ ਤਰ੍ਹਾਂ ਮੁਰੱਬਿਆਂ, ਕਿੱਲਿਆਂ ਦੇ ਮਾਲਕ ਹੁਣ ਦਿਹਾੜੀਆਂ 'ਤੇ ਆ ਗਏ। ਅਣਖਾਂ ਦੇ ਮਾਲਕਾਂ ਦੀਆਂ ਅਗਲੀਆਂ ਪੀੜ੍ਹੀਆਂ ਆਪ ਅਣਖੋਂ ਸੱਖਣੀਆਂ ਹੋ ਕੇ ਆਪਣੇ ਵਡੇਰਿਆਂ ਦੇ ਕੀਤੇ ਅਣਖੀਲੇ ਕਾਰਜਾਂ 'ਤੇ ਹੁੱਬ-ਹੁੱਬ ਕੇ, ਢੋਲ-ਢਮੱਕਿਆਂ ਨਾਲ, ਮਾਈਕਾਂ ਸਾਹਮਣੇ ਖਲੋ ਕੇ ਆਪਣੀਆਂ ਪਿੱਠਾਂ ਆਪ ਹੀ ਥਾਪੜ ਰਹੀਆਂ ਹਨ...'ਅਸੀਂ ਇਸ ਤਰ੍ਹਾਂ ਦੇ ਹੁੰਨੇ ਆਂ। ਅਸੀਂ ਉਸ ਤਰ੍ਹਾਂ ਦੇ ਹੁੰਨੇ ਆਂ।' ... ਐਨਾ ਵੱਡਾ ਭੁਲੇਖਾ ਤਾਂ ਨੀਂਦ ਵਿੱਚ ਬੋਲਣ ਵਾਲੇ ਬੰਦਿਆਂ ਨੂੰ ਵੀ ਨਹੀਂ ਹੁੰਦਾ। ਅਸੀਂ ਖੁੱਲ੍ਹੀਆਂ ਅੱਖਾਂ ਵਾਲੇ ਸਹੀ ਕਿਉਂ ਨਹੀਂ ਵੇਖਦੇ ਕਿ ਜੋ ਅਸੀਂ ਆਖ ਰਹੇ ਆਂ ਉਹ ਤਾਂ ਅਸੀਂ ਰਹੇ ਹੀ ਨਹੀਂ। ਉਹ ਤਾਂ ਸਾਡੇ ਵਡੇਰਿਆਂ ਦੇ ਕਾਰਨਾਮੇ ਨੇ, ਜਿਹਨਾਂ ਦੇ ਸਿਰ 'ਤੇ ਅਸੀਂ ਅੱਜ ਵੀ ਮਾਣ ਕਰ ਰਹੇ ਆਂ।

ਸੋਚਣਾ ਤਾਂ ਇਹ ਬਣਦਾ ਹੈ ਕਿ ਅਸੀਂ ਆਪਣੇ ਵਡੇਰਿਆਂ 'ਤੇ ਮਾਣ ਹੁਣ ਤੱਕ ਕਰ ਰਹੇ ਹਾਂ। ਅਗਲੀਆਂ ਪੀੜ੍ਹੀਆਂ ਸਾਡੀਆਂ ਪੀੜ੍ਹੀਆਂ ਬਾਰੇ ਕੀ ਆਖਣਗੀਆਂ? ਕੀ ਉਹਨਾਂ ਦੇ ਮਾਣ ਕਰਨ ਜੋਗਾ ਕੰਮ ਕੋਈ ਕੀਤਾ ਵੀ ਜਾਂ ਬਸ ਐਵੇਂ ਫੋਕੀਆਂ ਫੜ੍ਹਾਂ ਮਾਰਨ ਜੋਗੇ ਹਾਂ। ਆਪਣੀ ਪੀੜ੍ਹੀ ਹੇਠ ਆਪ ਸੋਟਾ ਮਾਰ ਕੇ ਵੀ ਵੇਖ ਲਈਏ। ਆਪਾਂ ਕੀ ਕਰ ਰਹੇ ਆਂ। ਕੀ ਸਾਡੀ ਪੀੜ੍ਹੀ ਹੇਠ ਦੇਖਣ 'ਤੇ ਸਾਨੂੰ ਇਹੋ ਜਿਹਾ ਕੋਈ ਕੰਮ ਲੱਭੇਗਾ, ਜਿਸ 'ਤੇ ਅਗਲੀਆਂ ਪੀੜ੍ਹੀਆਂ ਮਾਣ ਕਰ ਸਕਣ, ਜਾਂ ਫਿਰ ਕੂੜਾ ਕਬਾੜਾ ਹੀ ਲੱਭੇਗਾ। ਗੱਲ ਤਾਂ ਸੋਚਣ ਵਾਲੀ ਐ।

ਬਜ਼ੁਰਗਾਂ ਦੇ ਅਨੁਸਾਰ ਇਸ ਨੂੰ ਪਿਛਾੜੀ ਜਾਣਾ ਆਖਦੇ ਹਨ। ਸਭ ਕੁਝ ਉਲਟਾ-ਪੁਲਟਾ ਹੋਇਆ ਪਿਆ ਹੈ। ਜਿਹਨਾਂ ਨੇ ਆਉਣ ਵਾਲ਼ੀਆਂ ਪੀੜ੍ਹੀਆਂ ਦੇ ਆਦਰਸ਼, ਰਾਹ-ਦਸੇਰੇ ਬਣਨਾ ਸੀ, ਉਹ ਮੋਹਤਬਰ ਤਾਂ ਇੱਕ-ਦੂਸਰੇ ਦੇ ਝੱਗੇ ਚੁੱਕਣ 'ਤੇ ਲੱਗੇ ਹੋਏ ਹਨ। ਅੱਗੇ ਤਾਂ ਇਹ ਕਿਹਾ ਜਾਂਦਾ ਹੁੰਦਾ ਸੀ... ਆਪਣਾ ਝੱਗਾ ਚੁੱਕੋਗੇ ਤਾਂ ਆਪਣਾ ਹੀ ਢਿੱਡ ਨੰਗਾ ਹੋਣੈ... ਜਾਪਦਾ ਹੈ ਕਿ ਹੁਣ ਇਹਨਾਂ ਮੋਹਤਬਰਾਂ ਨੇ ਸਿਆਣਿਆਂ ਦਾ ਆਖਿਆ ਸਿਰ ਮੱਥੇ ਮੰਨ ਲਿਆ ਹੈ-ਬਈ ਆਪਣੇ ਝੱਗੇ ਨਹੀਂ ਚੁੱਕਾਂਗੇ, ਪਰ ਦੂਜਿਆਂ ਦੇ ਜ਼ਰੂਰ ਚੁੱਕਾਂਗੇ। ਆਪਣੀਆਂ ਕੱਛ ਵਿੱਚ ਦੂਜੇ ਦੀਆਂ ਹੱਥ ਵਿੱਚ। ਸਾਡੇ ਵਰਗੇ ਆਮ ਲੋਕ ਇਹਨਾਂ ਦੇ ਮੂੰਹਾਂ ਵੱਲ ਤੱਕਦੇ ਰਹਿੰਦੇ ਹਨ ਕਿ ਕਦੋਂ ਕੋਈ ਲੋਕ ਭਲਾਈ ਦੀ ਗੱਲ ਕਰਨਗੇ, ਪਰ ਅਫ਼ਸੋਸ ਇਹ ਹੈ ਕਿ ਲੋਕ ਭਲਾਈ ਦੇ ਕੰਮ ਕਰਨ ਨਾਲੋਂ ਇਹ ਵਿਰੋਧੀਆਂ ਦੇ ਝੱਗੇ ਚੁੱਕਣ 'ਤੇ ਹੀ ਲੱਗੇ। ਬੜੀਆਂ ਹੋਛੀਆਂ ਅਤੇ ਹਲਕੀਆਂ ਗੱਲਾਂ 'ਤੇ ਉੱਤਰ ਆਏ ਹਨ ਸਿਰਫ਼ ਵੋਟਾਂ ਲੈਣ ਵਾਸਤੇ, ਤਾਕਤ ਆਪਣੇ ਹੱਥ ਵਿੱਚ ਲੈਣ ਵਾਸਤੇ। ਜੇ ਕੋਈ ਚੰਗਾ ਨੇਕ ਇਮਾਨਦਾਰ ਅਫ਼ਸਰ ਜਾਂ ਕੋਈ ਚੰਗਾ ਇਮਾਨਦਾਰ ਨੇਤਾ ਕੋਈ ਚੰਗਾ ਕੰਮ ਕਰਨਾ ਚਾਹੇ ਤਾਂ ਸੌ ਤਰ੍ਹਾਂ ਦੀਆਂ ਢੁੱਚਰਾਂ ਤਾਂ ਲਾਈਆਂ ਹੀ ਜਾਂਦੀਆਂ ਹਨ, ਉਹਨਾਂ ਨੂੰ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਵੀ ਕੀਤਾ ਜਾਂਦਾ ਹੈ। ਤਾਕਤ ਆਪਣੇ ਹੱਥ ਵਸ ਕਰਨ ਲਈ ਸਿੱਧਾ ਸੌਖਾ ਰਾਹ ਵੀ ਹੈ। ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਕਰੋ, ਵਿਹਲੇ ਹੱਥਾਂ ਨੂੰ ਕੰਮ ਦਿਓ, ਪੜ੍ਹੇ ਲਿਖਿਆਂ ਨੂੰ ਉਹਨਾਂ ਦੀ ਯੋਗਤਾ ਦੇ ਹਿਸਾਬ ਨਾਲ ਰੁਜ਼ਗਾਰ ਦਿਓ, ਇਮਾਨਦਾਰੀ ਨਾਲ਼ ਕੰਮ ਕਰੋ ਅਤੇ ਇਮਾਨਦਾਰਾਂ ਦੀ ਕਦਰ ਕਰੋ। ਪਿੰਡਾਂ ਵਾਲ਼ਿਆਂ ਨੂੰ ਖੇਤੀ ਦੇ ਢੰਗ ਤਰੀਕੇ ਸਿਖਾਓ। ਪਾਣੀ ਦੀ ਸਾਂਭ-ਸੰਭਾਲ਼ ਦੇ ਤਰੀਕੇ... ਮੀਂਹ ਦੇ ਪਾਣੀ ਨਾਲ ਜ਼ਮੀਨੀ ਪਾਣੀ ਦਾ ਪੱਧਰ ਉੱਚਾ ਕਿਵੇਂ ਚੁੱਕਣਾ ਹੈ, ਹੜ੍ਹਾਂ ਵੇਲ਼ੇ ਪਾਣੀ ਦੀ ਸੰਭਾਲ ਕਿਵੇਂ ਕਰਨੀ ਹੈ, ਤਾਂ ਜੋ ਹੜ੍ਹਾਂ ਨਾਲ਼ ਨੁਕਸਾਨ ਵੀ ਨਾ ਹੋਵੇ ਅਤੇ ਧਰਤੀ ਦੇ ਪਾਣੀ ਦਾ ਪੱਧਰ ਵੀ ਉੱਪਰ ਚੁੱਕਿਆ ਜਾਵੇ। ਵਾਤਾਵਰਣ ਦੀ ਸੰਭਾਲ ਦੇ ਤਰੀਕੇ ਬਹੁਤ ਕੁਝ ਕਰਨ ਵਾਲਾ ਹੈ। ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ, ਬਿਮਾਰੀਆਂ ਤੋਂ ਬਚਾਅ ਦੇ ਤਰੀਕੇ ਸਮਝਾਉਣੇ, ਜਵਾਨੀ ਨੂੰ ਕਿਵੇਂ ਬਚਾਈਏ। ਕਿਵੇਂ ਨਸ਼ਿਆਂ ਦਾ ਖਾਤਮਾ ਕਰੀਏ। ਸਿੱਖਿਆ ਵਿੱਚ ਸੁਧਾਰ ਕਿਵੇਂ ਹੋਵੇ, ਬੱਚੇ-ਬੱਚੀਆਂ ਦੀ ਸੁਰੱਖਿਆ, ਆਮ ਲੋਕਾਂ ਦੀ ਸੁਰੱਖਿਆ ਆਦਿ ਜ਼ਮੀਨੀ ਪੱਧਰ ਦੇ ਹਜ਼ਾਰਾਂ ਮਸਲੇ ਹਨ, ਜਿਹਨਾਂ ਵੱਲ ਸਿਰਫ਼ ਧਿਆਨ ਦੇਣਾ ਹੀ ਜ਼ਰੂਰੀ ਨਹੀਂ, ਉਹਨਾਂ ਦਾ ਛੇਤੀ ਤੋਂ ਛੇਤੀ ਹੱਲ ਵੀ ਜ਼ਰੂਰੀ ਹੈ।

ਇਹ ਗੱਲ ਮੰਨਣਯੋਗ ਹੈ ਕਿ ਸਾਰੇ ਕੰਮ ਸਰਕਾਰਾਂ ਨੇ ਨਹੀਂ ਕਰਨੇ ਹੁੰਦੇ, ਪਰ ਇਹ ਵੀ ਮੰਨਣਯੋਗ ਹੈ ਕਿ ਵੱਡੇ ਮਸਲੇ ਸਰਕਾਰਾਂ ਨੇ ਹੀ ਨਜਿੱਠਣੇ ਹੁੰਦੇ ਹਨ। ਵੋਟਾਂ ਨੇੜੇ ਹੋਣ ਨਾਲ਼ ਬਹੁਤ ਕੁਝ ਬਹੁਤ ਤੇਜ਼ੀ ਨਾਲ਼ ਬਦਲਦਾ ਹੁੰਦਾ ਹੈ। ਸਰਕਾਰਾਂ ਦੀ ਕੰਮ ਕਰਨ ਦੀ ਸਪੀਡ ਵੀ ਤੇਜ਼ ਹੋ ਜਾਂਦੀ ਹੈ ਅਤੇ ਨੇਤਾਵਾਂ ਦੇ ਗੁੱਝੇ ਔਗੁਣਾਂ ਨੂੰ ਜੱਗ-ਜ਼ਾਹਰ ਕਰਨ ਲਈ ਵੀ ਅੱਡੀ-ਚੋਟੀ ਦਾ ਜ਼ੋਰ ਲੱਗ ਜਾਂਦਾ ਹੈ। ਇਹਨਾਂ ਗੱਲਾਂ ਤੋਂ ਵੱਖਰੀ ਇੱਕ ਹੋਰ ਗੱਲ ਲੋਕਾਂ ਦਾ ਏਕਾ ਤੋੜਿਆ ਜਾਂਦਾ ਹੈ। ਵੋਟਾਂ ਆਪਣੇ ਪੱਖ ਵਿੱਚ ਕਰਨ ਲਈ ਜਾਤਾਂ, ਧਰਮਾਂ ਦੇ ਨਾਂਅ 'ਤੇ ਵੀ ਜਨਤਾ ਨੂੰ ਉਲਝਾ ਲਿਆ ਜਾਂਦਾ ਹੈ। ਸਿਆਣੇ ਕਹਿੰਦੇ ਸਨ...ਛੱਜ ਤਾਂ ਬੋਲੇ, ਛਾਣਨੀ ਕਿਉਂ ਬੋਲੇ, ਜੀਹਦੇ ਵਿੱਚ ਬੱਤੀ ਸੌ ਥੇਧ ...ਪਰ ਹੁਣ ਤਾਂ ਛਾਣਨੀਆਂ ਵੀ ਬੋਲੀ ਜਾਂਦੀਆਂ ਨੇ। ਕੋਈ ਆਪਣੇ ਅੰਦਰ ਝਾਤੀ ਮਾਰਨ ਵਾਲ਼ਾ ਨਹੀਂ।

ਸਾਡੇ ਪੰਜਾਬ ਵਿੱਚ ਪੰਦਰਾਂ ਕੁ ਸਾਲ ਪਹਿਲਾਂ ਤਾਂ ਉਤਰ ਕਾਟੋ ਮੈਂ ਚੜ੍ਹਾਂ ਵਾਲ਼ਾ ਕੰਮ ਚੱਲਦਾ ਸੀ। ਦੋ ਮੁੱਖ ਪਾਰਟੀਆਂ ਜਨਤਾ ਇੱਕ ਤੋਂ ਅੱਕ ਜਾਂਦੀ ਦੂਜੀ ਪਾਰਟੀ ਆ ਜਾਂਦੀ, ਦੂਜੀ ਤੋਂ ਅੱਕ ਜਾਂਦੀ ਫਿਰ ਪਹਿਲੀ ਪਾਰਟੀ ਆ ਜਾਂਦੀ। ਹੁਣ ਉੱਤਰ ਕਾਟੋ ਮੈਂ ਚੜ੍ਹਾਂ ਵਾਲ਼ੀ ਪਿਰਤ ਤਾਂ ਭਾਵੇਂ ਟੁੱਟ ਗਈ, ਪਰ ਬਹੁਤ ਸਾਰੇ ਕੰਮ ਇਹੋ ਜਿਹੇ ਹਨ, ਜਿਹੜੇ ਪਹਿਲ ਦੇ ਅਧਾਰ 'ਤੇ ਕੀਤੇ ਜਾਣੇ ਚਾਹੀਦੇ ਸਨ ਜਿਹਨਾਂ ਵਿੱਚੋਂ ਸਭ ਤੋਂ ਮੁੱਖ ਕੰਮ ਜਨਤਾ ਦੀ ਸੁਰੱਖਿਆ ਦਾ ਹੋਣਾ ਚਾਹੀਦਾ ਹੈ, ਜਿਸ ਵਿੱਚ ਅਜੇ ਵੀ ਕੋਈ ਕਾਮਯਾਬੀ ਨਹੀਂ ਦਿਸਦੀ। ਇੱਕ-ਦੂਜੇ 'ਤੇ ਦੂਸ਼ਣਬਾਜ਼ੀ ਸਭ ਸਰੇਆਮ ਚੱਲ ਰਿਹਾ ਹੈ। ਜਿਹੜੇ ਸ਼ਬਦ ਆਮ ਬੰਦਾ ਮੂੰਹੋਂ ਕੱਢਣ ਲੱਗਿਆਂ ਸ਼ਰਮ ਮੰਨ ਜਾਂਦਾ ਹੈ, ਇਹ ਸਟੇਜਾਂ ਤੋਂ ਬੋਲ ਰਹੇ ਨੇ। ਦਿਖਾਉਣੀ ਐ ਆਪਣੇ ਗੁਣਾਂ ਦੀ ਤਾਕਤ ਦਿਖਾਓ। ਹਲਕੀਆਂ-ਹੋਛੀਆਂ ਗੱਲਾਂ ਵੱਡੇ ਵੱਡੇ ਨੇਤਾਵਾਂ ਨੂੰ ਵੀ ਕੱਖੋਂ ਹੌਲ਼ੇ ਬਣਾ ਰਹੀਆਂ ਹਨ।

# ਸੰਪਰਕ : 98767-14004

# ਸਾਮ ਦਾਮ ਦੰਡ ਭੇਦ ਦੀ ਰਾਜਨੀਤੀ ਕਿੱਧਰ ਲੈ ਕੇ ਜਾ ਰਹੀ


ਵਰਗਿਸ ਸਲਾਮਤ

ਜਦੋਂ ਵੀ ਕੋਈ ਨਿਜ਼ਾਮ ਬਦਲਦਾ ਹੈ, ਆਵਾਮ 'ਤੇ ਅਸਰ ਪੈਣਾ ਸੁਭਾਵਿਕ ਹੈ, ਪਰ ਬਹੁਮਤਵਾਦਦਾਇਕ-ਪਾਸੜ ਜਿਹਾ ਅਸਰ, ਦਹਿਸ਼ਤ ਅਤੇ ਭੈਅ ਭਰਿਆ ਮਹੌਲ ਬਣਾ ਦਿੰਦਾ ਹੈ। ਵਿਰੋਧੀਆਂ ਨੂੰ ਡਰਾਅ ਕੇ, ਦਬਕਾਅ ਕੇ ਜਾਂ ਘੇਰੇ 'ਚ ਲਿਆ ਕੇਨਾਲ ਮਿਲਾਉਣਾ ਅਤੇ ਮੋਦੀ ਵਾਸ਼ਿੰਗ ਮਸ਼ੀਨ 'ਚ ਨਹਾਉਣ-ਧੋਣ ਦੀ ਨੀਤੀ ਨਾਲ ਸਾਜ਼ਿਸ਼ ਤਹਿਤ ਗੁੱਠੇ ਲਾਉਣਾ ਆਦਿ ਤਾਂ ਕੋਈ ਭਾਰਤੀ ਜਨਤਾ ਪਾਰਟੀ ਤੋਂ ਸਿੱਖੇ। ਕਿੱਥੇ ਭਾਜਪਾ ਸਰਕਾਰ ਨਿਤੀਸ਼ ਅਤੇ ਨਾਇਡੂ ਦੀਆਂ ਫਾਹੁੜੀਆਂ ਨਾਲ ਚਲ ਰਹੀ ਸੀ, ਕਿੱਥੇ ਹੁਣ ਭਾਜਪਾ ਨੂੰ ਇਹਨਾਂ ਦੀ ਕੋਈ ਖਾਸ ਲੋੜ ਨਹੀ, ਕਿਉਂਕੀ ਦੋਹਾਂ ਸਦਨਾਂ ਵਿਚ ਭਾਰਤੀ ਜਨਤਾ ਪਾਰਟੀ ਕੋਲ ਹੁਣ ਲਗਭਗ ਭਾਰੀ ਬਹੁਮਤ ਦੀ ਪੂਰੀ ਜੁਗਾੜਬੰਦੀ ਹੈ। ਪਾਰਟੀਆਂ ਵਿਚ ਅਸੁਰੱਖਿਆ ਇਸ ਕਦਰ ਬਣੀ ਹੋਈ ਹੈ ਕਿ ਰਾਜਨੀਤਕ ਪਾਰਟੀਆਂ ਨੂੰ ਵੋਟਾਂ ਜਿੱਤ ਕੇ ਵੀ ਸੱਤਾ ਪ੍ਰਾਪਤ ਕਰਕੇ ਵੀ, ਸੱਤਾ 'ਤੇ ਕਾਬਜ਼ ਰਹਿਣ ਲਈ ਕਈ ਹੱਥਕੰਡੇ ਵਰਤਣੇ ਪੈ ਰਹੇ ਹਨ। ਭਾਜਪਾ ਦੀਆਂ ਜੋੜ-ਤੋੜ ਵਾਲੀਆਂ ਨੀਤੀਆਂ, ਖਰੀਦ-ਵੇਚ ਵਾਲੀਆਂ ਨੀਤੀਆਂ ਅਤੇ ਡਰਾਉਣ-ਫਸਾਉਣ ਵਾਲੀਆਂ ਨੀਤੀਆਂ ਤੋਂ ਸਭ ਪਾਰਟੀਆਂ ਡਰ ਰਹੀਆਂ ਹਨ। ਖਾਸ ਕਰਕੇ ਖੇਤਰੀ ਪਾਰਟੀਆਂ ਦਾ ਜੋ ਹਾਲ ਹੋ ਰਿਹਾ ਹੈ, ਉਹ ਚਿੰਤਾਜਨਕ ਹੈ।

ਬੰਗਾਲ ਦੀਆਂ ਚੋਣਾਂ ਤੋਂ ਬਾਅਦ ਭਾਰਤੀ ਜਨਤਾ ਪਾਰਟੀ ਦੀ ਭਾਰੀ ਜਿੱਤ ਦੀ ਦਾਸਤਾਂ ਭਾਵੇਂ ਜੋ ਵੀ ਰਹੀ ਹੋਵੇ, ਪਰ ਉਸ ਦੇ ਤਖਤਾ ਪਲਟ ਦੀ ਦਾਸਤਾਂ ਲੋਕਤੰਤਰ ਦੀਆਂ ਡਿੱਗਦੀਆਂ ਕਦਰਾਂ-ਕੀਮਤਾਂ ਨੂੰ ਮਲੀਆਮੇਟ ਕਰਨ ਵਿਚ ਇਤਿਹਾਸਿਕ ਪੱਧਰ ਤੱਕ ਪਹੁੰਚ ਗਈ ਹੈ। ਅਨੈਤਿਕਤਾ ਦਾ ਮੰਜ਼ਰ ਅਤੇ ਜਿੱਤ ਦਾ ਨਸ਼ਾ ਇਸ ਕਦਰ ਗਰੂਰ ਅਤੇ ਕਰੂਰ 'ਚ ਬਦਲਿਆ ਕਿ ਬਦਲੇ ਦੀ ਰੀਤੀ-ਨੀਤੀ ਨੇ ਪ੍ਰਸ਼ਾਸ਼ਨ ਦੀਆਂ ਅੱਖਾਂ ਸਾਮ੍ਹਣੇ ਤ੍ਰਿਣਾਮੂਲ ਕਾਂਗਰਸ ਪਾਰਟੀ ਦੇ ਜਿੱਤੇ-ਹਾਰੇ ਮੈਂਬਰਾਂ, ਨੇਤਾਵਾਂ ਅਤੇ ਦਫਤਰਾਂ ਦਾ ਹਾਲ ਬੇਹਾਲ ਕਰ ਦਿੱਤਾ। ਲੀਡਰ ਲੁੱਕ-ਲੁੱਕ ਕੇ ਆਪਣੀ ਜਾਨ, ਮਾਲ ਅਤੇ ਮਾਨ ਬਚਾਅ ਰਹੇ ਸਨ, ਕੱਛੇ ਬਨਿਆਨ ਵਿਚ ਹੀ ਸੜਕਾਂ 'ਤੇ ਪਰੇਡ ਕਰਵਾਈ ਜਾ ਰਹੀ ਹੈ, ਮੂੰਹ 'ਤੇ ਕਾਲਖ ਮਲ ਕੇ ਮਾਰਿਆ ਜਾ ਰਿਹਾ ਹੈ, ਜ਼ਬਰਦਸਤੀ ਕੁਰਸੀਆਂ ਤੋਂ ਧੂਹਿਆ ਜਾ ਰਿਹਾ,ਦਫਤਰਾਂ ਨੂੰ ਭੰਨ-ਤੋੜ ਕਰਕੇ ਮੈਂਬਰਾਂ ਦੀ ਰੱਜ ਕੇ ਕੁੱਟ-ਮਾਰ ਕੀਤੀ ਜਾ ਰਹੀ ਹੈ। ਮਹਿਲਾ ਮੈਂਬਰਾਂ ਤੱਕ ਨੂੰ ਬੇਇੱਜ਼ਤ ਕੀਤਾ ਗਿਆ, ਇਥੋਂ ਤੱਕ ਕਿ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਅਭਿਸ਼ੇਕ ਬੈਨਰਜੀ, ਸੰਸਦ ਮੈਂਬਰ ਕਲਿਆਣ ਬੈਨਰਜੀ, ਸੀਨੀਅਰ ਆਗੂ ਕਲਿਆਣ ਘੋਸ਼ ਅਤੇ ਹੋਰ ਸੀਨੀਅਰ ਮੈਂਬਰਾਂ 'ਤੇ ਹਮਲੇ ਕੀਤੇ ਗਏ। ਲਗਭਗ 2000 ਦਫਤਰਾਂ ਨੂੰ ਬੁਰੀ ਤਰਾਂ ਤੋੜਿਆ ਅਤੇ ਲੁਟਿਆ ਹੈ ਅਤੇ ਕੁੱਝ ਵਰਕਰਾਂ ਦੀ ਮੌਤ ਦੀਆਂ ਖਬਰਾਂ ਹਨ। ਲੇਟ ਹੀ ਸਹੀ ਹਾਰ ਕੇ ਹਾਈ ਕੋਰਟ ਨੂੰ ਸ਼ਾਂਤੀ ਬਹਾਲੀ ਲਈ ਦਿਸ਼ਾ-ਨਿਰਦੇਸ਼ ਦੇਣੇ ਪਏ, ਪਰ ਉਦੋਂ ਤੱਕ ਚਿੜੀਆਂ ਖੇਤ ਚੁਗ ਚੁੱਕੀਆਂ ਸਨ।

ਜਦੋਂ ਦੀ ਅਤੇ ਜਿੱਥੇ-ਜਿੱਥੇ ਵੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਕਾਬਜ਼ ਹੋਈ ਹੈ, ਭਾਵੇਂ ਉਹ ਕਿਸੇ ਵੀ ਤਰੀਕੇ ਦੇ ਜੋੜ-ਤੋੜ ਨਾਲ ਬਣੀ ਹੋਵੇ, ਉਸ ਨੂੰ ਵੱਡੀ ਜਿੱਤ ਐਲਾਨ ਕੇ, ਪਤਾ ਨਹੀ ਕਿਉਂ ਉਸ ਨੂੰ ਸਾਮ ਦਾਮ ਦੰਡ ਭੇਦ ਦੀ ਰਾਜਨੀਤੀ ਕਹਿ ਕੇ ਸਵੈ-ਪ੍ਰਸੰਸਾ ਕੀਤੀ ਜਾਂਦੀ ਹੈ ਅਤੇ ਮੀਡੀਆ ਵੀ ਉਸ ਨੂੰ ਚਾਣਕਿਆ ਨੀਤੀ ਕਹਿ ਕਿ ਬਹੁਤ ਕੱਛਾਂ ਵਜਾਉਂਦਾ ਹੈ। ਉਹਨਾਂ ਦੇ ਪ੍ਰਵਕਤਾ ਅਤੇ ਨੇਤਾ ਵੀ ਆਪਣੇ ਵੱਡੇ ਨੇਤਾਵਾਂ ਨੂੰ ਭਾਰਤ ਦੇ ਪ੍ਰਾਚੀਨ ਮਹਾਨ ਵਿਦਵਾਨ ਚਾਣਕਿਆ ਨਾਲ ਜੋੜ ਕੇ ਵਡਿਆਉਂਦੇ ਨਹੀ ਥੱਕਦੇ।

ਲਾਅ ਐਂਡ ਆਰਡਰ ਦੇ ਹੁੰਦਿਆਂ-ਸੁੰਦਿਆਂ ਬੰਗਾਲ ਵਿਚ ਬੰਦਿਆਂ ਦੀ ਕੁੱਟ, ਦਫਤਰਾਂ-ਦੁਕਾਨਾਂ ਦੀ ਲੁੱਟ ਅਤੇ ਮੂਰਤੀਆਂ ਦੀ ਭੰਨ-ਤੋੜ ਦਾ ਇਕ ਦਹਿਸ਼ਤੀ ਅਤੇ ਭੈਅਪੂਰਨ ਵਾਤਾਵਰਣ ਬਣਾਉਣ ਅਤੇ ਫੈਲਾਉਣ ਤੋਂ ਬਾਅਦ ਸ਼ੁਰੂ ਹੋਇਆ ਤ੍ਰਿਣਾਮੂਲ ਕਾਂਗਰਸ ਪਾਰਟੀ ਦੀ ਭੰਨ-ਤੋੜ ਦਾ ਸਿਲਸਿਲਾ। ਚੋਣਾਂ ਜਿੱਤ ਕੇ ਆਏ 80 ਵਿਧਾਇਕਾਂ ਵਿਚੋਂ 60 ਦਾ ਇਕ ਅਹਿਮ ਮੀਟਿੰਗ ਵਿੱਚੋਂ ਗੈਰ-ਹਾਜ਼ਰ ਹੋ ਜਾਣ ਨੇ ਪਾਰਟੀ ਪ੍ਰਮੁੱਖ ਮਮਤਾ ਬੈਨਰਜੀ ਦੇ ਪੈਰਾਂ ਹੇਠੋਂ ਮੰਨੋ ਜ਼ਮੀਨ ਹੀ ਖਿੱਚ ਲਈ। ਲੋਕ ਸਭਾ ਅਤੇ ਰਾਜ ਸਭਾ 'ਚੋਂ ਵੀ ਲਗਭਗ ਡੇਢ ਕੁ ਦਰਜਨ ਸਾਂਸਦ ਨੇ ਨਰਾਜ਼ਗੀ ਦੱਸ ਕੇ ਨਜ਼ਰ ਫੇਰ ਲਈ ਅਤੇ ਆਪਣੇ ਆਪ ਨੂੰ ਇਕ ਨਵਾਂ ਰਜਿਸਟਡ ਦਲ ਦੱਸਿਆ। ਹੈਰਾਨੀ ਨਾਲ ਸੋਚਣ ਵਾਲੀ ਗੱਲ ਇਹ ਵੀ ਹੈ ਕਿ 2014 ਤੋਂ ਬਾਅਦ ਜਿੱਥੇ ਜਿੱਥੇ ਵੀ ਕਿਸੇ ਦੂਸਰੀ ਪਾਰਟੀ ਦੀ ਲੰਮੀ ਸੱਤਾ ਨੂੰ ਜਿੱਤ ਕੇ ਪਹਿਲੀ ਵਾਰ ਭਾਰਤੀ ਜਨਤਾ ਪਾਰਟੀ ਨੇ ਡਬਲ ਇੰਜਨ ਦੀ ਸਰਕਾਰ ਬਣਾਈ ਹੈ, ਉਸ ਸਟੇਟ ਨੂੰ ਕਿਸੇ ਨਾ ਕਿਸੇ ਰੂਪ ਵਿਚ ਬੰਗਾਲ ਵਰਗੀਆਂ ਹੁਣੇ-ਹੁਣੇ ਵਾਪਰ ਰਹੀਆਂ ਪ੍ਰਸਥਿਤੀਆਂ ਵਿੱਚੋਂ ਨਾ ਚਾਹੁੰਦੇ ਵੀ ਲੰਘਣਾ ਪਿਆ ਹੈ। ਫਿਰ ਭਾਵੇਂ ਉਹ ਆਸਾਮ, ਤ੍ਰਿਪੁਰਾ ਅਤੇ ਮਨੀਪੁਰ ਵਰਗੇ ਨਿੱਕੇ ਅਤੇ ਬਾਰਡਰ ਦੇ ਮਹੱਤਵਪੂਰਨ ਸਟੇਟ ਹੀ ਕਿਉ ਨਾ ਹੋਣ। ਮਨੀਪੁਰ ਤਾਂ ਅਜੇ ਵੀ ਅਜਿਹੀ ਅੱਗ ਵਿਚ ਲਗਾਤਾਰ ਸੜ-ਮਰ ਰਿਹਾ।

ਕਹਿੰਦੇ ਨੇ ਪੈਸਾ, ਪਾਵਰ ਅਤੇ ਪ੍ਰਸਿੱਧੀ ਬੰਦੇ ਨੂੰ ਤਾਨਾਸ਼ਾਹਾਂ ਵਾਂਗ ਬਣਾ ਦਿੰਦੀ ਹੈ। ਇਸ ਵੇਲੇ ਭਾਰਤੀ ਜਨਤਾ ਪਾਰਟੀ ਕੋਲ ਇਹ ਤਿੰਨੇ ਪੱਪੇ ਭਰਭੂਰ ਮਾਤਰਾ ਵਿਚ ਹਨ। ਪ੍ਰਸਿੱਧੀ ਦੀ ਗੱਲ ਕਰੀਏ ਭਾਜਪਾ ਕੋਲ ਮੋਦੀ ਹੈ ਤੋ ਮੁਮਕਿਨ ਹੈ, ਦੀ ਪ੍ਰਸਿੱਧੀ ਨਾਲ ਪੂਰੇ ਭਾਰਤ ਵਿਚ 14-15 ਕਰੋੜ ਦੀ ਪ੍ਰਾਇਮਰੀ ਮੈਂਬਰਸ਼ਿਪ ਹੈ, ਜੋ ਇਸ ਨੂੰ ਸਭ ਤੋਂ ਵੱਡੀ ਪਾਰਟੀ ਬਣਾਉਂਦੀ ਹੈ। ਪੈਸੇ ਦੀ ਗੱਲ ਕਰੀਏ ਤਾਂ ਭਾਰਤ ਦੀ ਕੋਈ ਵੀ ਪਾਰਟੀ ਭਾਜਪਾ ਦੇ ਨੇੜੇ-ਤੇੜੇ ਵੀ ਨਹੀ ਖੜ ਸਕਦੀ। ਕਹਿੰਦੇ ਹਨ ਉਸ ਕੋਲ ਲਗਭੱਗ 10,000 ਕਰੋੜ ਦੀ ਮਾਲਕੀ ਹੈ ਅਤੇ ਉਸ ਦੀ ਵਿਰੋਧੀ ਕਾਂਗਰਸ ਕੋਲ ਸਿਰਫ 134 -35 ਕਰੋੜ ਹੈ। ਲਗੱਭਗ 75 ਗੁਣਾਂ ਪੈਸੇ ਦੀ ਵੱਧ ਤਾਕਤ ਨਾਲ ਚੋਣ ਫੀਲਡ ਵਿਚ ਆਉਂਦੀ ਹੈ। ਵਿਸ਼ਲੇਸ਼ਕ ਦੱਸਦੇ ਹਨ ਕਿ ਦੋਬਾਰਾ ਚੋਣਾਂ ਲੜ ਰਹੇ ਮੈਂਬਰਾਂ ਦੀ ਆਮਦਨ ਵਿਚ ਲਗਾਤਾਰ ਵਾਧਾ ਵੀ ਹੋਇਆ ਹੈ। ਰਾਜ ਸਭਾ ਅਤੇ ਲੋਕ ਸਭਾ ਵਿਚ ਭਾਜਪਾ ਅਤੇ ਸਹਿਯੋਗੀਆਂ ਦੀ ਬਹੁ-ਗਿਣਤੀ ਸੱਤਾ ਦੀ ਪਾਵਰ ਨਹੀ ਤਾਂ ਹੋਰ ਕੀ ਹੈ। ਉਸ ਦੀ ਜੋੜ-ਤੋੜ ਦੀ ਨੀਤੀ, ਵਾਸ਼ਿੰਗ ਮਸ਼ੀਨ ਦੀ ਧੁਲਾਈ, ਈ ਡੀ ਅਤੇ ਸੀ ਬੀ ਆਈ ਆਦਿ ਕੇਂਦਰ ਦੀਆਂ ਏਜੰਸੀਆਂ ਦੀ ਹਥਿਆਰਾਂ ਵਾਗ ਵਰਤੋਂ ਅੱਗੇ ਨੇਤਾ ਖੜਨ ਤੋਂ ਡਰਦੇ ਹਨ।

ਇਸ ਵਿਚ ਕੋਈ ਸ਼ੱਕ ਨਹੀ ਕਿ ਵਿਧਾਇਕਾਂ ਅਤੇ ਸਾਂਸਦਾਂ ਨੇ ਵੀ ਆਪਣੇ ਜ਼ਮੀਰ ਬੂਹੇ ਦੀਆਂ ਕਿੱਲੀਆਂ ਨਾਲ ਟੰਗੇ ਹਨ। ਵਸਤਰ ਬਦਲਣ ਅਤੇ ਵਿਚਾਰਧਾਰਾ ਬਦਲਣ ਵਿਚ ਬਹੁਤਾ ਫਰਕ ਨਹੀ ਸਮਝਦੇ। ਇਥੋਂ ਤੱਕ ਕਿ ਸਮਾਜਵਾਦ ਦੇ ਨਾਅਰੇ ਨਾਲ ਲੋਕਾਂ ਦੀਆਂ ਵੋਟਾਂ ਕੈਸ਼ ਕਰਨ ਵਾਲੇ ਫਿਰਕਾਵਾਦ ਨਾਲ ਸਟੇਜ, ਮੇਜ਼ ਅਤੇ ਸੇਜ ਦੇ ਭਾਗੀਦਾਰ ਹੋ ਜਾਂਦੇ ਹਨ। ਕੈਸ਼ ਅਤੇ ਸੱਤਾ ਦੀ ਐਸ਼ ਅੱਗੇ ਵਿਚਾਰਧਾਰਾ ਬੌਣੀ ਹੁੰਦੀ ਜਾ ਰਹੀ ਹੈ। ਲੀਡਰਾਂ 'ਚ ਦੇਸ਼ ਭਗਤੀ, ਕੁਰਬਾਨੀ ਦਾ ਜਜ਼ਬਾ ਅਤੇ ਸਵੈ-ਤਿਆਗ ਦੀ ਭਾਵਨਾ ਖਤਮ ਹੁੰਦੀ ਜਾ ਰਹੀ ਹੈ। ਪਾਰਟੀ ਮੈਂਬਰ ਪਾਰਟੀ ਵਿਚਾਰਧਾਰਾ ਨੂੰ ਅਹਿਮ ਨਾ ਸਮਝ ਕੇ ਸਵੈ-ਹਿੱਤਾਂ ਦੀ ਪੂਰਤੀ ਵਿਚ ਖੁੱਭਦੇ ਜਾ ਰਹੇ ਹਨ। ਰਾਜਨੀਤਿਕ ਪਾਰਟੀਆਂ ਵਿਚ ਜੱਥੇਬੰਦ ਹੋ ਕੇ ਲੜਨ ਵਾਲਾ ਹੋਸ਼, ਜੋਸ਼ ਅਤੇ ਰੋਸ ਵੇਖਣ ਨੂੰ ਨਹੀ ਮਿਲਦਾ। ਭਾਰਤੀ ਜਨਤਾ ਪਾਰਟੀ ਅਤੇ ਉਸ ਦੀ ਆਕਾ ਸੰਸਥਾ ਜਿੱਥੇ ਆਪਣੇ ਫਾਇਦੇ ਦੀ ਰਾਜਨੀਤੀ ਲਈ ਮਸ਼ਹੂਰ ਹੈ, ਉੱਥੇ ਉਹ ਫਿਰਕੂ, ਫਾਸ਼ੀ ਅਤੇ ਫੁੱਟ-ਪਾਊ ਮਹੌਲ ਬਣਾਉਣ ਵਿਚ ਕਦੇ ਪਿੱਛੇ ਨਹੀ ਹਟਦੀ।

ਵੈਸੇ ਲੋਕਤੰਤਰ ਵਿਚ ਸਾਮ ਦਾਮ ਦੰਡ ਭੇਦ ਦੇ ਅਜਿਹੇ ਅਤੇ ਇਸ ਤਰਾਂ ਦੀ ਦੁਰਵਰਤੋਂ ਨੂੰ ਕੋਈ ਥਾਂ ਨਹੀ। ਦੇਸ਼ ਜੁੜਨ ਦੀ ਥਾਂ ਟੁੱਟ ਰਿਹਾ ਹੈ। ਲੋਕਤੰਤਰ ਦੀਆਂ ਕਦਰਾਂ-ਕੀਮਤਾਂ ਲਗਾਤਾਰ ਡਿੱਗ ਰਹੀਆਂ ਹਨ। ਅਨੇਕਤਾ ਵਿਚ ਏਕਤਾ ਦਾ ਗਰਾਫ ਡਿੱਗਣ ਕਰਕੇ ਸਾਡਾ ਵਿਸ਼ਵ ਵਿਚ ਮਜ਼ਬੂਤ ਲੋਕਤੰਤਰ ਦਾ ਗਰਾਫ ਵੀ ਹੇਠਾਂ ਚਲਾ ਗਿਆ ਹੈ। ਅੰਤਰਾਸ਼ਟਰੀ ਵਿਦੇਸ਼ੀ ਸੰਬੰਧਾਂ, ਵਪਾਰਕ ਸੰਬੰਧਾਂ ਅਤੇ ਇਥੋਂ ਤੱਕ ਕਿ ਸਾਡੇ ਗੁਆਂਢੀ ਦੇਸ਼ਾਂ ਦੇ ਮੈਂਤਰੀਪੂਰਨ ਸੰਬੰਧਾਂ ਆਦਿ ਵਿਚ ਗਿਰਾਵਟ ਆਈ ਹੈ। ਮਹਿੰਗਾਈ ਦੇ ਮਾਮਲੇ ਵਿਚ ਵੀ ਅਸੀ ਵਿਸ਼ਵ 'ਚ ਚੱਲ ਰਹੀਆਂ ਜੰਗਾਂ ਦੇ ਸਿਰ ਭਾਂਡਾ ਨਹੀ ਭੰਨ ਸਕਦੇ। ਅਸੀਂ ਲਗਾਤਾਰ ਆਰਥਿਕ ਗਿਰਾਵਟ ਵੱਲ ਜਾ ਰਹੇ ਹਾਂ। ਇਸ ਵੇਲੇ ਭਾਰਤ ਬਹੁਤ ਹੀ ਕਠਿਨ ਦੌਰ ਵਿਚੋਂ ਗੁਜ਼ਰ ਰਿਹਾ ਹੈ। ਭਾਰਤੀ ਜਨਤਾ ਪਾਰਟੀ 2014 ਤੋਂ ਕੇਂਦਰ ਵਿਚ ਸੱਤਾ 'ਤੇ ਕਾਬਿਜ਼ ਹੈ ਅਤੇ ਨਰਿੰਦਰ ਮੋਦੀ ਦੀ ਅਗਵਾਈ ਵਿਚ 'ਸਬਕਾ ਸਾਥ' ਦੇਣ ਦੇ ਬਾਵਜੂਦ ਵੀ 'ਸਬ ਕਾ ਵਿਕਾਸ' ਨਹੀ ਹੋਇਆ ਅਤੇ ਨਾ ਹੀ ਬਰਾਬਰ ਵਿਕਾਸ ਹੋਇਆ ਹੈ। ਅਮੀਰੀ ਗਰੀਬੀ ਦਾ ਪਾੜਾ ਵਧਦਾ ਜਾ ਰਿਹਾ ਹੈ, ਧਰਮਾਂ-ਜਾਤਾਂ ਦਾ ਪਾੜਾ ਵਧਦਾ ਜਾ ਰਿਹਾ ਹੈ, ਭ੍ਰਿਸਟਾਚਾਰ ਵਧਿਆ ਹੈ, ਬੇਰੁਜ਼ਗਾਰੀ ਅਤੇ ਬੇਰੁਜ਼ਗਾਰ ਲਗਾਤਾਰ ਵਧ ਰਹੇ ਹਨ ਅਤੇ ਧਰਮਾਂ ਦਾ ਪ੍ਰਚਾਰ ਅਤੇ ਧਰਮਾਂ ਦਾ ਵਪਾਰ ਸਿਖਰ ਵੱਲ ਹੈ। ਜੇ ਕੁੱਝ ਘਟਿਆ ਹੈ ਤਾਂ ਆਪਸੀ ਪਿਆਰ, ਵਿਸ਼ਵਾਸ, ਸਾਂਝ ਅਤੇ ਭਾਈਚਾਰਾ।

# ਸੰਪਰਕ : 98782-61522

## ਪਾਠਕ-ਸੱਥ

### ਅਜੋਕੀ ਨੌਜਵਾਨ ਪੀੜ੍ਹੀ ਕਿੱਧਰ ਨੂੰ?

ਜ਼ਿੰਦਗੀ ਬਹੁਤ ਖੂਬਸੂਰਤ ਖਜ਼ਾਨਾ ਹੈ। ਅਸੀਂ ਜ਼ਿੰਦਗੀ ਦੇ ਹਰ ਪਲ ਦਾ ਆਨੰਦ ਮਾਣਦੇ ਹਾਂ। ਉਮਰਾਂ ਦੇ ਪੈਂਡੇ ਤੈਅ ਕਰਦੇ ਹੋਏ ਸਾਨੂੰ ਜ਼ਿੰਦਗੀ ਵਿਚ ਬਹੁਤ ਕੁੱਝ ਸਿੱਖਣ ਨੂੰ ਵੀ ਮਿਲਦਾ ਹੈ। ਕਦੇ ਵੀ ਇੱਕੋ ਜਿਹਾ ਸਮਾਂ ਨਹੀਂ ਰਹਿੰਦਾ। ਕਦੇ ਮਾੜਾ ਸਮਾਂ ਵੀ ਆਉਂਦਾ ਹੈ। ਚੰਗਾ ਸਮਾਂ ਵੀ ਆਉਂਦਾ ਹੈ। ਕਹਿਣ ਦਾ ਭਾਵ ਹੈ ਕਿ ਕਦੇ ਸੁੱਖ ਤੇ ਕਦੇ ਦੁੱਖ। ਪੱਛਮੀ ਸੱਭਿਅਤਾ ਦਾ ਬਹੁਤ ਜ਼ਿਆਦਾ ਝੁਕਾਅ ਹੋ ਚੁੱਕਿਆ ਹੈ। ਅੱਜ ਸੋਸ਼ਲ ਮੀਡੀਆ ਦਾ ਬਹੁਤ ਜ਼ਿਆਦਾ ਬੋਲ-ਬਾਲਾ ਹੈ। ਸੋਸ਼ਲ ਨੈੱਟਵਰਕਿੰਗ ਸਾਈਟਸ 'ਤੇ ਨੌਜਵਾਨ ਪੀੜ੍ਹੀ ਤਰ੍ਹਾਂ-ਤਰ੍ਹਾਂ ਦੀਆਂ ਅਜਿਹੀਆਂ ਵੀਡੀਓਜ਼ ਦੇਖਦੀਆਂ ਹਨ ਕਿ ਉਨ੍ਹਾਂ ਨੂੰ ਇਹ ਨਹੀਂ ਪਤਾ ਹੁੰਦਾ ਕਿ ਇਹ ਸਾਡੇ ਲਈ ਕੀ ਫਾਇਦੇਮੰਦ ਹਨ? ਪਿੱਛੇ ਜਿਹੇ ਛੋਟੀ ਉਮਰ ਦੇ ਬੱਚੇ ਨੇ ਆਪਣੇ ਮਾਂ-ਬਾਪ ਦੀ ਜਮ੍ਹਾਂ ਕੀਤੀ ਸਾਰੀ ਪੂੰਜੀ ਹੀ ਗਵਾ ਦਿੱਤੀ। ਇਕ ਹੋਰ ਬੱਚੇ ਨੇ ਆਪਣੇ ਦਾਦਾ ਜੀ ਦੀ ਸਾਰੀ ਪੈਨਸ਼ਨ ਸੋਸ਼ਲ ਨੈੱਟਵਰਕਿੰਗ ਸਾਈਟ 'ਤੇ ਗ਼ਲਤ ਬਟਨ ਦਬਾ ਕੇ ਗੁਆ ਦਿੱਤੀ। ਅੱਜ ਬੱਚਿਆਂ ਨੂੰ ਆਪਣੇ ਸੱਭਿਆਚਾਰ ਬਾਰੇ ਬਿਲਕੁਲ ਵੀ ਜਾਣਕਾਰੀ ਨਹੀਂ ਹੈ। ਉਹਨਾਂ ਨੂੰ ਪੰਜਾਬੀ ਸੱਭਿਆਚਾਰ ਬਾਰੇ ਕੁੱਝ ਵੀ ਨਹੀਂ ਪਤਾ ਹੈ। ਕਿਤਾਬਾਂ ਪੜ੍ਹਨ ਦਾ ਰੁਝਾਨ ਦਿਨ ਪ੍ਰਤੀ ਦਿਨ ਬੱਚਿਆਂ ਅੰਦਰ ਘਟਦਾ ਜਾ ਰਿਹਾ ਹੈ। ਬੱਚੇ ਜੋ ਕਿਤਾਬਾਂ ਵਿੱਚ ਸਿਲੇਬਸ ਵੀ ਦਿੱਤਾ ਹੁੰਦਾ ਹੈ, ਉਹ ਵੀ ਮੋਬਾਇਲਾਂ ਤੇ ਖੋਜ ਕਰਕੇ ਪੜ੍ਹ ਰਹੇ ਹਨ, ਜੋ ਕਿ ਚਿੰਤਾ ਦਾ ਵਿਸ਼ਾ ਹੈ। ਲਾਇਬ੍ਰੇਰੀ ਜਾਂ ਪੁਸਤਕ ਮੇਲੇ ਵਿੱਚ ਬੱਚਿਆਂ ਨੂੰ ਜਾਣਾ ਚਾਹੀਦਾ ਹੈ। ਮਾਂ-ਬਾਪ ਦੀ ਅਹਿਮ ਜ਼ਿੰਮੇਵਾਰੀ ਬਣ ਜਾਂਦੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਲਾਇਬ੍ਰੇਰੀ ਵਿੱਚ ਜ਼ਰੂਰ ਲੈ ਕੇ ਜਾਣ। ਪੁਸਤਕ ਮੇਲੇ ਵਿੱਚ ਜੋ ਵੀ ਕਿਤਾਬ ਬੱਚਿਆਂ ਨੂੰ ਪਸੰਦ ਆਉਂਦੀ ਹੈ, ਉਹ ਘਰ ਲੈ ਕੇ ਜ਼ਰੂਰ ਆਉਣ। ਅੱਜ ਨੌਜਵਾਨਾਂ ਅੰਦਰ ਬਜ਼ੁਰਗਾਂ ਪ੍ਰਤੀ ਸਤਿਕਾਰ ਬਹੁਤ ਘਟ ਗਿਆ ਹੈ। ਬੱਚੇ ਬਾਹਰ ਦੇ ਖਾਣੇ ਨੂੰ ਜ਼ਿਆਦਾ ਤਰਜੀਹ ਦਿੰਦੇ ਹਨ। ਘਰ ਦਾ ਖਾਣਾ ਬੱਚਿਆਂ ਨੂੰ ਬਿਲਕੁਲ ਵੀ ਪਸੰਦ ਨਹੀਂ ਹੈ। ਜਿੰਨੇ ਵੀ ਇਹ ਚਾਈਨੀਜ਼ ਫੂਡ ਹਨ ਇਹ ਸਿਹਤ ਲਈ ਬਹੁਤ ਜ਼ਿਆਦਾ ਖ਼ਤਰਨਾਕ ਹਨ। ਮਾਂ-ਬਾਪ ਦੀ ਵੀ ਅਹਿਮ ਜ਼ਿੰਮੇਵਾਰੀ ਬਣ ਜਾਂਦੀ ਹੈ ਕਿ ਉਹ ਘਰ ਦਾ ਬਣਿਆ ਖਾਣਾ ਹੀ ਬੱਚਿਆਂ ਨੂੰ ਖੁਆਣ। ਅੱਜ ਮਾਂ ਬਾਪ ਨੂੰ ਇੰਨਾ ਹੱਕ ਵੀ ਨਹੀਂ ਰਿਹਾ ਕਿ ਉਹ ਆਪਣੇ ਬੱਚਿਆਂ ਨੂੰ ਝਿੜਕ ਦੇਣ। ਪੁਰਾਣੇ ਵੇਲਿਆਂ ਵਿੱਚ ਜੇ ਕੋਈ ਬੱਚਾ ਗਲਤ ਚੱਲਦਾ ਸੀ ਤਾਂ ਉਸ ਨੂੰ ਘਰ ਦੇ ਵੱਡੇ ਬਜ਼ੁਰਗ ਝਿੜਕ ਦਿੰਦੇ ਸਨ। ਅੱਜ ਪੰਜਾਬ ਵਿੱਚ ਨਸ਼ਿਆਂ ਦਾ ਛੇਵਾਂ ਦਰਿਆ ਵਗ ਰਿਹਾ ਹੈ। ਚਿੱਟੇ ਦੀ ਓਵਰਡੋਜ਼ ਕਾਰਨ ਹਰ ਰੋਜ਼ 2 ਜਾਂ 4 ਮੌਤਾਂ ਹੋ ਰਹੀਆਂ ਹਨ।

-ਸੰਜੀਵ ਸਿੰਘ ਸੈਣੀ, ਮੋਹਾਲੀ, 78889-66168

# ਲੋਕਾਂ ਦੇ ਪਿਆਰ ਅੱਗੇ ਸਭ ਸਿਆਸੀ ਸਾਜ਼ਿਸ਼ਾਂ ਨਾਕਾਮ ਹੋਈਆਂ : ਭਗਵੰਤ ਮਾਨ

## ਪਿੰਡ ਦੇ ਵਿਕਾਸ ਲਈ 51 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਭੇਟ



**ਮਹਿਲ ਕਲ (ਪ੍ਰਦੀਪ ਸਿੰਘ ਲੋਹਗੜ੍ਹ)** ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਕੋਈ ਵੀ ਘਪਲਾ ਨਹੀਂ ਹੋਇਆ ਕਿਉਂਕਿ ਹੁਣ ਅਸਲ ਵਿੱਚ ਪੰਜਾਬ ਦਾ ਵਿਕਾਸ ਹੋ ਰਿਹਾ ਹੈ, ਪੰਜਾਬ ਨੂੰ ਮੁੜ ਤੋਂ ਤਰੱਕੀ ਤੇ ਖੁਸ਼ਹਾਲੀ ਦੀਆਂ ਲੀਹਾਂ 'ਤੇ ਤੋਰਨ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।ਇਹ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਇੱਥੇ ਸ਼ਹੀਦ ਬਾਬਾ ਜੰਗ ਸਿੰਘ ਪਾਰਕ ਨੇੜੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਲੋਕਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ 15 ਅਗਸਤ ਤੋਂ ਬਾਅਦ ਸਰਪੰਚਾਂ ਨੂੰ 10 ਹਜ਼ਾਰ ਰੁਪਏ ਮਹੀਨਾ ਤਨਖਾਹ ਮਿਲਿਆ ਕਰੇਗੀ ਅਤੇ ਸੂਬੇ ਵਿੱਚ ਮੁਹੱਲਾ ਕਲੀਨਿਕ ਤੇ ਨਵੇਂ ਸਕੂਲ ਲਗਾਤਾਰ ਖੁੱਲ੍ਹ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਇਨ੍ਹਾਂ ਲੋਕ-ਪੱਖੀ ਨੀਤੀਆਂ ਕਾਰਨ ਹੀ ਕਾਂਗਰਸ ਅਤੇ ਅਕਾਲੀ ਦਲ ਵਾਲੇ ਤੜਫੇ ਫਿਰਦੇ ਹਨ ਤੇ ਉਨ੍ਹਾਂ (ਭਗਵੰਤ ਮਾਨ) ਨੂੰ ਹਰਾਉਣ ਲਈ ਤਰ੍ਹਾਂ-ਤਰ੍ਹਾਂ ਦੀਆਂ ਚਾਲਾਂ ਚੱਲ ਰਹੇ ਹਨ।ਉਨ੍ਹਾਂ ਵਿਰੋਧੀਆਂ 'ਤੇ ਬੁਖਲਾਹਟ ਵਿੱਚ ਆ ਕੇ ਨਕਲੀ ਵੀਡੀਓਜ਼ ਰਾਹੀਂ ਧਾਰਮਿਕ ਤੌਰ 'ਤੇ ਬਦਨਾਮ ਕਰਨ ਦੇ ਇਲਜ਼ਾਮਬਾਜ਼ੀ ਕਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਲੋਕਾਂ ਦੇ ਪਿਆਰ ਸਦਕਾ ਉਨ੍ਹਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਕਿਉਂਕਿ ਲੋਕਾਂ ਦੇ ਪਿਆਰ ਅੱਗੇ ਸਭ ਸਿਆਸੀ ਸਾਜ਼ਿਸ਼ਾਂ ਨਾਕਾਮ ਹਨ।ਸੁਖਬੀਰ ਸਿੰਘ ਬਾਦਲ 'ਤੇ ਸਿੱਧਾ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੇ ਬਾਬੇ ਨਾਨਕ ਦੀ ਤੱਕੜੀ ਸਮਝ ਕੇ ਅਕਾਲੀ ਦਲ ਨੂੰ ਵੋਟਾਂ ਪਾਈਆਂ ਸਨ, ਪਰ ਇਨ੍ਹਾਂ ਨੇ ਬੇਅਦਬੀਆਂ ਕਰਾਈਆਂ, ਜਦਕਿ ਮੌਜੂਦਾ ਸਰਕਾਰ ਨੇ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਕਾਨੂੰਨ ਬਣਾ ਕੇ 50 ਲੱਖ ਰੁਪਏ ਦਾ ਜ਼ੁਰਮਾਨਾ ਲਾਇਆ ਹੈ ਤਾਂ ਜੁ ਦੋਸ਼ੀ ਆਖਰੀ ਸਾਹ ਤੱਕ ਜੇਲ੍ਹ ਵਿੱਚ ਸੜਨ ਅਤੇ ਅਜਿਹੇ ਅਪਰਾਧੀਆਂ ਨਾਲ ਜੇਲ੍ਹ ਵਿੱਚ ਕਿਸੇ ਨੂੰ ਮੁਲਾਕਾਤ ਵੀ ਨਹੀਂ ਕਰਨ ਦਿੱਤੀ ਜਾਵੇਗੀ। ਸੁਖਬੀਰ ਬਾਦਲ ਦੇ 'ਸਾਡੀ ਵਾਰੀ ਆ ਲੈਣ ਦਿਓ' ਵਾਲੇ ਬਿਆਨ 'ਤੇ ਪਲਟਵਾਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਵਾਰੀ ਜ਼ਰੂਰ ਆਵੇਗੀ, ਪਰ ਉਹ ਵਾਰੀ ਨਾਭਾ ਜੇਲ੍ਹ ਜਾਣ ਦੀ ਹੋਵੇਗੀ, ਜਦਕਿ ਦੂਜੇ ਪਾਸੇ ਕਾਂਗਰਸ ਦੀ ਹਾਲਤ ਵੀ ਬੇਹੱਦ ਤਰਸਯੋਗ ਹੈ ਤੇ ਉਹ ਆਪਣੇ ਆਖਰੀ ਸਾਹਾਂ 'ਤੇ ਹੈ।

ਉਨ੍ਹਾਂ ਲੋਕਾਂ ਨੂੰ ਘਰ-ਘਰ 10 ਲੱਖ ਰੁਪਏ ਵਾਲੇ ਕਾਰਡ ਬਣਾਉਣ ਦੀ ਅਪੀਲ ਵੀ ਕੀਤੀ।ਇਸ ਦੌਰਾਨ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਨਿੱਜ ਤੋਂ ਉੱਪਰ ਉੱਠ ਕੇ ਇਲਾਕੇ ਦਾ ਵਿਕਾਸ ਕਰਾਇਆ ਹੈ।ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਤੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਹਿੱਤਾਂ ਵਿੱਚ ਅਜਿਹੇ ਇਤਿਹਾਸਕ ਫ਼ੈਸਲੇ ਲਏ ਹਨ, ਜਿਨ੍ਹਾਂ ਨੇ ਹਰ ਵਰਗ ਦੇ ਲੋਕਾਂ ਵਿੱਚ ਉਨ੍ਹਾਂ ਦੀ ਹਰਮਪਿਆਰਤਾ ਨੂੰ ਹੋਰ ਵਧਾ ਦਿੱਤਾ ਹੈ ਤੇ ਉਨ੍ਹਾਂ ਸਰਕਾਰ ਵੱਲੋਂ ਕੀਤੇ ਗਏ ਪੰਜਾਬ ਹਿਤੈਸ਼ੀ ਕਾਰਜਾਂ ਦਾ ਵਿਸਥਾਰਪੂਰਵਕ ਜ਼ਿਕਰ ਕੀਤਾ।

# ਅਮਰਨਾਥ ਯਾਤਰਾ ਦੇ ਸ਼ਰਧਾਲੂਆਂ ਦੇ ਟੈਂਪੂ ਟ੍ਰੈਵਲਰ ਦੀ ਖੜ੍ਹੇ ਟਰੱਕ ਨਾਲ ਟੱਕਰ, ਚਾਰ ਮੌਤਾਂ, ਕਈ ਜ਼ਖਮੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਦੇ ਬਠਿੰਡਾ-ਡੱਬਵਾਲੀ ਰਾਸ਼ਟਰੀ ਰਾਜਮਾਰਗ 'ਤੇ ਦਰਦਨਾਕ ਸੜਕ ਹਾਦਸੇ ਵਿੱਚ ਅਮਰਨਾਥ ਯਾਤਰਾ ਤੇ ਗਏ ਚਾਰ ਸ਼ਰਧਾਲੂਆਂ ਦੀ ਮੌਤ



ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਇਹ ਹਾਦਸਾ ਜੋਧਪੁਰ ਰੋਮਾਣਾ ਪਿੰਡ ਦੇ ਨੇੜੇ ਉਸ ਸਮੇਂ ਵਾਪਰਿਆ, ਜਦੋਂ ਸ਼ਰਧਾਲੂਆਂ ਨੂੰ ਲੈ ਕੇ ਜਾ ਰਿਹਾ ਇੱਕ ਮੈਟਾਡੋਰ ਟੈਂਪੂ ਟ੍ਰੈਵਲਰ ਇੱਕ ਖੜੇ ਟਰੱਕ (ਟ੍ਰੇਲਰ) ਨਾਲ ਟਕਰਾ ਗਿਆ।ਟੱਕਰ ਏਨੀ ਜ਼ਬਰਦਸਤ ਸੀ ਕਿ ਮੈਟਾਡੋਰ ਦਾ ਅਗਲਾ ਹਿੱਸਾ ਪੂਰੀ ਤਰ੍ਹਾਂ ਨੁਕਸਾਨਿਆ ਗਿਆ ਤੇ ਕਈ ਯਾਤਰੀ ਗੱਡੀ ਦੇ ਅੰਦਰ ਫਸ ਗਏ।

ਰਿਪੋਰਟਾਂ ਅਨੁਸਾਰ, ਮੈਟਾਡੋਰ ਲਗਭਗ 12 ਸ਼ਰਧਾਲੂਆਂ ਨੂੰ ਲੈ ਕੇ ਜਾ ਰਿਹਾ ਸੀ ਜੋ ਰਾਜਸਥਾਨ ਦੇ ਬਾੜਮੇਰ ਤੋਂ ਪਵਿੱਤਰ ਅਮਰਨਾਥ ਯਾਤਰਾ ਲਈ ਰਵਾਨਾ ਹੋਏ ਸਨ।ਬੁੱਧਵਾਰ ਸਵੇਰੇ 4 ਤੋਂ 5 ਵਜੇ ਦੇ ਵਿਚਕਾਰ ਹੋਏ ਇਸ ਹਾਦਸੇ ਵਿੱਚ ਤਿੰਨ ਸ਼ਰਧਾਲੂਆਂ ਦੀ ਮੌਕੇ 'ਤੇ ਹੀ ਇੱਕ ਦੀ ਹਸਪਤਾਲ ਹੀ ਮੌਤ ਗਈ, ਜਦੋਂ ਕਿ ਹੋਰ ਗੰਭੀਰ ਜ਼ਖਮੀ ਹੋ ਗਏ। ਹਾਦਸੇ ਦੀ ਸੂਚਨਾ ਮਿਲਦੇ ਹੀ ਸੰਗਤ ਥਾਣੇ ਦੀ ਪੁਲਿਸ, ਸਮਾਜ ਸੇਵੀ ਸੰਸਥਾ ਸਹਾਰਾ ਜਨ ਸੇਵਾ ਦੀਆਂ ਟੀਮਾਂ ਅਤੇ ਸਥਾਨਕ ਨਿਵਾਸੀ ਮੌਕੇ 'ਤੇ ਪਹੁੰਚੇ।ਰਾਹਤ ਤੇ ਬਚਾਅ ਕਾਰਜ ਸ਼ੁਰੂ ਹੋ ਗਏ ਤੇ ਜ਼ਖਮੀਆਂ ਨੂੰ ਤੁਰੰਤ ਗੱਡੀ ਵਿੱਚੋਂ ਕੱਢਿਆ ਗਿਆ ਅਤੇ ਬਠਿੰਡਾ ਸਿਵਲ ਹਸਪਤਾਲ ਲਿਜਾਇਆ ਗਿਆ।ਕੁੱਝ ਗੰਭੀਰ ਜ਼ਖਮੀ ਯਾਤਰੀਆਂ ਨੂੰ ਅਗਲੇ ਇਲਾਜ ਲਈ ਏਮਜ਼, ਬਠਿੰਡਾ ਰੈਫਰ ਕਰ ਦਿੱਤਾ ਗਿਆ ਹੈ।ਸੰਗਤ ਪੁਲਸ ਸਟੇਸ਼ਨ ਦੇ ਐਸਐਚਓ ਜਗਦੀਪ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਮੈਟਾਡੋਰ ਸੜਕ ਕਿਨਾਰੇ ਖੜ੍ਹੇ ਇੱਕ ਟਰੱਕ ਨਾਲ ਟਕਰਾ ਗਿਆ ਸੀ। ਹਾਲਾਂਕਿ ਹਾਦਸੇ ਦਾ ਸਹੀ ਕਾਰਨ ਵਿਸਥਾਰਤ ਜਾਂਚ ਤੋਂ ਬਾਅਦ ਹੀ ਪਤਾ ਲੱਗੇਗਾ।ਪੁਲਸ ਨੇ ਮ੍ਰਿਤਕਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸੂਚਿਤ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।ਪ੍ਰਸ਼ਾਸਨ ਦਾ ਕਹਿਣਾ ਹੈ ਕਿ ਘਟਨਾ ਦੇ ਸਾਰੇ ਪਹਿਲੂਆਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਮ੍ਰਿਤਕਾਂ ਅਤੇ ਜ਼ਖਮੀਆਂ ਬਾਰੇ ਵਿਸਤ੍ਰਿਤ ਜਾਣਕਾਰੀ ਅਧਿਕਾਰਤ ਪੁਸ਼ਟੀ ਤੋਂ ਬਾਅਦ ਜਾਰੀ ਕੀਤੀ ਜਾਵੇਗੀ।ਇਹ ਹਾਦਸਾ ਇੱਕ ਵਾਰ ਫਿਰ ਰਾਸ਼ਟਰੀ ਰਾਜਮਾਰਗਾਂ 'ਤੇ ਖੜੇ ਭਾਰੀ ਵਾਹਨਾਂ ਦੁਆਰਾ ਪੈਦਾ ਹੋਣ ਵਾਲੇ ਖ਼ਤਰਿਆਂ ਤੇ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਦੀ ਜ਼ਰੂਰਤ ਬਾਰੇ ਗੰਭੀਰ ਸਵਾਲ ਖੜੇ ਕਰਦਾ ਹੈ।

# ਅਮਨ ਅਰੋੜਾ, ਹਰਦੀਪ ਸਿੰਘ ਮੁੰਡੀਆਂ ਤੇ ਮਨੀਸ਼ ਸਿਸੋਦੀਆ ਨੇ ਸਨਾਤਨ ਭਵਨ ਦੇ ਨਿਰਮਾਣ ਦੀ ਕਰਵਾਈ ਸ਼ੁਰੂਆਤ

**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਸਰਕਾਰ ਵੱਲੋਂ ਹਲਕਾ ਲੁਧਿਆਣਾ ਉੱਤਰੀ ਦੇ ਵਿਕਾਸ ਨੂੰ ਨਵੀਂ ਦਿਸ਼ਾ ਅਤੇ ਇਲਾਕਾ ਵਾਸੀਆਂ ਨੂੰ ਵੱਡਾ ਤੋਹਫਾ ਦਿੰਦਿਆਂ ਬੁੱਧਵਾਰ ਨੂੰ ਛਾਉਣੀ ਮੁਹੱਲਾ, ਲੁਧਿਆਣਾ ਵਿਖੇ ਕਰੀਬ 1.30 ਕਰੋੜ ਰੁਪਏ ਦੀ ਲਾਗਤ ਨਾਲ ਆਧੁਨਿਕ ਸਨਾਤਨ ਭਵਨ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ (ਭੂਮੀ ਪੂਜਨ) ਕੀਤਾ ਗਿਆ।ਇਸ ਮਹੱਤਵਪੂਰਨ ਪ੍ਰੋਜੈਕਟ ਦਾ ਭੂਮੀ ਪੂਜਨ ਸੰਤ ਸਮਾਜ ਦੀ ਹਾਜ਼ਰੀ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ, ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਭਾਰੀ ਮਨੀਸ਼ ਸਿਸੋਦੀਆ ਅਤੇ ਹਲਕਾ ਲੁਧਿਆਣਾ ਉੱਤਰੀ ਦੇ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਸਾਂਝੇ ਤੌਰ 'ਤੇ ਕੀਤਾ।ਇਸ ਮੌਕੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ, ਨਗਰ ਨਿਗਮ ਦੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਨਗਰ ਨਿਗਮ ਦੇ ਕਮਿਸ਼ਨਰ ਉਜਸਵੀ ਅਲੰਕਾਰ ਵੀ ਮੌਜੂਦ ਸਨ।ਇਸ ਮੌਕੇ ਅਮਨ ਅਰੋੜਾ ਨੇ ਕਿਹਾ ਕਿ ਸਨਾਤਨ ਭਵਨ ਜਿਸ ਦਾ ਕੁੱਲ ਖੇਤਰਫਲ ਕਰੀਬ 10500 ਵਰਗ ਫੁੱਟ ਹੈ ਜਿਸ ਵਿਚ ਕਰੀਬ 6600 ਵਰਗ ਫੁੱਟ ਰਕਬੇ ਵਿੱਚ ਸਨਾਤਨ ਭਵਨ ਦੀ ਉਸਾਰੀ ਕੀਤੀ ਜਾਵੇਗੀ ਜਿਸ 'ਤੇ ਕਰੀਬ 1.30 ਕਰੋੜ ਰੁਪਏ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਸਨਾਤਨ ਭਵਨ ਦੀ ਇਮਾਰਤ ਤਿਆਰ ਹੋਣ 'ਤੇ ਧਾਰਮਿਕ, ਸਮਾਜਿਕ, ਸੱਭਿਆਚਾਰਕ ਤੇ ਭਾਈਚਾਰਕ ਗਤੀਵਿਧੀਆਂ ਦਾ ਮਹੱਤਵਪੂਰਨ ਕੇਂਦਰ ਬਣੇਗੀ।ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਬਿਨਾਂ ਕਿਸੇ ਭੇਦਭਾਵ ਦੇ ਹਰ ਖੇਤਰ ਵਿੱਚ ਵਿਕਾਸ ਕਰਵਾ ਰਹੀ ਹੈ।ਉਨ੍ਹਾਂ ਕਿਹਾ ਕਿ ਲੁਧਿਆਣਾ ਸ਼ਹਿਰ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ, ਧਾਰਮਿਕ ਸਥਾਨਾਂ ਦੇ ਵਿਕਾਸ ਅਤੇ ਲੋਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਸਨਾਤਨ ਭਵਨ ਸਮਾਜਿਕ ਏਕਤਾ ਅਤੇ ਭਾਈਚਾਰਕ ਸਾਂਝ ਦਾ ਪ੍ਰਤੀਕ ਬਣੇਗਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਅਹਿਮ ਵਿਰਾਸਤ ਸਾਬਤ ਹੋਵੇਗਾ।ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਮਕਸਦ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਲੁਧਿਆਣਾ ਵਿੱਚ ਸਨਾਤਨ ਭਵਨ ਦਾ ਭੂਮੀ ਪੂਜਨ ਕਰਕੇ ਨਿਰਮਾਣ ਕਰਨ ਦੀ ਸ਼ੁਰੂਆਤ ਕੀਤੀ ਗਈ ਹੈ।ਬਹੁਤ ਜਲਦੀ ਹੀ ਇਸ ਸਨਾਤਨ ਭਵਨ ਦਾ ਕੰਮ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।ਇਸ ਕਾਰਜ ਲਈ ਮੈਂ ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਹਲਕਾ ਉੱਤਰੀ ਦੇ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੂੰ ਵਧਾਈ ਦਿੰਦਾ ਹਾਂ ਜਿਨ੍ਹਾਂ ਨੇ ਬਹੁਤ ਹੀ ਸਮਝਦਾਰੀ ਅਤੇ ਸੂਝਬੂਝ ਨਾਲ ਸਨਾਤਨ ਭਵਨ ਦੀ ਉਸਾਰੀ ਕਰਨ ਦਾ ਕੰਮ ਸ਼ੁਰੂ ਕੀਤਾ ਹੈ।ਉਹਨਾਂ ਕਿਹਾ ਕਿ ਅੱਜ ਪੰਜਾਬ ਲਈ ਬਹੁਤ ਵੱਡਾ ਦਿਨ ਹੈ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਹੋਈ ਹੈ। ਇਸ ਮੌਕੇ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕੇ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਅੱਜ ਪੂਰਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਛਾਉਣੀ ਮੁਹੱਲਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਇੱਕ ਵਿਸ਼ਾਲ ਅਤੇ ਆਧੁਨਿਕ ਸਨਾਤਨ ਭਵਨ ਦੀ ਲੋੜ ਸੀ ਜੋ ਅੱਜ ਪੂਰੀ ਹੋਈ ਹੈ।



## ਕਾਤਰਾਂ

### ਮਾਨਸਾ ਦੇ ਸੰਯੋਗ ਪ੍ਰੀਤ ਸਿੰਘ ਯੂਥ ਕਾਂਗਰਸ ਪੰਜਾਬ ਦੇ ਬਣੇ ਜਨਰਲ ਸਕੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਦੇ ਨੌਜਵਾਨ ਕਾਂਗਰਸੀ ਆਗੂ ਸੰਯੋਗ ਪ੍ਰੀਤ ਸਿੰਘ ਡੇਵੀ ਦੰਦੀਵਾਲ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਚੁਣੇ ਗਏ ਹਨ।ਉਨ੍ਹਾਂ ਨੇ ਯੂਥ ਕਾਂਗਰਸ ਪੰਜਾਬ ਦੀ ਚੋਣ 'ਚ ਰਿਕਾਰਡ ਤੋੜ ਵੋਟਾਂ ਲੈ ਕੇ ਜਿੱਤ ਹਾਸਲ ਕੀਤੀ ਹੈ।ਇਸ ਤੋਂ ਪਹਿਲਾਂ ਉਹ ਯੂਥ ਕਾਂਗਰਸ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ ਰਹਿ ਚੁੱਕੇ ਹਨ। ਜ਼ਿਕਰਯੋਗ ਹੈ ਕਿ ਉਨ੍ਹਾਂ ਦੇ ਪਿਤਾ ਸੰਤਾ ਸਿੰਘ ਦੰਦੀਵਾਲ ਕੋਆਪਰੇਟਿਵ ਬੈਂਕ ਮਾਨਸਾ ਦੇ ਡਾਇਰੈਕਟਰ ਰਹਿ ਚੁੱਕੇ ਹਨ।ਸੰਯੋਗ ਪ੍ਰੀਤ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਕਾਂਗਰਸ ਪਾਰਟੀ ਧਰਮ ਨਿਰਪੱਖ ਤੇ ਸਮਾਜ ਦੇ ਸਾਰੇ ਵਰਗਾਂ ਦੀ ਸਰਬਸਾਂਝੀ ਪਾਰਟੀ ਹੈ।ਉਨ੍ਹਾਂ ਕਿਹਾ ਕਿ ਦੇਸ਼ ਦਾ ਨੌਜਵਾਨ ਕਾਂਗਰਸ ਪਾਰਟੀ ਦੀ ਸਰਕਾਰ 'ਚ ਆਪਣਾ ਭਵਿੱਖ ਦੇਖ ਰਿਹਾ ਹੈ।ਨਵ ਨਿਯੁਕਤ ਪ੍ਰਧਾਨ ਨੇ ਕਿਹਾ ਕਿ ਉਹ ਨੌਜਵਾਨ ਵਰਗ ਨੂੰ ਨਾਲ ਲੈ ਕੇ ਚੱਲਣਗੇ ਤੇ ਨੌਜਵਾਨਾਂ 'ਚ ਇਸ ਸਮੇਂ ਕਾਂਗਰਸ ਪਾਰਟੀ ਪ੍ਰਤੀ ਭਾਰੀ ਉਤਸ਼ਾਹ ਵੀ ਪਾਇਆ ਜਾ ਰਿਹਾ ਹੈ।ਜ਼ਿਲਾ ਕਾਂਗਰਸ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਸੰਯੋਗ ਪ੍ਰੀਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਆਉਂਣ ਵਾਲਾ ਸਮਾਂ ਨੌਜਵਾਨਾਂ ਦਾ ਹੈ ਤੇ ਕਾਂਗਰਸ ਪਾਰਟੀ ਮਹਿਸੂਸ ਕਰਦੀ ਹੈ ਕਿ ਨੌਜਵਾਨਾਂ ਦੀ ਵੱਡੀ ਸ਼ਮੂਲੀਅਤ ਨਾਲ ਹੀ ਦੇਸ਼ ਅਤੇ ਇੱਥੋਂ ਦੀ ਜਨਤਾ ਦਾ ਭਵਿੱਖ ਉਂਜਵਲ ਹੋ ਸਕਦਾ ਹੈ।

### ਛੁੱਟੀਆਂ 'ਚ ਬੱਚਿਆਂ ਦੀ ਗੁਰਮਤਿ ਕਲਾਸ



**ਬੁਢਲਾਡਾ (ਅਸ਼ੋਕ ਲਾਕੜਾ)**-ਗਰਮੀਆਂ ਦੀਆਂ ਛੁੱਟੀਆਂ ਵਿੱਚ ਬਚਿਆਂ ਨੂੰ ਨੈਤਿਕ ਗਿਆਨ ਦੇਣ ਅਤੇ ਮਹਾਨ ਸਿੱਖ ਇਤਿਹਾਸ ਨਾਲ ਜੋੜਨ ਲਈ ਗੁਰੂਕੁਲ ਸਕੂਲ ਦੀ ਮੈਡਮ ਰਮਨਦੀਪ ਕੌਰ ਵਲੋਂ ਇੱਕ ਗੁਰਮਤਿ ਕਲਾਸ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿੱਚ ਲਗਾਈ ਗਈ ਜਿਸ ਵਿੱਚ ਲਗਭਗ 50 ਬੱਚੇ ਰੋਜਾਨਾ ਲਾਹਾ ਪ੍ਰਾਪਤ ਕਰਨ ਆਉਂਦੇ ਰਹੇ।ਬੱਚਿਆਂ ਨੂੰ ਮਹਾਨ ਸ਼ਹੀਦਾਂ ਦਾ ਇਤਿਹਾਸ, ਗੁਰੂਆਂ ਦੀਆਂ ਜੀਵਨੀਆਂ ਅਤੇ ਨੈਤਿਕ ਗਿਆਨ ਬਾਰੇ ਜਾਣਕਾਰੀ ਦੇਣ ਦੇ ਨਾਲ ਨਾਲ ਗੁਰਬਾਣੀ ਪੜ੍ਹਾਈ ਗਈ। ਅੰਤਿਮ ਦਿਨ ਵਿਸ਼ੇਸ਼ ਤੌਰ 'ਤੇ ਪਹੁੰਚੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਮੁਖੀ ਮਾਸਟਰ ਕੁਲਵੰਤ ਸਿੰਘ, ਧੰਨ ਗੁਰੂ ਨਾਨਕ ਸਤਿਸੰਗ ਸਭਾ ਦੇ ਮੁਖੀ ਪਰਮਜੀਤ ਸਿੰਘ ਅਨੇਜਾ, ਗੁਰਦੁਆਰਾ ਭਗਤ ਨਾਮਦੇਵ ਜੀ ਦੇ ਆਗੂ ਬਲਬੀਰ ਸਿੰਘ ਕੈਂਥ, ਗੁਰਦੁਆਰਾ ਭਗਤ ਰਵਿਦਾਸ ਜੀ ਦੇ ਆਗੂ ਮਿਸਤਰੀ ਮਿੱਠੂ ਸਿੰਘ ਨੇ ਅਜਿਹੇ ਕਾਰਜ਼ ਦੀ ਸ਼ਲਾਘਾ ਕੀਤੀ ਅਤੇ ਮੈਡਮ ਰਮਨਦੀਪ ਕੌਰ ਨੂੰ ਸਨਮਾਨਿਤ ਕੀਤਾ।ਇਸ ਮੌਕੇ ਮਾਸਟਰ ਕੁਲਵੰਤ ਸਿੰਘ ਨੇ ਵੀ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਸਵਾਲ ਪੁੱਛ ਕੇ ਇਨਾਮ ਦਿੱਤੇ ਅਤੇ ਜੀਵਨ ਸੁਧਾਰ ਲਈ ਚੰਗੀਆਂ ਗਿਆਨ ਦੀਆਂ ਗੱਲਾਂ ਦੱਸੀਆਂ।ਬੱਚਿਆਂ ਨੂੰ ਕਾਪੀਆਂ,ਪੈਨ ਅਤੇ ਗੁਰੂਆਂ ਦਾ ਜੀਵਨ ਬਿਉਰਾ ਵੰਡਿਆ ਗਿਆ। ਇਸ ਮੌਕੇ ਉਪਰੋਕਤ ਤੋਂ ਇਲਾਵਾ ਮੈਡਮ ਕਮਲ ਰਾਣੀ, ਬਿੰਦੂ ਰਾਣੀ, ਪਰਮਿੰਦਰ ਕੌਰ, ਨੱਥਾ ਸਿੰਘ, ਮਹਿੰਦਰਪਾਲ ਸਿੰਘ ਸਮੇਤ ਬੱਚਿਆਂ ਦੀਆਂ ਮਾਵਾਂ ਅਤੇ ਦਾਦੀਆਂ ਹਾਜ਼ਰ ਸਨ।

# ਪਾਵਰਕਾਮ ਦੇ ਗੇਟ ਅੱਗੇ ਆਊਟਸੋਰਸ ਮੁਲਾਜ਼ਮਾਂ ਦਾ ਪ੍ਰਦਰਸ਼ਨ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਪਿਛਲੇ ਦਿਨਾਂ ਤੋਂ ਪਾਵਰਕੌਮ ਦਫਤਰ ਮੂਹਰੇ ਧਰਨਾ ਦੇ ਰਹੇ ਆਊਟਸੋਰਸਜ ਮੁਲਾਜ਼ਮਾਂ ਨੇ ਬੁੱਧਵਾਰ 9 ਵਜੇ ਤੋਂ ਪਹਿਲਾਂ ਹੀ



ਪਾਵਰਕਾਮ ਦਫਤਰ ਦੇ ਗੇਟ ਦਾ ਘਿਰਾਉ ਕਰ ਲਿਆ।ਜਿਸ ਕਾਰਨ 15/20 ਮਿੰਟ ਮੁਲਾਜ਼ਮਾਂ ਨੂੰ ਬਾਹਰ ਹੀ ਖੜੇ ਰਹਿਣਾ ਪਿਆ।ਫਿਰ ਮੌਕੇ ਪੁੱਜੇ ਇਲਾਕੇ ਦੇ ਡੀ ਐੱਸ ਪੀ ਸੰਜੀਵ ਸਿੰਗਲਾ ਨੇ ਦਖਲ ਦਿੰਦਿਆਂ ਗੇਟ ਖੁਲਵਾਏ।ਜਿਸ ਉਪਰੰਤ ਹੀ ਮੁਲਾਜ਼ਮਾਂ ਦਾ ਅੰਦਰ ਦਾਖਲਾ ਯਕੀਨੀ ਬਣਿਆ।ਦੂਜੇ ਪਾਸੇ ਆਪਣੀਆਂ ਮੰਗਾਂ ਦੀ ਪੂਰਤੀ ਲਈ ਪਿਛਲੇ ਦਿਨਾਂ ਤੋਂ ਪਾਵਰਕੌਮ ਦੇ ਪਟਿਆਲਾ ਮੁੱਖ ਦਫਤਰ ਮੂਹਰੇ ਧਰਨਾ ਦੇ ਰਹੇ ਮੀਟਰ ਰੀਡਰਾਂ ਵਿੱਚੋਂ ਕਈ ਮੈਂਬਰ ਬੁੱਧਵਾਰ ਨੂੰ ਇੱਥੇ ਮਾਤਾ ਕਸ਼ਲਿਆ ਹਸਪਤਾਲ ਦੇ ਨੇੜੇ ਸਥਿਤ ਪਾਣੀ ਵਾਲੀ ਟੈਂਕੀ 'ਤੇ ਚੜ ਗਏ ਜਦ ਕਿ ਉਹਨਾਂ ਦੇ ਕਈ ਸਾਥੀ ਹੇਠਾਂ ਧਰਨਾ ਦੇ ਰਹੇ ਹਨ। ਮੀਟਰ ਰੀਡਰ ਹੋਰਨਾਂ ਮੰਗਾਂ ਸਮੇਤ ਇਹ ਮੰਗ ਵੀ ਕਰ ਰਹੇ ਹਨ ਕਿ ਕਈ ਮਹੀਨਿਆਂ ਤੋਂ ਰੋਕੀਆਂ ਉਨ੍ਹਾਂ ਦੀਆਂ ਤਨਖਾਹਾਂ ਤੁਰੰਤ ਜਾਰੀ ਕੀਤੀਆਂ ਜਾਣ।ਯੂਨੀਅਨ ਜਿੱਥੇ ਸਮਾਰਟ ਮੀਟਰਾਂ ਦਾ ਵਿਰੋਧ ਕਰ ਰਹੀ ਹੈ ਉੱਥੇ ਹੀ ਆਪਣੀਆਂ ਸੇਵਾਵਾਂ ਰੈਗੂਲਰ ਕਰਨ ਦੀ ਮੰਗ ਵੀ ਕੀਤੀ ਜਾ ਰਹੀ ਹੈ।

# ਭਗਵੰਤ ਮਾਨ ਸਰਕਾਰ ਨੇ ਔਰਤਾਂ ਦੇ ਖਾਤਿਆਂ 'ਚ ਰਾਸ਼ੀ ਪਾਉਣ ਦੀ ਗਾਰੰਟੀ ਕੀਤੀ ਪੂਰੀ : ਕੋਹਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਹੈ ਕਿ ਮਾਨ ਸਰਕਾਰ ਨੇ ਸੂਬੇ ਦੀਆਂ ਮਾਵਾਂ-ਧੀਆਂ ਦਾ ਅਸਲ ਸਤਿਕਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਔਰਤਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਸਰਕਾਰ ਨੇ ਪੂਰੀ ਤਨਦੇਹੀ ਨਾਲ ਨਿਭਾਇਆ ਹੈ ਅਤੇ ਸੂਬੇ ਦੀਆਂ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਮਾਸਿਕ ਵਿੱਤੀ ਸਹਾਇਤਾ ਰਾਸ਼ੀ ਪਾਉਣ ਦੀ ਇਤਿਹਾਸਕ ਗਾਰੰਟੀ ਨੂੰ ਸਫਲਤਾਪੂਰਵਕ ਪੂਰਾ ਕਰਕੇ ਵਿਖਾਇਆ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੋਹਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇਸ਼ ਦੀ ਇੱਕੋ-ਇੱਕ ਅਜਿਹੀ ਸਿਆਸੀ ਪਾਰਟੀ ਹੈ, ਜੋ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਹਮੇਸ਼ਾ ਔਰਤਾਂ ਨੂੰ ਸਿਰਫ਼ ਵੋਟ ਬੈਂਕ ਵਜੋਂ ਵਰਤਿਆ ਅਤੇ ਚੋਣਾਂ ਤੋਂ ਬਾਅਦ ਉਨ੍ਹਾਂ ਦੀਆਂ ਲੋੜਾਂ ਨੂੰ ਵਿਸਾਰ ਦਿੱਤਾ। ਇਸ ਦੇ ਉਲਟ ਮਾਨ ਸਰਕਾਰ ਨੇ ਸੱਤਾ ਸੰਭਾਲਦਿਆਂ ਹੀ ਔਰਤਾਂ ਦੇ ਸਸ਼ਕਤੀਕਰਨ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਲਈ ਠੋਸ ਕਦਮ ਚੁੱਕੇ ਹਨ।ਵਿਧਾਇਕ ਕੋਹਲੀ ਨੇ ਦੱਸਿਆ ਕਿ ਸਰਕਾਰ ਦੇ ਇਸ ਫੈਸਲੇ ਨਾਲ ਸੂਬੇ ਦੀਆਂ ਔਰਤਾਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਆਖਿਆ ਕਿ ਵਿਰੋਧੀ ਪਾਰਟੀਆਂ ਜੋ ਕਦੇ ਇਸ ਗਾਰੰਟੀ ਨੂੰ ਅਸੰਭਵ ਦੱਸਦੀਆਂ ਸਨ, ਅੱਜ ਮਾਨ ਸਰਕਾਰ ਦੀ ਕਾਰਗੁਜ਼ਾਰੀ ਦੇਖ ਕੇ ਲਾਜਵਾਬ ਹੋ ਚੁੱਕੀਆਂ ਹਨ। ਵਿਧਾਇਕ ਕੋਹਲੀ ਨੇ ਕਿਹਾ ਆਮ ਆਦਮੀ ਪਾਰਟੀ ਦੀ ਸਰਕਾਰ ਦੇਸ਼ ਦੀ ਇੱਕੋ-ਇੱਕ ਅਜਿਹੀ ਸਰਕਾਰ ਹੈ, ਜਿਸ ਨੇ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਆਮ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕੰਮ ਕੀਤਾ ਹੈ। ਮਾਵਾਂ-ਧੀਆਂ ਦੇ ਖਾਤਿਆਂ ਵਿੱਚ ਰਾਸ਼ੀ ਪਾਉਣ ਦੀ ਗਾਰੰਟੀ ਪੂਰੀ ਕਰਨਾ ਇਸ ਗੱਲ ਦਾ ਪ੍ਰਮਾਣ ਹੈ ਕਿ ਸਾਡੀ ਨੀਅਤ ਸਾਫ਼ ਹੈ।ਮੇਅਰ ਕੁੰਦਨ ਗੋਗੀਆ ਨੇ ਕਿਹਾ, ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਮਾਵਾਂ-ਧੀਆਂ ਦੇ ਖਾਤਿਆਂ ਵਿੱਚ ਰਾਸ਼ੀ ਪਾਉਣ ਦੀ ਗਾਰੰਟੀ ਪੂਰੀ ਕਰਕੇ ਇੱਕ ਇਤਿਹਾਸਕ ਮਿਸਾਲ ਕਾਇਮ ਕੀਤੀ ਹੈ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦੇ ਕਹੇ ਅਨੁਸਾਰ, ਆਪ ਸਰਕਾਰ ਦੇਸ਼ ਦੀ ਇੱਕੋ-ਇੱਕ ਅਜਿਹੀ ਸਰਕਾਰ ਹੈ ਜੋ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਪਟਿਆਲਾ ਨਗਰ ਨਿਗਮ ਵੀ ਸਰਕਾਰ ਦੀ ਇਸੇ ਸੋਚ 'ਤੇ ਪਹਿਰਾ ਦਿੰਦਿਆਂ ਸ਼ਹਿਰ ਦੇ ਵਿਕਾਸ ਅਤੇ ਲੋਕ-ਭਲਾਈ ਯੋਜਨਾਵਾਂ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ।

# ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ 'ਤੇ ਮਨਾਇਆ ਜਸ਼ਨ

## ਆਪ ਨੇ ਸਾਰੀਆਂ ਗਰੰਟੀਆਂ ਕੀਤੀਆਂ ਪੂਰੀਆਂ : ਵਿਧਾਇਕ ਰਾਏ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਦੇ ਸ਼ੁਰੂ ਹੋਣ 'ਤੇ ਵਿਧਾਇਕ ਲਖਬੀਰ ਸਿੰਘ ਰਾਏ ਦੇ ਦਫਤਰ ਵਿਖੇ ਜਸ਼ਨ ਮਨਾਏ ਗਏ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਗਿਆ ਅਤੇ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਦੇ ਲਾਂਚ ਹੋਣ ਮੌਕੇ ਔਰਤਾਂ ਨੇ ਨੱਚ ਗਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ।ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਸਾਲ 2022 ਦੇ ਵਿੱਚ ਆਮ ਆਦਮੀ ਪਾਰਟੀ ਨੇ ਸੱਤਾ ਹਾਸਲ ਕੀਤੀ ਸੀ, ਜਨਤਾ ਦੇ ਨਾਲ ਜਿਹੜੇ ਵਾਅਦੇ ਕੀਤੇ ਗਏ ਸਨ, ਸਾਰੇ ਇੱਕ ਇੱਕ ਕਰਕੇ ਪੂਰੇ ਕੀਤੇ ਗਏ ਹਨ। ਜਿੰਨੀਆਂ ਵੀ ਗਰੰਟੀਆਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਦਿੱਤੀਆਂ ਗਈਆਂ ਸਨ, ਉਹ ਸਾਰੀਆਂ ਅੱਜ ਪੂਰੀਆਂ ਹੋ ਗਈਆਂ ਹਨ। ਭਗਵੰਤ ਮਾਨ ਸਰਕਾਰ ਭਾਰਤ ਭਰ ਵਿੱਚੋਂ ਪਹਿਲੀ ਸੂਬਾ ਸਰਕਾਰ ਜਿਸ ਨੇ ਜਨਤਾ ਦੇ ਨਾਲ ਕੀਤੇ ਗਏ ਸਾਰੇ ਵਾਅਦੇ ਪੂਰੇ ਕੀਤੇ ਹਨ।ਇਸ ਮੌਕੇ ਆਮ ਆਦਮੀ ਪਾਰਟੀ ਦੀ ਮਹਿਲਾ ਜ਼ਿਲ੍ਹਾ ਪ੍ਰਧਾਨ ਰੀਨਾ ਰਾਣੀ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਅਸੀਂ ਧੰਨਵਾਦੀ ਹਾਂ ਜਿਨ੍ਹਾਂ ਵੱਲੋਂ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਸ਼ੁਰੂ ਕੀਤੀ ਗਈ ਹੈ।ਇਸ ਸਤਿਕਾਰ ਦੇ ਨਾਲ ਆਮ ਲੋਕਾਂ ਨੇ ਅਮੀਰ ਨਹੀਂ ਹੋ ਜਾਣਾ, ਪਰੰਤੂ ਉਹਨਾਂ ਨੂੰ ਸਤਿਕਾਰ ਦੇਣ ਦੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹਾਂ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਸਰਹਿੰਦ ਦੀ ਪ੍ਰਧਾਨ ਆਸ਼ਾ ਰਾਣੀ, ਮਨਪ੍ਰੀਤ ਕੌਰ ਜਖਵਾਲੀ, ਦਿਲਪ੍ਰੀਤ ਸਿੰਘ ਭੱਟੀ ਰਮੇਸ਼ ਕੁਮਾਰ ਸੋਨੂੰ, ਐਡਵੋਕੇਟ ਕੰਵਰਵੀਰ ਸਿੰਘ ਰਾਏ, ਬੰਟੂ ਮਹੰਦੀਆਂ ਆਦਿ ਵੀ ਹਾਜ਼ਰ ਸਨ।

# ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦਾ ਪ੍ਰਕਾਸ਼ ਦਿਹਾੜਾ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ, ਗੁਰਦੁਆਰਾ ਬਹਾਦਰਗੜ੍ਹ ਸਾਹਿਬ, ਗੁਰਦੁਆਰਾ ਕਰਹਾਲੀ ਸਾਹਿਬ ਸਮੇਤ ਗੁਰਦੁਆਰਾ ਬਾਬਾ ਅਜਾਪਾਲ ਵਿਖੇ ਸੰਗਤਾਂ ਵੱਲੋਂ ਗੁਰੂ ਨਤਮਸਤਕ ਹੋ ਕੇ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ।ਪ੍ਰਕਾਸ਼ ਦਿਹਾੜੇ ਮੌਕੇ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ।ਇਸ ਮੌਕੇ ਪਾਵਨ ਹੁਕਮਨਾਮਾ ਹੈੱਡ ਗ੍ਰੰਥੀ ਗਿਆਨੀ ਫੂਲਾ ਸਿੰਘ ਵੱਲੋਂ ਲਿਆ ਗਿਆ ਤੇ ਹਜ਼ੂਰੀ ਰਾਗੀ ਭਾਈ ਸਤਿੰਦਰ ਸਿੰਘ ਦੇ ਰਾਗੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ।ਗੁਰੂ ਸਾਹਿਬ ਦੇ ਪ੍ਰਕਾਸ਼ ਦਿਹਾੜੇ ਮੌਕੇ ਗੁਰੂ ਦੇ ਲੰਗਰ ਵਿੱਚ ਮਿੱਸੇ ਪ੍ਰਸ਼ਾਦਿਆਂ ਦਾ ਲੰਗਰ ਸੰਗਤਾਂ ਵਿੱਚ ਅਤੁੱਟ ਵਰਤਾਇਆ ਗਿਆ।ਗੁਰਮਤਿ ਸਮਾਗਮ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਬੀਬੀ ਕੁਲਦੀਪ ਕੌਰ ਟੌਹੜਾ ਉਚੇਚੇ ਤੌਰ 'ਤੇ ਪੁੱਜੇ ਸਨ।

ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸੰਗਤਾਂ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਸਾਹਿਬ ਦੇ ਮੀਰੀ ਪੀਰੀ ਦੇ ਸਿਧਾਂਤ ਨੂੰ ਸਮਝਣ ਦੀ ਲੋੜ ਹੈ, ਜਿਨ੍ਹਾਂ ਨੇ ਮੀਰੀ ਪੀਰੀ ਦੇ ਛੇ ਫੁੱਟ ਉੱਚੇ ਪਵਿੱਤਰ ਅਸਥਾਨ ਸ੍ਰੀ ਅਕਾਲ ਤਖਤ ਸਾਹਿਬ ਦੀ ਸਥਾਪਨਾ ਕਰਕੇ ਦਿੱਲੀ ਦੇ ਚਾਰ ਫੁੱਟ ਉੱਚੇ ਤਖਤ ਨੂੰ ਸਿੱਧੀ ਚੁਣੌਤੀ ਦੇ ਕੇ ਨਿਰਬਲ ਤੇ ਕਮਜ਼ੋਰ ਮਨ ਹੋਏ ਭਾਰਤੀਆਂ ਨੂੰ ਇਕ ਨਵਾਂ ਜੋਸ਼ ਤੇ ਜਜ਼ਬਾ ਬਖਸ਼ਿਸ਼ ਕੀਤੀ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਪੁੱਜੀਆਂ ਸ਼ਖਸੀਅਤਾਂ ਦਾ ਸਨਮਾਨ ਕੀਤਾ ਤੇ ਗੁਰੂ ਘਰ ਨਤਮਤਸਕ ਹੋਣ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ।ਇਸ ਦੌਰਾਨ ਗੁਰੂ ਘਰ ਦੇ ਲੰਗਰਾਂ ਵਿਚ ਮਿੱਸੇ ਪ੍ਰਸ਼ਾਦਿਆਂ ਦਾ ਲੰਗਰ ਵੀ ਚਲਾਇਆ ਗਿਆ।ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਤੇ ਲੰਗਰ ਵਿੱਚ ਨਿਰੰਤਰ ਯੋਗਦਾਨ ਪਾਉਣ ਵਾਲੀਆਂ ਸੰਗਤਾਂ ਨਾਲ ਖੁਦ ਪੰਗਤ ਤੇ ਸੰਗਤ ਦਾ ਆਨੰਦ ਵੀ ਮਾਣਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ, ਸਟਾਫ ਤੇ ਸੰਗਤਾਂ ਆਦਿ ਸ਼ਾਮਲ ਸਨ।

# ਸਿਲੇਬਸ 'ਚ ਮਨੂ ਸਮ੍ਰਿਤੀ ਸ਼ਾਮਲ ਕਰਨ ਦਾ ਇਨਕਲਾਬੀ ਕੇਂਦਰ ਵੱਲੋਂ ਤਿੱਖਾ ਵਿਰੋਧ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇਨਕਲਾਬੀ ਕੇਂਦਰ ਪੰਜਾਬ ਨੇ ਐੱਨ ਸੀ ਈ ਆਰ ਟੀ ਵੱਲੋਂ ਸਮਾਜਿਕ ਵਿਗਿਆਨ ਦੀ 9 ਵੀਂ ਜਮਾਤ ਦੀ ਨਵੀਂ ਪੁਸਤਕ ਵਿੱਚ ਮਨੂ ਸਮ੍ਰਿਤੀ ਦੇ ਸ਼ਲੋਕ ਨੂੰ ਸ਼ਾਮਲ ਕਰਨ ਅਤੇ ਇਸ ਦੀ ਕਥਿਤ ਤੌਰ 'ਤੇ ਸਰਾਸਰ ਗ਼ਲਤ ਅਤੇ ਝੂਠੀ ਵਿਆਖਿਆ ਕਰਨ ਦੇ ਫ਼ੈਸਲੇ ਦਾ ਡਟਵਾਂ ਵਿਰੋਧ ਕਰਦਿਆਂ ਇਸ ਨੂੰ ਸਿਲੇਬਸ 'ਚੋਂ ਤੁਰੰਤ ਬਾਹਰ ਕੱਢਣ ਦੀ ਜ਼ੋਰਦਾਰ ਮੰਗ ਕੀਤੀ ਹੈ। ਪ੍ਰੈਸ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇ ਹੁਕਮਾਂ ਤਹਿਤ ਡਾਰਵਿਨ ਦੇ ਵਿਕਾਸਵਾਦ ਦਾ ਸਿਧਾਂਤ 10ਵੀਂ ਜਮਾਤ ਦੇ ਵਿਗਿਆਨ ਪਾਠਕ੍ਰਮ ਵਿੱਚੋਂ ਕੱਢ ਦਿੱਤਾ ਹੈ। 'ਸਮੱਗਰੀ ਤਰਕਸ਼ੀਲਤਾ' ਅਭਿਆਸ ਦੇ ਹਿੱਸੇ ਵਜੋਂ, 10ਵੀਂ ਜਮਾਤ ਦੇ ਅਧਿਆਇ 'ਵਿਰਾਸਤੀ ਅਤੇ ਵਿਕਾਸ' ਦਾ ਨਾਮ ਬਦਲ ਕੇ ਸਿਰਫ਼ 'ਵਿਰਾਸਤੀ' ਕਰ ਦਿੱਤਾ ਗਿਆ ਅਤੇ ਸਾਰੇ ਵਿਕਾਸਵਾਦੀ ਵਿਸ਼ਿਆਂ ਨੂੰ ਸਥਾਈ ਤੌਰ 'ਤੇ ਮਿਟਾ ਦਿੱਤਾ ਗਿਆ। ਨਵੀਂ ਸਿੱਖਿਆ ਨੀਤੀ 2020 ਤਹਿਤ ਸਿੱਖਿਆ ਨੂੰ ਗੈਰ-ਵਿਗਿਆਨਕ ਬਣਾ ਕੇ ਭਗਵਾਂਕਰਨ ਬਹੁਤ ਤੇਜ਼ੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਸੱਭਿਅਕ ਸਮਾਜ ਵਿੱਚ ਸਿੱਖਿਆ ਮਨੁੱਖੀ ਗਿਆਨ ਦਾ ਸਭ ਤੋਂ ਵੱਡਾ ਸ੍ਰੋਤ ਹੈ। ਸਿੱਖਿਆ ਨਾਲ ਹੀ ਮਨੁੱਖ ਨੇ ਨਵੀਆਂ ਲੱਭਤਾਂ ਲੱਭੀਆਂ ਹਨ। ਸੂਬਾ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਅਤੇ ਜਸਵੰਤ ਜੀਰਖ ਨੇ ਕਿਹਾ ਕਿ ਮਨੂ ਸਮ੍ਰਿਤੀ ਅਜਿਹਾ ਗ੍ਰੰਥ ਹੈ, ਜਿਸ ਵਿੱਚ ਵਰਣ ਵੰਡ ਤਹਿਤ ਸਮਾਜ ਅੰਦਰ ਜ਼ਾਤ-ਪਾਤ ਦੇ ਭੇਦ-ਭਾਵ ਦੇ ਨਾਲ-ਨਾਲ ਔਰਤ ਵਿਰੋਧੀ ਮਾਨਸਿਕਤਾ ਦਾ ਥਾਂ-ਥਾਂ ਪ੍ਰਚਾਰ ਕੀਤਾ ਗਿਆ ਹੈ।ਆਗੂਆਂ ਨੇ ਐੱਨ ਸੀ ਈ ਆਰ ਟੀ ਪ੍ਰਬੰਧਕਾਂ ਉੱਤੇ ਭਾਜਪਾ-ਆਰ ਐੱਸ ਐੱਸ ਦੇ ਹਿੰਦੂਵਾਦੀ ਫਿਰਕੂ ਏਜੰਡੇ ਨੂੰ ਲਾਗੂ ਕਰਨ ਅਤੇ ਝੂਠ ਬੋਲਣ ਦਾ ਦੋਸ਼ ਲਗਾਇਆ ਹੈ। ਇਨਕਲਾਬੀ ਕੇਂਦਰ ਪੰਜਾਬ ਨੇ ਸਮੂਹ ਲੋਕ ਪੱਖੀ, ਪ੍ਰਗਤੀਸ਼ੀਲ, ਇਨਕਲਾਬੀ ਜ਼ਮਹੂਰੀ ਸਮਾਜਿਕ ਸੰਸਥਾਵਾਂ ਨੂੰ ਮੋਦੀ ਹਕੂਮਤ ਦੇ ਸਿੱਖਿਆ ਦੇ ਇਸ ਭਗਵਾਂਕਰਨ ਦੇ ਹਮਲੇ ਦਾ ਵਿਰੋਧ ਕਰਨ ਲਈ ਲਾਮਬੰਦ ਹੋਣ ਦਾ ਸੱਦਾ ਦਿੱਤਾ ਹੈ।

# 14 ਲੱਖ ਟਿਊਬਵੈੱਲਾਂ ਵਾਲੇ ਪੰਜਾਬ 'ਚ ਕਿਸਾਨ 8 ਘੰਟਿਆਂ ਦੀ ਥਾਂ 3-4 ਘੰਟੇ ਬਿਜਲੀ ਲਈ ਤਰਸੇ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਭਰ 'ਚ ਬਿਜਲੀ ਕੱਟਾਂ ਖ਼ਿਲਾਫ਼ ਮਜੀਠਾ (ਅੰਮ੍ਰਿਤਸਰ), ਸੰਗਰੂਰ, ਮਾਨਸਾ, ਪਟਿਆਲਾ, ਬਠਿੰਡਾ, ਮੋਗਾ, ਧਨੌਲਾ, ਤਪਾ, ਗੋਇੰਦਵਾਲ ਸਾਹਿਬ, ਕੱਥੂਨੰਗਲ ਤੇ ਸ੍ਰੀ ਮੁਕਤਸਰ ਸਾਹਿਬ ਸਮੇਤ ਕਈ ਥਾਵਾਂ 'ਤੇ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਧਰਨੇ, ਗਰਿੱਡ ਘਿਰਾਓ ਤੇ ਚੱਕਾ ਜਾਮ ਮੁੱਖ ਮੰਤਰੀ ਭਗਵੰਤ ਮਾਨ ਦੇ ਅੱਠ ਘੰਟੇ ਨਿਰੰਤਰ ਬਿਜਲੀ ਤੇ ਪਾਵਰ ਸਰਪਲੱਸ ਪੰਜਾਬ ਦੇ ਦਾਅਵਿਆਂ ਦੀ ਪੂਰੀ ਤਰ੍ਹਾਂ ਪੋਲ ਖੋਲ੍ਹ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਜਨਤਾ ਪਾਰਟੀ ਮੋਗਾ ਦੇ ਜਰਨਲ ਸਕੱਤਰ ਸ਼ਮਸ਼ੇਰ ਸਿੰਘ ਕੈਲਾ ਨੇ ਕੀਤਾ।ਉਨ੍ਹਾਂ ਨਾਲ ਲਖਵੰਤ ਸਿੰਘ ਸਾਫੂਵਾਲਾ ਪ੍ਰਧਾਨ ਕਿਸਾਨ ਮੋਰਚਾ, ਸਤਿੰਦਰਪ੍ਰੀਤ ਸਿੰਘ ਰੌਤੀਆਂ ਪ੍ਰਧਾਨ ਐਸਸੀ ਮੋਰਚਾ, ਯਾਦਵਿੰਦਰ ਸਿੰਘ ਧਾਲੀਵਾਲ ਰਾਜਾ ਸਰਕਲ ਪ੍ਰਧਾਨ ਕਿਸਾਨ ਮੋਰਚਾ, ਹਰਜਿੰਦਰ ਸਿੰਘ ਸੇਖੋਂ ਵਾਈਸ ਪ੍ਰਧਾਨ ਐਸਸੀ ਮੋਰਚਾ, ਗੁਰਸੇਵਕ ਸਿੰਘ ਗਿੱਲ ਬਹੋਨਾ ਵੀ ਮੌਜੂਦ ਸਨ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਝੋਨੇ ਦੀ ਲੁਆਈ ਦੇ ਸੀਜ਼ਨ ਵਿੱਚ ਪੰਜਾਬ ਦੀ ਬਿਜਲੀ ਮੰਗ 14,000 ਤੋਂ 16,000 ਮੈਗਾਵਾਟ ਤੱਕ ਪਹੁੰਚ ਜਾਂਦੀ ਹੈ, ਜਦਕਿ ਸਰਕਾਰ ਦੀ ਸਪਲਾਈ ਤੇ ਲੋਡ ਮੈਨੇਜਮੈਂਟ ਦੀ ਹਕੀਕਤ ਅੱਜ ਸਭ ਦੇ ਸਾਹਮਣੇ ਹੈ।ਪੰਜਾਬ 'ਚ ਲਗਭਗ 13.94 ਲੱਖ ਖੇਤੀਬਾੜੀ ਟਿਊਬਵੈੱਲ ਹਨ, ਜੋ ਖੇਤੀ ਦੀ ਰੀੜ੍ਹ ਦੀ ਹੱਡੀ ਹਨ, ਪਰ ਇਨ੍ਹਾਂ ਲਈ ਲੋੜੀਂਦੀ ਬਿਜਲੀ ਦੇਣ ਵਿੱਚ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਕਿਸਾਨਾਂ ਨੂੰ 8 ਘੰਟੇ ਬਿਜਲੀ ਦੇਣ ਦਾ ਦਾਅਵਾ ਕਰਦੀ ਰਹੀ, ਪਰ ਕਿਸਾਨਾਂ ਨੂੰ ਸਿਰਫ਼ 3 ਤੋਂ 4 ਘੰਟੇ ਹੀ ਟੁੱਟੀ-ਫੁੱਟੀ ਸਪਲਾਈ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਬਿਜਲੀ ਨਾ ਮਿਲਣ ਕਾਰਨ ਕਿਸਾਨ ਮਹਿੰਗਾ ਡੀਜ਼ਲ ਫੂਕ ਕੇ ਜਨਰੇਟਰ ਚਲਾਉਣ ਲਈ ਮਜਬੂਰ ਹਨ।ਇੱਕ ਏਕੜ ਝੋਨੇ ਦੀ ਸਿੰਚਾਈ ਦਾ ਵਾਧੂ ਡੀਜ਼ਲ ਖਰਚਾ ਕਿਸਾਨ ਦੀ ਕਮਰ ਤੋੜ ਰਿਹਾ ਹੈ।ਪਹਿਲਾਂ ਹੀ ਕਰਜ਼ੇ ਹੇਠ ਦਬਿਆ ਅੰਨਦਾਤਾ ਹੁਣ ਸਰਕਾਰ ਦੀ ਨਾਕਾਮੀ ਦੀ ਕੀਮਤ ਆਪਣੀ ਜੇਬ ਤੋਂ ਭਰ ਰਿਹਾ ਹੈ।

# ਦੇਸ਼ ਭਗਤ 'ਵਰਸਿਟੀ ਨੇ ਨਸ਼ਾ ਮੁਕਤ ਭਵਿੱਖ ਲਈ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਸਮਾਜਿਕ ਜ਼ਿੰਮੇਵਾਰੀ ਤੇ ਨੌਜਵਾਨਾਂ ਦੇ ਸਸ਼ਕਤੀਕਰਨ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਦੇਸ਼ ਭਗਤ ਯੂਨੀਵਰਸਿਟੀ ਦੇ ਫੈਕਲਟੀ ਆਫ਼ ਫਾਰਮੇਸੀ ਵੱਲੋਂ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਤੇ ਗੈਰ-ਕਾਨੂੰਨੀ ਤਸਕਰੀ ਵਿਰੋਧੀ ਇੱਕ ਜਾਗਰੂਕਤਾ ਪ੍ਰੋਗਰਾਮ ਕਰਾਇਆ ਗਿਆ।ਸਮਾਰਟ ਕਲਾਸਰੂਮ 'ਚ ਕਰਾਏ ਇਸ ਪ੍ਰੋਗਰਾਮ ਦਾ ਵਿਸ਼ਾ ਸੀ 'ਵਿਸ਼ਵ ਨਸ਼ੀਲੇ ਪਦਾਰਥਾਂ ਦੀ ਸਮੱਸਿਆ : ਲਗਾਤਾਰ ਕਾਇਮ ਮੁੱਦੇ, ਨਵੀਆਂ ਚੁਣੌਤੀਆਂ ਤੇ ਹੱਲ।' ਇਹ ਜਾਗਰੂਕਤਾ ਮੁਹਿੰਮ ਪਲੇਸਬੋ ਕਲੱਬ ਤੇ ਰੈੱਡ ਰਿਬਨ ਕਲੱਬ ਵੱਲੋਂ ਸੰਸਥਾ ਦੀ ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ (ਆਈਆਈਸੀ) ਤੇ ਅੰਦਰੂਨੀ ਗੁਣਵੱਤਾ ਭਰੋਸਾ ਸੈੱਲ (ਆਈਕਿਊਏਸੀ) ਦੇ ਸਹਿਯੋਗ ਨਾਲ ਕਰਾਈ ਗਈ। ਪ੍ਰੋਗਰਾਮ ਦਾ ਸੰਚਾਲਨ ਸ੍ਰੀ ਇਮਾਂਸ਼ੂ ਨੇ ਕੀਤਾ।ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਫੈਕਲਟੀ ਆਫ਼ ਫਾਰਮੇਸੀ ਵੱਲੋਂ ਕੀਤੇ ਇਸ ਜਾਗਰੂਕਤਾ ਉਪਰਾਲੇ ਦੀ ਸ਼ਲਾਘਾ ਕੀਤੀ।

ਬੁਲਾਰਿਆਂ ਨੇ ਨਸ਼ੀਲੇ ਪਦਾਰਥਾਂ ਦੀ ਵਧ ਰਹੀ ਦੁਰਵਰਤੋਂ ਤੇ ਨਵੇਂ ਮਨੋ ਪ੍ਰਭਾਵੀ ਪਦਾਰਥਾਂ ਦੇ ਵਧਦੇ ਖਤਰੇ 'ਤੇ ਚਿੰਤਾ ਜਤਾਉਂਦਿਆਂ ਰੋਕਥਾਮ, ਸ਼ੁਰੂਆਤੀ ਦਖ਼ਲਅੰਦਾਜ਼ੀ, ਸਲਾਹ-ਮਸ਼ਵਰਾ, ਮੁੜ-ਵਸੇਬਾ ਤੇ ਸਮਾਜ ਦੀ ਸਰਗਰਮ ਭਾਗੀਦਾਰੀ ਦੀ ਲੋੜ 'ਤੇ ਜ਼ੋਰ ਦਿੱਤਾ।ਫੈਕਲਟੀ ਆਫ਼ ਫਾਰਮੇਸੀ ਦੇ ਵਿਦਿਆਰਥੀਆਂ ਨੇ ਪੋਸਟਰ ਪ੍ਰਦਰਸ਼ਨੀ ਰਾਹੀਂ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਾਲ ਹੋਣ ਵਾਲੇ ਸਰੀਰਕ, ਮਾਨਸਿਕ, ਸਮਾਜਿਕ ਤੇ ਆਰਥਿਕ ਨੁਕਸਾਨਾਂ, ਮਾਨਸਿਕ ਸਿਹਤ ਨਾਲ ਜੁੜੀਆਂ ਚੁਣੌਤੀਆਂ, ਮੁੜ-ਵਸੇਬਾ ਸੇਵਾਵਾਂ ਤੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੀ ਤਸਕਰੀ ਰੋਕਣ ਲਈ ਕੀਤੀਆਂ ਜਾਣ ਵਾਲੀਆਂ ਕੋਸ਼ਿਸ਼ਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਪ੍ਰਦਰਸ਼ਨੀ ਨੂੰ ਇਸ ਦੇ ਸਪੱਸ਼ਟ ਅਤੇ ਪ੍ਰਭਾਵਸ਼ਾਲੀ ਸੰਦੇਸ਼ ਲਈ ਭਰਪੂਰ ਸ਼ਲਾਘਾ ਮਿਲੀ।ਇੱਕ ਸੰਵਾਦਾਤਮਕ ਜਾਗਰੂਕਤਾ ਸੈਸ਼ਨ ਦੌਰਾਨ ਹਾਜ਼ਰ ਲੋਕਾਂ ਨੂੰ ਨਸ਼ੇ ਦੇ ਕਾਰਨਾਂ, ਇਸ ਦੇ ਨੁਕਸਾਨਦਾਇਕ ਪ੍ਰਭਾਵਾਂ, ਬਚਾਅ ਦੇ ਉਪਾਵਾਂ, ਇਲਾਜ ਦੀਆਂ ਸਹੂਲਤਾਂ ਤੇ ਨਸ਼ਾ ਛੁਡਾਉਣ ਵਿੱਚ ਪਰਿਵਾਰ ਅਤੇ ਸਮਾਜ ਦੀ ਅਹਿਮ ਭੂਮਿਕਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਭਾਗੀਦਾਰਾਂ ਨੂੰ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਤੇ ਸਿਹਤਮੰਦ ਜੀਵਨ-ਸ਼ੈਲੀ ਨੂੰ ਉਤਸ਼ਾਹਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਵਿਦਿਆਰਥੀਆਂ ਤੇ ਅਧਿਆਪਕਾਂ ਦੀ ਅਗਵਾਈ ਹੇਠ ਇੱਕ ਜਾਗਰੂਕਤਾ ਰੈਲੀ ਵੀ ਕੱਢੀ ਗਈ।ਪ੍ਰੋਗਰਾਮ ਦਾ ਸਮਾਪਨ ਵਿਦਿਆਰਥੀਆਂ, ਅਧਿਆਪਕਾਂ ਅਤੇ ਮਹਿਮਾਨਾਂ ਵੱਲੋਂ ਸਿਹਤਮੰਦ, ਸੁਰੱਖਿਅਤ ਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੀ ਸਹੁੰ ਚੁੱਕਣ ਨਾਲ ਹੋਇਆ।

# ਗ੍ਰਾਮ ਪੰਚਾਇਤ ਦੇ ਵਿਕਾਸ ਲਈ 51 ਲੱਖ ਦੀ ਗ੍ਰਾਂਟ ਦਾ ਚੈੱਕ ਸੌਂਪਿਆ

**ਲੁਧਿਆਣਾ (ਸਤੀਸ਼ ਸਚਦੇਵਾ)**

ਸਿੱਖਿਆ ਖੋਜ ਤੇ ਸਿਖਲਾਈ ਸਬੰਧੀ ਕੌਮੀ ਕੌਂਸਲ ਦੀ ਸਮਾਜਿਕ ਵਿਗਿਆਨ ਦੀ ਨਵੀਂ ਪਾਠ ਪੁਸਤਕ ਵਿੱਚ ਮਨੂਸਮ੍ਰਿਤੀ ਦੇ ਸਲੋਕ ਸ਼ਾਮਲ ਕਰਨਾ, ਬੀਜੇਪੀ ਸਰਕਾਰ ਦੀ ਗੈਰ ਵਿਗਿਆਨਕ ਅਤੇ ਔਰਤਾਂ ਪ੍ਰਤੀ ਗੈਰ ਇਖਲਾਕੀ ਮਾਨਸਿਕਤਾ ਦਾ ਪ੍ਰਗਟਾਵਾ ਹੈ।ਜਮਹੂਰੀ ਅਧਿਕਾਰ ਸਭਾ ਪੰਜਾਬ, ਤਰਕਸ਼ੀਲ ਸੁਸਾਇਟੀ ਪੰਜਾਬ ਅਤੇ ਮਹਾਂ ਸਭਾ ਲੁਧਿਆਣਾ ਦੇ ਆਗੂਆਂ ਪ੍ਰੋ ਜਗਮੋਹਨ ਸਿੰਘ, ਜਸਵੰਤ ਜ਼ੀਰਖ ਤੇ ਬਲਕੌਰ ਸਿੰਘ ਗਿੱਲ ਨੇ ਕਿਹਾ ਕਿ ਬੀਜੇਪੀ ਸਰਕਾਰ ਜੋ ਮਨੂੰਸਿਮ੍ਰਤੀ ਪ੍ਰਚੀਨ ਗ੍ਰੰਥ ਨੂੰ, ਨੇਕ ਜੀਵਨ ਤੇ ਸਮਾਜਿਕ ਸ਼੍ਰੇਣੀਆਂ (ਵਰਨਾਂ) ਅਤੇ ਸ਼ਾਸਨ ਦੇ ਨਿਯਮਾਂ ਦੀ ਰੂਪ ਰੇਖਾ ਕਹਿ ਰਹੀ ਹੈ, ਸਰਾਸਰ ਝੂਠ ਬੋਲ ਰਹੀ ਹੈ।

ਵੈਦਿਕ ਕਾਲ ਦੇ ਹਵਾਲੇ ਨਾਲ ਬੀਜੇਪੀ ਨੇ ਔਰਤਾਂ ਦੇ ਸਤਿਕਾਰ ਦੀ ਗੱਲ ਕੀਤੀ ਹੈ, ਜੋ ਗੁੰਮਰਾਹਕੁੰਨ ਹੈ, ਕਿਉਂਕਿ ਉਸ ਵੇਲੇ ਵੀ ਔਰਤ ਨੂੰ ਰਾਜੇ-ਮਹਾਂਰਾਜਿਆਂ, ਜਗੀਰਦਾਰਾਂ ਦੀ ਦਾਸੀ, ਨਿੱਜੀ ਜਾਇਦਾਦ ਸਮਝਿਆ ਜਾਂਦਾ ਸੀ।ਔਰਤ ਬੱਚੇ ਪੈਦਾ ਕਰਨ ਅਤੇ ਮਰਦਾਂ ਨੂੰ ਖੁਸ਼ ਰੱਖਣ ਤੇ ਸੇਵਾ ਕਰਨ ਦੀ ਮਸ਼ੀਨ ਕਹਿਣ ਤੱਕ ਸੀਮਤ ਸੀ।ਮਨੁਸਿਮ੍ਰਿਤੀ, ਜੋ ਰਾਜਸ਼ਾਹੀ ਰਾਜ ਸਥਾਪਤ ਕਰਨ ਵੇਲੇ ਦਾ ਗ੍ਰੰਥ ਹੈ, ਜਿਸ ਨੂੰ ਬੀਜੇਪੀ ਸਰਕਾਰ ਉਸਨੂੰ ਉਸੇ ਮੰਤਵ ਲਈ ਆਪਣਾ ਰਾਜ ਬਰਕਰਾਰ ਰੱਖਣ ਲਈ ਵਰਤਣਾ ਚਾਹੁੰਦੀ ਹੈ।ਅੱਜ ਜਦੋਂ ਇਹ ਮਨੁਸਿਮ੍ਰਿਤੀ ਦਾ ਗੁਣਗਾਨ ਕਰਕੇ ਉਸ ਨੂੰ ਵਿੱਦਿਅਕ ਸਿਲੇਬਸ ਦਾ ਹਿੱਸਾ ਬਣਾਉਣ ਦੀ ਗੱਲ ਕਰ ਰਹੇ ਹਨ ਤਾਂ ਇਸ ਸਰਕਾਰ ਦੇ ਆਪਣੇ ਰਾਜ ਦੌਰਾਨ, ਔਰਤਾਂ ਉੱਪਰ ਜੋ ਅੱਤਿਆਚਾਰ ਇਹਨਾਂ ਦੇ ਆਪਣੇ ਸਰਗਨਿਆਂ ਵੱਲੋਂ ਕੀਤਾ ਜਾ ਰਿਹਾ ਹੈ, ਉਨ੍ਹਾਂ ਦੇ ਹੱਕ ਵਿੱਚ ਬੇਸ਼ਰਮੀ ਨਾਲ ਖੜਨਾ, ਇਹਨਾਂ ਦੇ ਔਰਤ ਪੱਖੀ ਅਖੌਤੀ ਬੁਰਕੇ ਨੂੰ ਲੀਰੋ ਲੀਰ ਕਰ ਚੁੱਕਾ ਹੈ। ਜੇ ਇਸ ਸਰਕਾਰ ਦੇ ਰਾਜ ਦੌਰਾਨ ਅੱਜ ਵੀ ਔਰਤਾਂ ਦੀ ਹੋ ਰਹੀ ਇੱਜ਼ਤ ਬਾਰੇ ਗੱਲ ਕੀਤੀ ਜਾਵੇ ਤਾਂ ਬਿਲਕਸ ਬਾਨੋ ਸਮੇਤ ਕਿੰਨੀਆਂ ਹੀ ਔਰਤ ਵਿਰੋਧੀ ਦਰਿੰਦਗੀ ਭਰੀਆਂ ਘਟਨਾਵਾਂ ਗਿਣਾਈਆਂ ਜਾ ਸਕਦੀਆਂ ਹਨ, ਜਿਨ੍ਹਾਂ ਰਾਹੀਂ ਬੀਜੇਪੀ ਦਾ ਅਸਲ ਚਿਹਰਾ ਬੇਪਰਦ ਹੋ ਜਾਂਦਾ ਹੈ।

ਬਲਾਤਕਾਰੀ, ਅੱਤਿਆਚਾਰੀ, ਵਿਭਚਾਰੀ, ਭ੍ਰਿਸ਼ਟਾਚਾਰੀ ਸਰਗਨਿਆਂ ਦੀਆਂ ਸਜਾਵਾਂ ਮੁਆਫ਼ ਕਰਾਉਣ ਲਈ ਉਹਨਾਂ ਨੂੰ ਸੰਸਕਾਰੀ ਬ੍ਰਾਹਮਣ ਹੋਣ ਦਾ ਸਰਟੀਫਿਕੇਟ ਦੇ ਕੇ ਜੇਲ੍ਹੋਂ ਕਢਾਉਣਾ ਤੇ ਉਹਨਾਂ ਦੇ ਗਲ਼ਾਂ ਵਿੱਚ ਫੁੱਲਾਂ ਦੇ ਹਾਰ ਪਹਿਨਾ ਕੇ, ਮਠਿਆਈਆਂ ਵੰਡ ਕੇ ਸੁਆਗਤ ਕਰਨਾ, ਇਨ੍ਹਾਂ ਦੇ ਔਰਤ ਪ੍ਰਤੀ ਸਨਮਾਨ ਦਾ ਨਮੂਨਾ ਹੈ।

# ਸੀ ਪੀ ਆਈ ਵੱਲੋਂ 'ਬਦਲਾਅ ਜ਼ਰੂਰੀ ਹੈ' ਨਾਅਰੇ ਹੇਠ ਦਿੱਲੀ ਚੱਲੋ ਦਾ ਹੋਕਾ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਵੱਲੋਂ ਕੇਂਦਰ ਦੀ ਮੋਦੀ ਸਰਕਾਰ ਦੀਆਂ ਦੇਸ਼-ਵਿਰੋਧੀ ਤੇ ਲੋਕ-ਵਿਰੋਧੀ ਨੀਤੀਆਂ ਵਿਰੁੱਧ ਆਵਾਜ਼ ਬੁਲੰਦ ਕਰਨ ਅਤੇ ਦੇਸ਼ ਦੇ ਮੌਜੂਦਾ ਹਾਲਾਤ ਨੂੰ ਮੋੜਾ ਦੇਣ ਲਈ 'ਬਦਲਾਓ ਜ਼ਰੂਰੀ ਹੈ' ਦੇ ਨਾਅਰੇ ਹੇਠ ਪਹਿਲੀ ਸਤੰਬਰ ਨੂੰ ਦਿੱਲੀ ਦੇ ਰਾਮ ਲੀਲਾ ਮੈਦਾਨ ਵਿੱਚ ਇੱਕ ਵਿਸ਼ਾਲ ਦੇਸ਼-ਪੱਧਰੀ ਰੈਲੀ ਕੀਤੀ ਜਾ ਰਹੀ ਹੈ।ਇਸ ਇਤਿਹਾਸਕ ਰੈਲੀ ਦੀਆਂ ਤਿਆਰੀਆਂ ਦੀ ਸ਼ੁਰੂਆਤ ਸ਼ਹੀਦ ਕਾਮਰੇਡ ਅਮੋਲਕ ਭਵਨ ਵਿਖੇ ਰੈਲੀ ਦਾ ਪੋਸਟਰ ਜਾਰੀ ਕਰਕੇ ਕੀਤੀ ਗਈ।

ਦੇ ਵਿੱਤ ਸਕੱਤਰ ਕਾਮਰੇਡ ਗੁਰਚਰਨ ਸਿੰਘ ਮਾਨ, ਸੁਖਜਿੰਦਰ ਸਿੰਘ ਤੂੰਬੜਭੰਨ (ਜ਼ਿਲ੍ਹਾ ਪ੍ਰਧਾਨ), ਜਤਿੰਦਰ ਸਿੰਘ ਜੰਡਵਾਲਾ (ਜਨਰਲ ਸਕੱਤਰ, ਕੁਲ ਹਿੰਦ ਕਿਸਾਨ ਸਭਾ), ਕਾਮਰੇਡ ਵੀਰ ਸਿੰਘ ਕੰਮੇਆਣਾ (ਪ੍ਰਧਾਨ, ਨਰੇਗਾ ਰੁਜ਼ਗਾਰ ਪ੍ਰਾਪਤ ਮਜਦੂਰ ਯੂਨੀਅਨ), ਇੰਦਰਜੀਤ ਸਿੰਘ ਗਿੱਲ, ਚੰਦ ਸਿੰਘ ਡੋਡ (ਸੀਨੀਅਰ ਟਰੇਡ ਯੂਨੀਅਨ ਆਗੂ, ਏਟਕ) ਤੇ ਬਲਕਾਰ ਸਿੰਘ ਸਹੋਤਾ ਨੇ ਸਾਂਝੇ ਤੌਰ 'ਤੇ ਪੋਸਟਰ ਜਾਰੀ ਕੀਤਾ।ਪੋਸਟਰ ਜਾਰੀ ਕਰਨ ਮੌਕੇ ਇਕੱਤਰ ਹੋਏ ਕਮਿਊਨਿਸਟ ਆਗੂਆਂ ਨੇ ਭਾਜਪਾ ਦੀ ਮੋਦੀ ਸਰਕਾਰ 'ਤੇ ਤਿੱਖੇ ਸਿਆਸੀ ਹਮਲੇ ਕੀਤੇ।ਉਨ੍ਹਾਂ ਕਿਹਾ ਕਿ ਪਿਛਲੇ 12 ਸਾਲਾਂ ਦੇ ਲੁਟੇਰੇ ਰਾਜ ਪ੍ਰਬੰਧ ਸਦਕਾ ਜਿੱਥੇ ਅਰਬਪਤੀ ਕਾਰਪੋਰੇਟ ਘਰਾਣਿਆਂ ਦੀ ਦੌਲਤ ਵਿੱਚ ਅਥਾਹ ਵਾਧਾ ਹੋਇਆ ਹੈ, ਉੱਥੇ ਦੂਜੇ ਪਾਸੇ ਦੇਸ਼ ਦੇ ਮਿਹਨਤਕਸ਼ ਲੋਕਾਂ, ਖਾਸ ਕਰਕੇ ਮਜ਼ਦੂਰਾਂ, ਕਿਸਾਨਾਂ ਤੇ ਛੋਟੇ ਦੁਕਾਨਦਾਰਾਂ ਦੀ ਆਰਥਿਕ ਹਾਲਤ ਬਦ ਤੋਂ ਬਦਤਰ ਹੋ ਚੁੱਕੀ ਹੈ।

ਰਸੋਈ ਗੈਸ ਤੋਂ ਲੈ ਕੇ ਨਿੱਤ ਵਰਤੋਂ ਦੀਆਂ ਵਸਤਾਂ ਦੀ ਅਸਮਾਨੀ ਚੜ੍ਹੀ ਮਹਿੰਗਾਈ ਨੇ ਆਮ ਲੋਕਾਂ ਦਾ ਜਿਊਣਾ ਮੁਹਾਲ ਕਰ ਦਿੱਤਾ ਹੈ। ਬੇਰੁਜ਼ਗਾਰੀ ਰਿਕਾਰਡ ਪੱਧਰ 'ਤੇ ਹੈ, ਸਰਕਾਰੀ ਹਸਪਤਾਲ ਅਤੇ ਸਕੂਲ ਬੁਨਿਆਦੀ ਸਹੂਲਤਾਂ ਨੂੰ ਤਰਸ ਰਹੇ ਹਨ। ਪਿੰਡਾਂ ਦੇ ਕਰੋੜਾਂ ਗਰੀਬਾਂ ਦਾ ਪਿਛਲੇ 20 ਸਾਲਾਂ ਤੋਂ ਇੱਕੋ-ਇੱਕ ਸਹਾਰਾ ਰਹੀ 'ਮਨਰੇਗਾ' ਸਕੀਮ ਦਾ ਭੋਗ ਪਾ ਕੇ ਜੋ ਨਵੀਂ ਰੁਜ਼ਗਾਰ ਸਕੀਮ ਸ਼ੁਰੂ ਕੀਤੀ ਗਈ ਹੈ, ਉਸ ਪ੍ਰਤੀ ਮਜ਼ਦੂਰ ਜਥੇਬੰਦੀਆਂ ਨੂੰ ਗੰਭੀਰ ਖਦਸ਼ੇ ਹਨ।ਸੀ.ਪੀ.ਆਈ. ਆਗੂਆਂ ਨੇ ਦ੍ਰਿੜਤਾ ਨਾਲ ਕਿਹਾ ਕਿ ਪਾਰਟੀ ਦਾ 100 ਸਾਲਾਂ ਦਾ ਇਤਿਹਾਸ ਸੰਘਰਸ਼ਾਂ ਤੇ ਬੇਮਿਸਾਲ ਕੁਰਬਾਨੀਆਂ ਨਾਲ ਭਰਿਆ ਹੋਇਆ ਹੈ।ਦੇਸ਼ ਦੇ ਇਸ ਔਖੇ ਅਤੇ ਨਾਜ਼ੁਕ ਸਮੇਂ ਦੌਰਾਨ ਕਮਿਊਨਿਸਟ ਪਾਰਟੀ ਕਦੇ ਵੀ ਤਮਾਸ਼ਬੀਨ ਬਣ ਕੇ ਚੁੱਪ ਨਹੀਂ ਬੈਠੇਗੀ।ਦੇਸ਼ ਦੇ ਹਾਲਾਤ ਵਿੱਚ ਹਾਂ-ਪੱਖੀ ਤਬਦੀਲੀ ਲਿਆਉਣ ਲਈ ਪਾਰਟੀ ਵੱਲੋਂ ਅਗਲੇ ਦੋ ਮਹੀਨੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਇੱਕ ਵਿਆਪਕ ਜਨ-ਸੰਪਰਕ ਮੁਹਿੰਮ ਚਲਾਈ ਜਾਵੇਗੀ, ਜਿਸ ਦਾ ਸਿਖਰ 1 ਸਤੰਬਰ ਨੂੰ ਦਿੱਲੀ ਦੀ ਰੈਲੀ ਦੇ ਰੂਪ ਵਿੱਚ ਦੇਖਣ ਨੂੰ ਮਿਲੇਗਾ।

## ਖੰਨਾ ਪੁਲਸ ਨੇ ਨਸ਼ੀਲੀ ਸਮੱਗਰੀ ਕੀਤੀ ਨਸ਼ਟ



ਦੋਰਾਹਾ (ਹਰਮਿੰਦਰ ਸੇਠ)-ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤੀ ਦਿੰਦਿਆਂ ਐੱਸ.ਐੱਸ.ਪੀ. ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਖੰਨਾ ਪੁਲਿਸ ਨੇ ਕਾਨੂੰਨੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ 53 ਐਨ.ਡੀ.ਪੀ.ਐਸ. ਮਾਮਲਿਆਂ ਨਾਲ ਸਬੰਧਤ ਜ਼ਬਤ ਕੀਤੀ ਗਈ ਨਸ਼ੀਲੀ ਸਮੱਗਰੀ ਦਾ ਸਰਕਾਰੀ ਇਨਸੀਨੇਟਰ, ਪੁਲਿਸ ਚੌਕੀ ਈਸ਼ਵਰ ਨਗਰ, ਫੋਕਲ ਪੁਆਇੰਟ ਲੁਧਿਆਣਾ ਵਿਖੇ ਨਿਯਮਾਂ ਅਨੁਸਾਰ ਨਿਪਟਾਰਾ ਕੀਤਾ।ਨਸ਼ਟ ਕੀਤੇ ਨਸ਼ੀਲੇ ਪਦਾਰਥਾਂ ਵਿੱਚ 10 ਕਿਲੋ ਭੁੱਕੀ, 3 ਕਿਲੋ 300 ਗ੍ਰਾਮ ਗਾਂਜਾ, 1 ਕਿਲੋ 50 ਗ੍ਰਾਮ ਹੈਰੋਇਨ, 60 ਨਸ਼ੀਲੀਆਂ ਗੋਲੀਆਂ ਅਤੇ 49 ਖਾਲੀ ਕੱਪੜੇ ਦੇ ਥੈਲੇ ਸ਼ਾਮਲ ਸਨ। ਇਹ ਸਾਰਾ ਸਾਮਾਨ ਵੱਖ-ਵੱਖ ਐਨ.ਡੀ.ਪੀ.ਐਸ. ਕੇਸਾਂ ਦੌਰਾਨ ਪੁਲਿਸ ਵੱਲੋਂ ਜ਼ਬਤ ਕੀਤਾ ਗਿਆ ਸੀ।ਐੱਸ.ਐੱਸ.ਪੀ. ਆਹਲੂਵਾਲੀਆ ਨੇ ਕਿਹਾ ਕਿ ਖੰਨਾ ਪੁਲਿਸ ਦੀ ਪਹਿਲੀ ਤਰਜੀਹ ਨਸ਼ਾ ਤਸਕਰਾਂ ਦੇ ਨੈੱਟਵਰਕ ਨੂੰ ਤੋੜਨਾ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਨਾ ਹੀ ਨਹੀਂ, ਸਗੋਂ ਜ਼ਬਤ ਕੀਤੇ ਨਸ਼ੀਲੇ ਪਦਾਰਥਾਂ ਦਾ ਸਮੇਂ ਸਿਰ ਕਾਨੂੰਨੀ ਢੰਗ ਨਾਲ ਨਿਪਟਾਰਾ ਕਰਨਾ ਵੀ ਪੁਲਿਸ ਦੀ ਜ਼ਿੰਮੇਵਾਰੀ ਹੈ।

## ਯੂਰੀਆ ਘੁਟਾਲੇ ਦੀ ਜਾਂਚ ਸੀ ਬੀ ਆਈ ਤੋਂ ਕਰਵਾਈ ਜਾਵੇ : ਬਹਿਰੂ



ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਬੁਹ ਕਰੋੜੀ ਯੂਰੀਆ ਖਾਦ ਘੁਟਾਲੇ ਬਾਰੇ ਮੀਡੀਆ ਵਿੱਚ ਰੌਲਾ ਪੈਣ 'ਤੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਗੰਭੀਰ ਨੋਟਿਸ ਲੈਂਦਿਆਂ ਉੱਚ ਪੱਧਰੀ ਵਿਭਾਗੀ ਜਾਂਚ ਦਾ ਜੋ ਐਲਾਨ ਕੀਤਾ ਹੈ, ਉਸ ਉਤੇ ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਸ੍ਰ ਸਤਨਾਮ ਸਿੰਘ ਬਹਿਰੂ ਨੇ ਆਪਣਾ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਨੇ ਯੂਰੀਆ ਖਾਦ ਘੁਟਾਲੇ ਨਾਲ ਸਬੰਧਤ 7 ਅਧਿਕਾਰੀਆਂ ਨੂੰ ਚਾਰਜਸ਼ੀਟ ਕਰਕੇ ਉੱਚ ਪੱਧਰੀ ਵਿਭਾਗੀ ਜਾਂਚ ਸ਼ੁਰੂ ਕਰਵਾਈ ਹੈ ਪਰ ਚੰਗਾ ਹੁੰਦਾ ਜੇਕਰ ਸ੍ਰ ਮਾਨ ਕਿਸਾਨਾਂ ਨਾਲ ਧ੍ਰੋਹ ਕਮਾਉਣ ਵਾਲੀਆਂ ਕਾਲੀਆਂ ਭੇਡਾਂ ਦੀ ਜਾਂਚ ਸੀ ਬੀ ਆਈ ਜਾਂ ਚੌਕਸੀ ਵਿਭਾਗ ਰਾਹੀਂ ਕਰਵਾਈ ਜਾਂਦੀ। ਬਹਿਰੂ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਦੇਸ਼ ਦੇ ਕਿਸਾਨਾਂ ਨੂੰ ਖੇਤੀ ਲਈ ਯੂਰੀਆ ਖਾਦ ਉੱਤੇ ਸਬਸਿਡੀ ਦਿੱਤੀ ਜਾ ਰਹੀ ਹੈ ਪਰ ਕਿਸਾਨਾਂ ਦੀ ਬਜਾਏ ਸਬਸਿਡੀ ਵਾਲੇ ਯੂਰੀਆ ਦੀ ਪਸ਼ੂਆਂ ਲਈ ਫੀਡ ਤਿਆਰ ਕਰਨ ਵਾਲੀਆਂ ਫੈਕਟਰੀਆਂ ਅਤੇ ਕੁਝ ਹੋਰ ਕਾਰੋਬਾਰੀ ਲੋਕ ਗੈਰ ਕਾਨੂੰਨੀ ਵਰਤੋਂ ਕਰ ਰਹੇ ਹਨ ਅਤੇ ਮਾਰਕਫੈੱਡ ਅਤੇ ਮਿਲਕ ਪਲਾਂਟਾਂ ਵਿੱਚ ਵੱਡੀ ਪੱਧਰ 'ਤੇ ਸਬਸਿਡੀ ਵਾਲਾ ਯੂਰੀਆ ਫੜਿਆ ਜਾਣਾ ਪੰਜਾਬ ਸਰਕਾਰ ਲਈ ਨਾਮੋਸ਼ੀ ਤੋਂ ਘੱਟ ਨਹੀਂ ਹੈ। ਸ੍ਰ ਬਹਿਰੂ ਨੇ ਦੱਸਿਆ ਕਿ ਇਸ ਬੁਹ ਕਰੋੜੀ ਯੂਰੀਆ ਖਾਦ ਘੁਟਾਲੇ ਨਾਲ ਦੇਸ਼ ਦੇ ਕਿਸਾਨਾਂ ਦੇ ਹਿੱਤ ਜੁੜੇ ਹੋਣ ਕਾਰਨ ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਵੱਲੋਂ ਭਾਰਤ ਦੇ ਗ੍ਰਹਿ ਮੰਤਰੀ ਅਤੇ ਪੰਜਾਬ ਦੇ ਮੁੱਖ ਮੰਤਰੀ ਨੂੰ ਇੱਕ ਲਿਖਤੀ ਪੱਤਰ ਭੇਜ ਕੇ ਮੰਗ ਕੀਤੀ ਜਾਵੇਗੀ ਕਿ ਖੇਤੀ ਲਈ ਸਬਸਿਡੀ ਵਾਲਾ ਯੂਰੀਆ ਦੀ ਕਾਲਾਬਾਜ਼ਾਰੀ ਰੋਕਣ ਲਈ ਸੀ ਬੀ ਆਈ ਤੋਂ ਜਾਂਚ ਕਰਵਾਈ ਜਾਵੇ ।

## ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਵੱਲੋਂ ਨਵੇਂ ਮੈਂਬਰਾਂ ਦਾ ਨਿੱਘਾ ਸਵਾਗਤ



ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ (ਰਜਿ.) ਮਾਨਸਾ ਵੱਲੋਂ ਸੰਸਥਾ ਨਾਲ ਜੁੜਨ ਵਾਲੇ ਨਵੇਂ ਮੈਂਬਰਾਂ ਦੇ ਸਵਾਗਤ ਲਈ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਨਵੇਂ ਮੈਂਬਰਾਂ ਦਾ ਫੁੱਲਾਂ ਦੇ ਗੁਲਦਸਤਿਆਂ ਨਾਲ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸੰਸਥਾ ਦੀਆਂ ਗਤੀਵਿਧੀਆਂ ਅਤੇ ਉਦੇਸ਼ਾਂ ਬਾਰੇ ਜਾਣੂ ਕਰਵਾਇਆ ਗਿਆ।ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਵਰਮਾ ਨੇ ਨਵੇਂ ਮੈਂਬਰਾਂ ਨੂੰ ਜੀ ਆਇਆਂ ਕਹਿੰਦਿਆਂ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਸਮਾਜ ਸੇਵਾ, ਸਿੱਖਿਆ, ਖੇਡਾਂ, ਵਾਤਾਵਰਣ ਸੰਭਾਲ, ਨਸ਼ਾ ਮੁਕਤੀ, ਖੂਨਦਾਨ, ਕਾਨੂੰਨੀ ਜਾਗਰੂਕਤਾ ਅਤੇ ਹੋਰ ਲੋਕ-ਭਲਾਈ ਦੇ ਕਾਰਜਾਂ ਨਾਲ ਜੋੜਨਾ ਹੈ।ਵਰਮਾ ਨੇ ਕਿਹਾ ਕਿ ਐਸੋਸੀਏਸ਼ਨ ਹਮੇਸ਼ਾ ਨੌਜਵਾਨਾਂ ਨੂੰ ਸਕਾਰਾਤਮਕ ਸੋਚ ਨਾਲ ਸਮਾਜ ਦੀ ਸੇਵਾ ਲਈ ਪ੍ਰੇਰਿਤ ਕਰਦੀ ਆ ਰਹੀ ਹੈ।ਇਸ ਮੌਕੇ ਸੰਸਥਾ ਨਾਲ ਜੁੜੇ ਨਵੇਂ ਮੈਂਬਰ ਸੀਮਾ ਸ਼ਰਮਾ, ਸੋਨੀਆਂ ਰਾਣੀ, ਨਿਰਭੈ ਸਿੰਘ, ਪੂਨਮ ਸ਼ਰਮਾ ਅਮਰੀਕ ਸਿੰਘ, ਮਿੰਟੀ ਬਰੇਟਾ ਰਾਜਵਿੰਦਰ ਕੌਰ, ਸੁਰਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਨੰਗਲ ਵਰਸਾ ਰਾਣੀ ਨੇ ਵੀ ਭਰੋਸਾ ਦਿਵਾਇਆ ਕਿ ਉਹ ਐਸੋਸੀਏਸ਼ਨ ਦੀਆਂ ਨੀਤੀਆਂ ਅਤੇ ਉਦੇਸ਼ਾਂ ਅਨੁਸਾਰ ਸਮਾਜ ਸੇਵਾ ਦੇ ਹਰ ਕਾਰਜ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਗੇ ਅਤੇ ਲੋਕ-ਭਲਾਈ ਲਈ ਨਿਰੰਤਰ ਕੰਮ ਕਰਨਗੇ।ਪ੍ਰੋਗਰਾਮ ਦੇ ਅਖੀਰ 'ਚ ਮੈਡਮ ਹਰਪਾਲ ਕੌਰ, ਰੇਖਾ ਅਤੇ ਮੈਡਮ ਰਿੰਪੀ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ।

## ਹਲਕਾ ਇੰਚਾਰਜ ਰਣਜੋਧ ਹਡਾਣਾ ਵੱਲੋਂ ਨਵੇਂ ਵਿਕਾਸ ਕਾਰਜ ਲੋਕ ਅਰਪਣ



ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੀ 'ਸਰਕਾਰ ਲੋਕਾਂ ਦੇ ਦੁਆਰ' ਨੀਤੀ ਤਹਿਤ ਹਲਕਾ ਸਨੌਰ ਦੇ ਇੰਚਾਰਜ ਸ ਰਣਜੋਧ ਸਿੰਘ ਹਡਾਣਾ ਵੱਲੋਂ ਚਲਾਈ ਜਾ ਰਹੀ ਵਿਲੱਖਣ ਮੁਹਿੰਮ 'ਪਿੰਡਾਂ ਦੀ ਸੱਥ' ਤਹਿਤ ਪਿੰਡ ਤਾਸਲਪੁਰ ਵਿਖੇ ਇੱਕ ਵਿਸ਼ੇਸ਼ ਅਤੇ ਭਰਵਾਂ ਪ੍ਰੋਗਰਾਮ ਕਰਵਾਇਆ ਗਿਆ।ਇਸ ਦੌਰਾਨ ਹਲਕਾ ਇੰਚਾਰਜ ਸ. ਹਡਾਣਾ ਨੇ ਪਿੰਡ ਦੀ ਸੱਥ ਵਿੱਚ ਬੈਠ ਕੇ ਇਲਾਕਾ ਨਿਵਾਸੀਆਂ ਦੀਆਂ ਰੋਜ਼-ਮਰ੍ਹਾ ਦੀਆਂ ਦਰਪੇਸ਼ ਮੁਸ਼ਕਲਾਂ ਨੂੰ ਬਹੁਤ ਹੀ ਗੰਭੀਰਤਾ ਨਾਲ ਸੁਣਿਆ ਅਤੇ ਮੌਕੇ 'ਤੇ ਹੀ ਨਿਪਟਾਰਾ ਕੀਤਾ।ਉਨ੍ਹਾਂ ਨੇ ਪਿੰਡ ਵਿੱਚ ਮੁਕੰਮਲ ਹੋ ਚੁੱਕੇ ਨਵੇਂ ਵਿਕਾਸ ਕਾਰਜਾਂ ਦੇ ਉਦਘਾਟਨ ਕਰਕੇ ਉਨ੍ਹਾਂ ਨੂੰ ਜਨਤਾ ਨੂੰ ਸਮਰਪਿਤ ਵੀ ਕੀਤਾ।ਉਨ੍ਹਾਂ ਨਾਲ ਸਿਮਰਜੀਤ ਸਿੰਘ ਸੋਹਲ ਵਾਈਸ ਚੇਅਰਮੈਨ ਬਲਾਕ ਸੰਮਤੀ ਭੁਨਰਹੇੜੀ, ਦਵਿੰਦਰ ਸਿੰਘ ਮਾੜੂ ਬਲਾਕ ਪ੍ਰਧਾਨ ਤੋਂ ਇਲਾਵਾ ਆਦਮੀ ਪਾਰਟੀ ਦੇ ਸੀਨੀਅਰ ਆਗੂ, ਪਿੰਡਾਂ ਦੇ ਪੰਚ-ਸਰਪੰਚ, ਪਾਰਟੀ ਦੇ ਮਿਹਨਤੀ ਵਲੰਟੀਅਰ ਅਤੇ ਵੱਡੀ ਗਿਣਤੀ ਵਿੱਚ ਤਾਸਲਪੁਰ ਦੇ ਪਿੰਡ ਨਿਵਾਸੀ ਹਾਜ਼ਰ ਸਨ।ਇਸ ਮੌਕੇ ਜੁੜੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬੰਦ ਕਮਰਿਆਂ ਦੀ ਬਜਾਏ ਜਨਤਾ ਦੇ ਵਿੱਚ ਜਾ ਕੇ ਕੰਮ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਕਿਹਾ ਕਿ ਪਿੰਡ ਤਾਸਲਪੁਰ ਵਿਖੇ ਅੱਜ ਕਰੋੜਾਂ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਬੁਨਿਆਦੀ ਢਾਂਚੇ ਦੇ ਪ੍ਰਾਜੈਕਟ ਪਿੰਡ ਵਾਸੀਆਂ ਨੂੰ ਸੌਂਪੇ ਗਏ ਹਨ, ਜੋ ਪਿੰਡ ਦੀ ਨੁਹਾਰ ਬਦਲਣ ਵਿੱਚ ਅਹਿਮ ਸਾਬਤ ਹੋਣਗ ।ਪਿੰਡ ਦੀ ਪੰਚਾਇਤ ਅਤੇ ਮੋਹਤਬਰ ਸੱਜਣਾਂ ਨੇ ਮਾਨ ਸਰਕਾਰ ਅਤੇ ਸ. ਹਡਾਣਾ ਦੀ ਇਸ ਲੋਕ-ਪੱਖੀ ਪਹੁੰਚ ਦੀ ਭਰਪੂਰ ਸ਼ਲਾਘਾ ਕੀਤੀ।

## ਗਰਿੱਡ ਮੂਹਰੇ ਧਰਨਾ ਲਾਇਆ



ਬੱਧਨੀ ਕਲਾਂ (ਲਵਲੀ ਕੁਮਾਰ)-ਖੇਤੀਬਾੜੀ ਲਈ ਬਿਜਲੀ ਦੀ ਅਨਿਯਮਿਤ ਸਪਲਾਈ ਤੇ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਤੋਂ ਨਾਰਾਜ਼ ਕਿਸਾਨਾਂ ਵੱਲੋਂ ਕੁੱਲ ਹਿੰਦ ਕਿਸਾਨ ਸਭਾ ਅਤੇ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਅਗਵਾਈ ਹੇਠ ਬਿਜਲੀ ਗਰਿੱਡ ਦੇ ਮੂਹਰੇ ਧਰਨਾ ਲਾਇਆ ਗਿਆ।ਧਰਨੇ ਦੌਰਾਨ ਕਿਸਾਨਾਂ ਨੇ ਬਿਜਲੀ ਵਿਭਾਗ ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਮੰਗਾਂ ਉਠਾਈਆਂ।ਕਿਸਾਨ ਆਗੂਆਂ ਨੇ ਕਿਹਾ ਕਿ ਖੇਤੀ ਸੀਜ਼ਨ ਦੌਰਾਨ ਵਾਰ-ਵਾਰ ਲੱਗ ਰਹੇ ਬਿਜਲੀ ਕੱਟਾਂ ਕਾਰਨ ਫਸਲਾਂ ਦੀ ਸਿੰਚਾਈ ਪ੍ਰਭਾਵਤ ਹੋ ਰਹੀ ਹੈ, ਜਿਸ ਨਾਲ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਤੇ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਨੂੰ ਨਿਰਵਿਘਨ ਅਤੇ ਨਿਰਧਾਰਤ ਸਮੇਂ ਅਨੁਸਾਰ ਬਿਜਲੀ ਸਪਲਾਈ ਦਿੱਤੀ ਜਾਵੇ।ਧਰਨਾਕਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਗ੍ਰਾਮ ਪੰਚਾਇਤ ਮੱਲ੍ਹਾ ਦਾ ਆਮ ਅਜਲਾਸ ਹੋਇਆ



ਹਠੂਰ (ਲਵਲੀ ਕੁਮਾਰ)-ਗ੍ਰਾਮ ਪੰਚਾਇਤ ਮੱਲ੍ਹਾ ਦਾ ਆਮ ਇਜਲਾਸ ਸ੍ਰੀ ਗੁਰਦੁਆਰਾ ਸੰਤ ਬਾਬਾ ਮੱਘਰ ਸਿੰਘ ਮੱਲ੍ਹਾ ਵਿਖੇ ਸਰਪੰਚ ਗੁਰਮੇਲ ਸਿੰਘ ਮੱਲ੍ਹਾ ਦੀ ਪ੍ਰਧਾਨਗੀ ਹੇਠ ਹੋਇਆ। ਇਜਲਾਸ ਵਿੱਚ ਗ੍ਰਾਮ ਪੰਚਾਇਤ ਮੱਲ੍ਹਾ ਤੇ ਪਿੰਡ ਦੇ ਆਮ ਲੋਕਾ ਨੇ ਭਾਗ ਲਿਆ।ਪਿੰਡ ਮੱਲ੍ਹਾ ਵਿੱਚ ਪਿਛਲੇ ਛੇ ਮਹੀਨਿਆ ਦੌਰਾਨ ਕੀਤੇ ਵਿਕਾਸ ਦੇ ਕੰਮਾਂ ਬਾਰੇ ਆਮ ਲੋਕਾ ਨੂੰ ਜਾਣਕਾਰੀ ਦਿੱਤੀ ਗਈ ਤੇ ਆਉਣ ਵਾਲੇ ਛੇ ਮਹੀਨਿਆਂ ਦੌਰਾਨ ਪਿੰਡ ਦੇ ਛੱਪੜ ਦਾ ਨਵੀਨੀਕਰਨ ਤੇ ਵੱਖ-ਵੱਖ ਗਲੀਆਂ ਵਿੱਚ ਸੀਵਰੇਜ ਪਾ ਕੇ ਇੰਟਰਲੌਕ ਲਾਉਣ ਲਈ ਸਰਬਸੰਮਤੀ ਨਾਲ ਮਤੇ ਪਾਸ ਕਰਕੇ ਪੰਚਾਇਤ ਸੈਕਟਰੀ ਨਿਰਮਲ ਸਿੰਘ ਰਾਹੀ ਪੰਜਾਬ ਸਰਕਾਰ ਨੂੰ ਭੇਜੇ ਗਏ।ਪੰਚਾਇਤ ਸੈਕਟਰੀ ਨਿਰਮਲ ਸਿੰਘ ਨੇ ਗ੍ਰਾਮ ਪੰਚਾਇਤ ਮੱਲ੍ਹਾ ਨੂੰ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਗ੍ਰਾਂਟ ਜਾਰੀ ਕਰਾਈ ਜਾਵੇਗੀ।ਸਰਪੰਚ ਗੁਰਮੇਲ ਸਿੰਘ ਮੱਲ੍ਹਾ ਨੇ ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਮੱਲ੍ਹਾ ਨੂੰ ਛੇ ਸੜਕਾਂ ਆਉਦੀਆਂ ਹਨ, ਜਿਨ੍ਹਾਂ ਵਿੱਚੋਂ ਤਿੰਨ ਸੜਕਾਂ ਪੂਰਨ ਰੂਪ ਵਿੱਚ ਤਿਆਰ ਹੋ ਚੁੱਕੀਆਂ ਹਨ ਤੇ ਬਾਕੀ ਦੀਆ ਤਿੰਨ ਸੜਕਾਂ ਦਾ ਜਲਦੀ ਨਵੀਨੀਕਰਨ ਕੀਤਾ ਜਾਵੇ।

# ਸਖ਼ਤ ਸੁਰੱਖਿਆ ਪ੍ਰਬੰਧਾਂ ਨਾਲ ਪੁੱਜੇ ਭਗਵੰਤ ਮਾਨ, ਕਿਸਾਨ ਜਥੇਬੰਦੀਆਂ ਤੇ ਸਿਆਸੀ ਪਾਰਟੀਆਂ ਵੱਲੋਂ ਵਿਰੋਧ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ ਮਿਲਣੀ ਦੌਰਾਨ ਪੂਰਾ ਕਸਬਾ ਦਿਨ ਭਰ ਸਿਆਸੀ ਤੇ ਪ੍ਰਸ਼ਾਸਨਿਕ ਗਤੀਵਿਧੀਆਂ ਦਾ ਕੇਂਦਰ ਬਣਿਆ ਰਿਹਾ।ਮੁੱਖ ਮੰਤਰੀ ਦੇ ਦੌਰੇ ਨੂੰ ਲੈ ਕੇ ਇਲਾਕੇ ਵਿੱਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ।ਵੱਡੀ ਗਿਣਤੀ 'ਚ ਪੁਲਸ ਫੋਰਸ ਤਾਇਨਾਤ ਕੀਤੀ ਗਈ, ਨਾਕਾਬੰਦੀ ਕੀਤੀ ਗਈ ਤੇ ਕਈ ਥਾਵਾਂ 'ਤੇ ਆਵਾਜਾਈ ਤੇ ਨਿਗਰਾਨੀ ਰੱਖੀ ਗਈ।ਇਸ ਦੌਰਾਨ ਕਿਸਾਨ ਜਥੇਬੰਦੀਆਂ ਤੇ ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਵੀ ਕੀਤੇ ਗਏ।ਭਾਰਤੀ ਕਿਸਾਨ ਯੂਨੀਅਨ (ਕਾਦੀਆਂ), ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ), ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਨਾਲ ਸੰਬੰਧਤ ਆਗੂਆਂ ਨੇ ਵੱਖ-ਵੱਖ ਥਾਵਾਂ 'ਤੇ ਇਕੱਠ ਕਰਕੇ ਪੰਜਾਬ ਸਰਕਾਰ ਤੇ ਵਿਧਾਇਕ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

ਪੁਲਸ ਨੇ ਮੁੱਖ ਮੰਤਰੀ ਦੇ ਪ੍ਰੋਗਰਾਮ ਵਾਲੇ ਖੇਤਰ ਨੂੰ ਪੂਰੀ ਤਰ੍ਹਾਂ ਸੁਰੱਖਿਆ ਘੇਰੇ ਵਿੱਚ ਰੱਖਿਆ ਅਤੇ ਕਿਸੇ ਵੀ ਪ੍ਰਦਰਸ਼ਨਕਾਰੀ ਨੂੰ ਪ੍ਰੋਗਰਾਮ ਸਥਾਨ ਦੇ ਨੇੜੇ ਨਹੀਂ ਜਾਣ ਦਿੱਤਾ।ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਸੀਰਾ ਛੀਨੀਵਾਲ ਦੀ ਅਗਵਾਈ ਹੇਠ ਕਿਸਾਨਾਂ ਨੇ ਲੁਧਿਆਣਾ-ਬਰਨਾਲਾ ਮੁੱਖ ਮਾਰਗ 'ਤੇ ਰੋਸ ਪ੍ਰਦਰਸ਼ਨ ਕੀਤਾ।ਇਸ ਦੌਰਾਨ ਪੁਲਸ ਤੇ ਕਿਸਾਨਾਂ ਵਿਚਾਲੇ ਕੁਝ ਸਮੇਂ ਲਈ ਤਣਾਅਪੂਰਨ ਸਥਿਤੀ ਵੀ ਬਣੀ।ਕਿਸਾਨ ਆਗੂਆਂ ਨੇ ਦੋਸ਼ ਲਾਇਆ ਕਿ ਉਨ੍ਹਾਂ ਨੂੰ ਮੁੱਖ ਮੰਤਰੀ ਤੱਕ ਆਪਣੀ ਗੱਲ ਪੁਚਾਉਣ ਦਾ ਮੌਕਾ ਨਹੀਂ ਦਿੱਤਾ ਗਿਆ, ਹਾਲਾਂਕਿ ਉਨ੍ਹਾਂ ਨੇ ਆਪਣੇ ਵਰਕਰਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ।ਦੂਜੇ ਪਾਸੇ ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਦੇ ਆਗੂ ਕਰਨੈਲ ਸਿੰਘ ਗਾਂਧੀ ਤੇ ਜਸਪਾਲ ਸਿੰਘ ਸਹਿਜੜਾ ਦੀ ਅਗਵਾਈ ਹੇਠ ਕਿਸਾਨਾਂ ਨੇ ਵੀ ਮੁੱਖ ਮੰਤਰੀ ਤੱਕ ਪਹੁੰਚਣ ਦੀ ਕੋਸ਼ਿਸ਼ ਕੀਤੀ।ਜਥੇਬੰਦੀ ਦੇ ਆਗੂਆਂ ਨੇ ਦੋਸ਼ ਲਾਇਆ ਕਿ ਪੁਲਸ ਨੇ ਉਨ੍ਹਾਂ ਨੂੰ ਰੋਕਣ ਲਈ ਖੇਤਾਂ ਵਾਲੇ ਰਸਤਿਆਂ ਤੱਕ ਘੇਰਾਬੰਦੀ ਕੀਤੀ।

ਉਨ੍ਹਾਂ ਦਾ ਕਹਿਣਾ ਸੀ ਕਿ ਲੋਕ ਮਿਲਣੀ ਦਾ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਸੁਣਨਾ ਹੁੰਦਾ ਹੈ, ਪਰ ਉਨ੍ਹਾਂ ਨੂੰ ਆਪਣੀ ਗੱਲ ਰੱਖਣ ਦਾ ਮੌਕਾ ਨਹੀਂ ਮਿਲਿਆ।ਸ਼੍ਰੋਮਣੀ ਅਕਾਲੀ ਦਲ ਵੱਲੋਂ ਵੀ ਮੁੱਖ ਮੰਤਰੀ ਨੂੰ ਕਾਲੀਆਂ ਝੰਡੀਆਂ ਦਿਖਾਉਣ ਦਾ ਐਲਾਨ ਕੀਤਾ ਗਿਆ ਸੀ। ਪਾਰਟੀ ਆਗੂਆਂ ਨੇ ਦੋਸ਼ ਲਾਇਆ ਕਿ ਉਨ੍ਹਾਂ ਨੂੰ ਪਹਿਲਾਂ ਹੀ ਰੋਕ ਲਿਆ ਗਿਆ ਤੇ ਕੁਝ ਆਗੂਆਂ ਨੂੰ ਹਿਰਾਸਤ ਵਿੱਚ ਲਿਆ ਗਿਆ।ਅਕਾਲੀ ਆਗੂਆਂ ਨੇ ਕਿਹਾ ਕਿ ਲੋਕਤੰਤਰੀ ਹੱਕਾਂ ਨੂੰ ਪੁਲਸ ਦੇ ਸਹਾਰੇ ਦਬਾਇਆ ਨਹੀਂ ਜਾ ਸਕਦਾ।

ਕਾਂਗਰਸ ਨਾਲ ਸੰਬੰਧਤ ਆਗੂਆਂ ਨੇ ਵੀ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਲੋਕਾਂ ਨੂੰ ਵਿਕਾਸ ਕਾਰਜਾਂ ਤੇ ਨਵੇਂ ਪ੍ਰਾਜੈਕਟਾਂ ਦੇ ਵੱਡੇ ਐਲਾਨਾਂ ਦੀ ਉਮੀਦ ਸੀ, ਪਰ ਉਨ੍ਹਾਂ ਦੀਆਂ ਉਮੀਦਾਂ ਪੂਰੀਆਂ ਨਹੀਂ ਹੋਈਆਂ।ਸਖ਼ਤ ਸੁਰੱਖਿਆ ਪ੍ਰਬੰਧਾਂ ਕਾਰਨ ਕਸਬੇ ਦੇ ਕਈ ਹਿੱਸਿਆਂ ਵਿੱਚ ਆਮ ਆਵਾਜਾਈ ਪ੍ਰਭਾਵਤ ਰਹੀ ਤੇ ਬਜ਼ਾਰਾਂ ਵਿੱਚ ਵੀ ਰੋਜ਼ਾਨਾ ਨਾਲੋਂ ਘੱਟ ਚਹਿਲ-ਪਹਿਲ ਦੇਖਣ ਨੂੰ ਮਿਲੀ।ਲੋਕਾਂ ਨੇ ਦੱਸਿਆ ਕਿ ਸੁਰੱਖਿਆ ਪ੍ਰਬੰਧਾਂ ਕਾਰਨ ਉਨ੍ਹਾਂ ਨੂੰ ਆਉਣ-ਜਾਣ ਵਿੱਚ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।

## ਝਾੜ ਸਾਹਿਬ ਕਾਲਜ ਦਾ ਬੀ ਸੀ ਏ ਦਾ ਨਤੀਜਾ ਸ਼ਾਨਦਾਰ



ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਬੀ.ਸੀ.ਏ. ਛੇਵੇਂ ਸਮੈਸਟਰ ਦੇ ਨਤੀਜਿਆਂ ਵਿੱਚ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵੂਮੈਨ ਝਾੜ ਸਾਹਿਬ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ।ਬੀ.ਸੀ.ਏ. ਛੇਵੇਂ ਸਮੈਸਟਰ ਦਾ ਸਮੁੱਚਾ ਨਤੀਜਾ 100 ਫੀਸਦੀ ਰਿਹਾ।ਨਤੀਜਿਆਂ ਅਨੁਸਾਰ ਜਸਨਪ੍ਰੀਤ ਕੌਰ ਤੇ ਕੋਮਲਪ੍ਰੀਤ ਕੌਰ ਨੇ 90 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਸਾਂਝੇ ਤੌਰ 'ਤੇ ਪਹਿਲਾ, ਨਵਜੋਤ ਕੌਰ ਨੇ 88.75 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਸੰਦੀਪ ਕੌਰ ਤੇ ਸੰਦੀਪ ਕੌਰ ਨੇ 88.50 ਫੀਸਦੀ ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕੰਪਿਊਟਰ ਵਿਭਾਗ, ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਯਤਨਸ਼ੀਲ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਜਿਹੀ ਮਿਆਰੀ ਅਕਾਦਮਿਕ ਸਿੱਖਿਆ ਪ੍ਰਦਾਨ ਕਰਨਾ ਹੈ, ਜਿਸ ਨਾਲ ਉਹ ਮੁਕਾਬਲੇ ਦੇ ਇਸ ਯੁੱਗ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾਉਣ ਦੇ ਯੋਗ ਹੋ ਸਕਨ।

## ਬੀ ਕੇ ਯੂ ਕਾਦੀਆਂ ਦੇ ਬਲਾਕ ਪ੍ਰਧਾਨ ਤੇ ਸਾਥੀਆਂ ਨੇ ਐਕਸੀਅਨ ਨੂੰ ਦਿੱਤਾ ਮੰਗ ਪੱਤਰ



ਜ਼ੀਰਾ (ਨਰਿੰਦਰ ਅਨੇਜਾ)-ਪਿਛਲੇ ਦਿਨਾਂ ਤੋਂ ਲੱਗ ਰਹੇ ਬਿਜਲੀ ਦੇ ਲੰਮੇ ਕੱਟਾਂ ਨਾਲ ਝੋਨੇ ਦੀ ਫਸਲ ਦਾ ਵੱਡੀ ਪੱਧਰ 'ਤੇ ਨੁਕਸਾਨ ਹੋ ਰਿਹਾ ਹੈ।ਬੀਕੇਯੂ ਕਾਦੀਆਂ ਬਲਾਕ ਜੀਰਾ ਦੇ ਆਗੂਆਂ ਦਾ ਇੱਕ ਇਕੱਠ ਬਲਾਕ ਪ੍ਰਧਾਨ ਸੁਖਦੇਵ ਸਿੰਘ ਸਨੇਰ ਦੀ ਅਗਵਾਈ ਹੇਠ ਪੀ ਐਸ ਪੀ ਸੀ ਐਲ ਦਫਤਰ ਵਿਖੇ ਹੋਇਆ। ਕਿਸਾਨ ਆਗੂਆਂ ਨੇ ਬਿਜਲੀ ਬੋਰਡ ਦੇ ਐਕਸੀਅਨ ਸਰਤਾਜ ਸਿੰਘ ਨੂੰ ਮਿਲ ਕੇ ਮੰਗ ਪੱਤਰ ਦਿੱਤਾ, ਜਿਸ ਵਿੱਚ ਮੰਗ ਕੀਤੀ ਗਈ ਕਿ ਕਿਸਾਨਾਂ ਨੂੰ ਜਿਵੇਂ ਸਰਕਾਰ ਨੇ ਵਾਅਦਾ ਕੀਤਾ ਹੈ ਕਿ ਅੱਠ ਘੰਟੇ ਬਿਜਲੀ ਦੀ ਸਪਲਾਈ ਨਿਰਵਿਘਨ ਕਿਸਾਨਾਂ ਨੂੰ ਦਿੱਤੀ ਜਾਏਗੀ। ਉਸ ਮੁਤਾਬਕ ਕਿਸਾਨਾਂ ਨੂੰ ਬਿਜਲੀ ਦੀ ਸਪਲਾਈ ਕੀਤੀ ਜਾਵੇ।ਪੱਤਰ ਵਿੱਚ ਮੰਗ ਕੀਤੀ ਗਈ ਕਿ ਇਸ ਸਮੇਂ ਬਹੁਤ ਜ਼ਿਆਦਾ ਇਲਾਕਿਆਂ ਵਿੱਚ ਖੇਤੀ ਲਈ ਬਿਜਲੀ ਤਿੰਨ ਤੋਂ ਚਾਰ ਘੰਟੇ ਆ ਰਹੀ ਹੈ, ਜਿਸ ਨਾਲ ਕਿਸਾਨਾਂ ਦੀ ਝੋਨੇ ਦੀ ਲਵਾਈ ਤੇ ਲੱਗੇ ਝੋਨੇ ਦੀ ਫਸਲ ਦਾ ਵੱਡਾ ਨੁਕਸਾਨ ਹੋ ਰਿਹਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਜਦੋਂ ਉਹ ਬਿਜਲੀ ਦੇ ਕੱਟ ਸਬੰਧੀ ਸਬੰਧਤ ਦਫਤਰ ਵਿੱਚ ਗੱਲ ਕਰਦੇ ਹਨ ਤਾਂ ਉਨ੍ਹਾਂ ਨੂੰ ਕਿਹਾ ਜਾਂਦਾ ਹੈ ਕਿ ਅਗਲੇ ਹੁਕਮਾਂ ਤੱਕ ਬਿਜਲੀ ਸਪਲਾਈ ਬੰਦ ਰਹੇਗੀ।ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਅਨਾਜ ਪੈਦਾ ਕਰਕੇ ਪੂਰੇ ਦੇਸ਼ ਦਾ ਢਿੱਡ ਭਰਦਾ ਹੈ ਤੇ ਕਿਸਾਨ ਦੀ ਖੱਜਲ ਖੁਆਰੀ ਕਿਸੇ ਵੀ ਸੂਰਤ ਵਿੱਚ ਨਾ ਬਰਦਾਸ਼ਤ ਕਰਨ ਯੋਗ ਹੈ। ਉਨ੍ਹਾਂ ਕਿਹਾ ਕਿ ਜੇਕਰ ਅਗਲੇ ਦਿਨਾਂ ਦੌਰਾਨ ਬਿਜਲੀ ਦੀ ਸਪਲਾਈ 8 ਘੰਟੇ ਨਿਰਵਿਘਨ ਬਹਾਲ ਨਹੀਂ ਹੁੰਦੀ ਤਾਂ ਵੱਖ-ਵੱਖ ਜਥੇਬੰਦੀਆਂ ਨਾਲ ਸਲਾਹ-ਮਸ਼ਵਰਾ ਕਰਕੇ ਇਸ ਲਈ ਵੱਡਾ ਸੰਘਰਸ਼ ਵਿੱਢਿਆ ਜਾਏਗਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਬਿਜਲੀ ਸਬੰਧੀ ਅਗਾਊਂ ਪ੍ਰਬੰਧ ਕਰੇ।ਕਿਸਾਨ ਆਗੂਆਂ ਨੇ ਕਿਹਾ ਕਿ ਬਿਜਲੀ ਵਿਭਾਗ ਕੋਲ ਨਾ ਤਾਂ ਢੁੱਕਵਾਂ ਸਾਜ਼ੋ ਸਮਾਨ ਹੈ ਅਤੇ ਨਾ ਹੀ ਲੋੜੀਂਦੇ ਮੁਲਾਜ਼ਮ ਹਨ, ਜਦ ਕਿ ਬਿਜਲੀ ਦੀ ਮੰਗ ਹਰ ਸਾਲ ਵਧ ਰਹੀ ਹੈ, ਜਿਸ ਕਰਕੇ ਹਰ ਸਾਲ ਕਿਸਾਨਾਂ ਤੇ ਦੂਜੇ ਖਪਤਕਾਰਾਂ ਦੀਆਂ ਔਕੜਾਂ ਵਧ ਰਹੀਆਂ ਹਨ, ਸਰਕਾਰ ਨੂੰ ਇਸ ਪਾਸੇ ਧਿਆਨ ਦੇਣ ਦੀ ਲੋੜ ਹੈ।

## ਗਗਨਦੀਪ ਜਲਾਲਪੁਰ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ

ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਬੀਤੇ ਸਮੇਂ ਪੰਜਾਬ ਅੰਦਰ ਪੰਜਾਬ ਯੂਥ ਕਾਂਗਰਸ ਦੀਆਂ ਹੋਈਆਂ ਚੋਣਾਂ 'ਚ ਮਦਨ ਲਾਲ ਜਲਾਲਪੁਰ ਸਾਬਕਾ ਵਿਧਾਇਕ ਘਨੌਰ ਦੇ ਸਪੁੱਤਰ ਬਿਜਲੀ ਬੋਰਡ ਦੇ ਸਾਬਕਾ ਪ੍ਰਬੰਧਕੀ ਮੈਂਬਰ ਗਗਨਦੀਪ ਸਿੰਘ ਜਲਾਲਪੁਰ ਨੂੰ ਇੰਡੀਅਨ ਯੂਥ ਕਾਂਗਰਸ ਦੇ ਪ੍ਰਧਾਨ ਉਦੈ ਭਾਨੂ ਚਿੱਬ ਨੇ ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ।ਇਸ ਦੇ ਨਾਲ ਹੀ ਕਰਨਵੀਰ ਸਿੰਘ ਢਿੱਲੋਂ ਨੂੰ ਉੱਪ ਪ੍ਰਧਾਨ ਨਿਯੁਕਤ ਕੀਤਾ ਹੈ।ਇਸ ਸਬੰਧੀ ਬਾਕਾਇਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ।ਜ਼ਿਕਰਯੋਗ ਹੈ ਕਿ ਪੰਜਾਬ ਯੂਥ ਕਾਂਗਰਸ ਦੇ ਸੰਗਠਨਾਤਮਕ ਚੋਣਾਂ 'ਚ ਸੂਬਾ ਪ੍ਰਧਾਨ ਦੇ ਅਹੁਦੇ ਲਈ ਡੈਲੀਗੇਟ ਚੋਣਾਂ 'ਚ 1,56,271 ਵੋਟਾਂ ਪ੍ਰਾਪਤ ਕਰ ਕੇ ਆਪਣੇ ਸਖ਼ਤ ਮੁਕਾਬਲੇ 'ਚ ਕੁੱਝ ਵੋਟ ਦੇ ਫ਼ਰਕ ਨਾਲ ਦੂਜੇ ਨੰਬਰ 'ਤੇ ਰਹਿ ਗਏ ਸਨ। ਚੋਣਾਂ ਤੋਂ ਬਾਅਦ ਪਾਰਟੀ ਹਾਈਕਮਾਂਡ ਦੀ ਰਸਮੀ ਪ੍ਰਵਾਨਗੀ ਤੋਂ ਗਗਨਦੀਪ ਜਲਾਲਪੁਰ ਨੂੰ ਪੰਜਾਬ ਯੂਥ ਕਾਂਗਰਸ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਆਪਣੀ ਨਿਯੁਕਤੀ ਲਈ ਉਨ੍ਹਾਂ ਪਾਰਟੀ ਦੇ ਆਗੂ ਰਾਹੁਲ ਗਾਂਧੀ ਤੇ ਕਾਂਗਰਸ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਯੂਥ ਕਾਂਗਰਸ ਆਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਆਪਣਾ ਅਹਿਮ ਰੋਲ ਅਦਾ ਕਰਕੇ ਕਾਂਗਰਸੀ ਉਮੀਦਵਾਰਾਂ ਦੀ ਜਿੱਤ ਨੂੰ ਯਕੀਨੀ ਬਣਾਏਗੀ। ਇਨ੍ਹਾਂ ਚੋਣਾਂ 'ਚ ਸੂਬਾ ਜਨਰਲ ਸਕੱਤਰ (53) ਦੇ ਅਹੁਦੇ ਲਈ ਗੁਰਜੋਤ ਸਿੰਘ ਨੂੰ ਸਭ ਤੋਂ ਵੱਧ 39,568 ਵੋਟਾਂ ਮਿਲੀਆਂ। ਉੱਥੇ ਸੂਬਾ ਸਕੱਤਰ (53) ਦੇ ਅਹੁਦੇ ਲਈ ਰਵਿੰਦਰ ਸਿੰਘ 2,744 ਵੋਟਾਂ ਨਾਲ ਸੂਚੀ ਵਿੱਚ ਸਭ ਤੋਂ ਉੱਪਰ ਰਹੇ।ਸ਼੍ਰੇਣੀ-ਵਾਰ ਉਪ-ਪ੍ਰਧਾਨ ਚੋਣਾਂ ਵਿੱਚ, ਪਰਮਵੀਰ ਸਿੰਘ ਢੱਡੇ ਕਟਵਾਲ ਨੂੰ ਸਭ ਤੋਂ ਵੱਧ ਸਮਰਥਨ ਮਿਲਿਆ, ਉਪ-ਪ੍ਰਧਾਨ ਦੇ ਅਹੁਦੇ ਲਈ 2,953 ਵੋਟਾਂ ਪ੍ਰਾਪਤ ਹੋਈਆਂ।ਨਵਤੇਜ ਸਿੰਘ ਅਮਰਕੋਟ ਨੇ 2,318 ਵੋਟਾਂ ਨਾਲ ਉਪ-ਪ੍ਰਧਾਨ ਸ਼੍ਰੇਣੀ ਜਿੱਤੀ।ਉਪ-ਪ੍ਰਧਾਨ (ਘੱਟ ਗਿਣਤੀ) ਦੇ ਅਹੁਦੇ ਲਈ ਅਰਸ਼ਦ ਖਾਨ ਰਾਣਾ ਨੇ ਸਭ ਤੋਂ ਵੱਧ 1,102 ਵੋਟਾਂ ਪ੍ਰਾਪਤ ਕੀਤੀਆਂ, ਜਦੋਂਕਿ ਸ਼ਿਵਾਨੀ ਸ਼ਰਮਾ ਨੇ ਉਪ-ਪ੍ਰਧਾਨ (ਓਪਨ ਮਹਿਲਾ) ਸ਼੍ਰੇਣੀ ਵਿੱਚ 2,125 ਵੋਟਾਂ ਪ੍ਰਾਪਤ ਕਰ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ।ਹੋਰ ਨਤੀਜਿਆਂ ਵਿੱਚ ਰੁਪਿੰਦਰ ਸਿੰਘ ਭੁੱਲਰ 185 ਵੋਟਾਂ ਪ੍ਰਾਪਤ ਕਰਕੇ ਉਪ-ਪ੍ਰਧਾਨ (ਦਿਵਯਾਂਗ) ਦੇ ਅਹੁਦੇ 'ਤੇ ਅੱਗੇ ਰਹੇ, ਜਦੋਂਕਿ ਮਨਪ੍ਰੀਤ ਕੌਰ 104 ਵੋਟਾਂ ਨਾਲ ਉਪ-ਪ੍ਰਧਾਨ (ਓਬੀਸੀ ਮਹਿਲਾ) ਸ਼੍ਰੇਣੀ ਵਿੱਚ ਸਭ ਤੋਂ ਉੱਪਰ ਰਹੇ।

## ਸਰਕਾਰ ਨੇ ਮਹਿਲਾਵਾਂ ਨਾਲ ਇਨਸਾਫ ਨਹੀਂ ਕੀਤਾ : ਜਗਦੇਵ ਗਾਗਾ



ਭਵਾਨੀਗੜ੍ਹ (ਰਾਜ ਖੁਰਮੀ)-ਕਾਂਗਰਸ ਆਗੂ ਜਗਦੇਵ ਗਾਗਾ ਨੇ ਪੰਜਾਬ ਸਰਕਾਰ ਦੀ 'ਮਾਵਾਂ-ਧੀਆਂ ਦਾ ਸਤਿਕਾਰ ਯੋਜਨਾ' ਨੂੰ ਲੈ ਕੇ ਤਿੱਖਾ ਸਵਾਲ ਖੜ੍ਹਾ ਕਰਦਿਆਂ ਕਿਹਾ ਕਿ ਸਰਕਾਰ ਨੇ ਚੋਣਾਂ ਦੌਰਾਨ ਕੀਤਾ ਵਾਅਦਾ ਸਮੇਂ ਸਿਰ ਪੂਰਾ ਨਾ ਕਰਕੇ ਪੰਜਾਬ ਦੀਆਂ ਮਹਿਲਾਵਾਂ ਨਾਲ ਇਨਸਾਫ਼ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਪੰਜ ਸਾਲਾਂ ਵਿੱਚ ਹਰ ਮਹਿਲਾ ਨੂੰ ਮਿਲਣ ਵਾਲੇ 60 ਹਜ਼ਾਰ ਦੀ ਥਾਂ ਹੁਣ ਕਾਰਜਕਾਲ ਦੇ ਆਖ਼ਰੀ ਪੜਾਅ ਵਿੱਚ ਸਿਰਫ਼ 3 ਹਜ਼ਾਰ ਦੇਣਾ ਮਾਵਾਂ-ਭੈਣਾਂ ਦੇ ਸਨਮਾਨ ਨਾਲ ਖਿਲਵਾੜ ਹੈ।ਜਗਦੇਵ ਗਾਗਾ ਨੇ ਕਿਹਾ ਕਿ ਕਾਂਗਰਸ ਮਹਿਲਾਵਾਂ ਨੂੰ ਆਰਥਿਕ ਸਹਾਇਤਾ ਦੇਣ ਦੇ ਖ਼ਿਲਾਫ਼ ਨਹੀਂ ਹੈ, ਪਰ ਸਵਾਲ ਇਹ ਹੈ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਹਰ ਮਹਿਲਾ ਨੂੰ ਹਰ ਮਹੀਨੇ 1,000 ਦੇਣ ਦਾ ਕੀਤਾ ਵਾਅਦਾ ਸਾਢੇ ਚਾਰ ਸਾਲ ਤੱਕ ਕਿਉਂ ਲਟਕਾਇਆ ਗਿਆ।ਉਨ੍ਹਾਂ ਕਿਹਾ ਕਿ ਜੇਕਰ ਇਹ ਯੋਜਨਾ ਸਰਕਾਰ ਬਣਦੇ ਹੀ ਲਾਗੂ ਕਰ ਦਿੱਤੀ ਜਾਂਦੀ ਤਾਂ ਲੱਖਾਂ ਮਹਿਲਾਵਾਂ ਨੂੰ ਪੰਜ ਸਾਲਾਂ ਵਿੱਚ 60 ਹਜ਼ਾਰ ਦਾ ਲਾਭ ਮਿਲ ਸਕਦਾ ਸੀ।ਉਨ੍ਹਾਂ ਕਿਹਾ ਕਿ ਹੁਣ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਲਈ ਹਰ ਮਹੀਨੇ 1,500 ਦੀ ਸਹਾਇਤਾ ਦਾ ਐਲਾਨ ਕੀਤਾ ਗਿਆ ਹੈ, ਪਰ ਜੇ ਇਹ ਯੋਜਨਾ ਵੀ 2022 ਤੋਂ ਲਾਗੂ ਹੁੰਦੀ ਤਾਂ ਇੱਕ ਲਾਭਪਾਤਰੀ ਨੂੰ ਪੰਜ ਸਾਲਾਂ ਵਿੱਚ 90 ਹਜ਼ਾਰ ਤੱਕ ਦੀ ਰਕਮ ਮਿਲ ਸਕਦੀ ਸੀ।ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਸਰਕਾਰ ਨੇ ਲੋਕ ਭਲਾਈ ਦੀ ਥਾਂ ਇਸ਼ਤਿਹਾਰਾਂ, ਸਰਕਾਰੀ ਸਮਾਗਮਾਂ, ਹੈਲੀਕਾਪਟਰ ਯਾਤਰਾਵਾਂ ਅਤੇ ਪ੍ਰਚਾਰ 'ਤੇ ਵੱਧ ਧਿਆਨ ਦਿੱਤਾ।

## ਰੋਟਰੀ ਕਲੱਬ ਦੇ ਪ੍ਰਧਾਨ ਡਾ. ਸਈਅਦ ਤਨਵੀਰ ਹੁਸੈਨ ਦਾ ਕਾਰਜਕਾਲ ਸੰਪੰਨ





ਮਾਲੇਰਕੋਟਲਾ (ਅਸਗਰ ਪਰਿਹਾਰ)-ਰੋਟਰੀ ਕਲੱਬ ਦੇ ਪ੍ਰਧਾਨ ਡਾਕਟਰ ਸਈਅਦ ਤਨਵੀਰ ਹੁਸੈਨ ਦੇ ਪ੍ਰਧਾਨਗੀ ਕਾਰਜਕਾਲ ਦੇ ਸਮਾਪਨ ਦੇ ਮੌਕੇ ਤੇ ਇੱਕ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਸ਼ਹਿਰ ਦੇ ਪਤਵੰਤਿਆਂ ਤੋਂ ਇਲਾਵਾ ਸਾਰੇ ਰੋਟੇਰੀਅਨਾਂ ਨੇ ਪਰਿਵਾਰਾਂ ਸਮੇਤ ਸ਼ਿਰਕਤ ਕੀਤੀ।ਆਪਣੇ ਕਾਰਜਕਾਲ ਦੀ ਵਿਸਥਾਰਤ ਰਿਪੋਰਟ ਪੇਸ਼ ਕਰਦਿਆਂ ਡਾਕਟਰ ਸਈਅਦ ਤਨਵੀਰ ਹੁਸੈਨ ਨੇ ਦੱਸਿਆ ਕਿ ਇਸ ਵਰ੍ਹੇ ਕਲੱਬ ਵੱਲੋਂ ਕਈ ਸ਼ਲਾਘਾਯੋਗ ਕਾਰਜ ਕੀਤੇ ਗਏ ਜਿਵੇਂ ਅੱਖਾਂ ਦੇ ਅਪਰੇਸ਼ਨ ਦੇ ਦੋ ਮੁਫਤ ਕੈਂਪ ਲਾਏ ਗਏ, ਜਿਸ ਵਿੱਚ ਸੈਂਕੜੇ ਮਰੀਜ਼ਾਂ ਦੇ ਅਪਰੇਸ਼ਨ ਕੀਤੇ ਗਏ।ਇਸ ਤੋਂ ਇਲਾਵਾ ਦਿਲ ਦੀਆਂ ਬਿਮਾਰੀਆਂ ਦੇ ਚੈੱਕਅਪ ਦਾ ਵਿਸ਼ੇਸ਼ ਕੈਂਪ ਵੀ ਲਗਾਇਆ ਗਿਆ।ਹਜ਼ਰਤ ਹਲੀਮਾ ਹਸਪਤਾਲ ਨੂੰ ਇੱਕ ਡਾਇਲਿਸਿਸ ਮਸ਼ੀਨ ਦਾਨ ਕੀਤੀ ਗਈ, ਜਿਸ ਦਾ ਮਰੀਜ਼ ਰੋਜ਼ਾਨਾ ਲਾਭ ਉਠਾ ਰਹੇ ਹਨ। ਦੰਦਾਂ ਦੇ ਚੈਕਅਪ ਕੈਂਪ ਦੌਰਾਨ ਸੈਂਕੜੇ ਵਿਦਿਆਰਥੀਆਂ ਨੂੰ ਦਵਾਈਆਂ ਤੇ ਟੂਥਪੇਸਟ ਮੁਫ਼ਤ ਵੰਡੇ ਗਏ ਅਤੇ ਲੋੜਵੰਦ ਵਿਦਿਆਰਥੀਆਂ ਦੀ ਆਰਥਿਕ ਸਹਾਇਤਾ ਵੀ ਕੀਤੀ ਗਈ।ਜਨਤਕ ਥਾਵਾਂ ਤੇ ਫਲਦਾਰ ਅਤੇ ਛਾਂਦਾਰ ਪੌਦੇ ਲਗਾਏ ਗਏ।ਉਹਨਾਂ ਕਿਹਾ ਕਿ ਇਨ੍ਹਾਂ ਸਾਰੇ ਪ੍ਰੋਜੈਕਟਾਂ ਦੀ ਸਫਲਤਾ ਕਲੱਬ ਮੈਂਬਰਾਂ ਦੇ ਸਰਗਰਮ ਸਹਿਯੋਗ ਸਦਕਾ ਹੀ ਸੰਭਵ ਹੋਈ ਹੈ।ਉਹਨਾਂ ਸਾਰੇ ਰੋਟੇਰੀਅਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਪੀ.ਡੀ.ਜੀ. ਸ੍ਰੀ ਅਮਜਦ ਅਲੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇੱਕ ਸੱਚਾ ਰੋਟੇਰੀਅਨ ਦੂਸਰਿਆਂ ਦੇ ਦੁੱਖ-ਦਰਦ ਨੂੰ ਮਹਿਸੂਸ ਕਰਦਿਆਂ ਬਿਨ੍ਹਾ ਕਿਸੇ ਭੇਦਭਾਵ ਦੇ ਸਮਾਜ ਦੀ ਸੇਵਾ ਕਰਦਾ ਹੈ।

ਉਹਨਾਂ ਡਾ.ਤਨਵੀਰ ਹੁਸੈਨ ਦੀ ਟੀਮ ਦੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।'ਸਕੂਲ ਫਾਰ ਬਲਾਇੰਡ ਐਂਡ ਡਿਸਏਬਲਡ' ਦੀ ਪ੍ਰਬੰਧਕੀ ਕਮੇਟੀ ਦੇ ਡਾਇਰੈਕਟਰ ਸ੍ਰੀ ਉਸਮਾਨ ਸਿੱਦੀਕੀ ਨੇ ਸਕੂਲ ਦੀ ਰਿਪੋਰਟ ਪੇਸ਼ ਕਰਦਿਆਂ ਦੱਸਿਆ ਕਿ ਬੱਚਿਆਂ ਦੀਆਂ ਲੋੜਾਂ ਮੁਤਾਬਕ ਸਕੂਲ ਵਿੱਚ ਨਵੇਂ ਕਮਰਿਆਂ ਦੀ ਉਸਾਰੀ ਕੀਤੀ ਗਈ ਹੈ ਅਤੇ ਇਮਾਰਤ ਦੇ ਨਵੀਨੀਕਰਨ ਦਾ ਕੰਮ ਜਾਰੀ ਹੈ।ਵਿਦਿਆਰਥੀਆਂ ਦੇ ਵਿਦਿਅਕ ਨਤੀਜੇ ਬਹੁਤ ਵਧੀਆ ਰਹੇ ਹਨ ਅਤੇ ਬੱਚਿਆਂ ਦੀ ਗਿਣਤੀ ਵਿੱਚ ਵੀ ਭਾਰੀ ਵਾਧਾ ਹੋਇਆ ਹੈ।ਪੀ.ਡੀ.ਐਸ. ਸ੍ਰੀ ਮੁਹੰਮਦ ਰਫੀਕ, ਬਲਵਿੰਦਰ ਸਿੰਘ ਭਾਟੀਆ, ਪ੍ਰਿੰਸੀਪਲ ਅਸਰਾਰ ਨਿਜ਼ਾਮੀ, ਡਾਕਟਰ ਸਨਾ ਤਨਵੀਰ ਅਤੇ ਸ੍ਰੀ ਅਬਦੁਲ ਗਫਾਰ ਨੇ ਵੀ ਆਪਣੇ ਸੰਬੋਧਨ ਦੌਰਾਨ ਕਲੱਬ ਦੀ ਕਾਰਗੁਜ਼ਾਰੀ ਦੀ ਪ੍ਰਸ਼ੰਸਾ ਕੀਤੀ। ਮੰਚ ਦਾ ਸੰਚਾਲਨ ਡਾਕਟਰ ਮੁਹੰਮਦ ਰਫੀ ਅਤੇ ਕੈਸ਼ੀਅਰ ਮੁਹੰਮਦ ਜਮੀਲ ਨੇ ਸਾਂਝੇ ਤੌਰ 'ਤੇ ਸੁਚੱਜੇ ਢੰਗ ਨਾਲ ਕੀਤਾ।

## ਭਾਈ ਘਨ੍ਹਈਆ ਸੇਵਾ ਸੁਸਾਇਟੀ ਨੂੰ ਜਲ ਸੇਵਾ ਲਈ ਮਿਲੀ ਸਥਾਈ ਜਗ੍ਹਾ

ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰਪਾਲ, ਪੂਜਾ)-ਮਲੋਟ ਰੇਲਵੇ ਸਟੇਸ਼ਨ 'ਤੇ ਲੰਬੇ ਸਮੇਂ ਤੋਂ ਨਿਸ਼ਕਾਮ ਜਲ ਸੇਵਾ ਨਿਭਾ ਰਹੀ ਭਾਈ ਘਨ੍ਹਈਆ ਸੇਵਾ ਸੁਸਾਇਟੀ ਨੂੰ ਉੱਤਰ ਰੇਲਵੇ ਵੱਲੋਂ ਸਥਾਈ ਤੌਰ 'ਤੇ ਜਲ ਸੇਵਾ ਚਲਾਉਣ ਦੀ ਪ੍ਰਵਾਨਗੀ ਮਿਲ ਗਈ ਹੈ।ਰੇਲਵੇ ਵਿਭਾਗ ਨੇ ਸਟੇਸ਼ਨ 'ਤੇ ਸਥਾਈ ਵਾਟਰ ਕੂਲਰ ਸਥਾਪਿਤ ਕਰਨ ਲਈ ਅਥਾਰਟੀ ਪੱਤਰ ਜਾਰੀ ਕੀਤਾ, ਜੋ ਸਟੇਸ਼ਨ ਮਾਸਟਰ ਪੀ. ਕੇ. ਸ਼ਰਮਾ ਨੇ ਸੁਸਾਇਟੀ ਦੇ ਨੁਮਾਇੰਦਿਆਂ ਨੂੰ ਸੌਂਪਿਆ।ਸੁਸਾਇਟੀ ਦੇ ਪ੍ਰਧਾਨ ਲਜਿੰਦਰ ਕਾਲੜਾ (ਟੀਨਾ), ਅਨਿਲ ਗੋਦਾਰਾ (ਰਾਮ), ਅਨਿਲ ਜੁਨੇਜਾ (ਜੋਨੀ) ਅਤੇ ਸੁਰਿੰਦਰ ਮਦਾਨ ਸਮੇਤ ਅਹੁਦੇਦਾਰਾਂ ਨੇ ਇਸ ਫ਼ੈਸਲੇ 'ਤੇ ਖੁਸ਼ੀ ਜਤਾਉਂਦਿਆਂ ਰੇਲਵੇ ਮੰਤਰਾਲੇ, ਰੇਲਵੇ ਅਧਿਕਾਰੀਆਂ ਅਤੇ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਧੰਨਵਾਦ ਕੀਤਾ ਹੈ।

## ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਦੀ ਅਗਵਾਈ ਹੇਠ ਅਹਿਮ ਮੀਟਿੰਗ

ਸਮਾਣਾ (ਇਕਬਾਲ ਸਿੰਘ ਬੱਲ)

ਵਿਕਸਤ ਭਾਰਤ ਜੀ ਰਾਮ ਜੀ ਸੈੱਲ ਪੰਜਾਬ ਤੇ ਮੁੱਖ ਸਲਾਹਕਾਰ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਤੇ ਪ੍ਰਧਾਨ ਚਮਕੀਲਾ ਸਿੰਘ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦੀ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ 'ਵਿਕਸਿਤ ਭਾਰਤ ਜੀ ਰਾਮ ਜੀ ਸੈਲ' ਪੰਜਾਬ ਦੇ ਮੁੱਖ ਸਲਾਹਕਾਰ ਪ੍ਰਿੰਸੀਪਲ ਮੋਹਨ ਲਾਲ ਤੇ ਸੂਬਾ ਕਨਵੀਨਰ ਚਮਕੀਲਾ ਨੇ ਸੰਬੋਧਨ ਕੀਤਾ ਤੇ ਜੀਅ ਰਾਮ ਜੀ ਸੈੱਲ ਬਾਬਤ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੱਲੋਂ ਦੇਸ਼ ਭਰ ਵਿੱਚ ਚਲਾਈਆ ਜਾ ਰਹੀਆਂ ਲੋਕ ਭਲਾਈ ਸਕੀਮਾਂ ਦੀ ਵੀ ਜਾਣਕਾਰੀ ਦਿੱਤੀ। ਇਨ੍ਹਾਂ ਲੋਕ ਭਲਾਈ ਸਕੀਮਾਂ ਤੋਂ ਤੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਵੱਖ-ਵੱਖ ਪਿੰਡਾਂ ਤੋਂ ਆਏ 5 ਦਰਜਨਾਂ ਵਰਕਰਾਂ ਨੇ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਿਆ, ਜਿਨ੍ਹਾਂ ਦਾ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਤੇ ਚਮਕੀਲਾ ਸਿੰਘ ਨੇ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ। ਚਮਕੀਲਾ ਸਿੰਘ ਨੇ ਦੱਸਿਆ ਕਿ ਜੀ ਰਾਮ ਜੀ ਸੈਲ

### ਦਰਜਨਾਂ ਵਰਕਰ ਭਾਰਤੀ ਜਨਤਾ ਪਾਰਟੀ 'ਚ ਹੋਏ ਸ਼ਾਮਲ



ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੱਲੋਂ ਨਰੇਗਾ ਵਰਕਰਾਂ ਨੂੰ ਵੱਧ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਤੇ ਪਹਿਲਾਂ ਨਾਲੋਂ ਵੱਧ ਕੰਮ ਕਰਨ ਦੇ ਦਿਨਾਂ ਦੀ ਗਾਰੰਟੀ ਦਿੱਤੀ ਜਾ ਰਹੀ ਹੈ। ਸਕੀਮ ਦੇ ਚਾਲੂ ਹੁੰਦਿਆਂ ਪੈਸੇ ਸਿੱਧੇ ਵਰਕਰਾਂ ਦੀ ਖਾਤੇ ਵਿੱਚ ਆਇਆ ਕਰਨਗੇ। ਇਸ ਮੌਕੇ ਭਾਜਪਾ ਦੇ ਉੱਘੇ ਆਗੂ ਰਾਜੇਸ਼ ਮੋਦਗੀਲ (ਭੂਰਾ), ਸਮਾਣਾ ਮੰਡਲ ਸੈਕਟਰੀ ਇਸ਼ੂ ਵਧਵਾ, ਸੀਨੀਅਰ ਆਗੂ ਬਲਦੇਵ ਕ੍ਰਿਸ਼ਨ ਅਤੇ ਵਿਨੇ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਨਵੇਂ ਵਰਕਰਾਂ ਦਾ ਆਗੂਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਭਾਜਪਾ ਦੀ ਮਜ਼ਬੂਤੀ ਲਈ ਵੱਖ-ਵੱਖ ਪਿੰਡਾਂ ਤੋਂ ਆਪਣੀ ਪੂਰੀ ਟੀਮ ਸਮੇਤ ਸ਼ਾਮਲ ਹੋਣ ਵਾਲੇ ਪ੍ਰਮੁੱਖ ਵਰਕਰਾਂ ਵਿੱਚ ਹੇਠ ਲਿਖੇ ਨਾਂਅ ਸ਼ਾਮਲ ਹਨ, ਸੁਖਦੇਵ ਸਿੰਘ (ਖੁਦਾਦਪੁਰ), ਗੁਰਮੇਲ ਸਿੰਘ (ਮਾਵੀ ਸੱਪਾਂ), ਗੁਰਮੀਤ ਕੌਰ (ਬੰਮਣਾ), ਕਾਲਾ ਸਿੰਘ (ਰੇਤਗੜ੍ਹ), ਰਣਜੀਤ ਕੌਰ (ਬੱਲਮਗੜ੍ਹ), ਚਮਕੌਰ ਸਿੰਘ (ਕਲਬੁਰਸ਼ਾ), ਲਖਵਿੰਦਰ ਕੌਰ (ਕਲਰ ਭੈਣੀ), ਕ੍ਰਿਸ਼ਨਾ ਕੌਰ (ਸੁੱਲਰ), ਰੇਸ਼ਮਾ ਰਾਣੀ (ਅਚਰਾਲ) ਵਰਕਰਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ ਉਪਰੰਤ ਉਪਰੋਕਤ ਸਾਰੇ ਆਗੂਆਂ ਤੇ ਉਨ੍ਹਾਂ ਦੀ ਪੂਰੀ ਟੀਮ ਨੇ ਵਿਸ਼ਵਾਸ ਦਿਵਾਇਆ ਕਿ ਉਹ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣਗੇ ਅਤੇ ਖੇਤਰ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰ ਦੇਣਗੇ।

## ਪੀ ਜੀ ਆਈ ਨੇ ਸੇਵਾਮੁਕਤੀ 'ਤੇ ਅਧਿਕਾਰੀਆਂ ਨੂੰ ਕੀਤਾ ਸਨਮਾਨਤ



ਸਮਰਾਲਾ (ਸੁਰਜੀਤ ਸਿੰਘ)-ਪ੍ਰੋ. ਵਿਵੇਕ ਲਾਲ, ਡਾਇਰੈਕਟਰ, ਪੀਜੀਆਈ ਚੰਡੀਗੜ੍ਹ ਨੇ ਅੱਜ ਸੰਸਥਾਨ ਵਿੱਚੋਂ ਸੇਵਾਮੁਕਤ ਹੋਏ 16 ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੀਆਂ ਸੰਸਥਾਨ ਪ੍ਰਤੀ ਸਮਰਪਿਤ ਸੇਵਾਵਾਂ ਦੇ ਸਨਮਾਨ ਵਜੋਂ ਯਾਦਗਾਰੀ ਚਿੰਨ੍ਹ ਭੇਟ ਕਰਕੇ ਅਤੇ ਸੰਬੋਧਨ ਕਰਦਿਆਂ ਸਨਮਾਨਿਤ ਕੀਤਾ।ਇਸ ਸਮਾਰੋਹ ਵਿੱਚ ਪ੍ਰੋ. ਸੰਜੇ ਜੈਨ, ਡੀਨ (ਰਿਸਰਚ); ਪ੍ਰੋ. ਸੰਜੀਵ ਹਾਂਡਾ, ਸਬ-ਡੀਨ (ਅਕਾਦਮਿਕ); ਪ੍ਰੋ. ਅਸ਼ੋਕ ਕੁਮਾਰ, ਮੈਡੀਕਲ ਸੁਪਰਡੈਂਟ; ਪੰਕਜ ਰਾਏ, ਆਈ.ਏ.ਐਸ., ਡਿਪਟੀ ਡਾਇਰੈਕਟਰ (ਪ੍ਰਸ਼ਾਸਨ); ਪ੍ਰੋ. ਮਿਨੀ ਪੀ. ਸਿੰਘ, ਵਿਭਾਗ ਵਾਇਰੋਲੋਜੀ; ਪ੍ਰੋ. ਐਚ. ਐਸ. ਕੋਹਲੀ, ਵਿਭਾਗ ਨੇਫਰੋਲੋਜੀ; ਪ੍ਰੋ. ਅਕਸ਼ੈ ਸੈਕਸੇਨਾ, ਕਾਰਜਕਾਰੀ ਮੁਖੀ, ਰੇਡੀਓਡਾਇਗਨੋਸਿਸ ਵਿਭਾਗ; ਪ੍ਰੋ. ਨੀਲਮ ਤਨੇਜਾ, ਮੁਖੀ, ਮੈਡੀਕਲ ਮਾਈਕ੍ਰੋਬਾਇਓਲੋਜੀ ਵਿਭਾਗ; ਲੈਫਟੀਨੈਂਟ ਕਰਨਲ ਜੀ. ਐਸ. ਭੱਟੀ, ਸੁਪਰਿੰਟੈਂਡਿੰਗ ਹਸਪਤਾਲ ਇੰਜੀਨੀਅਰ; ਜਸਪਾਲ ਕੌਰ, ਮੁੱਖ ਨਰਸਿੰਗ ਅਧਿਕਾਰੀ ਅਤੇ ਪਵਨ ਕੁਮਾਰ, ਸੈਨੀਟੇਸ਼ਨ ਅਫ਼ਸਰ ਵੀ ਹਾਜ਼ਰ ਸਨ। ਰਵਿੰਦਰ ਸਿੰਘ, ਆਈ.ਏ. ਐਂਡ ਏ.ਐਸ., ਵਿੱਤੀ ਸਲਾਹਕਾਰ ਨੇ ਸੇਵਾਮੁਕਤ ਹੋਣ ਵਾਲੇ ਕਰਮਚਾਰੀਆਂ ਨੂੰ ਰਿਟਾਇਰਮੈਂਟ ਨਾਲ ਸਬੰਧਤ ਵਿੱਤੀ ਭੁਗਤਾਨ ਪੱਤਰ ਵੰਡੇ। ਸੰਸਥਾਨ ਵਿੱਚ ਸਾਲਾਂ ਤੱਕ ਨਿਭਾਈਆਂ ਸਮਰਪਿਤ ਸੇਵਾਵਾਂ ਤੋਂ ਬਾਅਦ ਸੇਵਾ ਮੁਕਤ ਹੋਏ ਅਧਿਕਾਰੀਆਂ ਵਿਚ ਪ੍ਰੋ. ਆਰ. ਕੇ. ਰਾਠੋ - ਡੀਨ (ਅਕਾਦਮਿਕ) ਅਤੇ ਮੁਖੀ, ਵਾਇਰੋਲੋਜੀ ਵਿਭਾਗ ਰਾਜਵਿੰਦਰ ਰੰਧਾਵਾ - ਡਿਪਟੀ ਨਰਸਿੰਗ ਸੁਪਰਿੰਟੈਂਡੈਂਟ, ਮੇਨ ਐਮਰਜੈਂਸੀ, ਪ੍ਰਮਿਲਾ ਦੇਵੀ ਸਹਾਇਕ ਨਰਸਿੰਗ ਸੁਪਰਿੰਟੈਂਡੈਂਟ, ਡੀ, ਐਫ ਅਤੇ ਕੋਬਾਲਟ ਬਲਾਕ, ਲਲਿਤਾ ਰਾਣੀ ਠਾਕੁਰ ਸਹਾਇਕ ਨਰਸਿੰਗ ਸੁਪਰਿੰਟੈਂਡੈਂਟ, ਡੈਲਫੀਨਾ ਵਰਮਾ ਸਹਾਇਕ ਨਰਸਿੰਗ ਸੁਪਰਿੰਟੈਂਡੈਂਟ, ਦਰਸ਼ਨਾ ਦੇਵੀ ਸਹਾਇਕ ਨਰਸਿੰਗ ਸੁਪਰਿੰਟੈਂਡੈਂਟ, ਕੈਥ ਲੈਬ, ਰਵਿੰਦਰ ਕੌਰ ਸੈਣੀ ਟੈਕਨੀਕਲ ਅਫ਼ਸਰ, ਜਤਿੰਦਰ ਸਿੰਘ ਟੈਕਨੀਕਲ ਅਫ਼ਸਰ, ਰੇਡੀਓਡਾਇਗਨੋਸਿਸ, ਖੁਸ਼ਵਿੰਦਰ ਸਿੰਘ ਅਭੈਪਾਲ-ਸੀਨੀਅਰ ਲੈਬ ਟੈਕਨੀਸ਼ੀਅਨ, ਮੈਡੀਕਲ ਮਾਈਕ੍ਰੋਬਾਇਓਲੋਜੀ ਵਿਭਾਗ, ਗੰਗਾ ਧਰ ਪਾਲ ਹਸਪਤਾਲ ਅਟੈਂਡੈਂਟ ਗ੍ਰੇਡ-1, ਜਰਨੈਲ ਸਿੰਘ ਹਸਪਤਾਲ ਅਟੈਂਡੈਂਟ, ਧਰਮਿੰਦਰ ਕੁਮਾਰ ਹਸਪਤਾਲ ਅਟੈਂਡੈਂਟ ਗ੍ਰੇਡ-1, ਰਾਜ ਕੁਮਾਰ ਹਸਪਤਾਲ ਅਟੈਂਡੈਂਟ, ਕ੍ਰਿਸ਼ਨ ਪਾਲ ਐਮ.ਟੀ.ਐਸ. ਗ੍ਰੇਡ-2, ਸੰਤੋਸ਼ ਕੁਮਾਰੀ - ਐਮ.ਟੀ.ਐਸ. ਗ੍ਰੇਡ-2, ਖਜਾਨੀ ਦੇਵੀ - ਐਮ.ਟੀ.ਐਸ. ਗ੍ਰੇਡ-3, ਮਨੋਚਿਕਿਤਸਾ ਵਿਭਾਗ।

**PUBLIC NOTICE**

**Directorate of Town and Country Planning Punjab.**

Subject :- Regarding Change of Purpose from **Institutional Purpose (Advanced Education and training Institute) to Rental Housing (Hostel Accomodation)** situated at Village Hardaspur (H.B. No. 85), Tehsil Phagwara, Distt. Kapurthala. This is to inform the general public that permission of Change of Land Use for **Institutional Purpose (Advanced Education and training Institute)** an area of 5.69 Std. Acres at village Hardaspur (H.B. No. 85), Tehsil Phagwara, Distt. Kapurthala was granted. Now, **M/s Lovely Universal Corporation, Through Sh. Romesh Chandar, Lovely Mall, Dr. B.R. Ambedkar Chowk, Nakodar Road, Jalandhar** has requested for permission of Change of Land Use Purpose from **Institutional Purpose (Advanced Education and training Institute) to Rental Housing (Hostel Accommodation)** as per Department policy Dated 09-11-2021, a public notice is hereby published for inviting objections if any, from general public. Those desirous may submit his/her objection in writing within 15 days from the date of publication of this notice in the O/o Senior Town Planner, Jalandhar, S.C.O. 41, Ground Floor, JDA Complex, opp. DAC Complex, Ladowali Road, Jalandhar.

Senior Town Planner, Jalandhar

**Capital Small Finance Bank Ltd.**

MIDAS Corporate Park, 3rd Floor, 37, G.T. Road, Jalandhar-144001, Punjab, India

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ**

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 22.06.2026 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਚ ਐੱਲ ਅਤੇ ਐੱਲ ਏ ਪੀ 'ਚ ਕਰਜ਼ਦਾਰ): ਸ੍ਰੀਮਤੀ ਵੀਨਾ ਪਤਨੀ ਵਿਨੋਦ ਕੁਮਾਰ ਵਾਸੀ ਬਾਂਸਾਂ ਵਾਲਾ ਬਾਜ਼ਾਰ ਬਾਲਮੀਕੀ ਮੁਹੱਲਾ, ਫਗਵਾੜਾ, ਕਪੂਰਥਲਾ, ਪੰਜਾਬ-144401 (ਮ੍ਰਿਤਕ) ਰਾਹੀਂ ਉਸ ਦੇ ਕਾਨੂੰਨੀ ਵਾਰਸਾਂ।
2. (ਨੋਟਿਸੀ ਨੰ: 1 ਦਾ ਕਾਨੂੰਨੀ ਵਾਰਸ): ਏ) ਵਿਨੋਦ ਕੁਮਾਰ ਪੁੱਤਰ ਕੇਸ਼ੋ ਲਾਲ ਵਾਸੀ ਬਾਂਸਾਂ ਵਾਲਾ ਬਾਜ਼ਾਰ ਬਾਲਮੀਕੀ ਮੁਹੱਲਾ, ਫਗਵਾੜਾ, ਕਪੂਰਥਲਾ, ਪੰਜਾਬ-144401
3. (ਨੋਟਿਸੀ ਨੰ: 1 ਦਾ ਕਾਨੂੰਨੀ ਵਾਰਸ): ਬੀ) ਸੰਜੀਵ ਕੁਮਾਰ ਪੁੱਤਰ ਵਿਨੋਦ ਕੁਮਾਰ ਵਾਸੀ ਬਾਂਸਾਂ ਵਾਲਾ ਬਾਜ਼ਾਰ ਬਾਲਮੀਕੀ ਮੁਹੱਲਾ, ਫਗਵਾੜਾ, ਕਪੂਰਥਲਾ, ਪੰਜਾਬ-144401
4. (ਨੋਟਿਸੀ ਨੰ: 1 ਦਾ ਕਾਨੂੰਨੀ ਵਾਰਸ): ਸੀ) ਰੋਹਿਤ ਕੁਮਾਰ ਪੁੱਤਰ ਵਿਨੋਦ ਕੁਮਾਰ ਵਾਸੀ ਬਾਂਸਾਂ ਵਾਲਾ ਬਾਜ਼ਾਰ ਬਾਲਮੀਕੀ ਮੁਹੱਲਾ, ਫਗਵਾੜਾ, ਕਪੂਰਥਲਾ, ਪੰਜਾਬ-144401
5. (ਐੱਚ ਐੱਲ ਅਤੇ ਐੱਲ ਏ ਪੀ 'ਚ ਕਰਜ਼ਦਾਰ): ਸੰਜੀਵ ਕੁਮਾਰ ਪੁੱਤਰ ਵਿਨੋਦ ਕੁਮਾਰ ਵਾਸੀ ਮਕਾਨ ਨੰ: 889, ਬਾਂਸਾ ਵਾਲਾ ਬਾਜ਼ਾਰ ਬਾਲਮੀਕੀ ਮੁਹੱਲਾ, ਫਗਵਾੜਾ, ਕਪੂਰਥਲਾ, ਪੰਜਾਬ-144401
6. (ਐੱਚ ਐੱਲ ਅਤੇ ਐੱਲ ਏ ਪੀ 'ਚ ਗਰੰਟਰ): ਰਾਜ ਕੁਮਾਰ ਪੁੱਤਰ ਸੁਰੈਣ ਦਾਸ ਵਾਸੀ ਮਕਾਨ ਨੰ: 259, ਗਲੀ ਨੰ: 4, ਪਲਾਹੀ ਗੇਟ, ਬਾਲਮੀਕੀ ਮੁਹੱਲਾ, ਫਗਵਾੜਾ, ਕਪੂਰਥਲਾ, ਪੰਜਾਬ-144401

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (1.06.2026 ਤੋਂ ਬਿਨਾਂ ਵਿਆਜ) |
|---|---|---|
| HL/24611000034 | Rs. 15,00,000/- | Rs. 16,07,756.70 |
| LAP/24602000071 | Rs. 3,00,000/- | Rs. 3,12,823.10 |

**ਪ੍ਰਾਇਮਰੀ ਸਕਿਉਰਿਟੀ:** ਅਚੱਲ ਜਾਇਦਾਦ ਦਾ ਉੱਚਿਤ ਗਿਰਵੀਨਾਮਾ ਬੈਨਾਮਾ ਦਸਤਾਵੇਜ਼ ਨੰ: 2019-20/32/1/2405 ਮਿਤੀ 10-10-2019 ਅਨੁਸਾਰ ਸ੍ਰੀਮਤੀ ਵੀਨਾ ਪਤਨੀ ਵਿਨੋਦ ਕੁਮਾਰ ਦੀ ਮਲਕੀਅਤ ਜਾਇਦਾਦ ਰਕਬਾ 14 ਮਰਲਾ, ਵਾਕਿਆ ਆਬਾਦੀ ਲਾਲ ਲਕੀਰ ਦੇ ਅੰਦਰਵਾਰ ਮੁਹੱਲਾ ਨਿਗਾਹਾ ਮੇਹਲੀ ਗੇਟ, ਫਗਵਾੜਾ, ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਰੁੜਕਾ ਕਲਾਂ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -
(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ
(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ
(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ
(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।
ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ 01.07.2026 (ਅਧਿਕਾਰਤ ਅਫਸਰ)

**TWINKLE PAPERS LIMITED**

Corporate Identification Number: U22012PB1995PLC017091

Our company was originally incorporated as a Private Limited Company namely "Twinkle Papers Private Limited" under the Companies Act, 1956 vide Certificate of Incorporation dated September 27, 1995 issued by Registrar of Companies, ROC Chandigarh. Thereafter, our Company was converted into a Public Limited Company in pursuance of a special resolution passed by the members of our Company at the Extra Ordinary General Meeting held on May 04, 2023. A fresh Certificate of Incorporation consequent to conversion was issued on May 19, 2023 by the Registrar of Companies, ROC Chandigarh and consequently the name of our Company was changed from "Twinkle Papers Private Limited" to "Twinkle Papers Limited". The Company's Corporate Identification Number is U22012PB1995PLC017091. For information on the Company's activities, market, growth and managerial competence, please see the chapters "Our Management", "Our Business" and "Our Industry" beginning on pages 226, 158 and 135 respectively of this Red Herring Prospectus.

**Registered Office:** Ludhiana Roadmalerkotla Distt Sangrur, Malerkotla, Punjab, India, 148023
**Telephone No:** +01675 351790, 01675 351734; **Website:** https://twinklepapers.com/ ; **E-mail ID:** cs@twinklepapers.com
**Contact Person:** Ms. Twinkle Narula, Company Secretary and Compliance officer

**PROMOTERS OF THE COMPANY: MR. AMIT JAIN, MR. AYUSH JAIN & MRS. RUCHI JAIN**

INITIAL PUBLIC ISSUE OF UPTO 39,88,000 EQUITY SHARES OF RS. 10/- EACH ("EQUITY SHARES") OF TWINKLE PAPERS LIMITED ("TPL" OR THE "COMPANY" OR THE "ISSUER") FOR CASH AT A PRICE OF RS. [•]/- PER EQUITY SHARE INCLUDING A SHARE PREMIUM OF RS. [•]/- PER EQUITY SHARE (THE "ISSUE PRICE"), AGGREGATING TO RS. [•] LAKHS ("THE ISSUE"), OF WHICH UPTO 2,00,000 EQUITY SHARES OF RS. 10/- EACH FOR CASH AT A PRICE OF RS. [•]/- PER EQUITY SHARE INCLUDING A SHARE PREMIUM OF RS. [•]/- PER EQUITY SHARE AGGREGATING TO RS. [•] LAKH WILL BE RESERVED FOR SUBSCRIPTION BY MARKET MAKER TO THE ISSUE (THE "MARKET MAKER RESERVATION PORTION"). THE ISSUE LESS MARKET MAKER RESERVATION PORTION I.E. ISSUE OF UPTO 37,88,000 EQUITY SHARES OF RS. 10/- EACH INCLUDING A SHARE PREMIUM OF RS [•]/- PER EQUITY SHARE AGGREGATING TO RS. [•] LAKH IS HEREINAFTER REFERRED TO AS THE "NET ISSUE". THE ISSUE AND THE NET ISSUE WILL CONSTITUTE 26.32% AND 25.00%, RESPECTIVELY OF THE POST ISSUE PAID UP EQUITY SHARE CAPITAL OF THE COMPANY. FOR FURTHER DETAILS, PLEASE REFER TO SECTION TITLED "TERMS OF THE ISSUE" BEGINNING ON PAGE 345 OF THIS RED HERRING PROSPECTUS

**PUBLIC NOTICE**

The Company had filed the Red Herring Prospectus dated **June 19, 2026** with the Registrar of Companies, Chandigarh ("ROC") on **June 19, 2026** in connection with its proposed Initial Public Offer ("IPO") of equity shares, which was scheduled to open for subscription on **June 29, 2026** and close on **July 01, 2026**.
This Public Notice is being issued with reference to the proposed Initial Public Offer ("IPO") of **Twinkle Papers Limited** ("Company").
Notice is hereby given that the Board of Directors of the Company, at its meeting held on **June 30, 2026**, has approved the withdrawal of the proposed IPO. Accordingly, the Company has decided to withdraw the proposed IPO and the Red Herring Prospectus filed in connection therewith.
The Company regrets any inconvenience caused to the prospective investors and other stakeholders and appreciates their continued support and understanding.

**LEAD MANAGER**

NOVUS CAPITAL ADVISORS

**NOVUS CAPITAL ADVISORS PRIVATE LIMITED**
**(Formerly known as Fast Track Finsec Private Limited)**
**Address:** Office No. V-116, 1st Floor, New Delhi House, 27, Barakhamba Road, New Delhi – 110001
**Tel:** +91 11 43029809; | **Email:** mb@novuscaps.com
**Contact Person:** Ms. Sakshi/ Ms. Neha Mehra
**Website:** www.novuscaps.com
**SEBI registration number:** INM000012500
**CIN:** U65191DL2010PTC200381

**REGISTRAR TO THE ISSUE**

Alankit LIMITED

**ALANKIT ASSIGNMENTS LIMITED**
**Address:** 205-208 Anarkali Complex Jhandewalan Extension New Delhi - 110055
**Tel No.:** 011-42541234
**Email:** harish@alankit.com
**Contact Person:** Harish Chandra Agrawal
**Website:** https://www.alankit.com/
**SEBI Registration Number:** INR000002532

**For Twinkle Papers Limited**
**Sd/-**
**Twinkle Narula**
**Company Secretary and Compliance officer**

**Date: - July 01, 2026**
**Place: - Punjab**

# ਕੁਲਵੀਰ ਸਿੰਘ ਮੌਜੀਪੁਰ ਜ਼ਿਲ੍ਹਾ ਪ੍ਰਧਾਨ ਤੇ ਪਰਮਜੀਤ ਸਿੰਘ ਮਿੰਟੂ ਸ਼ਹਿਰੀ ਪ੍ਰਧਾਨ ਯੂਥ ਵਿੰਗ ਨਿਯੁਕਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- 2027 ਦੀਆਂ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਪਾਰਟੀ ਵੱਲੋਂ ਸਿਮਰਨਜੀਤ ਸਿੰਘ ਮਾਨ ਪਾਰਟੀ ਪ੍ਰਧਾਨ ਅਤੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਦੀ ਅਗਵਾਈ ਹੇਠ ਲਗਾਤਾਰ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ ਅਤੇ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਨੌਜਵਾਨ ਵੱਡੀ ਪੱਧਰ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਪਾਰਟੀ ਨਾਲ ਜੁੜ ਕੇ ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ। ਪਾਰਟੀ ਦੇ ਦੁਆਬਾ ਇੰਚਾਰਜ ਤੇ ਜਨਰਲ ਸਕੱਤਰ ਡਾਕਟਰ ਹਰਜਿੰਦਰ ਸਿੰਘ ਜੱਖੂ, ਜਿਲਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਤੇ ਹਰਵਿੰਦਰ ਸਿੰਘ ਹੀਰਾ ਹਲਕਾ ਇੰਚਾਰਜ ਸ਼ਾਮ 84 ਨੇ ਪਾਰਟੀ ਲਈ ਲੰਮੇ ਸਮੇਂ ਤੋਂ ਸੰਘਰਸ਼ ਕਰਨ ਵਾਲੇ ਨੌਜਵਾਨ ਕੁਲਬੀਰ ਸਿੰਘ ਮੌਜੀਪੁਰ ਜ਼ਿਲਾ ਪ੍ਰਧਾਨ ਯੂਥ ਵਿੰਗ ਅਤੇ ਪਰਮਜੀਤ ਸਿੰਘ ਮਿੰਟੂ ਨੂੰ ਸ਼ਹਿਰੀ ਪ੍ਰਧਾਨ ਯੂਥ ਵਿੰਗ ਨਿਯੁਕਤ ਕੀਤਾ ਗਿਆ। ਇਸ ਸਮੇਂ ਕੁਲਵੀਰ ਸਿੰਘ ਮੌਜੀਪੁਰ ਤੇ ਪਰਮਜੀਤ ਸਿੰਘ ਮਿੰਟੂ ਨੇ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਦੁਆਬਾ ਇੰਚਾਰਜ ਡਾਕਟਰ ਹਰਜਿੰਦਰ ਸਿੰਘ ਜੱਖੂ, ਜਿਲਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ, ਜਿਲਾ ਜਥੇਬੰਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਨੂੰ ਜਿਹੜੀ ਜਿੰਮੇਵਾਰੀ ਸੌਂਪੀ ਗਈ ਹੈ ਉਹ ਤਨ ਮਨ ਨਾਲ ਨਿਭਾਉਣਗੇ। ਇਹਨਾਂ ਨਿਯੁਕਤੀਆਂ ਦਾ ਗੁਰਦੀਪ ਸਿੰਘ ਖੁਣਖੁਣ ਸੰਦੀਪ ਸਿੰਘ ਖਾਲਸਾ ਟਾਂਡਾ, ਪਰਮਿੰਦਰ ਸਿੰਘ ਮਕੇਰੀਆਂ ਪ੍ਰਿਤਪਾਲ ਸਿੰਘ ਮੁਰਾਦਪੁਰ, ਸੁਖਵਿੰਦਰ ਸਿੰਘ ਸਾਬੀ, ਅਮਨਦੀਪ ਸਿੰਘ ਜੌਹਲ, ਮਨਜਿੰਦਰ ਸਿੰਘ ਜੌਹਲ, ਗੁਰਪ੍ਰੀਤ ਸਿੰਘ ਲਾਡੀ ਬੁੱਢੇਵਾਲ, ਪਰਮਜੀਤ ਸਿੰਘ ਮੇਗੋਵਾਲ, ਰਣਜੀਤ ਸਿੰਘ ਸ਼ਾਹਪੁਰ, ਜਗਦੀਸ਼ ਸਿੰਘ ਚੱਬੇਵਾਲ, ਲਾਭ ਸਿੰਘ ਨਸਰਾਲਾ, ਬਰਿੰਦਰ ਸਿੰਘ ਬਜਵਾੜਾ, ਅਮਨਦੀਪ ਸਿੰਘ ਸਨੀ, ਅੰਮ੍ਰਿਤਪਾਲ ਸਿੰਘ ਅਰੋੜਾ, ਪਾਰਸ ਸਿੰਘ, ਅਮਰਦਾਸ ਲਾਡੀ, ਗੌਰਵ ਮੱਲ ਨੇ ਸਵਾਗਤ ਕੀਤਾ।



# ਫਾਟਕਾਂ 'ਤੇ ਓਵਰਬ੍ਰਿਜ ਬਣਾਉਣ ਲਈ ਦਿੱਤਾ ਮੰਗ ਪੱਤਰ

**ਫ਼ਿਲੌਰ (ਨਿਰਮਲ)**- ਕਰਤਾਰਪੁਰ ਅਤੇ ਫ਼ਿਲੌਰ ਤੋਂ ਸਾਬਕਾ ਵਿਧਾਇਕ ਅਤੇ ਸਾਬਕਾ ਮੁੱਖ ਸੰਸਦੀ ਸਕੱਤਰ ਅਵਿਨਾਸ਼ ਚੰਦਰ ਕਲੇਰ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕਰਕੇ ਕਰਤਾਰਪੁਰ, ਫ਼ਿਲੌਰ ਅਤੇ ਆਦਮਪੁਰ ਹਲਕਿਆਂ ਦੇ ਅਹਿਮ ਰੇਲਵੇ ਫਾਟਕਾਂ 'ਤੇ ਓਵਰਬ੍ਰਿਜ ਅਤੇ ਅੰਡਰਬ੍ਰਿਜ ਬਣਾਉਣ ਦੀ ਮੰਗ ਕੀਤੀ। ਇਸ ਸਬੰਧੀ ਉਨ੍ਹਾਂ ਨੇ ਕੇਂਦਰੀ ਮੰਤਰੀ ਨੂੰ ਵਿਸਥਾਰਪੂਰਵਕ ਮੰਗ-ਪੱਤਰ ਵੀ ਸੌਂਪਿਆ। ਅਵਿਨਾਸ਼ ਚੰਦਰ ਕਲੇਰ ਨੇ ਕਿਹਾ ਕਿ ਕਰਤਾਰਪੁਰ, ਵਿਧੀਪੁਰ, ਗੋਰਾਇਆ, ਫ਼ਿਲੌਰ ਦੇ ਡਾ. ਭੀਮ ਰਾਓ ਅੰਬੇਡਕਰ ਚੌਂਕ ਨੇੜੇ ਸਥਿਤ ਰੇਲਵੇ ਫਾਟਕ, ਫ਼ਿਲੌਰ-ਬਿਲਗਾ ਰੇਲਵੇ ਫਾਟਕ ਅਤੇ ਆਦਮਪੁਰ ਹਲਕੇ ਦੇ ਖੁਰਦ ਸਮੇਤ ਕਈ ਰੇਲਵੇ ਫਾਟਕ ਲੰਬੇ ਸਮੇਂ ਤੱਕ ਬੰਦ ਰਹਿਣ ਕਾਰਨ ਲੋਕਾਂ ਨੂੰ ਹਰ ਰੋਜ਼ ਟਰੈਫਿਕ ਜਾਮ, ਸਮੇਂ ਦੀ ਬਰਬਾਦੀ ਅਤੇ ਐਮਰਜੈਂਸੀ ਸਥਿਤੀਆਂ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਇਨ੍ਹਾਂ ਥਾਵਾਂ 'ਤੇ ਪਹਿਲ ਦੇ ਆਧਾਰ 'ਤੇ ਓਵਰਬ੍ਰਿਜ ਅਤੇ ਅੰਡਰਬ੍ਰਿਜ ਬਣਾਉਣ ਦੀ ਮੰਗ ਕਰਦਿਆਂ ਕਿਹਾ ਕਿ ਇਸ ਨਾਲ ਆਵਾਜਾਈ ਨੂੰ ਵੱਡੀ ਰਾਹਤ ਮਿਲੇਗੀ। ਕਲੇਰ ਨੇ ਕੇਂਦਰੀ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਪ੍ਰਾਜੈਕਟਾਂ ਦੇ ਮੁਕੰਮਲ ਹੋਣ ਨਾਲ ਆਵਾਜਾਈ ਹੋਰ ਸੁਚਾਰੂ ਹੋਵੇਗੀ, ਸੜਕ ਹਾਦਸਿਆਂ ਵਿੱਚ ਕਮੀ ਆਵੇਗੀ ਅਤੇ ਲੱਖਾਂ ਲੋਕਾਂ ਨੂੰ ਹਰ ਰੋਜ਼ ਸੁਰੱਖਿਅਤ, ਸੁਵਿਧਾਜਨਕ ਅਤੇ ਸਮਾਂ-ਬਚਾਉਣ ਵਾਲੀ ਆਵਾਜਾਈ ਦੀ ਸਹੂਲਤ ਮਿਲੇਗੀ।



# ਵਧੀਕ ਡਿਪਟੀ ਕਮਿਸ਼ਨਰ ਨੇ ਸੰਭਾਵੀ ਹੜ੍ਹਾਂ ਦੀ ਰੋਕਥਾਮ ਸੰਬੰਧੀ ਜ਼ਿਲ੍ਹਾ ਅਧਿਕਾਰੀਆਂ ਦੀ ਕੀਤੀ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**-ਮੌਨਸੂਨ ਸੀਜ਼ਨ ਦੇ ਮੱਦੇਨਜ਼ਰ ਸੰਭਾਵੀ ਹੜ੍ਹਾਂ ਦੀ ਰੋਕਥਾਮ ਅਤੇ ਆਮ ਜਨਤਾ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ ਨੇ ਜ਼ਿਲ੍ਹਾ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਡਰੇਨੇਜ, ਸਿੰਚਾਈ, ਲੋਕ ਨਿਰਮਾਣ, ਸਿਹਤ, ਫੂਡ ਸਪਲਾਈ, ਪੁਲਸ ਅਤੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹੜ੍ਹਾਂ ਦੀ ਕਿਸੇ ਵੀ ਸੰਭਾਵੀ ਸਥਿਤੀ ਨਾਲ ਨਜਿੱਠਣ ਲਈ ਅਗਾਊਂ ਪ੍ਰਬੰਧ ਨਿਰਧਾਰਤ ਸਮੇਂ ਵਿੱਚ ਮੁਕੰਮਲ ਕੀਤੇ ਜਾਣ।ਉਨ੍ਹਾਂ ਕਿਹਾ ਕਿ ਸਾਰੇ ਡਰੇਨਾਂ, ਨਾਲਿਆਂ ਅਤੇ ਸੂਇਆਂ ਦੀ ਸਫਾਈ ਤੁਰੰਤ ਕਰਵਾਈ ਜਾਵੇ ਤਾਂ ਜੋ ਬਾਰਿਸ਼ ਦੇ ਪਾਣੀ ਦੀ ਨਿਕਾਸੀ ਵਿੱਚ ਕੋਈ ਰੁਕਾਵਟ ਨਾ ਆਵੇ। ਸਤਲੁਜ ਦਰਿਆ ਦੇ ਕਿਨਾਰਿਆਂ ਅਤੇ ਸੰਵੇਦਨਸ਼ੀਲ ਬੰਨ੍ਹਾਂ ਦੀ ਮਜ਼ਬੂਤੀ ਦਾ ਕੰਮ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ। ਹੜ੍ਹ ਪ੍ਰਭਾਵਿਤ ਹੋਣ ਵਾਲੇ ਪਿੰਡਾਂ ਦੀ ਪਛਾਣ ਕਰਕੇ ਉੱਥੇ ਰਾਹਤ ਕੇਂਦਰਾਂ, ਕਿਸ਼ਤੀਆਂ, ਗੋਤਾਖੋਰਾਂ, ਰੱਸੀਆਂ, ਰੇਤ ਦੇ ਬੋਰੇ ਅਤੇ ਹੋਰ ਲੋੜੀਂਦੇ ਸਾਜ਼ੋ-ਸਾਮਾਨ ਦਾ ਪਹਿਲਾਂ ਤੋਂ ਹੀ ਪ੍ਰਬੰਧ ਯਕੀਨੀ ਬਣਾਇਆ ਜਾਵੇ।ਵਧੀਕ ਡਿਪਟੀ ਕਮਿਸ਼ਨਰ (ਜ) ਨੇ ਸਿਹਤ ਵਿਭਾਗ ਨੂੰ ਹੜ੍ਹਾਂ ਦੌਰਾਨ ਫੈਲਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਲੋੜੀਂਦੀਆਂ ਦਵਾਈਆਂ ਦਾ ਸਟਾਕ ਰੱਖਣ ਅਤੇ ਮੈਡੀਕਲ ਟੀਮਾਂ ਤਿਆਰ ਰੱਖਣ ਦੇ ਨਿਰਦੇਸ਼ ਦਿੱਤੇ। ਪਸ਼ੂ ਪਾਲਣ ਵਿਭਾਗ ਨੂੰ ਪਸ਼ੂਆਂ ਲਈ ਚਾਰੇ ਅਤੇ ਦਵਾਈਆਂ ਦਾ ਪ੍ਰਬੰਧ ਕਰਨ ਲਈ ਕਿਹਾ ਗਿਆ। ਉਨ੍ਹਾਂ ਫੂਡ ਸਪਲਾਈ ਵਿਭਾਗ ਨੂੰ ਰਾਹਤ ਕੈਂਪਾਂ ਲਈ ਰਾਸ਼ਨ ਦਾ ਅਗਾਊਂ ਭੰਡਾਰਨ ਕਰਨ ਅਤੇ ਪੁਲਿਸ ਵਿਭਾਗ ਨੂੰ ਟ੍ਰੈਫਿਕ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਯੋਜਨਾ ਤਿਆਰ ਕਰਨ ਲਈ ਕਿਹਾ।ਉਨ੍ਹਾਂ ਐਸ.ਡੀ.ਐਮਜ਼ ਨੂੰ ਆਪਣੇ-ਆਪਣੇ ਉਪ-ਮੰਡਲ ਵਿੱਚ ਕੰਟਰੋਲ ਰੂਮ ਸਥਾਪਤ ਕਰਨ ਅਤੇ 24*7 ਕੰਮ ਕਰਨ ਵਾਲੀ ਟੀਮ ਤਾਇਨਾਤ ਕਰਨ ਦੇ ਆਦੇਸ਼ ਦਿੱਤੇ ਗਏ।ਵਧੀਕ ਡਿਪਟੀ ਕਮਿਸ਼ਨਰ(ਜ) ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਸਾਰੇ ਅਧਿਕਾਰੀ ਆਪਸੀ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਜ਼ਿਲ੍ਹਾ ਹੜ੍ਹ ਕੰਟਰੋਲ ਰੂਮ ਨਾਲ ਸੰਪਰਕ ਕਰਨ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ. ਨਵਾਂਸ਼ਹਿਰ ਅਨਮਜਯੋਤ ਕੌਰ, ਸਹਾਇਕ ਕਮਿਸ਼ਨਰ ਜਨਰਲ ਰਮਨਜੀਤ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ ।



# ਸ਼ਹੀਦੀ ਦਿਹਾੜੇ ਤੇ ਨਿਰਜਲਾ ਇਕਾਦਸ਼ੀ ਨੂੰ ਸਮਰਪਤ ਛਬੀਲ ਤੇ ਲੰਗਰ ਲਗਾਇਆ



ਚੰਡੀਗੜ੍ਹ-ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਅਤੇ ਨਿਰਜਲਾ ਇਕਾਦਸ਼ੀ ਨੂੰ ਸਮਰਪਿਤ ਸਰਬੱਤ ਸੇਵਾ ਸਭਾ ਸੈਕਟਰ 38 ਵੈਸਟ ਚੰਡੀਗੜ੍ਹ ਵੱਲੋਂ ਸੈਕਟਰ 38 ਵੈਸਟ ਵਿਖੇ 'ਛਬੀਲ ਅਤੇ ਛੋਲਿਆਂ ਤੇ ਕੜਾਹ ਪ੍ਰਸ਼ਾਦ' ਦਾ ਲੰਗਰ ਲਗਾਇਆ ਗਿਆ। ਇਸ ਕਾਰਜ ਵਿੱਚ ਸਮੂਹ ਸੈਕਟਰ ਵਾਸੀਆਂ ਨੇ ਪੂਰੀ ਸ਼ਰਧਾ ਨਾਲ ਰਾਹਗੀਰਾਂ ਨੂੰ ਠੰਡਾ ਮਿੱਠਾ ਜਲ ਅਤੇ ਕੜਾਹ-ਛੋਲਿਆਂ ਦਾ ਪ੍ਰਸ਼ਾਦ ਵਰਤਾਇਆ। ਇਸ ਮੌਕੇ ਸਭਾ ਦੇ ਪ੍ਰਧਾਨ ਭਾਗ ਸਿੰਘ, ਬਲਬੀਰ ਸਿੰਘ ਵਿਰਦੀ, ਸੁਖਵੰਤ ਸਿੰਘ, ਅਤਰ ਸਿੰਘ ਲਵਲੀ, ਸਤਵਿੰਦਰ ਸਿੰਘ, ਮੇਜਰ ਸਿੰਘ, ਮਹਿੰਦਰ ਸਿੰਘ ਵਿਰਕ ਹਾਜ਼ਰ ਸਨ।

## ਸਾਲਾਨਾ ਜੋੜ ਮੇਲਾ ਕਰਵਾਇਆ

**ਬੰਗਾ (ਅਵਤਾਰ ਕਲੇਰ)**-ਦਰਬਾਰ ਪੀਰ ਬਾਬਾ ਲੱਖ ਦਾਤਾ ਜੀ ਸਮਰਾਏ ਵਿਖੇ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਬਾਬਾ ਬਲਵੀਰ ਸੋਹਲ ਯੂ ਕੇ ਦੀ ਰਹਿਨੁਮਾਈ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ-ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਚਿਰਾਗਾਂ ਦੀ ਰਸਮ, ਝੰਡੇ ਦੀ ਰਸਮ ਅਦਾ ਕੀਤੀ ਗਈ। ਕੁਲ ਲੋਕਾਈ ਦੇ ਭਲੇ ਲਈ ਦੁਆ ਕੀਤੀ ਹੈ। ਉਪਰੰਤ ਸਟੇਜ ਸਜਾਈ ਗਈ ਜਿਸ ਵਿੱਚ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਗੱਦੀ ਨਸ਼ੀਨ ਬਾਬਾ ਬਲਵੀਰ ਸੋਹਲ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਦਰਬਾਰ ਤੇ ਠੰਢਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ। ਇਸ ਮੌਕੇ ਬਾਬਾ ਬਲਵੀਰ ਸੋਹਲ, ਬਾਬਾ ਮਲਕੀਤ ਸਿੰਘ, ਪੱਦੀ ਜਗੀਰ, ਬਾਬਾ ਮਹਿੰਦਰ ਪਾਲ ਸਰਹਾਲੀ, ਬਾਬਾ ਚਰਨਜੀਤ, ਲਖਵੀਰ ਕੈਲੇ, ਗਾਇਕ ਬਲਵਿੰਦਰ ਬਿੰਦਾ, ਗਾਇਕ ਕਮਲ ਕਟਾਣੀਆ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



## ਮਿਡ ਡੇਅ ਮੀਲ ਵਰਕਰਾਂ ਨੇ ਕੀਤਾ ਚੱਕਾ ਜਾਮ



**ਮਾਹਿਲਪੁਰ (ਸ਼ਫ਼ਰੀ)**-ਮਿਡ ਡੇਅ ਮੀਲ ਵਰਕਰ ਯੂਨੀਅਨ ਵੱਲੋਂ ਸਰਕਾਰ ਵੱਲੋਂ ਮੰਗਾਂ ਦੀ ਕੀਤੀ ਜਾ ਰਹੀ ਲਗਾਤਾਰ ਅਣਦੇਖੀ ਦੇ ਵਿਰੋਧ ਵਿਚ ਸਕੂਲਾਂ ਵਿੱਚ ਇੱਕ ਜੁਲਾਈ ਤੋਂ ਖਾਣਾ ਬਣਾਉਣਾ ਬੰਦ ਕਰਨ ਦਾ ਅਲਟੀਮੇਟਮ ਸਰਕਾਰ ਨੂੰ ਦਿੱਤਾ ਗਿਆ ਸੀ।ਇਸ ਤਹਿਤ ਮਾਹਿਲਪੁਰ ਵਿਖੇ ਮਿਡ ਡੇਅ ਮੀਲ ਵਰਕਰਾਂ ਵਲੋਂ ਸਥਾਨਕ ਸਬਜੀ ਮੰਡੀ 'ਚ ਕਮਲਜੀਤ ਖੜੌਦੀ, ਮਨਜੀਤ ਕੌਰ, ਬਲਵਿੰਦਰ ਕੌਰ ਤੇ ਅਮਰਵੀਰ ਕੌਰ ਦੀ ਅਗਵਾਈ ਵਿੱਚ ਇੱਕ ਰੋਸ ਰੈਲੀ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਮਿਡ ਡੇਅ ਮੀਲ ਵਰਕਰਾਂ ਵਲੋਂ ਸ਼ਮੂਲੀਅਤ ਕੀਤੀ ਗਈ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਜਥੇਬੰਦੀ ਨਾਲ ਮੀਟਿੰਗਾਂ ਵਿੱਚ ਮੰਨੀਆਂ ਮੰਗਾਂ, ਜਿਹਨਾਂ ਵਿੱਚ ਮਿਡ-ਡੇਅ-ਮੀਲ ਵਰਕਰਾਂ ਨੂੰ ਘੱਟੋ ਘੱਟ ਅਠਾਰਾਂ ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ, ਦੁਰਘਟਨਾ ਅਤੇ ਸਿਹਤ ਬੀਮਾ, ਮੌਸਮੀ ਵਰਦੀਆਂ, ਮਿਡ ਡੇਅ ਮੀਲ ਵਰਕਰਾਂ ਨੂੰ ਪੱਕਾ ਕਰਨ ਤੇ 60 ਸਾਲ ਤੋਂ ਬਾਅਦ ਗ੍ਰੈਚੂਟੀ ਅਤੇ ਪੈਨਸ਼ਨ ਆਦਿ ਨੂੰ ਲਾਗੂ ਨਾ ਕਰਨ ਸਰਕਾਰ ਦੀ ਮਿਡ-ਡੇਅ-ਮੀਲ ਵਰਕਰਾਂ ਪ੍ਰਤੀ ਬੇਰੁਖੀ ਨੂੰ ਦਰਸਾਉਂਦਾ ਹੈ। ਮਿਡ-ਡੇਅ-ਮੀਲ ਵਰਕਰਾਂ ਮਾਹਿਲਪੁਰ ਦੇ ਮੁੱਖ ਚੌਂਕ ਤੱਕ ਰੋਸ ਮਾਰਚ ਕੀਤਾ ਗਿਆ ਅਤੇ ਟ੍ਰੈਫਿਕ ਜਾਮ ਕਰਕੇ ਸਰਕਾਰ ਵਿਰੁੱਧ ਜਮਕੇ ਨਾਅਰੇਬਾਜੀ ਕੀਤੀ ਗਈ। ਸਰਕਾਰ ਵਲੋਂ ਤਿੰਨ ਜੁਲਾਈ ਨੂੰ ਮਿਲੀ ਮੀਟਿੰਗ ਵਿੱਚ ਜੇਕਰ ਕੋਈ ਸਾਰਥਕ ਹੱਲ ਨਹੀਂ ਨਿਕਲਦਾ ਤਾਂ ਮਿਡ-ਡੇਅ-ਮੀਲ ਵਰਕਰ ਯੂਨੀਅਨ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਸੰਧਿਆ, ਸੰਤੋਸ਼ ਰਾਣੀ, ਲਖਵਿੰਦਰ ਕੌਰ, ਗੁਰਮੀਤ ਕੌਰ, ਕਾਨਤਾ, ਰੇਸ਼ਮ ਕੌਰ, ਚਰਨਜੀਤ ਕੌਰ, ਪੂਜਾ, ਪੁਸ਼ਪਾ, ਸਿਮਰਨ, ਗੁਰਬਖਸ਼ ਕੌਰ, ਰੇਖਾ ਰਾਣੀ, ਜਸਵਿੰਦਰ, ਆਸ਼ਾ, ਸੁਖਵਿੰਦਰ, ਜਸਵੀਰ, ਕੁਲਵੀਰ ਕੌਰ, ਜਮਨਾ ਰਾਣੀ, ਬਲਵੀਰ ਕੌਰ, ਪਰਦੀਪ ਕੌਰ, ਬਖਸ਼ੋ ਆਦਿ ਵੱਡੀ ਗਿਣਤੀ ਵਿੱਚ ਮਿਡ-ਡੇਅ-ਮੀਲ ਵਰਕਰ ਹਾਜ਼ਰ ਸਨ।

## ਸੈਵਨ ਸਟਾਰ ਲਾਇਨਜ਼ ਕਲੱਬ ਨੇ ਦੰਦਾਂ ਦਾ ਫ੍ਰੀ ਚੈੱਕਅੱਪ ਕੈਂਪ ਲਗਾਇਆ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)**-ਸੈਵਨ ਸਟਾਰ ਹੰਡਰਡ ਪਰਸੈਂਟ ਐਕਟਿਵ ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਵਲੋਂ ਸਾਲ 2026-27 ਦੇ ਪਹਿਲੇ ਦਿਨ ਬੁੱਧਵਾਰ ਦੰਦਾਂ ਦਾ ਫ੍ਰੀ ਚੈਕਅੱਪ ਅਤੇ ਆਪ੍ਰੇਸ਼ਨ ਕੈਂਪ ਅਮਿਤ ਡੈਂਟਲ ਕਲੀਨਿਕ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਲਗਾਇਆ ਗਿਆ। ਕਲੱਬ ਦੇ ਚਾਰਟਰ ਪ੍ਰਧਾਨ ਅਤੇ ਡਿਸਟ੍ਰਿਕਟ 321-ਡੀ ਦੇ ਚੇਅਰਮੈਨ (ਯੂਥ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਦੀ ਅਗਵਾਈ ਹੇਠ ਲਗਾਏ ਇਸ ਕੈਂਪ ਦੌਰਾਨ ਡਾ. ਅਮਿਤ ਸ਼ਰਮਾ ਨੇ ਲੋੜਵੰਦ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕਰਕੇ ਲੋੜ ਅਨੁਸਾਰ ਦਵਾਈਆਂ ਫ੍ਰੀ ਦਿੱਤੀਆਂ। ਉਹਨਾਂ ਹਾਜ਼ਰੀਨ ਨੂੰ ਦੰਦਾਂ ਦੀ ਸੰਭਾਲ ਬਾਰੇ ਜਾਗਰੂਕ ਕੀਤਾ ਅਤੇ ਹਦਾਇਤ ਕੀਤੀ ਕਿ ਦੰਦਾਂ ਦੀ ਕਿਸੇ ਵੀ ਬਿਮਾਰੀ ਦੀ ਅਣਦੇਖੀ ਨਾ ਕਰਦੇ ਹੋਏ ਮਾਹਰ ਡਾਕਟਰ ਦੀ ਸਲਾਹ ਜ਼ਰੂਰ ਲਈ ਜਾਵੇ। ਲਾਇਨ ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਡਿਸਟ੍ਰਿਕਟ ਗਵਰਨਰ ਲਾਇਨ ਜੀ.ਐਸ. ਭਾਟੀਆ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲਾਇਨੈਸਟਿਕ ਸਾਲ 2026-27 ਦੇ ਪਹਿਲੇ ਦਿਨ ਕਲੱਬ ਵਲੋਂ ਪਹਿਲਾਂ ਦੰਦਾਂ ਦਾ ਫ੍ਰੀ ਕੈਂਪ ਲਗਾਇਆ ਗਿਆ ਹੈ ਜੋ ਕਿ ਸਥਾਈ ਪ੍ਰੋਜੈਕਟ ਵਜੋਂ ਹਰ ਮਹੀਨੇ ਅਮਿਤ ਡੈਂਟਲ ਕਲੀਨਿਕ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਲਗਾਇਆ ਜਾਵੇਗਾ। ਇਸ ਤੋਂ ਇਲਾਵਾ ਹੱਡੀਆਂ ਤੇ ਗੋਡਿਆਂ ਦੇ ਚੈਕਅਪ, ਸ਼ੂਗਰ ਚੈਕਅਪ ਸਮੇਤ ਹੋਰ ਮੈਡੀਕਲ ਕੈਂਪ ਵੀ ਲਗਾਏ ਜਾਣਗੇ ਤਾਂ ਜੋ ਵੱਧ ਤੋਂ ਵੱਧ ਲੋਕ ਸਿਹਤ ਸਹੂਲਤਾਂ ਦੀ ਫ੍ਰੀ ਸੇਵਾ ਦਾ ਲਾਭ ਉਠਾ ਸਕਣ। ਇਸ ਮੌਕੇ ਕਲੱਬ ਦੇ ਚਾਰਟਰ ਸਕੱਤਰ ਲਾਇਨ ਸੰਜੀਵ ਲਾਂਬਾ, ਚਾਰਟਰ ਖਜ਼ਾਨਚੀ ਲਾਇਨ ਸਤਵਿੰਦਰ ਸਿੰਘ ਭਮਰਾ ਅਤੇ ਚਾਰਟਰ ਪੀ.ਆਰ.ਓ. ਲਾਈਨ ਵਰੁਣ ਵਧਵਾ ਤੋਂ ਇਲਾਵਾ ਲਾਇਨ ਆਸ਼ੂ ਕਰਵਲ, ਲਾਇਨ ਵਿਨੇ ਕੁਮਾਰ ਬਿੱਟੂ, ਲਾਇਨ ਦੀਪਕ ਸ਼ਰਮਾ, ਯਸ਼ਿਕਾ ਸ਼ਰਮਾ, ਰਮੇਸ਼ ਕੁਮਾਰ ਵਧਵਾ, ਨਰਸਿੰਗ ਸਟਾਫ ਗੁਰਪ੍ਰੀਤ ਕੌਰ, ਰਿਤੂ, ਬਾਵੇਸ਼ ਆਦਿ ਹਾਜ਼ਰ ਸਨ।





ਰੌਜ਼ਾ ਸ਼ਰੀਫ਼ ਮੰਢਾਲੀ ਮੇਲੇ ਤੇ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਬਸਪਾ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੂੰ ਸਨਮਾਨਿਤ ਕਰਦੇ ਹੋਏ। (ਫੋਟੋ ਅਤੇ ਵੇਰਵਾ: ਅਵਤਾਰ ਕਲੇਰ ਬੰਗਾ)

## ਗਿਆਨ ਚੰਦ ਦੀ ਬੇਵਕਤੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

**ਨੰਗਲ (ਸੁਰਜੀਤ ਸਿੰਘ ਢੇਰ)**-ਨਵਾਂ ਜ਼ਮਾਨਾ ਦੇ ਸਟਾਫ ਮੈਂਬਰ, ਕੰਪਿਊਟਰ ਰੂਮ 'ਚ ਕੰਮ ਕਰਦੇ ਗਿਆਨ ਚੰਦ ਦੀ ਬੇਵਕਤੀ ਮੌਤ 'ਤੇ ਪਰਵਾਰ ਨਾਲ ਅਤੇ ਮੈਨੇਜਮੈਂਟ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਵੱਖ ਵੱਖ ਸਟੇਸ਼ਨਾਂ ਤੋਂ ਕੰਮ ਕਰਦੇ ਪੱਤਰਕਾਰ, ਅਦਾਰੇ ਦੇ ਹਿਤੈਸ਼ੀ ਸੁਰਜੀਤ ਸਿੰਘ ਢੇਰ, ਹਰਭਜਨ ਢਿੱਲੋਂ, ਜੁਝਾਰ ਸਿੰਘ, ਸੁਰਜੀਤ ਸਿੰਘ ਕਾਹਲੋਂ, ਅਰਵਿੰਦਰ ਸਿੰਘ, ਸਤਨਾਮ ਸਿੰਘ, ਜੁਝਾਰ ਸਿੰਘ, ਰਕੇਸ਼ ਸੈਣੀ, ਕੁਲਦੀਪ ਸ਼ਰਮਾ, ਬਲਵਿੰਦਰ ਰੈਂਤ, ਰਕੇਸ਼ ਸੈਣੀ, ਦਵਿੰਦਰ ਨੰਗਲੀ, ਹਰੀ ਚੰਦ ਗੋਲਣੀ, ਗੁਰਨਾਮ ਸਿੰਘ ਔਲਖ, ਮਹਿੰਗਾ ਰਾਮ ਐਮ ਏ, ਗੁਲਜ਼ਾਰ ਸਿੰਘ, ਰਾਮ ਪਾਲ ਤਾਰਾਪੁਰ, ਕਾਮਰੇਡ ਸੁਖਵੀਰ ਸੁੱਖਾ ਨੇ ਕਿਹਾ ਕਿ ਗਿਆਨ ਚੰਦ ਬਹੁਤ ਹੀ ਚੰਗੇ ਸੁਭਾਅ ਦੇ ਮਾਲਕ ਤੇ ਮਿਲਣਸਾਰ ਸਨ।ਉਨ੍ਹਾ ਦੀ ਮੌਤ ਨਾਲ ਜਿੱਥੇ ਪਰਵਾਰ ਨੂੰ ਘਾਟਾ ਪਿਆ, ਉਥੇ ਅਦਾਰਾ ਵੀ ਇੱਕ ਇਮਾਨਦਾਰ ਵਰਕਰ ਤੋਂ ਵਾਂਝਾ ਹੋ ਗਿਆ।

# ਨਗਰ ਕੌਂਸਲ ਆਦਮਪੁਰ 'ਤੇ 'ਆਪ' ਦਾ ਕਬਜ਼ਾ, ਚਰਨਜੀਤ ਸ਼ੇਰੀ ਬਣੇ ਪ੍ਰਧਾਨ

**ਆਦਮਪੁਰ, (ਪਰਮਜੀਤ ਸਿੰਘ)**- ਨਗਰ ਕੌਂਸਲ ਆਦਮਪੁਰ ਦੀ ਪ੍ਰਧਾਨਗੀ ਦੀ ਚੋਣ ਦੌਰਾਨ ਆਮ ਆਦਮੀ ਪਾਰਟੀ (ਆਪ) ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ ਕੌਂਸਲ 'ਤੇ ਪੂਰਨ ਕਬਜ਼ਾ ਕਰ ਲਿਆ ਹੈ। ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਅਤੇ ਐੱਸ ਡੀ ਐੱਮ ਆਦਮਪੁਰ ਲਾਲ ਵਿਸ਼ਵਾਸ ਬੈਸ ਨਿਗਰਾਨੀ ਹੇਠ ਹੋਈ ਅਹਿਮ ਮੀਟਿੰਗ ਦੌਰਾਨ 13 ਕੌਂਸਲਰਾਂ 'ਚ 11 ਕੌਂਸਲਰਾਂ ਜਿਨ੍ਹਾਂ ਵਿੱਚ ਜੁਗਿੰਦਪਾਲ, ਆਸ਼ਾ ਰਾਣੀ, ਚਰਨਜੀਤ ਸਿੰਘ, ਦਵਿੰਦਰ ਸਿੰਘ ਸੂਰੀ, ਕਨੂੰ, ਗੀਨਾ, ਹਰਵਿੰਦਰ ਸਿੰਘ, ਸੁਮਿੱਤਰਾ ਦੇਵੀ, ਅਮਰੀਕ ਸਿੰਘ, ਪਵਿੱਤਰ ਸਿੰਘ, ਬਿਕਰਮ ਬੱਧਣ ਹਾਜ਼ਰ ਹੋਏ ਜਿਨ੍ਹਾਂ ਵੱਲੋ ਸਰਬਸੰਮਤੀ ਨਾਲ ਚਰਨਜੀਤ ਸਿੰਘ ਸ਼ੇਰੀ ਨੂੰ ਪ੍ਰਧਾਨ, ਹਰਵਿੰਦਰ ਸਿੰਘ ਗਰੇਵਾਲ ਅਤੇ ਮੈਡਮ ਕੰਨੂ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਚੋਣ ਨਾਲ ਸਥਾਨਕ ਰਾਜਨੀਤੀ ਵਿੱਚ 'ਆਪ' ਦਾ ਦਬਦਬਾ ਹੋਰ ਮਜ਼ਬੂਤ ਹੋ ਗਿਆ ਹੈ। ਚੋਣ ਪ੍ਰਕਿਰਿਆ ਮੁਕੰਮਲ ਹੋਣ ਅਤੇ ਨਵੇਂ ਪ੍ਰਧਾਨ ਦੇ ਨਾਮ ਦਾ ਐਲਾਨ ਹੁੰਦਿਆਂ ਹੀ ਕੌਂਸਲ ਦਫ਼ਤਰ ਦੇ ਬਾਹਰ ਹਾਜ਼ਰ 'ਆਪ' ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਮਰਥਕਾਂ ਵੱਲੋਂ ਨਵ-ਨਿਯੁਕਤ ਪ੍ਰਧਾਨ ਅਤੇ ਮੀਤ ਪ੍ਰਧਾਨਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਤੇ ਢੋਲ ਦੀ ਥਾਪ 'ਤੇ ਭੰਗੜੇ ਪਾ ਕੇ ਖੁਸ਼ੀ ਮਨਾਈ ਗਈ। ਪਾਰਟੀ ਵਰਕਰਾਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਜਿੱਤ ਦਾ ਜਸ਼ਨ ਮਨਾਇਆ। ਨਵੇਂ ਪ੍ਰਧਾਨ ਚਰਨਜੀਤ ਸ਼ੇਰੀ ਨੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਦਲਜੀਤ ਸਿੰਘ ਮਿਨਹਾਸ ਚੇਅਰਮੈਨ ਬਲਾਕ ਸੰਮਤੀ ਆਦਮਪੁਰ, ਪਰਮਜੀਤ ਸਿੰਘ ਰਾਜਵੰਸ਼ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਪਰਮਜੀਤ ਪੰਮਾ ਸੰਗਠਨ ਇੰਚਾਰਜ, ਚਰਨਜੀਤ ਸਿੰਘ ਚੰਨੀ ਪਲੈਨਿੰਗ ਬੋਰਡ ਮੈਂਬਰ ਜਲੰਧਰ, ਕਮਲਜੀਤ ਸਲਾਲਾ ਵਾਈਸ ਪ੍ਰਧਾਨ ਬਲਾਕ ਸੰਮਤੀ, ਹਰਕੀਰਤ ਸਿੰਘ ਨਿੱਝਰ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ, ਲਖਬੀਰ ਸਿੰਘ ਹਜਾਰਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪਤਾਰਾ, ਲਲਖ ਹੈਪੀ ਲੁਧਿਆਣਾ ਜ਼ਿਲਾ ਪ੍ਰੀਸ਼ਦ ਮੈਂਬਰ ਜੰਡੂ ਸਿੰਘ, ਯੋਗੀ ਗਾਂਧੀ, ਸੰਜੀਵ ਗਾਂਧੀ, ਲਖਵੀਰ ਸਿੰਘ ਸਾਰੋਵਾਦ, ਸਤਵਿੰਦਰ ਅਰੋੜਾ, ਕਾਂਪੀ ਪਤਾਰਾ ਯੂਥ, ਹੈਪੀ ਹਰੀਪੁਰ, ਜੱਗੀ ਸੰਮਤੀ ਮੈਂਬਰ, ਅਕਾਸ਼ਦੀਪ ਆਸ਼ੂ ਬਲਾਕ ਪ੍ਰਧਾਨ, ਸਖਜੋਤ ਸਿੰਘ, ਡੀਸੀ ਬਾਸਲ, ਆਗੂ ਸਮੇਤ ਇਲਾਕੇ ਦੇ ਕਈ ਪ੍ਰਮੁੱਖ 'ਆਪ' ਆਗੂ, ਕੌਂਸਲਰ ਅਤੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਕੁਸ਼ਤੀ ਅਖਾੜੇ ਦੀ ਰੀਤੀ-ਰਿਵਾਜਾਂ ਨਾਲ ਆਰੰਭਤਾ



**ਮਾਹਿਲਪੁਰ (ਸ਼ਫ਼ਰੀ)**-ਪਹਿਲਵਾਨੀ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਉਦੇਸ਼ ਨਾਲ ਪਹਿਲਵਾਨ ਏ ਐਸ ਆਈ ਚੰਦ ਸਿੰਘ ਵੱਲੋਂ ਪਿੰਡ ਜਿਆਣ ਵਿਖੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਕੁਸ਼ਤੀ ਅਖਾੜੇ ਦੀ ਸ਼ੁਰੂਆਤ ਕੀਤੀ ਗਈ। ਜਿਸ ਵਿਚ ਇਲਾਕੇ ਦੇ ਮੁਹਤਬਰ ਵਿਅਕਤੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਇਸ ਅਖਾੜੇ ਨੇ ਚਲਾਉਣ ਲਈ ਹਰ ਤਰ੍ਹਾਂ ਦੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸਭ ਤੋਂ ਪਹਿਲਾਂ ਅਖਾੜੇ ਦੀ ਮਿੱਟੀ ਨੂੰ ਹਲਦੀ ਅਤੇ ਤੇਲ ਦੀ ਰਸਮ ਤੋਂ ਬਾਅਦ ਪਹਿਲਵਾਨੀ ਦੇ ਪੂਰੇ ਰੀਤੀ ਰਿਵਾਜਾਂ ਮੁਤਾਬਿਕ ਸ਼ੁਰੂਆਤ ਕੀਤੀ। ਇਸ ਮੌਕੇ ਭਾਈ ਬਲਰਾਜ ਸਿੰਘ ਮੁੱਖ ਸੇਵਾਦਾਰ ਗੁਰਦਵਾਰਾ ਅੰਗੀਠਾ ਸਾਹਿਬ ਜਿਆਣ ਵੱਲੋਂ ਪਹਿਲਵਾਨਾਂ ਅਤੇ ਪ੍ਰਬੰਧਕਾਂ ਦੀ ਸਿਹਤਯਾਬੀ ਲਈ ਅਰਦਾਸ ਕੀਤੀ ਗਈ ਅਤੇ ਮੌਲਵੀ ਬਾਗ਼ ਅਲੀ ਵੱਲੋਂ ਸਰਬੱਤ ਦੇ ਭਲੇ ਲਈ ਅੱਲਾ ਤਾਲਾ ਅੱਗੇ ਦੁਆ ਕੀਤੀ ਗਈ। ਇਸ ਮੌਕੇ ਪਹਿਲਵਾਨ ਚੰਦ ਸਿੰਘ ਨੇ ਕਿਹਾ ਕਿਹਾ ਉਨ੍ਹਾ ਨੂੰ ਪਹਿਲਵਾਨੀ ਦਾ ਸ਼ੌਕ ਬਚਪਨ ਤੋਂ ਹੀ ਆਪਣੇ ਪਿਤਾ ਪਹਿਲਵਾਨ ਸਵ. ਪਾਲ ਸਿੰਘ ਦੋਸਾਂਝ ਅਤੇ ਵੱਡਾ ਭਰਾ ਪਹਿਲਵਾਨ ਬਲੂ ਦੋਸਾਂਝ ਤੋਂ ਵਿਰਾਸਤ ਵਿਚ ਮਿਲਿਆ ਹੈ ਅਤੇ ਉਨ੍ਹਾਂ ਦਾ ਬੇਟਾ ਪਹਿਲਵਾਨ ਰਾਜਾ ਦੋਸਾਂਝ ਜੋ ਇਸ ਸਮੇਂ ਕੈਨੇਡਾ ਵਿੱਚ ਹੈ, ਵੀ ਪਹਿਲਵਾਨੀ ਨੂੰ ਉਪਰ ਚੁੱਕਣ ਲਈ ਸਮੇਂ ਸਮੇਂ 'ਤੇ ਵਿਸ਼ੇਸ਼ ਉਪਰਾਲੇ ਕਰ ਰਿਹਾ ਹੈ। ਇਸ ਮੌਕੇ ਕੋਚ ਬਘੇਲ ਸਿੰਘ ਅਖਾੜਾ ਗੋਲੀਆਂ, ਰਵਿੰਦਰ ਸਿੰਘ ਨੋਨਾ, ਸਰਪੰਚ ਦਲਜੀਤ ਸਿੰਘ, ਪਲਵਿੰਦਰ ਸਿੰਘ ਚੀਮਾ, ਏ ਐਸ ਆਈ ਬਲਵਿੰਦਰ ਸਿੰਘ, ਗੋਪਾਲ ਸਿੰਘ, ਜਸਵੀਰ ਸਿੰਘ ਸ਼ੀਰਾ, ਲਾਡੀ ਮਾਹਿਲਪੁਰ, ਸਤਵਿੰਦਰ ਸਿੰਘ ਬਿੰਦਾ ਜੱਜ, ਸੂਬੇਦਾਰ ਬਲਜਿੰਦਰ ਸਿੰਘ, ਰਮਨਦੀਪ ਸਿੰਘ, ਮਨਜਿੰਦਰ ਸਿੰਘ, ਚਿਰੰਜੀ ਲਾਲ ਬਿਹਾਲਾ ਸਾਬਕਾ ਸਰਪੰਚ, ਨਰੇਸ਼ ਕੁਮਾਰ ਬਲਾਕ ਸੰਮਤੀ ਮੈਂਬਰ, ਵਿਕੀ ਸਰਪੰਚ, ਪਰਮਜੀਤ ਸਿੰਘ ਜਿਆਣ, ਅਲੀ ਪਰਮਿੰਦਰ ਸਿੰਘ, ਮਨਿੰਦਰ ਸਿੰਘ, ਸਰਪੰਚ ਚਰਨਜੀਤ ਸਿੰਘ, ਗੁਰਨਾਮ ਸਿੰਘ, ਨਵੀਨ ਸਿੰਘ ਵੀਨੂੰ, ਸਾਬਕਾ ਸਰਪੰਚ ਜੱਸੀ ਚੱਕ ਮੱਲਾਂ ਆਦਿ ਸਮੇਤ ਭਾਰੀ ਗਿਣਤੀ ਵਿੱਚ ਕੁਸ਼ਤੀ ਪ੍ਰੇਮੀ ਮੌਜੂਦ ਰਹੇ ।

## ਬਾਲ ਪੁਸਤਕ 'ਆਓ ਬੱਚਿਓ ! ਕਵਿਤਾਵਾਂ ਗਾਈਏ' ਲੋਕ ਅਰਪਣ



**ਚੰਡੀਗੜ੍ਹ (ਸੁਰਜੀਤ ਸੁਮਨ)** ਯੂ ਟੀ ਦੇ ਸਾਬਕਾ ਅਧਿਆਪਕਾਂ ਦੀ ਜਥੇਬੰਦੀ ਵਲੋਂ ਚੰਡੀਗੜ੍ਹ ਦੇ ਸੈਣੀ ਭਵਨ ਵਿਖੇ ਪ੍ਰਿੰ. ਬਹਾਦਰ ਸਿੰਘ ਗੋਸਲ ਦੀ ਦੀ ਨਵੀਂ ਬਾਲ ਪੁਸਤਕ 'ਆਓ ਬੱਚਿਓ ! ਕਵਿਤਾਵਾਂ ਗਾਈਏ' ਦਾ ਸਮੂਹਿਕ ਰੂਪ ਵਿੱਚ ਲੋਕ ਅਰਪਣ ਕੀਤਾ ਗਿਆ।ਬਿਕਰਮਜੀਤ ਕੌਰ ਨੇ ਕਿਤਾਬ 'ਤੇ ਬੋਲਦਿਆਂ ਕਿਹਾ ਕਿ ਬੱਚਿਆਂ ਅਤੇ ਅਧਿਆਪਕਾਂ ਨੂੰ ਇਹ ਪੁਸਤਕ ਵੱਧ ਤੋਂ ਵੱਧ ਗਿਣਤੀ ਵਿੱਚ ਪੜ੍ਹਨੀ ਚਾਹੀਦੀ ਤਾਂ ਕਿ ਬੱਚਿਆਂ ਨੂੰ ਸਿੱਖਿਆ ਭਰਪੂਰ ਗਿਆਨ ਪ੍ਰਾਪਤ ਹੋ ਸਕੇ। ਇਸ ਮੌਕੇਸ਼ਿਵ ਕੁਮਾਰ ਸ਼ਰਮਾ, ਜਗਦੀਸ਼ ਜੈਸਵਾਲ ਅਤੇ ਗਿਆਨ ਚੰਦ ਨੇ ਨਵੀਂ ਪੁਸਤਕ ਲਈ ਪ੍ਰਿੰ. ਬਹਾਦਰ ਸਿੰਘ ਗੋਸਲ ਨੂੰ ਵਧਾਈ ਦਿੱਤੀ।

ਇਸ ਮੌਕੇ ਜਥੇਬੰਦੀ ਵੱਲੋਂ ਸੇਵਾ-ਮੁਕਤ ਹੋਏ ਅਧਿਆਪਕਾਂ ਦੇ ਪੇ-ਰੀਵਿਜ਼ਨ ਦੇ ਬਕਾਇਆਂ ਬਾਰੇ ਵਿਸਥਾਰ ਵਿੱਚ ਦੱਸਿਆ।ਸਾਬਕਾ ਡਿਪਟੀ ਡਾਇਰੈਕਟਰ ਸ਼ਿਵ ਕੁਮਾਰ ਸ਼ਰਮਾ, ਸਾਬਕਾ ਡੀ ਈ ਓ ਬ੍ਰਹਮਜੀਤ ਕਾਲੀਆ, ਸਾਬਕਾ ਸਪੋਰਟਸ ਅਫਸਰ ਜੀਤ ਸਿੰਘ ਸੋਮਲ, ਸਾਬਕਾ ਪ੍ਰਿੰਸੀਪਲ ਜਗਦੀਸ਼ ਕੁਮਾਰ ਜੈਸਵਾਲ, ਬਿਕਰਮਜੀਤ ਕੌਰ, ਹਰਬੰਸ ਕੌਰ, ਗਿਆਨ ਚੰਦ ਤੇ ਜੀਤ ਸਿੰਘ ਸੋਮਲ ਨੇ ਯੂ.ਟੀ. ਦੇ ਸਾਬਕਾ ਅਧਿਆਪਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਬਾਰੇ ਵਿਸਥਾਰ-ਪੂਰਵਕ ਗੱਲ ਕਰਦੇ ਹੋਏ ਇਨ੍ਹਾਂ ਪੈਨਸ਼ਨਰਜ਼ ਦੀਆਂ ਮੰਗਾਂ ਦੀ ਜਲਦੀ ਪੂਰਤੀ ਲਈ ਚੰਡੀਗੜ੍ਹ ਪ੍ਰਸ਼ਾਸਨ ਨੂੰ ਅਪੀਲ ਕੀਤੀ। ਬ੍ਰਹਮਜੀਤ ਕਾਲੀਆ ਨੇ ਅਫਸੋਸ ਜ਼ਾਹਰ ਕਰਦਿਆਂ ਕਿਹਾ ਕਿ ਕਈ ਸੀਨੀਅਰ ਯੂ ਟੀ ਅਫਸਰਾਂ ਦੀਆਂ ਅੱਜ ਤੱਕ ਪੇ-ਫਿਕਸੇਸ਼ਨਾਂ ਵੀ ਨਹੀਂ ਹੋਈਆਂ, ਜਿਸ ਦਾ ਸਮੂਹ ਪੈਨਸ਼ਨਰਜ਼ ਵਿੱਚ ਬਹੁਤ ਗੁੱਸਾ ਹੈ।ਉਨ੍ਹਾਂ ਨੇ ਸਿੱਖਿਆ ਵਿਭਾਗ ਨੂੰ ਅਪੀਲ ਕੀਤੀ ਕਿ ਅਜਿਹਾ ਕੋਈ ਵੀ ਕੇਸ ਲਟਕਦਾ ਨਹੀਂ ਰਹਿਣਾ ਚਾਹੀਦਾ।

## ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਅੱਡਾ ਸਰਾਂ (ਜਸਵੀਰ ਕਾਜਲ)**-ਅੱਡਾ ਸਰਾਂ ਤੋਂ ਕੰਧਾਲਾ ਜੱਟਾ ਰੋਡ ਤੇ ਦੁਕਾਨਦਾਰਾਂ ਵੱਲੋਂ ਸਰਬਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਰਾਹਗੀਰਾਂ ਨੇ ਠੰਡੇ ਮਿੱਠੇ ਜਲ ਦੀ ਛਬੀਲ ਨੂੰ ਬਹੁਤ ਸ਼ਰਧਾ ਪਿਆਰ ਨਾਲ ਛਕਿਆ। ਇਸ ਮੌਕੇ ਡਾ. ਰਾਜ, ਸੋਢੀ, ਭੱਟੀ, ਲੱਕੀ, ਜਸਵਿੰਦਰ ਸਿੰਘ ਅਵਤਾਰ ਸਿੰਘ, ਇਕਬਾਲ ਸਿੰਘ, ਖਾਨ, ਸੁਖਰਾਜ ਸਿੰਘ, ਗੁਰਮੀਤ ਸਿੰਘ, ਮਨੀ, ਵਰਨ, ਖਾਨ ਆਦਿ ਦੁਕਾਨਦਾਰ ਹਾਜ਼ਰ ਸਨ।

## ਆਦਿ ਧਰਮ ਐਕਸ਼ਨ ਕਮੇਟੀ ਮੈਂਬਰ ਕਿਸ਼ਨ ਲਾਲ ਮਾਨ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ



**ਹੁਸ਼ਿਆਰਪੁਰ ( ਓ ਪੀ ਰਾਣਾ, ਬੀ ਐੱਸ ਸੈਣੀ)**-ਆਦਿ ਧਰਮ ਐਕਸ਼ਨ ਕਮੇਟੀ ਬਰਮਿੰਗਮ (ਇੰਗਲੈਂਡ) ਦੇ ਮੈਂਬਰ ਕਿਸ਼ਨ ਲਾਲ ਮਾਨ ਦੀ ਹੋਈ ਅਚਨਚੇਤ ਮੌਤ 'ਤੇ ਸਮੂਹ ਆਦਿ ਧਰਮ ਐਕਸ਼ਨ ਕਮੇਟੀ ਇੰਗਲੈਂਡ ਅਤੇ ਆਦਿ ਧਰਮ ਮਿਸ਼ਨ (ਰਜਿ.) ਭਾਰਤ ਵਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ, ਅਮਿਤ ਕੁਮਾਰ ਪਾਲ ਕੌਮੀ ਕੈਸ਼ੀਅਰ, ਵਰਿੰਦਰ ਬੰਗਾ ਜਨਰਲ ਸਕੱਤਰ, ਸੰਤ ਬਲਵੀਰ ਧਾਂਦਰਾ, ਮਾਸਟਰ ਸੁਖਵੀਰ ਦੁਗਾਲ ਪਾਤੜਾਂ, ਸੰਤ ਚਰਨ ਦਾਸ ਮਾਂਗਟ, ਸੰਤ ਧਰਮਾ ਸਿੰਘ ਚੀਮਾ ਸਾਹਿਬ, ਸੰਤ ਹੰਸ ਪਾਲ ਸਿੰਘ, ਸੰਤ ਸੋਹਣ ਸਿੰਘ, ਸੰਤ ਕਾਹਨ ਸਿੰਘ, ਸੰਤ ਜਗਤਾਰ ਸਿੰਘ ਬਰਨਾਲਾ, ਰਾਮ ਜੀ ਦਾਸ ਆਦਿ ਮੈਂਬਰਾਂ ਵਲੋਂ ਸਵ. ਕਿਸ਼ਨ ਲਾਲ ਮਾਨ ਦੇ ਵਿਛੋੜੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ। ਸੰਤ ਸਤਵਿੰਦਰ ਹੀਰਾ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਵ.ਕਿਸ਼ਨ ਲਾਲ ਮਾਨ ਵਲੋਂ ਬਹੁਤ ਲੰਮਾ ਸਮਾਂ ਆਦਿ ਧਰਮ ਮਿਸ਼ਨ ਲਈ ਕੰਮ ਕੀਤਾ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਦੇ ਪ੍ਰਚਾਰ ਤੇ ਪ੍ਰਸਾਰ ਅਤੇ ਕੌਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁੱਗੋਵਾਲੀਆ, ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ, ਬਾਬੂ ਕਾਂਸ਼ੀ ਰਾਮ ਦੇ ਮਿਸ਼ਨ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਸੰਘਰਸ਼ ਕੀਤਾ। ਸੰਤ ਹੀਰਾ ਅਤੇ ਆਦਿ ਧਰਮ ਮਿਸ਼ਨ ਮੈਂਬਰਾਂ ਸਵ. ਕਿਸ਼ਨ ਲਾਲ ਮਾਨ ਨੂੰ ਯਾਦ ਕਰਦਿਆਂ ਨਿੱਘੀ ਸ਼ਰਧਾਂਜਲੀ ਭੇਟ ਕੀਤੀ ।

## ਦੋ ਆਈ ਏ ਐੱਸ ਅਧਿਕਾਰੀ ਤਬਦੀਲ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਵੱਲੋਂ ਦੋ ਆਈ ਏ ਐੱਸ ਅਧਿਕਾਰੀਆਂ ਦੀਆਂ ਬਦਲੀਆਂ/ਤਾਇਨਾਤੀਆਂ ਕੀਤੀਆਂ ਗਈਆਂ ਹਨ। ਮੁੱਖ ਸਕੱਤਰ ਪੰਜਾਬ ਵੱਲੋਂ ਜਾਰੀ ਕੀਤੇ ਹੁਕਮਾਂ ਅਨੁਸਾਰ ਬੀ ਸ੍ਰੀਨੀਵਾਸਨ ਨੂੰ ਮੈਨੇਜਿੰਗ ਡਾਇਰੈਕਟਰ ਪਨਸਪ ਤੇ ਵਾਧੂ ਚਾਰਜ ਡਾਇਰੈਕਟਰ ਖਣਨ ਤੇ ਭੂ-ਵਿਗਿਆਨ ਤਾਇਨਾਤ ਕੀਤਾ ਗਿਆ ਹੈ। ਇਸੇ ਤਰ੍ਹਾਂ ਅਭਿਜੀਤ ਕਪਲਿਸ਼ ਨੂੰ ਬਤੌਰ ਮੁੱਖ ਕਾਰਜਕਾਰੀ ਅਧਿਕਾਰੀ ਪੰਜਾਬ ਊਰਜਾ ਵਿਕਾਸ ਏਜੰਸੀ ਨਿਯੁਕਤ ਕਰਨ ਲਈ ਉਨ੍ਹਾਂ ਦੀਆਂ ਸੇਵਾਵਾਂ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਦੇ ਸਪੁਰਦ ਕੀਤੀਆਂ ਗਈਆਂ ਹਨ।

## ਮੇਹਰਚੰਦ ਪੋਲੀਟੈਕਨਿਕ ਵਿਖੇ ਦ੍ਰਿਸ਼ਟੀਹੀਣ ਵਿਦਿਆਰਥੀਆਂ ਲਈ ਕੰਪਿਊਟਰ ਟਰੇਨਿੰਗ ਪ੍ਰੋਗਰਾਮ



**ਜਲੰਧਰ (ਸ਼ੈਲੀ ਐਲਬਰਟ)**-ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿਖੇ ਸਕਸ਼ਮ ਐਨ ਜੀ ਓ ਦੇ ਸਹਿਯੋਗ ਨਾਲ ਸਥਾਪਿਤ ਗੁਰੂ ਵਿਰਜਾਨੰਦ ਟੈਕ ਵਿਜ਼ਨ ਲੈਬ ਵਿਖੇ ਦ੍ਰਿਸ਼ਟੀਹੀਣ ਵਿਦਿਆਰਥੀਆਂ ਲਈ ਸਕਸ਼ਮ ਪੰਜਾਬ ਵਲੋਂ ਹੁਨਰ ਵਿਕਾਸ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਇੰਜੀ. ਵੀ.ਕੇ ਸੂਦ, ਮੈਡਮ ਨੰਦਿਤਾ ਸੂਦ ਅਤੇ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਵਿਸ਼ੇਸ਼ ਰੂਪ ਵਿੱਚ ਪਧਾਰੇ। ਲਗਭਗ ਇਕ ਮਹੀਨਾ ਚੱਲੇ ਇਸ ਪ੍ਰੋਗਰਾਮ ਦਾ ਉਦੇਸ਼ ਪੰਜਾਬ ਅਤੇ ਸੂਬੇ ਦੇ ਬਾਹਰੋਂ ਆਏ ਦ੍ਰਿਸ਼ਟੀਬਾਧਿਤ ਵਿਦਿਆਰਥੀਆਂ ਨੂੰ ਡਿਜ਼ਿਟਲ ਸਾਖਰਤਾ, ਸੁਤੰਤਰ ਗਤੀਸ਼ੀਲਤਾ, ਸੰਚਾਰ ਕੌਸ਼ਲ ਅਤੇ ਰੋਜ਼ਗਾਰ ਯੋਗਤਾ ਨਾਲ ਸਬੰਧਿਤ ਹੁਨਰਾਂ ਵਿੱਚ ਨਿਪੁੰਨ ਬਣਾਇਆ ਗਿਆ ਤਾਂ ਜੋ ਉਹ ਆਤਮ-ਨਿਰਭਰ ਬਣਕੇ ਸਮਾਜ ਵਿੱਚ ਵਿਚਰ ਸਕਨ ਤੇ ਸਮਾਜ ਦੀ ਸੇਵਾ ਕਰ ਸਕਣ। ਇਹਨਾਂ ਵਿਦਿਆਰਥੀਆਂ ਨੂੰ ਟਰੇਨਿੰਗ ਰਜਤ, ਅਭਿਸ਼ੇਕ ਜਯੋਤੀ ਅਤੇ ਖੁਸ਼ੀ ਵਲੋਂ ਪ੍ਰਦਾਨ ਕੀਤੀ ਗਈ। ਪ੍ਰੋ. ਪ੍ਰੇਮ ਸਾਗਰ ਨੇ ਸਰਸਵਤੀ ਵੰਦਨਾ ਨਾਲ ਪ੍ਰੋਗਰਾਮ ਦਾ ਆਗਾਜ਼ ਕੀਤਾ। ਦੀਪਿਕਾ ਸੂਦ ਨੇ ਸਕਸ਼ਮ ਪੰਜਾਬ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਇੰਜੀ. ਵੀ.ਕੇ ਸੂਦ ਨੇ ਸਕਸ਼ਮ ਨੂੰ ਇਸ ਟਰੇਨਿੰਗ ਪ੍ਰੋਗਰਾਮ ਦੀ ਵਧਾਈ ਦਿੱਤੀ ਅਤੇ ਆਪਣੇ ਵਲੋਂ ਹਰ ਇਕ ਵਿਦਿਆਰਥੀ ਨੂੰ 2500 ਰੁਪਏ ਦਿੱਤੇ ਅਤੇ ਟਰੇਨਰਜ਼ ਨੂੰ 5000 ਰੁਪਏ ਦਿੱਤੇ । ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਇਸ ਮੌਕੇ ਬੋਲਦਿਆਂ ਕਿ ਉਹਨਾਂ ਨੂੰ ਮਾਣ ਹੈ ਕਿ ਸਕਸ਼ਮ ਪੰਜਾਬ ਨੇ ਮੇਹਰਚੰਦ ਪੋਲੀਟੈਕਨਿਕ ਵਿੱਚ ਇਸ ਨੇਕ ਕੰਮ ਲਈ ਲੈਬ ਬਣਾਈ ਹੈ। ਉਹਨਾ ਕਿਹਾ ਕਿ ਇਸ ਲੈਬ ਨੂੰ ਹੁਣ ਗੁਰੂ ਵਿਰਜਾਨੰਦ ਟੈਕ ਵਿਜ਼ਨ ਲੈਬ ਕਿਹਾ ਜਾਵੇਗਾ।

## ਜਲੰਧਰ ਹਾਈਟਸ ਕ੍ਰਿਕਟ ਐਕਸੀਲੈਂਸ ਸੈਂਟਰ ਲੜਕੀਆਂ ਦੇ ਕ੍ਰਿਕਟ ਟਰੇਨਿੰਗ ਲਈ ਆਦਰਸ਼ ਅਕੈਡਮੀ

**ਜਲੰਧਰ (ਰਾਜੇਸ਼ ਥਾਪਾ)**-ਰਾਜ ਅਤੇ ਰਾਸ਼ਟਰੀ ਪੱਧਰ ਦੀਆਂ ਜੂਨੀਅਰ ਮਹਿਲਾ ਕ੍ਰਿਕਟ ਖਿਡਾਰੀਆਂ ਨੇ ਸੈਂਟਰ ਨੂੰ ਖੇਤਰ ਦੀਆਂ ਸਭ ਤੋਂ ਵਧੀਆ ਕ੍ਰਿਕਟ ਅਕੈਡਮੀਆਂ ਵਿੱਚੋਂ ਇੱਕ ਦੱਸਿਆ।ਏ ਜੀ ਆਈ ਗਲੋਬਲ ਸਕੂਲ, ਜਲੰਧਰ ਹਾਈਟਸ-2, ਅਰਬਾਨਾ ਦੇ ਸਪੋਰਟਸ ਕੰਪਲੈਕਸ ਵਿੱਚ ਚੱਲ ਰਿਹਾ ਜਲੰਧਰ ਹਾਈਟਸ ਕ੍ਰਿਕਟ ਐਕਸੀਲੈਂਸ ਸੈਂਟਰ ਲੜਕੀਆਂ ਦੇ ਕ੍ਰਿਕਟ ਟਰੇਨਿੰਗ ਲਈ ਤੇਜ਼ੀ ਨਾਲ ਸਭ ਤੋਂ ਪਸੰਦੀਦਾ ਕੇਂਦਰ ਬਣਦਾ ਜਾ ਰਿਹਾ ਹੈ। ਸੁਰੱਖਿਅਤ ਅਤੇ ਸ਼ਾਨਦਾਰ ਮਾਹੌਲ ਵਿੱਚ ਸਥਿਤ ਇਹ ਸੈਂਟਰ ਵਿਸ਼ਵ ਪੱਧਰੀ ਸੁਵਿਧਾਵਾਂ ਨਾਲ ਸਜਜਿਤ ਹੈ, ਜਿੱਥੇ ਲੜਕੀਆਂ ਨੂੰ ਕ੍ਰਿਕਟ ਵਿੱਚ ਅੱਗੇ ਵਧਣ ਲਈ ਹਰ ਤਰ੍ਹਾਂ ਦੀ ਸਹੂਲਤ ਉਪਲਬਧ ਕਰਾਈ ਗਈ ਹੈ।



ਰਾਸ਼ਟਰੀ ਪੱਧਰ ਦੇ ਕ੍ਰਿਕਟ ਕੋਚ ਅਸ਼ੁਤੋਸ਼ ਸ਼ਰਮਾ ਨੇ ਰਾਜ ਅਤੇ ਰਾਸ਼ਟਰੀ ਪੱਧਰ ਦੀਆਂ ਕਈ ਜੂਨੀਅਰ ਮਹਿਲਾ ਕ੍ਰਿਕਟ ਖਿਡਾਰੀਆਂ ਨਾਲ ਸੈਂਟਰ ਦਾ ਦੌਰਾ ਕਰਨ ਤੋਂ ਬਾਅਦ ਇਸ ਨੂੰ ਲੜਕੀਆਂ ਲਈ ਖੇਤਰ ਦੇ ਸਭ ਤੋਂ ਵਧੀਆ ਕ੍ਰਿਕਟ ਟਰੇਨਿੰਗ ਕੇਂਦਰਾਂ ਵਿੱਚੋਂ ਇੱਕ ਦੱਸਿਆ। ਉਨ੍ਹਾਂ ਨੇ ਸੈਂਟਰ ਦੇ ਸ਼ਾਨਦਾਰ ਖੇਡ ਮੈਦਾਨ, ਚੰਗੀ ਤਰ੍ਹਾਂ ਤਿਆਰ ਅਤੇ ਰੱਖ-ਰਖਾਵ ਕੀਤੀਆਂ ਕ੍ਰਿਕਟ ਪਿਚਾਂ ਦੇ ਨਾਲ-ਨਾਲ ਸਾਫ਼-ਸੁਥਰੇ ਵਾਸ਼ਰੂਮ, ਆਧੁਨਿਕ ਚੇਂਜਿੰਗ ਰੂਮ, ਸ਼ੁੱਧ ਪੀਣ ਵਾਲਾ ਪਾਣੀ ਅਤੇ ਪੂਰੀ ਤਰ੍ਹਾਂ ਸੁਰੱਖਿਅਤ ਮਾਹੌਲ ਦੀ ਵੀ ਸਰਾਹਨਾ ਕੀਤੀ। ਉਨ੍ਹਾਂ ਕਿਹਾ ਕਿ ਇਹ ਮਾਹੌਲ ਖਿਡਾਰੀਆਂ ਅਤੇ ਉਨ੍ਹਾਂ ਦੇ ਅਭਿਭਾਵਕਾਂ ਦੋਵਾਂ ਨੂੰ ਵਿਸ਼ਵਾਸ ਅਤੇ ਸੰਤੋਖ ਦਿੰਦਾ ਹੈ।ਕ੍ਰਿਕਟ ਐਕਸੀਲੈਂਸ ਸੈਂਟਰ ਦੇ ਮੁਖੀ ਪਰਾਗ ਸ਼ਰਮਾ ਨੇ ਦੱਸਿਆ ਕਿ ਲੜਕੀਆਂ ਨੂੰ ਬਿਹਤਰ ਟਰੇਨਿੰਗ ਤੇ ਮਾਰਗਦਰਸ਼ਨ ਦੇਣ ਲਈ ਇੱਕ ਯੋਗ ਮਹਿਲਾ ਕ੍ਰਿਕਟ ਕੋਚ ਦੀ ਵੀ ਨਿਯੁਕਤੀ ਕੀਤੀ ਗਈ ਹੈ।

## ਜ਼ਿਲ੍ਹਾ ਟਾਸਕ ਫੋਰਸ ਵੱਲੋਂ ਡੀਲਰਾਂ ਤੇ ਫੈਕਟਰੀਆਂ ਦੀ ਅਚਨਚੇਤ ਚੈਕਿੰਗ

**ਬੰਗਾ (ਅਵਤਾਰ ਕਲੇਰ)**-ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਖਾਦਾਂ ਦੀ ਮਿਆਰੀ ਤੇ ਨਿਰਵਿਘਨ ਸਪਲਾਈ ਦੀ ਬਚਨਵੱਧਤਾ ਹੇਠ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ ਤਹਿਤ ਡਾ. ਲੇਖ ਰਾਜ ਮੁੱਖ ਖੇਤੀਬਾੜੀ ਅਫ਼ਸਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੇ ਟੀਮ ਵਲੋਂ ਬਲਾਕ ਬੰਗਾ ਅਧੀਨ ਪਿੰਡ ਕਟਾਰੀਆਂ, ਜੰਡਿਆਲਾ ਵਿੱਚ ਵੱਖ ਵੱਖ ਖਾਦ ਡੀਲਰਾਂ, ਸਹਿਕਾਰੀ ਸਭਾਵਾਂ ਅਤੇ ਪਲਾਈ ਵੁਡ ਫੈਕਟਰੀਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਖਾਦਾਂ ਨਾਲ ਸਬੰਧਿਤ ਰਿਕਾਰਡ, ਸਟਾਕ ਰਜਿਸਟਰ, ਬਿੱਲ ਬੁੱਕ ਸਟਾਕ ਬੋਰਡ ਅਤੇ ਪੀ ਓ ਐੱਸ ਮਸ਼ੀਨਾ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਨਾਲ ਹੀ ਪਿੰਡ ਕਟਾਰੀਆ ਵਿਖੇ ਚੱਲ ਰਹੀ ਪਲਾਈ ਵੁਡ ਫੈਕਟਰੀ ਦੀ ਚੈਕਿੰਗ ਕੀਤੀ ਜਿੱਥੋਂ ਯੂਰੀਆ ਖਾਦ ਦੀ ਵਰਤੋਂ ਦਾ ਕੋਈ ਸੰਕੇਤ ਨਹੀਂ ਮਿਲਿਆ । ਇਸ ਮੌਕੇ ਤੇ ਡਾ. ਲੇਖ ਰਾਜ ਵਲੋਂ ਦੱਸਿਆ ਕਿ ਕਿਸਾਨਾਂ ਯੂਰੀਆ ਖਾਦ ਸਬਸਿਡੀ ਤੇ ਮੁਹੱਈਆ ਕੀਤੀ ਜਾਂਦੀ ਇਸ ਲਈ ਗੈਰ ਖੇਤੀ ਕੰਮ ਲਈ ਯੂਰੀਆ ਖਾਦ ਦੀ ਵਰਤੋਂ ਕਰਨਾ ਕਾਨੂੰਨਨ ਅਪਰਾਧ ਹੈ। ਉਹਨਾਂ ਖਾਦ ਡੀਲਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਟੈਗਿੰਗ ਨਾ ਕਰਨ ਲਈ ਸਖਤ ਹਦਾਇਤਾਂ ਜਾਰੀ ਕੀਤੀਆਂ । ਇਸ ਮੌਕੇ ਤੇ ਉਹਨਾਂ ਦੇ ਨਾਲ ਡਾ. ਲਛਮਣ ਦਾਸ ਖੇਤੀਬਾੜੀ ਅਫਸਰ ਬੰਗਾ, ਡਾ. ਵਿਜੇ ਮਹੇਸ਼ੀ ਏ ਡੀ ਓ ਇਨਫੋਰਸਮੈਂਟ, ਡਾ. ਗੁਰਪ੍ਰੀਤ ਸਿੰਘ ਏ ਡੀ ਓ ਤਕਨੀਕੀ ਤੋਂ ਇਲਾਵਾ ਦਲੇਰ ਸਿੰਘ, ਸਕੱਤਰ ਕ੍ਰਿਸ਼ਨ ਕੁਮਾਰ ਕਟਾਰੀਆ, ਸਕੱਤਰ ਮਨਦੀਪ ਸਿੰਘ ਜੰਡਿਆਲਾ ਤੇ ਹੋਰ ਹਾਜ਼ਰ ਸਨ।



# ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤਾ ਕਿਸਾਨੀ ਲਈ ਮੌਤ ਦੇ ਵਰੰਟ

**ਨੰਗਲ (ਸੁਰਜੀਤ ਸਿੰਘ ਢੇਰ)**-ਇੱਥੇ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋ ਨੇ ਮਹਾਨ ਦੇਸ਼ ਭਗਤ ਪੰਡਿਤ ਰਾਮਕਿਸ਼ਨ ਭੜੋਲੀਆਂ ਭਵਨ ਦੇ ਦੂਜੀ ਮੰਜ਼ਿਲ ਹਾਲ ਦਾ ਉਦਘਾਟਨ ਕੀਤਾ। ਇਸ ਹਾਲ ਦੀ ਸੇਵਾ ਕਾਮਰੇਡ ਗੁਰਦਿਆਲ ਸਿੰਘ ਢੇਰ ਅਤੇ ਡਾਕਟਰ ਮਹਿੰਦਰ ਪਾਲ ਗੌਤਮ ਦੇ ਪਰਿਵਾਰ ਵੱਲੋਂ ਕਰਵਾਈ ਗਈ। ਇਸ ਮੌਕੇ ਤੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਦੇ ਵਿੱਚ ਭਾਰੀ ਆਰਥਿਕ ਸੰਕਟ ਪੈਦਾ ਕਰ ਰਹੀ ਹੈ। ਦੇਸ਼ ਦੇ ਮੱਧ ਵਰਗੀ ਪਰਵਾਰ ਜ਼ਿਆਦਾਤਰ ਲੋਕ ਬਹੁਤ ਹੀ ਔਖੇ ਹਾਲਾਤਾਂ ਵਿੱਚੋਂ ਲੰਘ ਰਹੇ ਹਨ। ਮੁੱਠੀ ਭਰ ਵੱਡੇ ਘਰਾਣੇ ਅਤੇ ਉਨ੍ਹਾਂ ਦੇ ਜੋਟੀਦਾਰਾਂ ਨੂੰ ਛੱਡ ਕੇ ਸਮਾਜ ਦਾ ਐਸਾ ਕੋਈ ਤਬਕਾ ਨਹੀਂ ਹੈ ਜਿਸ ਨੂੰ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਨਿਰਾਸ਼ ਨਾ ਕੀਤਾ ਹੋਵੇ । ਮਜ਼ਦੂਰਾਂ ਕਿਸਾਨਾਂ ਤੇ ਤਮਾਮ ਮਿਹਨਤਕਸ਼ ਲੋਕਾਂ ਦੀ ਹਾਲਤ ਮੋਦੀ ਸਰਕਾਰ ਦੇ ਰਾਜ ਵਿੱਚ ਬਦਤਰ ਹੋਈ ਹੈ। ਉਹਨਾਂ ਲਈ ਰੋਟੀ, ਇਲਾਜ ਅਤੇ ਰੁਜ਼ਗਾਰ ਵਰਗੀਆਂ ਬੁਨਿਆਦੀ ਲੋੜਾਂ ਵੀ ਦਿਨ ਬ ਦਿਨ ਉਹਨਾਂ ਤੋਂ ਦੂਰ ਹੁੰਦੀਆਂ ਜਾ ਰਹੀਆਂ। ਉਹਨਾਂ ਨੇ ਕਿਹਾ ਕਿ ਚੰਗੀ ਸਿੱਖਿਆ, ਜਮਹੂਰੀ ਅਧਿਕਾਰ, ਮਾਨਵ ਅਧਿਕਾਰ ਵਰਗੇ ਬੁਨਿਆਦੀ ਅਧਿਕਾਰ ਵੀ ਖਤਰੇ ਵਿੱਚ ਹਨ। ਕਾਰਪੋਰੇਟ ਅਤੇ ਫਿਰਕੂ ਤਾਕਤਾਂ ਨਾ ਸਿਰਫ ਦੇਸ਼ ਦੇ ਵਰਤਮਾਨ ਅਤੇ ਭਵਿੱਖ ਨੂੰ ਹਨੇਰੇ ਵਿੱਚ ਧੱਕਣਾ ਚਾਹੁੰਦੀਆਂ ਹਨ, ਸਗੋਂ ਲੰਬੇ ਸੰਘਰਸ਼ਾਂ ਤੇ ਕੁਰਬਾਨੀਆਂ ਨਾਲ ਪ੍ਰਾਪਤ ਆਜ਼ਾਦੀ ਸਮੇਤ ਲੋਕਤੰਤਰ ਪ੍ਰਾਪਤੀਆਂ ਨੂੰ ਵੀ ਖਤਮ ਕਰਨਾ ਚਾਹੁੰਦੀ ਹਨ। ਭਾਜਪਾ ਦੀ ਮੋਦੀ ਸਰਕਾਰ ਖੇਤੀ ਕਿਸਾਨੀ ਨੂੰ ਬਰਬਾਦ ਕਰ ਰਹੀ ਹੈ ਚਾਰ ਲੇਬਰ ਕੋਡ ਲਾਗੂ ਕਰਕੇ ਮਜ਼ਦੂਰਾਂ ਨੂੰ ਨਵੇਂ ਬੰਧਨ ਵਿੱਚ ਜਕੜ ਦਿੱਤਾ ਗਿਆ ਹੈ।ਇਸ ਮੌਕੇ ਤੇ ਜਿਲਾ ਸਕੱਤਰ ਬਜਿੰਦਰ ਪੰਡਿਤ, ਸਕੱਤਰੇਤ ਮੈਂਬਰ ਜਸਵਿੰਦਰ ਸਿੰਘ ਭੰਗਲ, ਕਾਮਰੇਡ ਸੁਰਜੀਤ ਸਿੰਘ ਢੇਰ, ਸਤਨਾਮ ਸਿੰਘ, ਮਹਿੰਦਰ ਸਿੰਘ ਸੰਗਤਪੁਰ ਨੇ ਵੀ ਸੰਬੋਧਨ ਕੀਤਾ। ਅੰਤ ਵਿੱਚ ਬਜ਼ੁਰਗ ਆਗੂ ਨਿਰਦੇਵ ਸ਼ਰਮਾ ਨੇ ਆਏ ਹੋਏ ਸਾਥੀਆਂ ਦਾ ਧੰਨਵਾਦ ਕੀਤਾ। ਹਾਜ਼ਰ ਮੈਂਬਰਾਂ ਨੇ ਇਸ ਹਾਲ ਦੀ ਉਸਾਰੀ ਲਈ ਜਿਨ੍ਹਾਂ ਲੋਕਾਂ ਨੇ ਆਪਣੀ ਕਿਰਤ ਕਮਾਈ ਵਿਚੋਂ ਹਿੱਸਾ ਪਾਇਆ, ਉਹਨਾਂ ਦਾ ਪਾਰਟੀ ਧੰਨਵਾਦ ਕੀਤਾ।ਇਸ ਮੌਕੇ ਤੇ ਕਾਮਰੇਡ ਗੁਰਦਿਆਲ ਸਿੰਘ ਢੇਰ ਅਤੇ ਡਾਕਟਰ ਮਹਿੰਦਰ ਪਾਲ ਦੇ ਗੌਤਮ ਦੇ ਪਰਵਾਰਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਡਾਕਟਰ ਹਰਵਿਵੇਕ, ਰਘਵੀਰ ਸਿੰਘ ਦਰਸ਼ੀ, ਰਜਿੰਦਰ ਸਿੰਘ ਡੋਡ, ਪਰੋਮਿਲਾ ਦੇਵੀ, ਸੁਖਵਿੰਦਰ ਸਿੰਘ ਦੁਮਣਾ, ਭਜਨ ਸਿੰਘ ਸੰਦੋਆ, ਦਲੀਪ ਸਿੰਘ ਧਨੋਲਾ, ਤਰਲੋਚਨ ਸਿੰਘ ਹੁਸੈਨਪੁਰ, ਸੁਖਦੇਵ ਸਿੰਘ, ਕੁਲਵੰਤ ਪਾਠਕ, ਪ੍ਰਿੰਸੀਪਲ ਰਾਜੀਵ ਮੇਜਰ, ਰੋਸ਼ਨ ਸਿੰਘ, ਕੇਵਲ ਕ੍ਰਿਸ਼ਨ, ਸੁਰਜੀਤ ਸਿੰਘ ਨੰਗਲ ਵੀ ਹਾਜ਼ਰ ਸਨ।



## ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਸਿੱਖਿਆ ਸਕੱਤਰ ਤਲਬ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਸਿੱਖਿਆ ਵਿਭਾਗ ਦੇ ਭਰਤੀ ਬੋਰਡ ਵੱਲੋਂ ਲੈਕਚਰਾਰ ਪੰਜਾਬੀ ਦੀਆਂ ਆਸਾਮੀਆਂ ਦੀ ਨਿਯੁਕਤੀ ਸਬੰਧੀ ਜਾਰੀ ਕੀਤੇ ਜਨਤਕ ਇਸ਼ਤਿਹਾਰ ਵਿੱਚ ਅਨੁਸੂਚਿਤ ਜਾਤੀ ਵਰਗ ਲਈ ਲਾਗੂ ਰਾਖਵਾਂਕਰਨ ਨੀਤੀ ਦੀ ਅਣਦੇਖੀ ਨੂੰ ਲੈ ਕੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਐਕਟ-2004 ਦੀਆਂ ਧਾਰਾਵਾਂ ਤਹਿਤ ਸੂ-ਮੋਟੋ ਨੋਟਿਸ ਲੈਂਦਿਆਂ ਸ਼ਿਕਾਇਤ ਦੀ ਪੜਤਾਲ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਇਸ ਸਬੰਧੀ ਸਿੱਖਿਆ ਸਕੱਤਰ, ਪੰਜਾਬ ਸਰਕਾਰ ਨੂੰ ਮਿਤੀ 3 ਜੁਲਾਈ ਨੂੰ ਸਵੇਰੇ 11.00 ਵਜੇ ਨਿੱਜੀ ਪੱਧਰ 'ਤੇ ਕਮਿਸ਼ਨ ਅੱਗੇ ਹਾਜ਼ਰ ਹੁੰਦੇ ਹੋਏ ਇਨ੍ਹਾਂ ਨਿਯੁਕਤੀਆਂ ਸਬੰਧੀ ਤੱਥ ਅਤੇ ਸੂਚਨਾ ਸਬੰਧੀ ਲੋੜੀਂਦੀ ਰਿਪੋਰਟ ਪੇਸ਼ ਕਰਨ ਲਈ ਕਿਹਾ ਗਿਆ ਹੈ। ਇਸ ਪੱਤਰ ਵਿੱਚ ਇਹ ਵੀ ਖੁਲਾਸਾ ਕੀਤਾ ਗਿਆ ਹੈ ਕਿ ਇਸ ਸਮੁੱਚੇ ਇਸ਼ਤਿਹਾਰ ਵਿੱਚ ਰਾਖਵਾਂਕਰਨ ਸਬੰਧੀ ਨਿਯਮਾਂ ਦੀ ਪਾਲਣਾ ਨਹੀਂ ਕੀਤੀ ਗਈ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਬੱਸ ਰਵਾਨਾ



**ਫਿਲੌਰ, (ਨਿਰਮਲ)**-ਹਲਕਾ ਫਿਲੌਰ ਦੇ ਪਿੰਡ ਰੁੜਕਾ ਕਲਾਂ ਤੋ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰਜੋਤ ਕੌਰ ਲੋਹਟੀਆ ਹਲਕਾ ਇੰਚਾਰਜ ਫਿਲੌਰ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਇਹ ਯੋਜਨਾ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਸੁਖਦ ਅਤੇ ਸੁਵਿਧਾਜਨਕ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਮਾਨ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ।ਇਸ ਮੌਕੇ ਹਾਜ਼ਰ ਮੈਡਮ ਹਰਜਿੰਦਰ ਕੌਰ ਬਲਾਕ ਕੋ-ਆਰਡੀਨੇਟਰ, ਮਨਜੀਤ ਕੌਰ, ਸਨਦੀਪ ਕੌਰ, ਜੋਤੀ, ਵਿਦਿਆ, ਜਸਵੀਰ, ਰਾਣੀ, ਸੁਖਜਿੰਦਰ ਕੌਰ, ਬਲਬੀਰੋ, ਮਨਜੀਤ ਕੌਰ, ਪਰਮਜੀਤ ਕੌਰ, ਸਿਮਰਨ, ਸੰਤੋਸ਼ ਰਾਣੀ, ਗੁਰਦੇਵ ਕੌਰ, ਪ੍ਰਵੀਨ, ਲਵਲੀ, ਦਵਿੰਦਰ ਕੌਰ, ਕੁਲਵੰਤ ਕੌਰ, ਸਰਬਜੀਤ ਕੌਰ, ਮਿੰਦੋ, ਜੁਗਿੰਦਰ ਕੌਰ, ਬਲਜੀਤ ਕੌਰ, ਜਸਵਿੰਦਰ ਕੌਰ, ਸੱਤਿਆ ਅਤੇ ਹੋਰ ਹਾਜ਼ਰ ਸਨ।

# ਟੀ ਈ ਟੀ ਮੁੱਦੇ ਨੂੰ ਲੈ ਕੇ ਸਾਂਝਾ ਮੋਰਚਾ ਬਣਾਉਣ ਦਾ ਫੈਸਲਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਲਾਜ਼ਮੀ ਤੌਰ 'ਤੇ ਟੀ ਈ ਟੀ ਪਾਸ ਕਰਨ ਦੀ ਸ਼ਰਤ ਕਾਰਨ ਦੇਸ਼ ਭਰ ਦੇ ਸੇਵਾ ਨਿਭਾ ਰਹੇ (ਇਨ-ਸਰਵਿਸ) ਅਧਿਆਪਕਾਂ ਸਾਹਮਣੇ ਪੈਦਾ ਹੋਈਆਂ ਸਮੱਸਿਆਵਾਂ ਦੇ ਹੱਲ ਲਈ ਰਾਸ਼ਟਰੀ ਪੱਧਰ 'ਤੇ ਇੱਕ ਸਾਂਝਾ ਮੋਰਚਾ ਗਠਿਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਸੱਦਾ ਅਧਿਆਪਕ ਸਿੱਖਿਅਕ ਸਾਂਝਾ ਮੋਰਚਾ, ਮੱਧ ਪ੍ਰਦੇਸ਼ ਵੱਲੋਂ ਕੀਤਾ ਗਿਆ, ਜਿਸ ਵਿੱਚ ਦਿੱਲੀ, ਪੰਜਾਬ, ਹਰਿਆਣਾ, ਉੱਤਰਾਖੰਡ ਅਤੇ ਮੱਧ ਪ੍ਰਦੇਸ਼ ਦੀਆਂ ਵੱਖ-ਵੱਖ ਅਧਿਆਪਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ।ਮੀਟਿੰਗ ਵਿੱਚ ਸ਼ਾਮਲ ਆਗੂਆਂ ਨੇ ਫੈਸਲਾ ਕੀਤਾ ਕਿ ਸਿੱਖਿਆ ਅਧਿਕਾਰ ਕਾਨੂੰਨ ਦੇ ਲਾਗੂ ਹੋਣ ਤੋਂ ਪਹਿਲਾਂ ਸੇਵਾ ਨਿਭਾ ਰਹੇ ਅਧਿਆਪਕਾਂ ਨੂੰ ਟੀ ਈ ਟੀ ਦੇ ਘੇਰੇ ਅਧੀਨ ਲਿਆਉਣ ਨੂੰ ਗੈਰ ਵਾਜਬ ਮੰਨਦਿਆਂ ਇੰਨ੍ਹਾਂ ਅਧਿਆਪਕਾਂ ਨੂੰ ਇਸ ਸ਼ਰਤ ਤੋਂ ਛੁਟਕਾਰਾ ਦੁਆਉਣ ਦੇ ਉਦੇਸ਼ ਨਾਲ ਕੰਮ ਕਰੇਗਾ। ਮੋਰਚੇ ਦੀ ਕੋਸ਼ਿਸ਼ ਰਹੇਗੀ ਕਿ ਬਿੱਲ ਜਾਂ ਆਰਡੀਨੈਂਸ ਰਾਹੀਂ ਸਿੱਖਿਆ ਅਧਿਕਾਰ ਕਾਨੂੰਨ ਵਿੱਚ ਲੋੜੀਂਦੀ ਸੋਧ ਕਰਵਾ ਕੇ ਇਨ-ਸਰਵਿਸ ਅਧਿਆਪਕਾਂ ਨੂੰ ਟੀ ਈ ਟੀ ਤੋਂ ਛੋਟ ਦਿਵਾਈ ਜਾਵੇ। ਮੀਟਿੰਗ ਵਿੱਚ ਪੰਜਾਬ ਵੱਲੋਂ ਸ਼ਾਮਲ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਨੇ ਦੱਸਿਆ ਕਿ 5 ਤੋਂ 12 ਜੁਲਾਈ ਦਰਮਿਆਨ ਵੱਖ-ਵੱਖ ਰਾਜਾਂ ਦੇ ਸੰਸਦ ਮੈਂਬਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਇਸ ਵਿਸ਼ੇ 'ਤੇ ਮੰਗ ਪੱਤਰ ਦਿੰਦਿਆਂ ਸੰਸਦ ਵਿੱਚ ਬਿੱਲ/ਆਰਡੀਨੈਂਸ ਲਿਆਉਣ ਲਈ ਸਹਿਯੋਗ ਦੀ ਮੰਗ ਕੀਤੀ ਜਾਵੇਗੀ। ਇਸ ਦੇ ਨਾਲ ਹੀ ਫੈਸਲਾ ਲਿਆ ਗਿਆ ਕਿ 19 ਜੁਲਾਈ ਨੂੰ ਦਿੱਲੀ ਵਿੱਚ ਮੁੜ ਰਾਸ਼ਟਰੀ ਮੀਟਿੰਗ ਕੀਤੀ ਜਾਵੇਗੀ, ਜਿਸ ਵਿੱਚ ਸਰਵਸੰਮਤੀ ਨਾਲ ਰਾਸ਼ਟਰੀ ਸਾਂਝੇ ਮੋਰਚੇ ਦੇ ਰਸਮੀ ਨਾਮ ਦਾ ਐਲਾਨ ਕੀਤਾ ਜਾਵੇਗਾ ਅਤੇ ਅਗਲੇ ਪੜਾਅ ਦੇ ਦੇਸ਼ ਵਿਆਪੀ ਅੰਦੋਲਨ ਤੇ ਪ੍ਰੋਗਰਾਮਾਂ ਦੀ ਵਿਸਤ੍ਰਿਤ ਰੂਪ ਰੇਖਾ ਜਾਰੀ ਕੀਤੀ ਜਾਵੇਗੀ। ਇਸ ਮੌਕੇ ਅਧਿਆਪਕ ਸੰਯੁਕਤ ਮੋਰਚਾ ਮੱਧ ਪ੍ਰਦੇਸ਼ ਤੋਂ ਜਗਦੀਸ਼ ਯਾਦਵ, ਪਰਮਾਨੰਦ ਡਾਹਰੀਆ, ਰਾਕੇਸ਼ ਨਾਇਕ, ਸਾਲਿਗ੍ਰਾਮ ਚੌਧਰੀ, ਹੀਰਾ ਨੰਦ, ਡੀ.ਕੇ. ਸਿੰਗੋਰ, ਪ੍ਰਸ਼ਾਂਤ ਦੀਕਸ਼ਤ, ਹਰਿਆਣਾ ਤੋਂ ਡੈਮੋਕ੍ਰੈਟਿਕ ਸਕੂਲ ਟੀਚਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਵਿਜੇਂਦਰ ਮੋਰ, ਚੇਅਰਮੈਨ ਧਰਮਿੰਦਰ ਢਾਂਡਾ ਅਤੇ ਦਲ ਸਿੰਘ, ਦਿੱਲੀ ਦੀ ਅਧਿਆਪਕ ਜਥੇਬੰਦੀ ਤੋਂ ਮਨਜੀਤ ਰਾਣਾ ਤੋਂ ਇਲਾਵਾ ਉਤਰਾਖੰਡ ਦੇ ਅਧਿਆਪਕ ਆਗੂ ਵੀ ਮੌਜੂਦ ਰਹੇ।



# ਚੇਅਰਮੈਨ ਬਰਸਟ ਵੱਲੋਂ ਪੈਰਿਸ ਦੀ ਰੁੰਗਿਸ ਇੰਟਰਨੈਸ਼ਨਲ ਹੋਲਸੇਲ ਮਾਰਕੀਟ ਦਾ ਦੌਰਾ

ਮੁਹਾਲੀ (ਗੁਰਜੀਤ ਬਿੱਲਾ)-ਖੇਤੀਬਾੜੀ ਮੰਡੀਕਰਨ ਦੇ ਡਿਜੀਟਲਾਈਜ਼ੇਸ਼ਨ, ਆਧੁਨਿਕੀਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਮਕਸਦ ਨਾਲ ਨੈਸ਼ਨਲ ਕੌਂਸਲ ਆਫ਼ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡ (ਕੌਸਾਂਬ) ਦੇ ਚੇਅਰਮੈਨ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਪੈਰਿਸ (ਫਰਾਂਸ) ਸਥਿਤ ਵਿਸ਼ਵ ਪ੍ਰਸਿੱਧ ਰੁੰਗਿਸ ਇੰਟਰਨੈਸ਼ਨਲ ਹੋਲਸੇਲ ਮਾਰਕੀਟ ਦਾ ਵਿਸ਼ੇਸ਼ ਦੌਰਾ ਕੀਤਾ ਗਿਆ।ਇਸ ਦੌਰੇ ਦਾ ਮੁੱਖ ਉਦੇਸ਼ ਤਾਜ਼ਾ ਉਤਪਾਦਾਂ ਦੀ ਮੰਡੀ ਦੀ ਕਾਰਜਪ੍ਰਣਾਲੀ, ਅੰਤਰਰਾਸ਼ਟਰੀ ਵਪਾਰ ਤੇ ਮੰਡੀਕਰਨ ਪ੍ਰਕਿਰਿਆ ਅਤੇ ਆਧੁਨਿਕ ਸਪਲਾਈ ਚੇਨ ਪ੍ਰਬੰਧਨ ਨੂੰ ਨੇੜਿਓਂ ਦੇਖਣਾ ਅਤੇ ਸਮਝਣਾ ਹੈ। ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਰੁੰਗਿਸ ਮਾਰਕੀਟ ਵਿੱਚ ਫਲਾਂ, ਸਬਜ਼ੀਆਂ, ਚੀਜ਼ ਦੇ ਵਿਸ਼ਾਲ ਸੈਕਸ਼ਨਾਂ ਦਾ ਦੌਰਾ ਕੀਤਾ। ਉਨ੍ਹਾਂ ਉੱਥੋਂ ਦੇ ਪ੍ਰਬੰਧਕਾਂ ਅਤੇ ਮਾਹਿਰਾਂ ਨਾਲ ਮੁਲਾਕਾਤ ਕਰਕੇ ਉਤਪਾਦਾਂ ਦੀ ਗੁਣਵੱਤਾ, ਪੈਕੇਜਿੰਗ, ਕੋਲਡ ਸਟੋਰੇਜ ਅਤੇ ਡਿਜੀਟਲ ਬੋਲੀ ਦੇ ਅੰਤਰਰਾਸ਼ਟਰੀ ਮਿਆਰਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ।ਪੈਰਿਸ ਤੋਂ ਜਾਣਕਾਰੀ ਸਾਂਝੀ ਕਰਦਿਆਂ ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਮੰਡੀਕਰਨ ਦੇ ਆਧੁਨਿਕੀਕਰਨ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪੈਰਿਸ ਦੀ ਇਸ ਵਿਸ਼ਵ ਪ੍ਰਸਿੱਧ ਮਾਰਕੀਟ ਵਿੱਚ ਅਪਣਾਈਆਂ ਜਾ ਰਹੀਆਂ ਤਕਨੀਕਾਂ ਤੋਂ ਬਹੁਤ ਜਾਣਕਾਰੀ ਮਿਲੀ ਹੈ। ਇਸ ਅੰਤਰਰਾਸ਼ਟਰੀ ਤਜ਼ਰਬੇ ਅਤੇ ਪ੍ਰਾਪਤ ਜਾਣਕਾਰੀ ਨੂੰ ਫ਼ਲ ਅਤੇ ਸਬਜ਼ੀ ਮੰਡੀਆਂ ਵਿੱਚ ਲਾਗੂ ਕਰਨ ਦੇ ਯਤਨ ਕੀਤੇ ਜਾਣਗੇ ਤਾਂ ਜੋ ਫ਼ਸਲਾਂ ਦੀ ਬਰਬਾਦੀ ਨੂੰ ਘਟਾਇਆ ਜਾ ਸਕੇ ਅਤੇ ਉਤਪਾਦਾਂ ਦੀ ਸਹੀ ਕੀਮਤ ਮਿਲ ਸਕੇ। ਉਨ੍ਹਾਂ ਅੱਗੇ ਕਿਹਾ ਕਿ ਨੈਸ਼ਨਲ ਕੌਂਸਲ ਆਫ਼ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡ (ਕੌਸਾਂਬ) ਦੇ ਚੇਅਰਮੈਨ ਵਜੋਂ ਉਨ੍ਹਾਂ ਦੀ ਕੋਸ਼ਿਸ਼ ਰਹੇਗੀ ਕਿ ਪੰਜਾਬ ਸਮੇਤ ਦੇਸ਼ ਦੇ ਹੋਰਨਾਂ ਸੂਬਿਆਂ ਦੀਆਂ ਮੰਡੀਆਂ ਨੂੰ ਵੀ ਇਸੇ ਤਰ੍ਹਾਂ ਅਪਗ੍ਰੇਡ ਕੀਤਾ ਜਾਵੇ।



# ਡਾ. ਐੱਸ ਰਾਜਨ ਨੇ 'ਵਰਲਡ ਓਫਥਾਲਮੋਲੋਜੀ ਕਾਂਗਰਸ' 'ਚ ਪੜ੍ਹਿਆ ਖੋਜ ਪੱਤਰ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਫਗਵਾੜਾ ਦੇ ਨਾਮਵਰ ਅਤੇ ਅੱਖਾਂ ਦੇ ਮਾਹਰ ਸਰਜਨ ਡਾਕਟਰ ਐਸ. ਰਾਜਨ ਨੂੰ ਉਸ ਵੇਲੇ ਅੰਤਰਰਾਸ਼ਟਰੀ ਪੱਧਰ 'ਤੇ ਇੱਕ ਵੱਡਾ ਮਾਣ-ਸਤਿਕਾਰ ਹਾਸਲ ਹੋਇਆ, ਜਦੋਂ ਉਨ੍ਹਾਂ ਨੂੰ ਚੈੱਕ ਰਿਪਬਲਿਕ ਦੇ ਇਤਿਹਾਸਕ ਸ਼ਹਿਰ ਪਰਾਗ ਵਿਖੇ ਆਯੋਜਿਤ 'ਵਰਲਡ ਓਫਥਾਲਮੋਲੋਜੀ ਕਾਂਗਰਸ' ਵਿੱਚ ਆਪਣਾ ਖੋਜ ਪੱਤਰ ਪੜ੍ਹਨ ਦਾ ਸੁਭਾਗ ਪ੍ਰਾਪਤ ਹੋਇਆ। ਇਹ ਵੱਕਾਰੀ ਕਾਂਗਰਸ 'ਇੰਟਰਨੈਸ਼ਨਲ ਕੌਂਸਲ ਆਫ ਓਫਥਾਲਮੋਲੋਜੀ' ਵੱਲੋਂ ਕਰਵਾਈ ਗਈ ਸੀ, ਜਿਸ ਵਿੱਚ ਦੁਨੀਆ ਭਰ ਤੋਂ ਸੈਂਕੜੇ ਦੀ ਗਿਣਤੀ ਵਿੱਚ ਅੱਖਾਂ ਦੇ ਮਾਹਰ ਡਾਕਟਰਾਂ, ਉੱਘੇ ਅਕੈਡਮੀਸ਼ੀਅਨਾਂ ਅਤੇ ਰਿਸਰਚ ਸਕਾਲਰਾਂ ਨੇ ਹਿੱਸਾ ਲਿਆ। ਸਮਾਗਮ ਦੌਰਾਨ ਡਾਕਟਰ ਐਸ. ਰਾਜਨ ਨੇ 'ਮੈਨੇਜਿੰਗ ਕੋਮਨ ਐਂਡ ਰੇਅਰ ਇੰਟਰਾ ਓਪਰੇਟਿਵ ਕੰਪਲੀਕੇਸ਼ਨ ਇਨ ਸਮੂਥ ਇਨਸੀਜਨ ਲੈਂਟੀਕਿਊਲ ਐਕਸਟਰੈਕਸ਼ਨ' (ਸਮਾਈਲ) ਵਿਸ਼ੇ ਉੱਤੇ ਆਪਣਾ ਮਹੱਤਵਪੂਰਨ ਪੇਪਰ ਪੇਸ਼ ਕੀਤਾ। ਇਹ ਖੋਜ ਪੱਤਰ ਅੱਖਾਂ ਦੀ ਐਨਕ ਲਾਹੁਣ ਵਾਲੀ ਦੁਨੀਆ ਦੀ ਸਭ ਤੋਂ ਆਧੁਨਿਕ ਰੋਬੋਟਿਕ ਲੇਜ਼ਰ ਤਕਨੀਕ ਨਾਲ ਸਬੰਧਤ ਸੀ। ਆਪ੍ਰੇਸ਼ਨ ਦੌਰਾਨ ਆਉਣ ਵਾਲੀਆਂ ਆਮ ਅਤੇ ਗੁੰਝਲਦਾਰ ਸਮੱਸਿਆਵਾਂ ਦਾ ਸਰਜਰੀ ਦੇ ਸਮੇਂ ਹੀ ਕਿਵੇਂ ਸੁਰੱਖਿਅਤ ਅਤੇ ਸਫ਼ਲ ਹੱਲ ਕੱਢਿਆ ਜਾਵੇ, ਡਾਕਟਰ ਰਾਜਨ ਨੇ ਆਪਣੇ ਵਿਸ਼ਾਲ ਤਜ਼ਰਬੇ ਦੇ ਆਧਾਰ 'ਤੇ ਇਸ ਦੇ ਬਹੁਤ ਹੀ ਸਰਲ ਅਤੇ ਨਵੇਂ ਤਕਨੀਕੀ ਨੁਕਤੇ ਦੁਨੀਆ ਭਰ ਦੇ ਡਾਕਟਰਾਂ ਨਾਲ ਸਾਂਝੇ ਕੀਤੇ। ਉਨ੍ਹਾਂ ਵੱਲੋਂ ਸਾਂਝੀ ਕੀਤੀ ਗਈ ਖੋਜ ਨੂੰ ਉੱਥੇ ਹਾਜ਼ਰ ਵਿਸ਼ਵ ਭਰ ਦੇ ਮਾਹਰਾਂ ਅਤੇ ਵਿਗਿਆਨੀਆਂ ਵੱਲੋਂ ਬੇਹੱਦ ਸਲਾਹਿਆ ਗਿਆ ਕਿਉਂਕਿ ਇਹ ਨਵੇਂ ਸਰਜਨਾਂ ਲਈ ਮਰੀਜ਼ਾਂ ਦੇ ਆਪ੍ਰੇਸ਼ਨ ਨੂੰ ਹੋਰ ਸੁਰੱਖਿਅਤ ਬਣਾਉਣ ਵਿੱਚ ਬੇਹੱਦ ਮਦਦਗਾਰ ਸਾਬਤ ਹੋਵੇਗੀ।ਜ਼ਿਕਰਯੋਗ ਹੈ ਕਿ ਡਾਕਟਰ ਐਸ. ਰਾਜਨ ਦਾ ਨਾਮ ਪੰਜਾਬ ਦੇ ਹੀ ਨਹੀਂ, ਬਲਕਿ ਉੱਤਰੀ ਭਾਰਤ ਦੇ ਬਿਹਤਰੀਨ ਅੱਖਾਂ ਦੇ ਮਾਹਰ ਸਰਜਨਾਂ ਵਿੱਚ ਸ਼ੁਮਾਰ ਹੈ।



# ਜੁਲਾਈ ਮਹੀਨਾ 'ਦਿਸ਼ਾਦੀਪ' ਦੀ ਚਿੱਟੇ ਦੇ ਖ਼ਿਲਾਫ਼ ਮੁਹਿੰਮ ਨੂੰ ਸਮਰਪਿਤ: ਲਾਇਨ ਐੱਸ ਐੱਮ ਸਿੰਘ

**ਜਲੰਧਰ (ਸ਼ੈਲੀ ਐਲਬਰਟ)**-ਬਹੁ ਮੰਤਵੀ ਸਮਾਜ ਸੇਵੀ ਸੰਸਥਾ 'ਦਿਸ਼ਾਦੀਪ' ਦੀ ਕਾਰਜਕਾਰਨੀ ਦੇ ਅਹੁਦੇਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਅੰਬੇਡਕਰ ਨਗਰ ਚੁਗਿੱਟੀ ਸਥਿਤ ਦਫ਼ਤਰ ਵਿਚ ਹੋਈ ਜਿਸ ਵਿੱਚ ਕੈਪਟਨ ਜਸਵਿੰਦਰ ਸਿੰਘ ਚੇਅਰਮੈਨ, ਰਮੇਸ਼ ਲਖਨਪਾਲ, ਤਰਸੇਮ ਜਲੰਧਰੀ, ਸਤਪਾਲ ਸਿੰਘ, ਸਰਬਜੀਤ ਕੌਰ ਚੇਅਰਮੈਨ ਇਸਤਰੀ ਵਿੰਗ ਨੂੰ ਸੰਬੋਧਿਤ ਕਰਦਿਆਂ ਸੰਸਥਾ ਦੇ ਸੰਸਥਾਪਕ ਅਤੇ ਚੀਫ਼ ਲਾਇਨ ਐੱਸ ਐੱਮ ਸਿੰਘ ਨੇ ਕਿਹਾ ਕਿ ਵਿਸ਼ਵ ਪੱਧਰ ਤੇ 26 ਜੂਨ ਨੂੰ ਮਨਾਏ ਗਏ ਨਸ਼ਾ ਵਿਰੋਧੀ ਦਿਵਸ ਨੂੰ ਸਿਰਫ਼ ਇੱਕ ਦਿਨ ਲਈ ਨਹੀਂ ਬਲਕਿ ਪੂਰੇ ਜੁਲਾਈ ਮਹੀਨੇ ਦੌਰਾਨ ਪੁਲਿਸ ਕਮਿਸ਼ਨਰ, ਸੀਨੀਅਰ ਪੁਲਿਸ ਕਪਤਾਨ, ਨਸ਼ਾ ਮੁਕਤੀ ਕੇਂਦਰ ਜਲੰਧਰ ਦੇ ਸਹਿਯੋਗ, ਸਮਰਥਨ ਅਤੇ ਮਾਰਗਦਰਸ਼ਨ ਤਹਿਤ ਜ਼ਿਲ੍ਹੇ ਦੇ ਕਾਲਜਾਂ/ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਨਸ਼ਿਆ ਦੇ ਸਿਹਤ, ਆਰਥਿਕ , ਸਮਾਜਿਕ ਅਤੇ ਸੱਭਿਆਚਾਰ ਤੇ ਹੁੰਦੇ ਬੁਰੇ ਪ੍ਰਭਾਵ ਬਾਰੇ ਸੈਮੀਨਾਰ ਆਯੋਜਿਤ ਕਰਕੇ ਜਨ ਜਾਗ੍ਰਤੀ ਲਈ ਮਾਨਸਿਕ ਤੌਰ ਤੇ ਤਿਆਰ ਕੀਤਾ ਜਾਵੇਗਾ ਤਾਂ ਕਿ ਉਹ ਆਪਣੇ ਚੌਗਿਰਦੇ ਵਿਚ ਵਿਚਰਦਿਆਂ ਨਸ਼ਾ ਮੁਕਤ ਸਮਾਜ ਲਈ ਉਸਾਰੂ ਯੋਗਦਾਨ ਲਈ ਤਿਆਰ ਹੋਣ। ਲਾਇਨ ਨੇ ਸਮਾਜ ਦੇ ਸਜਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੀ ਜਾਣਕਾਰੀ ਅਤੇ ਸੰਪਰਕ ਵਿੱਚ ਕੋਈ ਨਸ਼ਾ ਕਰਦਾ ਸਾਡੇ ਸਮਾਜ ਦਾ ਬੇਟਾ-ਬੇਟੀ ਹੈ ਤਾਂ ਉਹ ਤੁਰੰਤ ਪੁਲਿਸ, ਨਸ਼ਾ ਮੁਕਤੀ ਕੇਂਦਰ ਜਾਂ ਦਿਸ਼ਾਦੀਪ ਐਨ ਜੀ ਓ ਦੇ ਫ਼ੋਨ ਨੰਬਰ 9803200980 ਤੇ ਸੰਪਰਕ ਕਰਨ ਤਾਂ ਜੋ ਨਸ਼ਾ ਕਰਕੇ ਜੀਵਨ ਨੂੰ ਨਰਕ ਬਣਾ ਰਹੇ ਨਸ਼ਾ ਭੋਗੀ ਨੂੰ ਸਰਕਾਰ ਵਲੋਂ ਉਪਲਬਧ ਮੁਫ਼ਤ ਇਲਾਜ, ਦਵਾਈਆਂ ਅਤੇ ਮਸ਼ਵਰੇ ਉਪਰੰਤ ਨਸ਼ਾ ਛੁਡਾ ਕੇ ਇੱਕ ਜ਼ੁੰਮੇਵਾਰ ਅਤੇ ਸਿਹਤਮੰਦ ਨਾਗਰਿਕ ਬਣਾ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਇਆ ਸਕੇ।



# ਹਰ ਇਨਸਾਨ ਨੂੰ ਭਗਤ ਕਬੀਰ ਦੀ ਸਿੱਖਿਆ ਤੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦੈ : ਸੁਰਿੰਦਰ ਜਾਜਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸੰਤ ਸ਼੍ਰੋਮਣੀ ਭਗਤ ਕਬੀਰ ਦੇ ਜਨਮ ਦਿਹਾੜੇ ਸਬੰਧੀ ਇਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਭਾਜਪਾ ਪੰਜਾਬ ਦੇ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ ਦੀ ਅਗਵਾਈ ਵਿੱਚ ਭਾਜਪਾ ਵਰਕਰਾਂ ਤੇ ਹੋਰ ਸੰਸਥਾਵਾਂ ਨੇ ਕਬੀਰ ਦਾ ਜਨਮ ਦਿਹਾੜਾ ਬੜੀ ਧੂਮ ਧਾਮ ਅਤੇ ਸ਼ਰਧਾ ਪੂਰਵਕ ਮਨਾਇਆ।ਇਸ ਮੌਕੇ ਤੇ ਪਰਮਜੀਤ ਬਾਬੂ, ਬੋਬੀ ਰਾਜਪੁਰ, ਸੁਰਜੀਤ ਰਾਜਾ, ਮਨਜਿੰਦਰ ਸਿੰਘ ਗੋਲਡੀ, ਰਾਜੀਵ ਖੰਨਾ, ਮੋਹਿਤ ਧੀਰ, ਸੂਰਜ ਸੈਣੀ, ਵਿਜੇ ਮੱਟੂ, ਹੀਰੋ ਟੇਲਰ, ਨਿਤਨ ਜੈਨ, ਵਿਕਾਸ ਵਰਮਾ ਅਤੇ ਨਵਜੋਤ ਅਰੋੜਾ ਤੋਂ ਇਲਾਵਾ ਹੋਰ ਵੱਖ-ਵੱਖ ਧਾਰਮਿਕ ਸਮਾਜਿਕ ਅਤੇ ਸਵੈਸੇਵੀ ਸੰਸਥਾਵਾਂ ਦੇ ਆਗੂਆਂ ਨੇ ਭਗਤ ਕਬੀਰ ਦੀ ਪੂਜਾ ਅਰਚਨਾ ਕਰਨ ਉਪਰੰਤ ਉਨ੍ਹਾਂ ਦੀ ਜੀਵਨੀ ਤੇ ਰੋਸ਼ਨੀ ਪਾਉਂਦੇ ਹੋਏ ਭਗਤ ਕਬੀਰ ਜੀ ਦੇ ਜਨਮ ਦਿਹਾੜੇ ਦੀਆਂ ਇੱਕ ਦੂਜੇ ਨੂੰ ਵਧਾਈਆਂ ਦਿੱਤੀਆਂ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਭਗਤ ਕਬੀਰ ਇੱਕ ਮਹਾਨ ਸੰਤ ਅਤੇ ਕਵੀ ਸਨ। ਉਨ੍ਹਾਂ ਕਿਹਾ ਕਿ ਭਗਤ ਕਬੀਰ ਜੀ ਨੇ ਸਾਰੀ ਦੁਨੀਆ ਨੂੰ ਇਹ ਸੰਦੇਸ਼ ਦਿੱਤਾ ਸੀ ਕਿ ਪਰਮ ਪਿਤਾ ਪਰਮੇਸ਼ਵਰ ਇੱਕ ਹੀ ਹੈ ਅਤੇ ਉਹ ਸਭ ਦਾ ਸਾਂਝਾ ਹੈ।ਸੁਰਿੰਦਰ ਜਾਜਾ ਨੇ ਕਿਹਾ ਕਿ ਭਾਰਤ ਵਿੱਚ ਜਦੋਂ ਹਰ ਪਾਸੇ ਅੰਧ ਵਿਸ਼ਵਾਸ ਦਾ ਬੋਲ ਬਾਲਾ ਸੀ ਅਤੇ ਲੋਕ ਜਾਦੂ ਟੋਣਿਆਂ ਆਦਿ ਤੇ ਜਿਆਦਾ ਵਿਸ਼ਵਾਸ ਕਰਦੇ ਸਨ ਉਸ ਸਮੇਂ ਭਗਤ ਕਬੀਰ ਜੀ ਨੇ ਲੋਕਾਂ ਨੂੰ ਉਨ੍ਹਾਂ ਭਰਮਾਂ ਵਿੱਚੋਂ ਕੱਢ ਕੇ ਸਤਿਗੁਰ ਦੇ ਦਰਸਾਏ ਮਾਰਗ ਤੇ ਚਲਦੇ ਹੋਏ ਨਾਮ ਸਿਮਰਨ ਦਾ ਉਪਦੇਸ਼ ਦਿੱਤਾ ਸੀ। ਉਨ੍ਹਾਂ ਕਿਹਾ ਕਿ ਸਾਡਾ ਸਾਰਿਆਂ ਦਾ ਇਹ ਫਰਜ਼ ਬਣਦਾ ਹੈ ਕਿ ਭਗਤ ਕਬੀਰ ਜੀ ਦੀ ਜੀਵਨੀ ਤੇ ਪਹਿਰਾ ਦਿੰਦੇ ਹੋਏ ਉਨ੍ਹਾਂ ਦੇ ਆਦਰਸ਼ਾਂ ਤੇ ਚੱਲਣਾ ਚਾਹੀਦਾ ਹੈ ਤਾਂ ਜੋ ਇਹ ਮਨੁੱਖੀ ਜੀਵਨ ਸਫ਼ਲ ਹੋ ਸਕੇ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਉਨ੍ਹਾਂ ਦਾ ਜਨਮ ਦਿਹਾੜਾ ਬੜੀ ਸ਼ਰਧਾ ਪੂਰਵਕ ਮਨਾਉਣ ਚਾਹੀਦਾ ਹੈ ਤਾਂ ਜੋ ਆਉਣ ਵਾਲੀ ਪੀੜੀ ਉਨ੍ਹਾਂ ਦੇ ਆਦਰਸ਼ਾਂ ਤੇ ਚੱਲ ਕੇ ਆਪਣੇ ਜੀਵਨ ਦੇ ਅਸਲ ਮਕਸਦ ਨੂੰ ਹਾਸਲ ਕਰ ਸਕੇ।



# ਸੈਣੀ ਨੇ ਬਾਵਲ 'ਚ 125 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦੀ ਦਿੱਤੀ ਸੌਗਾਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੇ ਨਾਲ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਬਾਵਲ ਹਲਕਾ ਜ਼ਿਲ੍ਹਾ ਰੇਵਾੜੀ ਲਈ ਕਰੀਬ ਸਵਾ ਸੌ ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਨਾਲ ਹਰਿਆਣਾ ਦੇ ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ, ਸਾਬਕਾ ਮੰਤਰੀ ਡਾ. ਬਨਵਾਰੀ ਲਾਲ ਵੀ ਮੌਜੂਦ ਸਨ।ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਦੇ ਬਾਵਲ ਸਥਿਤ ਕਾਲਜ ਕੈਂਪਸ ਵਿੱਚ 'ਖੇਤ ਬਚਾਓ ਮੁਹਿੰਮ' ਦੇ ਸਮਾਪਨ ਸਮਾਰੋਹ ਦੌਰਾਨ ਬਾਵਲ ਹਲਕੇ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ। ਇਨ੍ਹਾਂ ਵਿੱਚ 19 ਕਰੋੜ 75 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਸਰਕਾਰੀ ਕੰਨਿਆ ਕਾਲਜ, ਬਾਵਲ, 20 ਕਰੋੜ 29 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਗਰਪਾਲਿਕਾ ਬਾਵਲ ਦੇ ਸ਼ਾਪਿੰਗ ਕੰਪਲੈਕਸ ਅਤੇ ਪਾਰਕਿੰਗ ਸਥਾਨ ਅਤੇ ਤਿੰਨ ਕਰੋੜ 33 ਲੱਖ ਰੁਪਏ ਦੀ ਲਾਗਤ ਨਾਲ ਬਣੇ ਪੁਲਸ ਥਾਣਾ ਰਾਮਪੁਰਾ ਦੀ ਇਮਾਰਤ ਦਾ ਉਦਘਾਟਨ ਕੀਤਾ ਗਿਆ।



# ਲਾਇਲਪੁਰ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ 'ਵਰਸਿਟੀ ਪ੍ਰੀਖਿਆਵਾਂ 'ਚੋਂ ਮਾਰੀਆਂ ਮੱਲਾਂ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਐੱਮ ਏ ਹਿਸਟਰੀ ਤੀਜਾ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ। ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਬਿਪਾਸ਼ਾ ਅਤੇ ਜਸਮੀਨ ਰਤੂ ਨੇ 10 ਵਿਚੋਂ 8.60 ਐਸ ਜੀ ਪੀ ਏ ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿਚੋਂ ਤੀਜਾ ਸਥਾਨ ਅਤੇ ਵਿਦਿਆਰਥਣ ਸਨੇਹਾ, ਆਸ਼ਨਾ ਨੇ 8.20 ਐਸ ਜੀ ਪੀ ਏ ਪ੍ਰਾਪਤ ਕਰਕੇ ਪੰਜਵਾਂ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਤੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਵਿਭਾਗ ਦੇ ਮੁਖੀ ਡਾ. ਸੁਮਨ ਚੋਪੜਾ, ਡਾ. ਅਮਨਦੀਪ ਕੌਰ, ਪ੍ਰੋ. ਅਮਨਦੀਪ ਕੌਰ ਅਤੇ ਪ੍ਰੋ. ਜ਼ੀਨਤ ਵੀ ਹਾਜ਼ਰ ਸਨ।



# ਬੱਸ ਸਟੈਂਡ 'ਤੇ ਪਲਸ ਪੋਲੀਓ ਬੂੰਦਾਂ ਪਿਲਾਈਆਂ ਗਈਆਂ

**ਅੱਡਾ ਸਰਾਂ (ਜਸਵੀਰ ਕਾਜਲ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਦੇਸ਼ ਰਾਜਨ ਮੈਡੀਕਲ ਸਪੈਸ਼ਲਿਸਟ ਸੀ ਐੱਚ ਸੀ ਭੂੰਗਾ ਦੀ ਯੋਗ ਅਗਵਾਈ ਵਿੱਚ ਸਮੂਹ ਸਟਾਫ ਵੱਲੋਂ ਹਰਿਆਣਾ ਬੱਸ ਸਟੈਂਡ ਬੂਥ ਨੰਬਰ 5 ਤੇ ਜ਼ੀਰੋ ਤੋਂ ਪੰਜ ਸਾਲ ਤੱਕ ਉਮਰ ਦੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ ਗਈਆਂ। ਇਸ ਡਿਊਟੀ ਮੌਕੇ ਸਿਹਤ ਕਰਮਚਾਰੀ ਹਰਵਿੰਦਰ ਪਾਲ, ਰਜੀਵ ਪ੍ਰਕਾਸ਼ ਤੇ ਹੋਰ ਸਟਾਫ ਹਾਜ਼ਰ ਸਨ।



# ਖੂਨਦਾਨ ਕੈਂਪ ਲਗਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**-ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਿਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ 431ਵੇਂ ਪ੍ਰਕਾਸ਼ ਉਤਸਵ ਤੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਸਰਬੱਤ ਦਾ ਭਲਾ ਸੇਵਾ ਸੁਸਾਇਟੀ ਮੂਨਕਾਂ ਵੱਲੋਂ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ। ਸੁਸਾਇਟੀ ਦੇ ਸਰਪ੍ਰਸਤ ਸੇਵਾਦਾਰ ਜਥੇਦਾਰ ਦਵਿੰਦਰ ਸਿੰਘ ਮੂਨਕਾਂ ਦੀ ਅਗਵਾਈ ਵਿੱਚ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਨੇ ਕੀਤਾ ਜਦਕਿ ਕੈਂਪ ਦੌਰਾਨ ਭਾਈ ਘਨਈਆ ਜੀ ਮਿੱਠਾ ਟਿਵਾਣਾ ਹੁਸ਼ਿਆਰਪੁਰ ਦੀ ਟੀਮ ਨੇ ਸੇਵਾਵਾਂ ਪ੍ਰਦਾਨ ਕਰਦੇ ਹੋਏ 30 ਯੂਨਿਟ ਖੂਨ ਇਕੱਤਰ ਕੀਤਾ। ਇਸ ਮੌਕੇ ਸੰਤ ਹਰਮਨਜੀਤ ਸਿੰਘ ਸਿੰਘੜੀਵਾਲ, ਸੇਵਾਦਾਰ ਭਾਈ ਹਰਪ੍ਰੀਤ ਸਿੰਘ, ਖੂਨਦਾਨ ਕਰਦੇ ਹੋਏ ਸੀਨੀਅਰ ਅਕਾਲੀ ਆਗੂ ਹਲਕਾ ਟਾਂਡਾ ਸਤਪਾਲ ਸਿੰਘ ਮੁਲਤਾਨੀ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਸਰਬੱਤ ਦਾ ਭਲਾ ਸੁਸਾਇਟੀ ਦੇ ਇਸ ਮਹਾਨ ਉਪਰਾਲੇ ਦੀ ਸ਼ਲਾਘਾ ਕੀਤੀ ਕੀਤੀ ਤੇ ਕਿਹਾ ਕਿ ਸਾਡੇ ਵੱਲੋਂ ਦਾਨ ਕੀਤਾ ਗਿਆ ਖੂਨ ਕਿਸੇ ਲੋੜਵੰਦ ਦੀ ਜਾਨ ਬਚਾਉਣ ਵਿੱਚ ਸਹਾਈ ਹੋ ਸਕਦਾ ਹੈ। ਇਸ ਮੌਕੇ ਜਥੇਦਾਰ ਦਵਿੰਦਰ ਸਿੰਘ ਨੇ ਖੂਨਦਾਨ ਵਿੱਚ ਸਹਿਯੋਗ ਕਰਨ ਵਾਲੇ ਸ਼ਖ਼ਸ਼ੀਅਤਾਂ ਤੇ ਸੇਵਾਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਬੂਟਾ ਸਿੰਘ, ਗੁਰਪ੍ਰੀਤ ਸਿੰਘ ਰਾਹੀ, ਰਵਿੰਦਰ ਸਿੰਘ ਰਵੀ, ਪ੍ਰਦੀਪ ਸਿੰਘ, ਸਰਪੰਚ ਮਨਵੀਰ ਸਿੰਘ ਖਾਲਸਾ, ਗੁਰਨਾਮ ਸਿੰਘ, ਇਕਬਾਲ ਸਿੰਘ ਘੁੰਮਣ ਵੀ ਹਾਜ਼ਰ ਸਨ।



# ਵਿਨੈ ਬੁਬਲਾਨੀ ਨੇ ਬਤੌਰ ਲਿੰਕ ਅ.ਫ਼ਸਰ ਦਾ ਚਾਰਜ ਸੰਭਾਲਿਆ

**ਜਲੰਧਰ (ਇਕਬਾਲ ਸਿੰਘ ਉਭੀ)**-ਸੀਨੀਅਰ ਆਈ ਏ ਐੱਸ ਅਧਿਕਾਰੀ ਅਤੇ ਡਵੀਜ਼ਨਲ ਕਮਿਸ਼ਨਰ ਪਟਿਆਲਾ ਵਿਨੈ ਬੁਬਲਾਨੀ ਨੇ ਬਤੌਰ ਲਿੰਕ ਅਫ਼ਸਰ, ਕਮਿਸ਼ਨਰ ਜਲੰਧਰ ਮੰਡਲ ਵਿਖੇ ਆਪਣਾ ਚਾਰਜ ਸੰਭਾਲਿਆ। ਉਹ ਡਵੀਜ਼ਨਲ ਕਮਿਸ਼ਨਰ, ਜਲੰਧਰ ਦੇ ਟ੍ਰੇਨਿੰਗ ਤੋਂ ਪਰਤਣ ਤੱਕ ਉਨ੍ਹਾਂ ਦੇ ਅਹੁਦੇ ਦੀ ਜ਼ਿੰਮੇਵਾਰੀ ਸੰਭਾਲਣਗੇ।ਦਫ਼ਤਰ, ਡਵੀਜ਼ਨਲ ਕਮਿਸ਼ਨਰ ਜਲੰਧਰ ਪਹੁੰਚਣ 'ਤੇ ਬੁਬਲਾਨੀ ਦਾ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ, ਐੱਸ ਡੀ ਐੱਮ ਸ਼ਾਹਕੋਟ-ਕਮ-ਸਟਾਫ਼ ਅਫ਼ਸਰ ਕਮਿਸ਼ਨਰ ਜਲੰਧਰ ਡਵੀਜ਼ਨ ਅਦਿਤਿਆ ਗੁਪਤਾ ਤੇ ਏ ਡੀ ਸੀ ਪੀ ਸੁਖਵਿੰਦਰ ਸਿੰਘ ਸਮੇਤ ਹੋਰ ਅਧਿਕਾਰੀਆਂ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਬੁਬਲਾਨੀ ਨੇ ਦਫ਼ਤਰ ਦੇ ਅਧਿਕਾਰੀਆਂ ਅਤੇ ਸਟਾਫ਼ ਮੈਂਬਰਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਲੋਕਾਂ ਨੂੰ ਸਰਕਾਰੀ ਸੇਵਾਵਾਂ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ। ਇਸ ਮੌਕੇ ਜ਼ਿਲ੍ਹਾ ਪੁਲਿਸ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ ਗਾਰਡ ਆਫ਼ ਆਨਰ ਵੀ ਦਿੱਤਾ ਗਿਆ।



# ਸਰਕਾਰ ਮਿੱਡ-ਡੇ-ਮੀਲ ਵਰਕਰਾਂ ਤੇ ਘੱਟੋ-ਘੱਟ ਉਜਰਤ ਦਾ ਨਿਯਮ ਲਾਗੂ ਕਰੇ : ਜੀ ਟੀ ਯੂ ਪੰਜਾਬ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਇਕਾਈ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਮਿੱਡ-ਡੇ-ਮੀਲ ਵਰਕਰ ਯੂਨੀਅਨ ਦੇ ਆਪਣੀਆਂ ਹੱਕੀ ਮੰਗਾਂ ਦੇ ਹੱਲ ਲਈ ਇੱਕ ਜੁਲਾਈ ਤੋਂ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਮਿੱਡ-ਡੇ-ਮੀਲ ਤਿਆਰ ਕਰਨ ਤੋਂ ਮਨਾਹੀ ਦੇ ਐਲਾਨ ਦਾ ਸਮਰੱਥਨ ਕਰਦਿਆਂ ਸਰਕਾਰ ਅਤੇ ਵਿਭਾਗ ਨੂੰ ਮੰਗ ਕੀਤੀ ਹੈ ਕਿ ਮਿੱਡ-ਡੇ-ਮੀਲ ਵਰਕਰਾਂ ਦੀਆਂ ਹੱਕੀ ਮੰਗਾਂ ਜਿਨ੍ਹਾਂ ਵਿੱਚ ਉਹਨਾਂ ਨੂੰ ਮਿਲ ਰਹੇ ਮਾਮੂਲੀ ਮਾਣ ਭੱਤੇ ਵਿੱਚ ਵਾਧਾ ਕਰਨਾ, ਮਿੱਡ-ਡੇ - ਮੀਲ ਵਰਕਰਾਂ ਤੇ ਘੱਟੋ-ਘੱਟ ਉਜਰਤਾਂ ਦਾ ਨਿਯਮ ਲਾਗੂ ਕਰਨਾ, ਮੈਡੀਕਲ ਸਹੂਲਤਾਂ ਲਾਗੂ ਕਰਨਾ, ਈ ਐੱਸ ਆਈ, ਪੀ ਐਫ਼ ਲਾਗੂ ਕਰਨਾ, ਸਾਲ ਵਿੱਚ ਦੋ ਵਾਰ ਵਰਦੀ ਮੁਹੱਈਆਂ ਕਰਵਾਉਣਾ ਆਦਿ ਮੰਗਾਂ ਪ੍ਰਮੁੱਖ ਹਨ, ਨੂੰ ਬਿਨ੍ਹਾਂ ਦੇਰੀ ਮੰਨਦੇ ਹੋਏ ਇਹਨਾਂ ਵਰਕਰਾਂ ਨੂੰ ਇਨਸਾਫ਼ ਦੇਣਾ ਚਾਹੀਦਾ ਹੈ। ਹੋਰਨਾਂ ਤੋਂ ਇਲਾਵਾ ਸੰਜੀਵ ਧੂਤ, ਰਜਤ ਮਹਾਜਨ, ਅਮਰ ਸਿੰਘ, ਵਿਕਾਸ ਸ਼ਰਮਾ, ਸੁਨੀਲ ਸ਼ਰਮਾ, ਵਰਿੰਦਰ ਵਿੱਕੀ, ਨਰਿੰਦਰ ਅਜਨੋਹਾ, ਪ੍ਰਿੰਸ ਪਲਿਆਲ ਗੜ੍ਹਦੀਵਾਲ, ਪਰਮਜੀਤ ਕਾਤਿਬ, ਜਸਵਿੰਦਰ ਬੁੱਲ੍ਹੋਵਾਲ, ਸਚਿਨ ਕੁਮਾਰ, ਮਨਜੀਤ ਸਿੰਘ, ਜਸਵੰਤ ਸਿੰਘ, ਪਰਸ ਰਾਮ, ਬਲਵਿੰਦਰ ਟਾਕ, ਸਤੀਸ਼ ਕੁਮਾਰ, ਰਾਜ ਕੁਮਾਰ, ਨਰਿੰਦਰ ਮੰਗਲ, ਰਾਜੇਸ਼ ਅਰੋੜਾ, ਜਸਵੀਰ ਬੋਦਲ, ਉਮੇਸ਼ ਕੁਮਾਰ, ਅਮਰਜੀਤ ਸਿੰਘ, ਪਵਨ ਕੁਮਾਰ, ਸੁਭਾਸ਼ ਠਾਕੁਰ ਚਮਨ ਲਾਲ, ਰਜਿੰਦਰ ਠਾਕੁਰ, ਰਣਵੀਰ ਸਿੰਘ, ਸ਼ਾਮ ਸੁੰਦਰ, ਅਸ਼ਵਨੀ ਰਾਣਾ, ਸਰਬਜੀਤ ਸਿੰਘ, ਰਾਜੇਸ਼ ਕੁਮਾਰ, ਨਿਰਮਲ ਬੱਧਨ, ਨਰੇਸ਼ ਮਿੱਡਾ, ਦਵਿੰਦਰ ਮੂਣਕ ਆਦਿ ਹਾਜ਼ਰ ਸਨ।



# ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ ਕਰਵਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**-ਸ੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ਼ ਨਗਰ ਟਾਂਡਾ ਦੇ 41ਵੇਂ ਸਥਾਪਨਾ ਦਿਵਸ, ਸਤਿਗੁਰੂ ਕਬੀਰ ਦੇ ਪ੍ਰਕਾਸ਼ ਦਿਹਾੜੇ, 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਤੇ ਹਾੜ ਮਹੀਨੇ ਦੀ ਪੂਰਨਮਾਸ਼ੀ ਦੇ ਦਿਹਾੜੇ ਨੂੰ ਸਮਰਪਿਤ ਮਹੀਨਾ ਵਾਰੀ ਧਾਰਮਿਕ ਸਮਾਗਮ ਸ੍ਰੀ ਗੁਰੂ ਰਵਿਦਾਸ ਭਵਨ ਦਸ਼ਮੇਸ਼ ਨਗਰ ਟਾਂਡਾ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਗਿਆ। ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਵੱਲੋਂ ਡਾ. ਬੀ ਆਰ ਅੰਬੇਡਕਰ ਕਲੱਬ ਮੀਰਾ ਬਾਈ ਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਸਭ ਤੋਂ ਪਹਿਲਾਂ ਸਤਿਗੁਰੂ ਰਵਿਦਾਸ ਦੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਆਰੰਭ ਕੀਤੇ ਗਏ ਪੰਜਵੇਂ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾਏ ਗਏ ਤੇ ਛੇਵੇਂ ਸ੍ਰੀ ਸਹਿਜ ਪਾਠ ਦੀ ਆਰੰਭਤਾ ਸਰਬੱਤ ਦੇ ਭਲੇ ਦੀ ਅਰਦਾਸ ਦੌਰਾਨ ਕੀਤੀ ਗਈ ।ਇਸ ਮੌਕੇ ਸਜਾਏ ਗਏ ਕੀਰਤਨ ਦਰਬਾਰ ਵਿੱਚ ਭਾਈ ਸੁਰਿੰਦਰ ਸਿੰਘ ਬੈਂਚਾਂ ਵਾਲਿਆਂ ਦੇ ਰਾਗੀ ਜਥੇ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦੌਰਾਨ ਨਿਹਾਲ ਕਰਦੇ ਗੁਰੂ ਚਰਨਾਂ ਨਾਲ ਜੋੜਿਆ ਇਸ ਤੋਂ ਇਲਾਵਾ ਗੈਰੀ, ਵਰੁਣ, ਰੀਆ ਪੂਜਾ, ਨੇਹਾ ਬੱਚੀਆਂ ਨੇ ਸ਼ਬਦ ਕੀਰਤਨ ਦੀ ਸੇਵਾ ਕੀਤੀ।ਇਸ ਮੌਕੇ ਗੁਰੂ ਘਰ ਦੇ ਮੁੱਖ ਸੇਵਾਦਾਰ ਭਾਈ ਜਗਦੀਸ਼ ਕੁਮਾਰ ਰਿੰਕਾ ਨੇ ਮਨਾਏ ਜਾ ਰਹੇ ਵੱਖ ਵੱਖ ਦਿਹਾੜਿਆਂ ਦੀ ਸਮੂਹ ਸੰਗਤ ਨੂੰ ਮੁਬਾਰਕਬਾਦ ਦਿੱਤੀ ਅਤੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਨੂੰ ਆਰੰਭ ਕੀਤੇ ਗਏ ਛੇਵੇਂ ਸ੍ਰੀ ਸਹਿਜ ਪਾਠ ਜੀ ਦੇ ਭੋਗ ਸਾਉਣ ਮਹੀਨੇ ਦੀ ਪੂਰਨਮਾਸ਼ੀ ਤੇ ਪਾਏ ਜਾਣਗੇ। ਇਸ ਮੌਕੇ ਪ੍ਰਧਾਨ ਜਗਦੀਸ਼ ਕੁਮਾਰ ਰਿੰਕਾ ਤੇ ਹੋਰਨਾ ਸੇਵਾਦਾਰਾਂ ਨੇ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ ਜੀ ਨੂੰ ਪਦਮ ਸ੍ਰੀ ਨਾਲ ਸਨਮਾਨਤ ਕੀਤੇ ਜਾਣ ਤੇ ਭਾਰਤ ਸਰਕਾਰ ਦਾ ਧੰਨਵਾਦ ਕੀਤਾ ਤੇ ਸਮੂਹ ਸੰਗਤ ਨੂੰ ਵਧਾਈ ਦਿੱਤੀ।ਇਸ ਮੌਕੇ ਸੋਮ ਪ੍ਰਕਾਸ਼, ਸੁਰਜੀਤ ਸਿੰਘ ਬੈਂਕ ਵਾਲੇ,ਅਮਰੀਕ ਸਿੰਘ ਕੈਸ਼ੀਅਰ, ਮਨਦੀਪ ਦੀਪਾ, ਨੀਰਜ ਕੁਮਾਰ, ਸਰਵਣ ਸਿੰਘ, ਸੰਤੋਖ ਸਿੰਘ, ਪਰਗਟ ਲਾਲ, ਗਗਨਦੀਪ, ਵਿਜੇ ਕੁਮਾਰ, ਚਮਨ ਲਾਲ, ਪ੍ਰਿੰਸ, ਕਸ਼ਮੀਰ ਸਿੰਘ, ਜਗਜੀਤ ਸਿੰਘ ਭੁੱਟਾ ਇਲਾਵਾ ਹੋਰ ਸੰਗਤਾਂ ਵੀ ਹਾਜ਼ਰ ਸਨ।



# ਐੱਸ ਸੀ /ਬੀ ਸੀ ਅਧਿਆਪਕ ਯੂਨੀਅਨ ਵੱਲੋਂ ਭਲਾਈ ਮੰਤਰੀ ਦੇ ਪੁਤਲੇ ਫੂਕਣ ਦਾ ਐਲਾਨ

**ਅਲਾਵਲਪੁਰ (ਮਦਨ ਬੰਗੜ)**- ਐਸ.ਸੀ./ਬੀ.ਸੀ. ਅਧਿਆਪਕ ਯੂਨੀਅਨ ਪੰਜਾਬ ਦੀ ਇੱਕ ਹੰਗਾਮੀ ਮੀਟਿੰਗ ਸੂਬਾ ਪ੍ਰਧਾਨ ਕਰਿਸ਼ਨ ਸਿੰਘ ਦੁੱਗਾਂ ਦੀ ਅਗਵਾਈ ਹੇਠ ਪੰਜਾਬੀ ਭਵਨ ਲੁਧਿਆਣਾ ਵਿਖੇ ਹੋਈ। ਮੀਟਿੰਗ ਵਿੱਚ ਮੁਲਾਜ਼ਮਾਂ ਅਤੇ ਵਿਦਿਆਰਥੀਆਂ ਨਾਲ ਜੁੜੇ ਮਸਲਿਆਂ ਸਮੇਤ ਪੰਜਾਬ ਸਰਕਾਰ ਵੱਲੋਂ ਸਿੱਧੀ ਭਰਤੀ ਅਤੇ ਤਰੱਕੀਆਂ ਵਿੱਚ ਰਾਖਵਾਂਕਰਨ ਨੀਤੀ ਦੀ ਉਲੰਘਣਾ ਦੇ ਦੋਸ਼ਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਯੂਨੀਅਨ ਆਗੂਆਂ ਨੇ ਦੋਸ਼ ਲਗਾਇਆ ਕਿ 25 ਜੂਨ 2026 ਨੂੰ ਲੈਕਚਰਾਰ ਕੇਡਰ ਦੀਆਂ 1013 ਅਸਾਮੀਆਂ ਲਈ ਜਾਰੀ ਭਰਤੀ ਇਸ਼ਤਿਹਾਰ ਵਿੱਚ ਪੰਜਾਬੀ, ਅਰਥਸ਼ਾਸਤਰ, ਕਮਰਸ, ਫਿਜ਼ਿਕਸ, ਭੂਗੋਲ, ਬਾਇਓਲੋਜੀ, ਰਸਾਇਣ ਵਿਗਿਆਨ ਅਤੇ ਗਣਿਤ ਸਮੇਤ ਕਈ ਵਿਸ਼ਿਆਂ ਵਿੱਚ ਐੱਸ.ਸੀ./ਬੀ.ਸੀ. ਵਰਗ ਲਈ ਰਾਖਵਾਂਕਰਨ ਨਾ ਦੇ ਕੇ ਨੀਤੀ ਦੀ ਉਲੰਘਣਾ ਕੀਤੀ ਗਈ ਹੈ। ਆਗੂਆਂ ਦਾ ਕਹਿਣਾ ਹੈ ਕਿ ਇਹ ਫੈਸਲਾ ਰਾਖਵਾਂਕਰਨ ਨੀਤੀ ਦੇ ਖਿਲਾਫ ਹੈ ਅਤੇ ਇਸ ਨਾਲ ਐੱਸ.ਸੀ./ਬੀ.ਸੀ. ਵਰਗ ਦੇ ਉਮੀਦਵਾਰਾਂ ਨਾਲ ਅਨਿਆਇ ਹੋ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਸ ਕਾਰਨ ਮੁਲਾਜ਼ਮਾਂ, ਵਿਦਿਆਰਥੀਆਂ ਅਤੇ ਬੇਰੁਜ਼ਗਾਰ ਨੌਜਵਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਯੂਨੀਅਨ ਨੇ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਅਤੇ ਭਲਾਈ ਮੰਤਰੀ ਪੰਜਾਬ ਦੇ ਵਤੀਰੇ ਦੀ ਵੀ ਆਲੋਚਨਾ ਕੀਤੀ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮਸਲਿਆਂ ਦਾ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਯੂਨੀਅਨ ਵੱਲੋਂ ਐਲਾਨ ਕੀਤਾ ਗਿਆ ਕਿ 10 ਜੁਲਾਈ ਨੂੰ ਡਾਇਰੈਕਟਰ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਫੇਜ਼-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਦੇ ਦਫ਼ਤਰ ਅੱਗੇ ਰੋਸ ਧਰਨਾ ਦਿੱਤਾ ਜਾਵੇਗਾ ਅਤੇ ਇਸ ਦੌਰਾਨ ਭਲਾਈ ਮੰਤਰੀ, ਸਕੱਤਰ ਭਲਾਈ ਵਿਭਾਗ ਅਤੇ ਡਾਇਰੈਕਟਰ ਭਲਾਈ ਵਿਭਾਗ ਦੇ ਪੁਤਲੇ ਫੂਕੇ ਜਾਣਗੇ।ਇਸ ਮੌਕੇ ਹਰਬੰਸ ਲਾਲ ਜ਼ਿਲ੍ਹਾ ਪ੍ਰਧਾਨ, ਗੁਰਮੇਜ ਲਾਲ ਆਹੀਰ, ਹਰਬੰਸ ਪਰਜੀਆਂ, ਸੁਖਚਰਨ ਕੁਮਾਰ, ਸੁਖਵਿੰਦਰ ਕੁਮਾਰ, ਗੁਰਦੇਵ ਰਾਮ ਚਿੱਟੀ, ਦੇਵ ਰਾਜ, ਯੁਵਰਾਜ ਸਿੰਘ ਚਿੱਟੀ, ਦੇਸ ਰਾਜ, ਸੁਨੀਲ ਕੁਮਾਰ, ਪ੍ਰੇਮ ਅਤੇ ਦੀਪਕ ਸਾਥੀਆਂ ਸਮੇਤ ਹੋਰ ਆਗੂਆਂ ਨੇ ਵੀ ਸੰਘਰਸ਼ ਦੀ ਹਮਾਇਤ ਕੀਤੀ।

# ਹਰਦੀਪ ਗਿੱਲ ਨੇ ਐੱਸ ਆਈ ਆਰ-2026 ਤਹਿਤ ਐਨੂਮਰੇਸ਼ਨ ਫਾਰਮ ਭਰਿਆ

**ਮੁਹਾਲੀ (ਗੁਰਜੀਤ ਬਿੱਲਾ)**- ਭਾਰਤ ਦੇ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ)-2026 ਮੁਹਿੰਮ ਤਹਿਤ ਪੰਜਾਬੀ ਲੋਕ ਗਾਇਕ ਹਰਦੀਪ ਗਿੱਲ ਨੇ ਮੋਹਾਲੀ ਵਿਖੇ ਆਪਣੇ ਅਤੇ ਆਪਣੇ ਪਰਵਾਰ ਦੇ ਮੈਂਬਰਾਂ ਦੇ ਐਨੂਮਰੇਸ਼ਨ ਫਾਰਮ ਭਰੇ।ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਦੇ ਜ਼ਿਲ੍ਹਾ ਨੋਡਲ ਅਫ਼ਸਰ (ਸਵੀਪ) ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ, ਚੋਣ ਤਹਿਸੀਲਦਾਰ ਹਰਪ੍ਰੀਤ ਕੌਰ, ਚੋਣ ਕਾਨੂੰਗੋ ਸੁਰਿੰਦਰ ਬੱਤਰਾ ਅਤੇ ਬੂਥ ਲੈਵਲ ਅਫ਼ਸਰ (ਬੀ ਐੱਲ ਓ) ਪ੍ਰਦੀਪ ਸਿੰਘ ਨੇ ਹਰਦੀਪ ਗਿੱਲ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਐਨੂਮਰੇਸ਼ਨ ਫਾਰਮ ਭਰਵਾਉਣ ਦੀ ਪ੍ਰਕਿਰਿਆ ਮੁਕੰਮਲ ਕਰਵਾਈ।ਹਰਦੀਪ ਗਿੱਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਤੇ ਆਪਣੇ ਪਰਵਾਰ ਦੇ ਸਾਰੇ ਯੋਗ ਵੋਟਰਾਂ ਦੇ ਐਨੂਮਰੇਸ਼ਨ ਫਾਰਮ ਸਮੇਂ ਸਿਰ ਜ਼ਰੂਰ ਭਰਨ। ਉਨ੍ਹਾਂ ਕਿਹਾ ਕਿ ਸ਼ੁੱਧ ਅਤੇ ਸਹੀ ਵੋਟਰ ਸੂਚੀ ਲੋਕਤੰਤਰ ਦੀ ਮਜ਼ਬੂਤੀ ਦਾ ਆਧਾਰ ਹੈ ਅਤੇ ਹਰ ਨਾਗਰਿਕ ਨੂੰ ਇਸ ਮਹੱਤਵਪੂਰਨ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਨਿਭਾਉਣੀ ਚਾਹੀਦੀ ਹੈ।ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੋ. ਗੁਰਬਖਸ਼ੀਸ਼ ਸਿੰਘ ਅੰਟਾਲ ਨੇ ਜ਼ਿਲ੍ਹੇ ਦੇ ਸਮੂਹ ਵਿਦਿਅਕ ਅਦਾਰਿਆਂ ਦੇ ਮੁਖੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੀ.ਐਲ.ਓ. ਨਾਲ ਸੰਪਰਕ ਕਰਕੇ ਜਾਂ ਨਿਰਧਾਰਿਤ ਪ੍ਰਕਿਰਿਆ ਅਨੁਸਾਰ ਐਨੂਮਰੇਸ਼ਨ ਫਾਰਮ ਭਰਵਾਉਣ ਅਤੇ ਇਸ ਲੋਕਤੰਤਰੀ ਮਹਾਂਮੁਹਿੰਮ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।



# ਪੂਰਨਮਾਸ਼ੀ ਦਾ ਦਿਹਾੜਾ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**-ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਪ੍ਰਚਾਰ ਅਤੇ ਪ੍ਰਸਾਰ 'ਚ ਅਹਿਮ ਯੋਗਦਾਨ ਪਾ ਰਹੇ ਪਵਿੱਤਰ ਅਸਥਾਨ ਡੇਰਾ ਬਾਬਾ ਬਲਵੰਤ ਸਿੰਘ ਦਾਰਾਪੁਰ ਟਾਂਡਾ ਵਿਖੇ ਹਰ ਮਹੀਨੇ ਦੀ ਪੂਰਨਮਾਸ਼ੀ ਦਾ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਨਗਰ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਪਹਿਲਾਂ 27 ਜੂਨ ਤੋਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ ਤੇ ਸੰਤ ਬਾਬਾ ਜੋਗਾ ਸਿੰਘ ਜੀ ਰਾਮੂ ਥਿਆੜਾ ਵਾਲਿਆਂ ਨੇ ਸਮੂਹ ਸੰਗਤ ਨੂੰ ਸ਼ਬਦ ਕੀਰਤਨ ਤੇ ਪ੍ਰਵਚਨਾਂ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ ਅਤੇ ਦੱਸਿਆ ਕਿ ਸਾਡਾ ਇਹ ਮਨੁੱਖਾ ਜਨਮ ਅਨਮੋਲ ਹੈ ਅਤੇ ਇਸ ਮਨੁੱਖਾ ਜਨਮ ਵਿੱਚ ਅਸੀਂ ਸੇਵਾ ਤੇ ਸਿਮਰਨ ਨਾਲ ਜੁੜ ਕੇ ਜਨਮ ਮਰਨ ਦੇ ਚੱਕਰਾਂ ਤੋਂ ਮੁਕਤੀ ਪਾ ਸਕਦੇ ਹਾਂ। ਇਸ ਮੌਕੇ ਬਾਬਾ ਗੁਰਦਿਆਲ ਸਿੰਘ ਨੇ ਦੂਰੋਂ ਨੇੜਿਓਂ ਪਹੁੰਚੀਆਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਨੂੰ ਮਨਾਂ ਵਿੱਚ ਵਸਾ ਕੇ ਸੇਵਾ ਤੇ ਸਿਮਰਨ ਨਾਲ ਜੁੜਨ ਲਈ ਕਿਹਾ। ਸਮਾਗਮ ਵਿੱਚ ਸ਼ਾਮਿਲ ਸੰਗਤ ਦੀ ਸੇਵਾ ਵਾਸਤੇ ਗੁਰੂ ਦੇ ਲੰਗਰ ਤੇ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ।

# 1 ਲੱਖ 61 ਹਜ਼ਾਰ ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ

**ਮੋਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਐਸ.ਏ.ਐਸ. ਨਗਰ ਵਿਚ 'ਨੈਸ਼ਨਲ ਇਮਿਊਨਾਈਜ਼ੇਸ਼ਨ ਡੇਅ ਐਨ.ਆਈ.ਡੀ' ਮੁਹਿੰਮ ਤਹਿਤ ਕੁਲ 161053 ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ ਹਨ।ਇਹ ਜਾਣਕਾਰੀ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਗਿਰੀਸ਼ ਡੋਗਰਾ ਨੇ ਤੀਜੇ ਦਿਨ ਦੀ ਗਤੀਵਿਧੀ ਮੁਕੰਮਲ ਹੋਣ ਮਗਰੋਂ ਦਿਤੀ। ਖ਼ਾਸ ਗੱਲ ਇਹ ਹੈ ਕਿ ਮੁਹਿੰਮ ਭਲਕੇ ਵੀ ਜਾਰੀ ਰਹੇਗੀ ਅਤੇ ਰਹਿ ਚੁੱਕੇ ਸਾਰੇ ਬੱਚਿਆਂ ਨੂੰ ਕਵਰ ਕੀਤਾ ਜਾਵੇਗਾ। ਸਟੇਟ ਟੀਕਾਕਰਨ ਅਫ਼ਸਰ ਡਾ. ਮੰਜੂ ਬਾਂਸਲ ਅਤੇ ਡਾ. ਸ਼ਾਹਬਾਜ਼ ਸਿੰਘ ਨੇ ਜ਼ਿਲ੍ਹੇ ਵਿਚ ਝੁੱਗੀਆਂ ਦਾ ਦੌਰਾ ਕੀਤਾ। ਇਸ ਮੁਹਿੰਮ ਤਹਿਤ ਘਰਾਂ ਤੋਂ ਇਲਾਵਾ ਉਚ-ਜੋਖਮ ਵਾਲੇ ਖੇਤਰ, ਭੱਠੇ, ਨਿਰਮਾਣ ਸਥਾਨ, ਬਸਤੀਆਂ, ਝੁੱਗੀਆਂ, ਡੇਰੇ ਆਦਿ ਵੀ ਕਵਰ ਕੀਤੇ ਗਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ 1,68,876 ਬੱਚਿਆਂ ਨੂੰ ਪੋਲੀਓ-ਰੋਕੂ ਬੂੰਦਾਂ ਪਿਲਾਉਣ ਦਾ ਟੀਚਾ ਸੀ। ਦਵਾਈ ਪਿਲਾਉਣ ਲਈ 1284 ਟੀਮਾਂ ਬਣਾਈਆਂ ਗਈਆਂ ਸਨ ਜਿਨ੍ਹਾਂ ਵਿਚੋਂ 1095 ਟੀਮਾਂ ਘਰ-ਘਰ ਗਈਆਂ। ਕੁਲ 2568 ਵੈਕਸੀਨੇਟਰਾਂ ਤੋਂ ਇਲਾਵਾ 125 ਸੁਪਰਵਾਇਜ਼ਰ ਤੈਨਾਤ ਕੀਤੇ ਗਏ ਸਨ। ਸਿਵਲ ਸਰਜਨ ਨੇ ਮੁਹਿੰਮ ਦੀ ਸਫ਼ਲਤਾ ਯਕੀਨੀ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੀਆਂ ਆਸ਼ਾ ਵਰਕਰਾਂ, ਏਐਨਐਮਜ਼, ਨਰਸਿੰਗ ਕਾਲਜਾਂ ਦੇ ਵਿਦਿਆਰਥੀਆਂ ਅਤੇ ਡਾਕਟਰਾਂ ਦਾ ਧਨਵਾਦ ਕੀਤਾ ਜਿਨ੍ਹਾਂ ਪੂਰੀ ਮਿਹਨਤ ਅਤੇ ਲਗਨ ਨਾਲ ਜ਼ਿਲ੍ਹੇ ਵਿਚ ਵੱਖ ਵੱਖ ਥਾਵਾਂ 'ਤੇ ਜਾ ਕੇ ਬੱਚਿਆਂ ਨੂੰ ਦਵਾਈ ਪਿਲਾਈ। ਉਨ੍ਹਾਂ ਬੱਚਿਆਂ ਦੇ ਮਾਪਿਆਂ ਦਾ ਵੀ ਧਨਵਾਦ ਕੀਤਾ ਜਿਨ੍ਹਾਂ ਦੇ ਸਹਿਯੋਗ ਸਦਕਾ ਜ਼ਿਲ੍ਹੇ ਵਿਚ ਪੋਲੀਓ ਰੋਕੂ ਮੁਹਿੰਮ ਸਫ਼ਲਤਾ ਨਾਲ ਨੇਪਰੇ ਚੜ੍ਹੀ। ਜ਼ਿਲ੍ਹੇ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨੇ ਤਿੰਨ ਦਿਨ ਵੱਖ ਵੱਖ ਥਾਵਾਂ 'ਤੇ ਜਾ ਕੇ ਮੁਹਿੰਮ ਦਾ ਜਾਇਜ਼ਾ ਲਿਆ ਅਤੇ ਜਿਥੇ ਕਿਤੇ ਵੀ ਕਿਸੇ ਤਰ੍ਹਾਂ ਦੀ ਕੋਈ ਕਮੀ ਸੀ, ਉਸ ਨੂੰ ਦੂਰ ਕਰਵਾਇਆ।



# ਮੇਅਰ ਨੇ ਮਾਨਸੂਨ ਤੋਂ ਪਹਿਲਾਂ ਨਗਰ ਨਿਗਮ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਮੋਹਾਲੀ (ਗੁਰਜੀਤ ਬਿੱਲਾ)**- ਮੋਹਾਲੀ ਨਗਰ ਨਿਗਮ ਦੇ ਮੇਅਰ ਸਰਬਜੀਤ ਸਿੰਘ ਸਮਾਣਾ ਨੇ ਮੰਗਲਵਾਰ ਨੂੰ ਮਾਨਸੂਨ ਦੇ ਮੱਦੇਨਜ਼ਰ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਦਾ ਦੌਰਾ ਕਰਕੇ ਪਾਣੀ ਦੀ ਨਿਕਾਸੀ ਅਤੇ ਸਫ਼ਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਜਿੱਥੇ ਲਾਪਰਵਾਹੀ ਮਿਲੀ, ਉੱਥੇ ਮੌਕੇ 'ਤੇ ਹੀ ਸੰਬੰਧਤ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ।ਮੇਅਰ ਸਮਾਣਾ ਦੇ ਨਾਲ ਸੀਨੀਅਰ ਡਿਪਟੀ ਮੇਅਰ ਆਰਪੀ ਸ਼ਰਮਾ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਨਗਰ ਨਿਗਮ ਕਮਿਸ਼ਨਰ ਸੰਦੀਪ ਸਿੰਘ ਅਤੇ ਸੈਨੀਟੇਸ਼ਨ ਵਿੰਗ, ਜਨ ਸਿਹਤ ਤੇ ਸੀਵਰੇਜ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ। ਸਭ ਤੋਂ ਪਹਿਲਾਂ ਮੇਅਰ ਨੇ ਸੈਕਟਰ 79-80 ਵਿੱਚ ਸੀ ਪੀ ਮਾਲ ਨੇੜੇ ਸਫ਼ਾਈ ਕਾਰਜਾਂ ਦਾ ਨਿਰੀਖਣ ਕੀਤਾ। ਇਸ ਤੋਂ ਬਾਅਦ ਸੈਕਟਰ-71 ਵਿੱਚ ਪਾਣੀ ਦੀ ਨਿਕਾਸੀ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਨੇ ਦੇਖਿਆ ਕਿ ਕਈ ਰੋਡ ਗਲੀਆਂ ਬੰਦ ਪਈਆਂ ਹਨ। ਇਸ ਤੋਂ ਇਲਾਵਾ ਇੱਕ ਕੋਠੀ ਮਾਲਕ ਵੱਲੋਂ ਸੀਵਰੇਜ ਦਾ ਪਾਈਪ ਸਿੱਧਾ ਸੜਕ 'ਤੇ ਛੱਡਿਆ ਗਿਆ ਸੀ। ਮੇਅਰ ਨੇ ਇਸ ਦਾ ਸਖ਼ਤ ਨੋਟਿਸ ਲੈਂਦਿਆਂ ਤੁਰੰਤ ਪਾਈਪ ਹਟਾਉਣ ਦੇ ਹੁਕਮ ਦਿੱਤੇ ਅਤੇ ਅਧਿਕਾਰੀਆਂ ਨੂੰ ਰੋਡ ਗਲੀਆਂ ਦੀ ਤੁਰੰਤ ਸਫ਼ਾਈ ਕਰਵਾਉਣ ਲਈ ਕਿਹਾ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਰੋਡ ਗਲੀਆਂ ਦੇ ਉੱਪਰਲੀ ਸਫ਼ਾਈ ਦੀ ਜ਼ਿੰਮੇਵਾਰੀ ਠੇਕੇਦਾਰ ਦੀ ਹੈ, ਜਦਕਿ ਅੰਦਰੂਨੀ ਸਫ਼ਾਈ ਜਨ ਸਿਹਤ ਵਿਭਾਗ ਵੱਲੋਂ ਕੀਤੀ ਜਾਵੇਗੀ।



# ਖੇਤ ਦਿਵਸ ਮਨਾਇਆ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਖੇਤ ਬਚਾਉ ਅਭਿਆਨ ਤਹਿਤ ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ ਹੁਸ਼ਿਆਰਪੁਰ ਵੱਲੋਂ ਬਹਾਰ ਰੁੱਤ ਦੀ ਮੂੰਗਫਲੀ ਦੀ ਕਾਸ਼ਤ ਬਾਬਤ ਖੇਤ ਦਿਵਸ ਮਨਾਇਆ ਗਿਆ। ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਖੇਤ ਬਚਾਉ ਅਭਿਆਨ ਤਹਿਤ ਬਹਾਰ ਰੁੱਤ ਦੀ ਮੂੰਗਫਲੀ ਦੀ ਕਾਸ਼ਤ ਬਾਬਤ ਖੇਤ ਦਿਵਸ ਬੀਤੇ ਦਿਨੀਂ ਪਿੰਡ ਸ਼ੇਖਾਂ ਦੇ ਅਗਾਂਹਵਧੂ ਕਿਸਾਨ ਨਰਿੰਦਰ ਸਿੰਘ ਦੇ ਫਾਰਮ ਤੇ ਮਨਾਇਆ ਗਿਆ। ਇਸ ਮੌਕੇ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਨੇ ਬਹਾਰ ਰੁੱਤ ਦੀ ਮੂੰਗਫਲੀ ਦੀਆਂ ਫਸਲ ਪ੍ਰਦਰਸ਼ਨੀਆਂ ਦੇ ਮਨੋਰਥ ਬਾਰੇ ਦੱਸਿਆ ਅਤੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵੱਲੋਂ ਮੂੰਗਫਲੀ ਦੀ ਕਾਸ਼ਤ ਨੂੰ ਹੋਰ ਪ੍ਰਫੁੱਲਤ ਕਰਨ ਬਾਰੇ ਕੀਤੀਆ ਜਾ ਰਹੀਆਂ ਖੋਜਾਂ ਤੇ ਕੋਸ਼ਿਸ਼ਾਂ ਬਾਰੇ ਵੀ ਚਾਨਣਾ ਪਾਇਆ। ਡਾ. ਬੌਂਸ ਨੇ ਸਿੰਚਾਈ ਪਾਣੀ ਦੀ ਜਿਆਦਾ ਵਰਤੋਂ ਵਾਲੀ ਬਹਾਰ ਰੁੱਤ ਦੀ ਮੱਕੀ ਦੀ ਜਗਾਹ ਬਹਾਰ ਰੁੱਤ ਦੀ ਮੂੰਗਫਲੀ ਅਪਨਾਉਣ ਲਈ ਜ਼ੋਰ ਦਿੱਤਾ ਤਾਂ ਜੋ ਪਾਣੀ ਦੀ ਬਚਤ ਹੋ ਸਕੇ।ਡਾ. ਬੌਂਸ ਨੇ ਦੱਸਿਆ ਕਿ ਯੂਨੀਵਰਸਿਟੀ ਨੇ ਮੂੰਗਫਲੀ ਦੀ ਸੁਧਰੀ ਕਿਸਮ, ਜੇ 87, ਦਿੱਤੀ ਹੈ,ਜਿਸ ਬਾਰੇ ਇਹ ਖੇਤ ਦਿਵਸ ਮਨਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਮੂੰਗਫਲੀ ਦੀ ਇਹ ਕਿਸਮ, ਇੱਕ ਗੁੱਛੇਦਾਰ ਕਿਸਮ ਹੈ ਜੋ ਬਹਾਰ ਰੁੱਤ ਅਤੇ ਬਰਸਾਤ ਰੁੱਤ ਵਿੱਚ ਕਾਸ਼ਤ ਲਈ ਢੁੱਕਵੀਂ ਹੈ ।

# ਭਾਸ਼ਾ ਵਿਭਾਗ ਦਾ ਭੋਗ ਪਾਉਣ ਦੀਆਂ ਸਾਜ਼ਿਸ਼ਾਂ ਮੰਦਭਾਗਾ ਤੇ ਨਿੰਦਣਯੋਗ : ਇਪਟਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਇਪਟਾ, ਪੰਜਾਬ ਨੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਜ਼ਫ਼ਰ ਵੱਲੋਂ ਪੰਜਾਬੀ ਭਾਸ਼ਾ, ਸਾਹਿਤ ਅਤੇ ਸਭਿਆਚਾਰ ਦੀ ਕੀਤੀ ਜਾ ਰਹੀ ਹਿਫ਼ਾਜਤ ਅਤੇ ਫਿਕਰ ਦੀ ਹਮਾਇਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਇਹ ਧੜਾ ਪੰਜਾਬੀ ਅਤੇ ਪੰਜਾਬੀਅਤ ਵਿਰੁਧ ਘਟੀਆਂ ਸਾਜ਼ਿਸ਼ਾਂ ਵਿੱਚ ਲੱਗਾ ਹੈ। ਇਪਟਾ, ਪੰਜਾਬ ਦੇ ਪ੍ਰਧਾਨ, ਨਾਟਕਕਾਰ ਅਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਕਿਹਾ ਕਿ ਬੇਸ਼ਕ ਮੁੱਖ ਮੰਤਰੀ ਭਗਵੰਤ ਮਾਨ ਸਾਹਿਬ ਚੋਣਾਵੀ ਅਤੇ ਰਾਜਨੀਤਿਕ ਰੁਝੇਵਿਆਂ ਕਾਫੀ ਹਨ ਪਰ ਕਿਉਂਕਿ ਮਾਨ ਸਾਹਿਬ ਕਲਾਕਾਰ ਹੋਣ ਦੇ ਨਾਤੇ ਭਾਸ਼ਾ ਵਿਭਾਗ, ਪੰਜਾਬ ਦੀ ਦੋਖੀ ਅਤੇ ਭੋਗ ਪਾਉਣ ਦੀਆਂ ਘਟੀਆਂ ਸਾਜ਼ਿਸ਼ਾਂ ਘੜਣ ਵਾਲੀ ਅਫ਼ਸਰਸ਼ਾਹੀ ਪਿਛਲੇ ਸਮੇਂ ਵਿੱਚ ਭਾਸ਼ਾ ਵਿਭਾਗ ਦੀਆਂ ਲਗਾਤਾਰ ਸਰਗਰਮੀਆਂ ਹਨ। ਇਹਨਾ ਦੀ ਖਿਝ ਹੋਰ ਵੱਧ ਗਈ ਲੱਗਦੀ ਹੈ ਕਿਉਂਕਿ ਪ੍ਰਕਾਸ਼ਨ ਲਈ ਕੋਈ ਰਾਸ਼ੀ ਨਾ ਮਿਲਣ ਦੇ ਬਾਵਜੂਦ ਵਿਭਾਗ ਦੀ ਟੀਮ ਨੇ ਕਾਫੀ ਚਿਰ ਤੋਂ ਪੈਂਡਿੰਗ ਪਏ ਵਿਭਾਗੀ ਰਸਾਲੇ ਆਪਣੇ ਤੌਰ 'ਤੇ ਛਪਾ ਲਏ ਹਨ। ਪਿਛਲੇ ਸਮਾਗਮਾਂ ਦੀ ਅਦਾਇਗੀ ਰੋਕੀ ਹੋਣ ਦੇ ਬਾਵਜੂਦ ਵਿਭਾਗ ਦੀ ਟੀਮ ਅਗਲੇ ਪ੍ਰੋਗਰਾਮ ਉਤਸ਼ਾਹ ਨਾਲ ਉਲੀਕੀ ਤੁਰੀ ਜਾਂਦੀ ਹੈ।ਸ਼ਖ਼ਤ ਕਰਨ ਕਾਰਵਾਈ ਦੇ ਨਾਲ ਨਾਲ ਭਾਸ਼ਾ ਵਿਭਾਗ ਨੂੰ ਸਾਹਿਤਕ, ਰੰਗਮੰਚੀ ਤੇ ਸਭਿਆਚਰਕ ਗਤੀਵਿਧੀਆਂ ਲਈ ਵਿੱਤੀ ਸਰੋਤ ਵੀ ਮਹੁੱਈਆ ਕਰਵਾਏ ਜਾਣ। ਉਨਾਂ ਕਿਹਾ ਹੈ ਕਿ ਸਾਰੀਆਂ ਭਰਾਤਰੀ ਜੱਥੇਬੰਦੀਆਂ, ਪੰਜਾਬੀ ਅਤੇ ਪੰਜਾਬੀਆਂ ਨਾਲ ਮੋਹ ਰੱਖਣ ਵਾਲਿਆਂ ਭਾਸ਼ਾ ਵਿਭਾਗ ਨੂੰ ਬੰਦ ਕਰਨ ਦੀਆਂ ਸਾਜ਼ਿਸ਼ਾਂ ਕਰਨ ਵਾਲੀ ਅਫਸ਼ਰਸ਼ਾਹੀ ਖਿਲਾਫ ਆਪਸੀ ਮੱਤ-ਭੇਤ ਭੁੱਲਾ ਕੇ ਇੱਕ-ਮੁੱਠ ਅਤੇ ਇੱਕ ਜੁੱਟ ਹੋ ਕੇ ਤਿਖੇ ਸੰਘਰਸ਼ ਕਰਨ ਤਾਂਜੋ ਭਾਸ਼ਾ ਵਿਭਾਗ ਬੰਦ ਕਰਨ ਦੀਆਂ ਅਫ਼ਸਰਾਂ ਦੀ ਇਕ ਲਾਬੀ ਨੂੰ ਨੱਥ ਪਾਈ ਜਾ ਸਕੇ।ਇਪਟਾ, ਪੰਜਾਬ ਦੇ ਜਰਨਲ ਸੱਕਤਰ ਇੰਦਰਜੀਤ ਰੁਪੋਵਾਲੀ, ਇਪਟਾ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਤੇ ਜਨਰਲ ਸੱਕਤਰ ਕਮਲ ਨੈਨ ਸਿੰਘ ਸੇਖੋਂ ਨੇ ਕਿਹਾ ਹੈ ਕਿ ਮੁੱਖ ਮੰਤਰੀ ਦੇ ਕਹਿਣ ਦੇ ਬਾਵਜੂਦ ਸੈਂਕੜੇ ਕਿਤਾਬਾਂ ਦੇ ਪ੍ਰਕਾਸ਼ਨ ਲਈ ਕੋਈ ਬੱਜਟ ਨਾ ਦੇਣਾ,ਬੀਤੇ ਮਹੀਨਿਆਂ ਦੌਰਾਨ ਕਰਾਏ ਸਮਾਗਮਾਂ ਦੀਆਂ ਅਦਾਗੀਆਂਨਾ ਕਰਨਾ, ਖਾਲੀ ਪਈਆਂ ਛੇ ਦਰਜਨ ਦੇ ਕਰੀਬ ਅਸਾਮੀਆਂ ਵਿਰੁੱਧ ਕੰਮ ਕਰਦੇ ਕੱਚੇ ਕਰਮਚਾਰੀਆਂ ਦੇ ਕੰਮ ਕਰਦੇ ਰਹਿਣ ਦੀ ਪ੍ਰਵਾਨਗੀ ਨਾ ਦੇਣਾ, ਵਿਰ-ਵਾਰ ਲਿਖਣ ਦੇ ਬਾਵਜੂਦ ਲੇਖਕਾਂ ਦੇ ਠਹਿਰਨ ਲਈ ਬਣੇ ਭਾਸ਼ਾ ਵਿਭਾਗ ਦੇ ਸਾਹਿਤ ਸਦਨ ਤੋਂ ਐਨ.ਸੀ.ਸੀ. ਦਾ ਕਬਜ਼ਾ ਹਟਾਉਣ ਲਈ ਕੋਈ ਕਾਰਵਾਈ ਕਰਨ ਤੋਂ ਇਨਕਾਰ ਕਰਨਾ। ਇਪਟਾ, ਪੰਜਾਬ ਦੇ ਆਗੂ ਬਠਿੰਡਾ ਤੋਂ ਗੁਰਮੀਤ ਸਿੰਘ, ਮਾਨਸਾ ਤੋਂ ਮੇਘ ਰਾਜ ਰੱਲਾ, ਸੰਗਰੂਰ ਤੋਂ ਗੁਰਦਿਆਲ ਨਿਰਮਾਣ, ਦਲਬਾਰ ਸਿੰਘ ਚੱਠਾ ਸੇਖਵਾਂ, ਪਟਿਆਲਾ ਤੋਂ ਹਰਜੀਤ ਕੈਂਥ ਅਤੇ ਡਾ. ਕੁਲਦੀਪ ਸਿੰਘ ਦੀਪ, ਮੁਹਾਲੀ ਤੋਂ ਡਾ. ਅਮਨ ਭੋਗਲ, ਰੋਪੜ ਤੋਂ ਸੁਰਿੰਦਰ ਰਸੂਲਪੁਰ ਤੇ ਰਾਬਿੰਦਰ ਰੱਬੀ, ਅੰਮ੍ਰਿਤਸਰ ਤੋਂ ਬਲਬੀਰ ਮੂਧਲ ਅਤੇ ਦਲਜੀਤ ਸੋਨਾ, ਗੁਰਦਾਸਪੁਰ ਤੋਂ ਗੁਰਮੀਤ ਪਾਹੜਾ, ਪਠਾਨਕੋਟ ਤੋਂ ਸੁਰੇਸ਼ ਮਹਿਤਾ, ਕਪੂਰਥਲਾ ਤੋਂ ਡਾ. ਹਰਭਜਨ ਸਿੰਘ, ਲੁਧਿਆਣਾ ਤੋਂ ਪ੍ਰਦੀਪ ਸ਼ਰਮਾ ਤੇ ਰਾਜਵਿੰਦਰ ਸਮਰਾਲਾ, ਨਵਾਂ ਸ਼ਹਿਰ ਤੋਂ ਦੀਪਕ ਕੁਮਾਰ, ਮੋਗੇ ਤੋਂ ਇੰਦਰਜੀਤ ਮੋਗਾ ਅਤੇ ਅਵਤਾਰ ਸਿੰਘ ਮੋਗਾ, ਜਲੰਧਰ ਤੋਂ ਨੀਰਜ ਕੌਸ਼ਿਕ ਤੇ ਗੁਰਵਿੰਦਰ ਸਿੰਘ, ਹੁਸ਼ਿਆਰਪੁਰ ਤੋਂ ਅਸ਼ੋਕ ਪੁਰੀ ਨੇ ਕਿਹਾ ਹੈ ਕਿ ਪਿਛਲੇ ਸਮੇਂ ਵਿੱਚ ਭਾਸ਼ਾ ਵਿਭਾਗ ਦੀਆਂ ਲਗਾਤਾਰ ਸਰਗਰਮੀਆਂ ਹਨ। ਸਰਘੀ ਪ੍ਰੀਵਾਰ ਦੇ ਰੰਗਕਰਮੀ ਕੁੱਕੂ ਦੀਵਾਨ, ਰੰਜੀਵਨ ਸਿੰਘ, ਨਰਿੰਦਰ ਨਸਰੀਨ, ਲਖਵਿੰਦਰ ਸਿੰਘ ਅਤੇ ਰਿੱਤੂ ਰਾਗ ਨੇ ਨਰਿੰਦਰ ਪਾਲ ਨੀਨਾ ਨੇ ਤਿੱਖੀ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਮਨੋਬਲ ਡੇਗਣ ਦੀਆਂ ਭਰਪੂਰ ਕੋਸ਼ਿਸ਼ਾਂ ਦੇ ਬਾਵਜੂਦ ਉਹ ਆਪਣੇ ਕੰਮ ਨੂੰ ਪੂਰੇ ਉਤਸ਼ਾਹ ਅਤੇ ਖ਼ੁਸ਼ੀ-ਖ਼ੁਸ਼ੀ ਜਾਰੀ ਰੱਖ ਰਹੇ ਹਨ।

## ਸੇਵਾ ਮੁਕਤ 6 ਪੁਲਸ ਅਧਿਕਾਰੀਆਂ ਦੇ ਸਨਮਾਨ 'ਚ ਵਿਦਾਇਗੀ ਸਮਾਰੋਹ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਆਪਣੀ ਲੰਬੀ ਤੇ ਸ਼ਾਨਦਾਰ ਸੇਵਾ ਪੂਰੀ ਕਰਨ ਵਾਲੇ 6 ਪੁਲਸ ਅਧਿਕਾਰੀਆਂ ਦੇ ਸਨਮਾਨ ਵਿੱਚ ਐੱਸ.ਐੱਸ.ਪੀ. ਦਫ਼ਤਰ ਦੇ ਕਾਨਫਰੰਸ ਹਾਲ ਵਿੱਚ ਵਿਦਾਇਗੀ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਐੱਸ.ਐੱਸ.ਪੀ. ਅਭਿਮੰਨਿਊ ਰਾਣਾ (ਆਈ.ਪੀ.ਐੱਸ.) ਨੇ ਸੇਵਾ ਮੁਕਤ ਹੋਏ ਅਧਿਕਾਰੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਉਨ੍ਹਾਂ ਦੀਆਂ ਸੇਵਾਵਾਂ ਲਈ ਧੰਨਵਾਦ ਕੀਤਾ ਅਤੇ ਚੰਗੀ ਸਿਹਤ ਤੇ ਖ਼ੁਸ਼ਹਾਲ ਜੀਵਨ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਅੱਜ ਸੇਵਾ ਮੁਕਤ ਹੋਣ ਵਾਲੇ ਅਧਿਕਾਰੀਆਂ ਵਿੱਚ ਏ ਐੱਸ ਆਈ ਧਰਮਪਾਲ ਸਿੰਘ, ਏ ਐੱਸ ਆਈ ਸੁਖਦੇਵ ਸਿੰਘ, ਏ ਐੱਸ ਆਈ ਬੂਟਾ ਸਿੰਘ, ਏ ਐੱਸ ਆਈ ਗੁਰਮੀਤ ਸਿੰਘ, ਏ ਐੱਸ ਆਈ ਜਗਤਾਰ ਸਿੰਘ ਤੇ ਏ ਐੱਸ ਆਈ ਜਸਵਿੰਦਰ ਸਿੰਘ ਸ਼ਾਮਲ ਹਨ।ਸਮਾਰੋਹ ਨੂੰ ਸੰਬੋਧਨ ਕਰਦਿਆਂ ਐੱਸ.ਐੱਸ.ਪੀ. ਅਭਿਮੰਨਿਊ ਰਾਣਾ ਨੇ ਕਿਹਾ ਕਿ ਸੇਵਾ ਮੁਕਤੀ ਸਿਰਫ਼ ਸਰਕਾਰੀ ਨੌਕਰੀ ਦਾ ਅੰਤ ਨਹੀਂ, ਸਗੋਂ ਜੀਵਨ ਦੇ ਨਵੇਂ ਪੜਾਅ ਦੀ ਸ਼ੁਰੂਆਤ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਕਾਰੀਆਂ ਨੇ ਆਪਣੀ ਡਿਊਟੀ ਇਮਾਨਦਾਰੀ, ਮਿਹਨਤ ਤੇ ਸਮਰਪਣ ਨਾਲ ਨਿਭਾ ਕੇ ਪੁਲਸ ਵਿਭਾਗ ਦੀ ਸ਼ਾਨ ਵਧਾਈ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਪੁਲਸ ਪਰਿਵਾਰ ਹਮੇਸ਼ਾ ਆਪਣੇ ਸੇਵਾ ਮੁਕਤ ਸਾਥੀਆਂ ਦੇ ਨਾਲ ਖੜ੍ਹਾ ਰਹੇਗਾ।ਇਸ ਮੌਕੇ ਐੱਸ ਪੀ (ਐੱਚ) ਹਰਕਮਲ ਕੌਰ, ਡੀ ਐੱਸ ਪੀ (ਐੱਚ) ਜੋਰਾ ਸਿੰਘ ਸਮੇਤ ਦਫ਼ਤਰੀ ਸਟਾਫ ਤੇ ਵੱਡੀ ਗਿਣਤੀ ਵਿੱਚ ਪੁਲਸ ਕਰਮਚਾਰੀ ਹਾਜ਼ਰ ਸਨ।ਰਿਟਾਇਰ ਹੋਏ ਅਧਿਕਾਰੀਆਂ ਦੇ ਪਰਿਵਾਰਕ ਮੈਂਬਰਾਂ ਨੇ ਵੀ ਸਮਾਰੋਹ ਵਿੱਚ ਸ਼ਮੂਲੀਅਤ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਦਗੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਸਮਾਰੋਹ ਦੌਰਾਨ ਏ ਐੱਸ ਆਈ ਗੁਰਦੇਵ ਸਿੰਘ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ, ਜਦਕਿ ਏ ਐੱਸ ਆਈ ਨਾਇਬ ਸਿੰਘ ਨੇ ਆਪਣੇ ਗੀਤਾਂ ਨਾਲ ਸਮਾਗਮ ਨੂੰ ਯਾਦਗਾਰ ਬਣਾਇਆ।ਇਸ ਮੌਕੇ ਏ ਐੱਸ ਆਈ ਨੇਮਪਾਲ (ਹੈੱਡ ਕਲਰਕ), ਹਰਜਿੰਦਰ ਸਿੰਘ (ਐੱਮ.ਟੀ.ਓ.), ਐੱਚ ਸੀ ਗੁਰਸੇਵਕ ਸਿੰਘ ਤੇ ਹੋਰ ਦਫ਼ਤਰੀ ਸਟਾਫ ਮੌਜੂਦ ਰਿਹਾ।

## ਸੰਤ ਜਸਵੀਰ ਸਿੰਘ ਖ਼ਾਲਸਾ ਦੀ ਯਾਦ 'ਚ ਖ਼ੂਨਦਾਨ ਕੈਂਪ ਲਗਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਸੱਚਖੰਡ ਵਾਸੀ ਸੰਤ ਬਾਬਾ ਜਸਵੀਰ ਸਿੰਘ ਖ਼ਾਲਸਾ ਕਾਲਾਮਲ੍ਹਾ ਸਾਹਿਬ ਦੀ ਬਰਸੀ ਮੌਕੇ 29ਵਾਂ ਵਿਸ਼ਾਲ ਖ਼ੂਨਦਾਨ ਕੈਂਪ ਗੁਰਦੁਆਰਾ ਸਿੱਧਸਰ ਕਾਲਾਮਲ੍ਹਾ ਸਾਹਿਬ ਛਾਪਾ ਵਿਖੇ ਪ੍ਰੈੱਸ ਕਲੱਬ ਰਜਿ: ਮਹਿਲ ਕਲਾਂ ਵੱਲੋਂ ਗੁਰਦੁਆਰਾ ਸਾਹਿਬ ਕਮੇਟੀ, ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਲਗਾਇਆ ਗਿਆ, ਜਿਸ ਦਾ ਉਦਘਾਟਨ ਸਾਬਕਾ ਮੈਂਬਰ ਪਾਰਲੀਮੈਂਟ ਸ੍ਰ: ਰਾਜਦੇਵ ਸਿੰਘ ਖ਼ਾਲਸਾ ਤੇ ਸਮੂਹ ਪ੍ਰਬੰਧਕਾਂ ਨੇ ਸਾਂਝੇ ਤੌਰ 'ਤੇ ਕੀਤਾ।ਉਨ੍ਹਾਂ ਕਿਹਾ ਕਿ ਅਜਿਹੇ ਕੈਂਪਾਂ ਦਾ ਆਯੋਜਨ ਪਿੰਡ-ਪਿੰਡ ਹੋਣਾ ਚਾਹੀਦਾ ਹੈ, ਤਾਂ ਜੋ ਨੌਜਵਾਨ ਪੀੜ੍ਹੀ ਸਮਾਜਿਕ ਬੁਰਾਈਆਂ ਤੋਂ ਬਚਾ ਕੇ ਸਮਾਜ ਸੇਵੀ ਕਾਰਜਾਂ 'ਚ ਉਨ੍ਹਾਂ ਦੀ ਰੁਚੀ ਬਣਾਈ ਜਾ ਸਕੇ।ਉਨ੍ਹਾਂ ਸੰਤ ਜਸਵੀਰ ਸਿੰਘ ਖਾਲਸਾ ਵੱਲੋਂ ਧਾਰਮਿਕ ਖੇਤਰ ਤੇ ਸਮਾਜ ਸੇਵਾ ਦੇ ਖੇਤਰ 'ਚ ਪਾਏ ਅਹਿਮ ਯੋਗਦਾਨ ਦੀ ਸ਼ਲਾਘਾ ਕੀਤੀ।ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਪ੍ਰੈੱਸ ਕਲੱਬ ਵੱਲੋਂ ਨਿਰੰਤਰ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦੁਆਇਆ।ਜਥੇ: ਮਨਜੀਤ ਸਿੰਘ ਕੈਨੇਡੀਅਨ, ਆਪ ਆਗੂ ਸਰਪੰਚ ਗੁਰਦੀਪ ਸਿੰਘ ਛਾਪਾ, ਸੀਨੀ: ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ ਨੇ ਕਿਹਾ ਕਿ ਖ਼ੂਨ ਦਾਨ ਇੱਕ ਉੱਤਮ ਦਾਨ ਹੈ, ਐਮਰਜੈਂਸੀ ਸਮੇਂ ਖ਼ੂਨ ਦਾਨ ਕਰ ਕੇ ਕੀਮਤੀ ਜਿੰਦਾਂ ਨੂੰ ਬਚਾਇਆ ਜਾ ਸਕਦਾ ਹੈ।ਪ੍ਰਬੰਧਕਾਂ ਅਵਤਾਰ ਸਿੰਘ ਅਣਖੀ, ਬਲਜਿੰਦਰ ਸਿੰਘ ਢਿੱਲੋਂ, ਸੋਨੀ ਮਾਂਗੇਵਾਲ, ਮੇਘ ਰਾਜ ਜੋਸ਼ੀ ਨੇ ਕੈਂਪ ਦੀ ਸਫਲਤਾ ਲਈ ਸਹਿਯੋਗ ਦੇਣ ਤੇ ਸਾਰਿਆਂ ਦਾ ਧੰਨਵਾਦ ਕਰਦਿਆ ਦੱਸਿਆ ਕਿ ਭਵਿੱਖ ਵਿੱਚ ਇਸ ਖ਼ੂਨਦਾਨ ਦੀ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਬਲੱਡ ਬੈਂਕ ਸਿਵਲ ਹਸਪਤਾਲ ਬਰਨਾਲਾ ਨੂੰ ਖ਼ੂਨਦਾਨੀਆਂ ਵੱਲੋਂ 30 ਯੂਨਿਟ ਖ਼ੂਨਦਾਨ ਕੀਤਾ ਗਿਆ।ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ, ਖ਼ੂਨਦਾਨੀਆਂ ਤੇ ਵੱਖ-ਵੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਮਾਨ ਸਰਕਾਰ ਨੇ ਚੁੱਪ-ਚੁਪੀਤੇ ਜੀ ਰਾਮ ਜੀ ਸਕੀਮ ਨੂੰ ਕੀਤਾ ਲਾਗੂ

**ਮਨਰੇਗਾ ਨੂੰ ਖਤਮ ਦਾ ਮਜ਼ਦੂਰ ਜਥੇਬੰਦੀਆਂ ਵੱਲੋਂ ਤਿੱਖਾ ਵਿਰੋਧ**



**ਮਾਨਸਾ (ਆਤਮਾ ਸਿੰਘ ਪਮਾਰ)**
ਪੰਜਾਬ ਦੀਆਂ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਅੱਜ ਪੂਰੇ ਪੰਜਾਬ 'ਚ ਪੰਜਾਬ ਸਰਕਾਰ ਨੂੰ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਸਬੰਧਤ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਰਾਹੀਂ ਸੌਂਪੇ ਗਏ ਅਤੇ ਇਸੇ ਕੜੀ ਵਜੋਂ ਜ਼ਿਲ੍ਹਾ ਮਾਨਸਾ 'ਚ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਡਿਪਟੀ ਕਮਿਸ਼ਨਰ ਮਾਨਸਾ ਦੀ ਗੈਰਮੌਜੂਦਗੀ 'ਚ ਇੱਕ ਮੰਗ ਪੱਤਰ ਤਹਿਸੀਲਦਾਰ ਮਾਨਸਾ ਨੂੰ ਸੌਂਪਿਆ।ਪ੍ਰੈੱਸ ਬਿਆਨ ਜਾਰੀ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਬਲਵਿੰਦਰ ਸਿੰਘ ਘਰਾਂਗਣਾਂ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਆਗੂ ਕਾਮਰੇਡ ਕ੍ਰਿਸ਼ਨ ਚੌਹਾਨ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਸਰਦੂਲਗੜ੍ਹ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂ ਕਾਮਰੇਡ ਬਲਜੀਤ ਸਿੰਘ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਨਿਰਮਲ ਸਿੰਘ ਖਾਲਸਾ ਬੀਰ ਖੁਰਦ ਆਦਿ ਆਗੂਆਂ ਨੇ ਸਾਂਝੇ ਤੌਰ 'ਤੇ ਕਿਹਾ ਕਿ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਮਜ਼ਦੂਰਾਂ ਦੀਆਂ ਵੱਖ ਵੱਖ ਮੰਗਾਂ ਨੂੰ ਪਹਿਲਾਂ ਵੀ ਕਈ ਵਾਰ ਮੰਗ ਪੱਤਰ ਭਗਵੰਤ ਮਾਨ ਸਰਕਾਰ ਨੂੰ ਭੇਜੇ ਹਨ, ਪ੍ਰੰਤੂ ਸਰਕਾਰ ਵੱਲੋਂ ਪੰਜ ਸਾਲਾਂ 'ਚ ਇੱਕ ਵੀ ਮਜ਼ਦੂਰਾਂ ਦੀ ਮੰਗ ਲਾਗੂ ਨਹੀਂ ਕੀਤੀ ਤੇ ਨਾ ਹੀ ਮਜ਼ਦੂਰ ਜਥੇਬੰਦੀਆਂ ਨਾਲ ਕੋਈ ਮੀਟਿੰਗ ਹੀ ਕੀਤੀ ਹੈ, ਜਿਸ ਕਾਰਨ ਮਜ਼ਦੂਰ ਜਥੇਬੰਦੀਆਂ 'ਚ ਸਰਕਾਰ ਖ਼ਿਲਾਫ਼ ਕਾਫੀ ਗੁੱਸਾ ਹੈ।ਆਗੂਆਂ ਨੇ ਕਿਹਾ ਕਿ ਜੋ ਮਾਨ ਸਰਕਾਰ ਨੇ ਮਜ਼ਦੂਰਾਂ ਨਾਲ ਵੋਟਾਂ ਵੇਲੇ ਵਾਅਦੇ ਕੀਤੇ ਸਨ, ਉਨ੍ਹਾਂ ਵਿੱਚੋਂ ਇੱਕ ਵੀ ਲਾਗੂ ਨਹੀਂ ਹੋਇਆ, ਸਗੋਂ ਇਸ ਦੇ ਐਨ ਉਲਟਾ ਮੋਦੀ ਸਰਕਾਰ ਦੀ ਨੀਤੀ ਨਾਲ ਸਹਿਮਤ ਹੋ ਕੇ ਮਨਰੇਗਾ ਕਾਨੂੰਨ ਨੂੰ ਜੀ ਰਾਮ ਜੀ ਸਕੀਮ 'ਚ ਬਦਲਣ ਦਾ ਅਛੋਪਲੇ ਹੀ ਮਤਾ ਪਾਸ ਕਰ ਦਿੱਤਾ ਤੇ ਪਹਿਲਾਂ ਮਨਰੇਗਾ ਨੂੰ ਬਚਾਉਣ ਲਈ ਮਨਰੇਗਾ ਮਜ਼ਦੂਰਾਂ 'ਚ ਮੋਦੀ ਸਰਕਾਰ ਖ਼ਿਲਾਫ ਸਰਕਾਰ ਪ੍ਰਚਾਰ ਕਰਦੀ ਰਹੀ ਤੇ ਨਾਲ ਹੀ ਪੰਜਾਬ 'ਚ ਬਾਰਾਂ ਘੰਟੇ ਲੇਬਰ ਤੇ ਮੁਲਾਜ਼ਮਾਂ ਤੋਂ ਕੰਮ ਕਰਵਾਉਣ ਲਈ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਲਈ ਪੰਜਾਬ 'ਚ ਸੱਦਾ ਦਿੱਤਾ ਗਿਆ। ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਮਜ਼ਦੂਰਾਂ ਦੀਆਂ ਮੰਗਾਂ 'ਤੇ ਕੋਈ ਧਿਆਨ ਨਾ ਦਿੱਤਾ ਤਾਂ ਮਜ਼ਦੂਰ ਜਥੇਬੰਦੀਆਂ ਦੀ ਦੋ ਜੁਲਾਈ ਨੂੰ ਮੁੜ ਤੋਂ ਮੀਟਿੰਗ ਦੌਰਾਨ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਮੰਗ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਆਗੂ ਕਾਮਰੇਡ ਗੁਰਸੇਵਕ ਮਾਨ ਬੀਬੜੀਆਂ, ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਰਤਨ ਭੋਲਾ, ਬੂਟਾ ਸਿੰਘ ਬਰਨਾਲਾ, ਬਲਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

## ਮਹਿੰਦਰਾ ਕਾਲਜ ਤੋਂ ਫੁਹਾਰਾ ਚੌਕ ਤੱਕ ਸੜਕ ਦਾ ਵਿਧਾਇਕ ਵੱਲੋਂ ਉਦਘਾਟਨ

**5 ਕਰੋੜ 30 ਲੱਖ ਰੁਪਏ ਦੀ ਲਾਗਤ ਨਾਲ ਬਣੇਗੀ ਨਵੀਂ ਸੜਕ : ਕੋਹਲੀ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪਟਿਆਲਾ ਦੇ ਮਹਿੰਦਰਾ ਕਾਲਜ ਤੋਂ ਲੈ ਕੇ ਫੁਹਾਰਾ ਚੌਕ ਤੱਕ ਡਬਲ ਸੜਕ ਦਾ ਪਟਿਆਲਾ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਉਦਘਾਟਨ ਕੀਤਾ। ਇਸ ਸੜਕ ਦੀ ਲਾਗਤ ਪੰਜ ਕਰੋੜ 30 ਲੱਖ ਰੁਪਏ ਆਵੇਗੀ। ਇਸ ਤੋਂ ਪਹਿਲਾਂ ਵੀ ਪਟਿਆਲਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ 'ਚ ਸੜਕਾਂ ਬਣਾਈਆਂ ਗਈਆਂ ਹਨ ਤੇ ਹੋਰ ਸੜਕਾਂ ਦੇ ਉਦਘਾਟਨ ਜਲਦੀ ਕੀਤੇ ਜਾਣਗੇ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦੇ ਨਾਲ ਕੌਂਸਲਰ ਸਾਗਰ ਧਾਲੀਵਾਲ, ਰਮਨਪ੍ਰੀਤ ਕੌਰ ਕੋਹਲੀ ਤੇ ਮੀਨਾ ਦੇਵੀ, ਐਕਸੀਅਨ ਪਿਊਸ਼ ਅਗਰਵਾਲ ਤੇ ਐੱਸਡੀਓ ਗੁਰਮਿੰਦਰ ਸਿੰਘ ਵੀ ਮੌਜੂਦ ਸਨ।ਵਿਧਾਇਕ ਅਜੀਤਪਾਲ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਮੁਤਾਬਿਕ ਲੋਕਾਂ ਦੀ ਸੁਵਿਧਾ ਲਈ ਇਹ ਸੜਕਾਂ ਦਾ ਕੰਮ ਤੇਜ਼ੀ ਨਾਲ ਪਿਛਲੇ ਲੰਬੇ ਸਮੇਂ ਤੋਂ ਚੱਲ ਰਿਹਾ ਹੈ।

ਇਸ ਲਈ ਪਟਿਆਲਾ ਸ਼ਹਿਰ ਵਿੱਚ ਜਿਹੜੀਆਂ ਸੜਕਾਂ ਕਾਫੀ ਦੇਰ ਤੋਂ ਨਹੀਂ ਬਣੀਆਂ ਸਨ, ਉਹ ਸੜਕਾਂ ਨੂੰ ਵੀ ਨਵੀਆਂ ਬਣਾ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਤੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਤੇ ਹੋਰ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਵਿਧਾਇਕ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਤੇ ਖੇਤਰ ਦੀ ਦਿੱਖ ਵੀ ਹੋਰ ਸੁੰਦਰ ਬਣੇਗੀ।ਅਜੀਤ ਪਾਲ ਕੋਹਲੀ ਨੇ ਕਿਹਾ ਕਿ ਇਹ ਪਟਿਆਲਾ ਸ਼ਹਿਰ ਦੇ ਕਈ ਇਲਾਕਿਆਂ ਨੂੰ ਜੋੜਨ ਵਾਲੀ ਮੁੱਖ ਸੜਕ ਹੈ, ਇੱਥੋਂ ਤੱਕ ਕਿ ਆਸ-ਪਾਸ ਦੇ ਦਕਾਲਾ ਰੋਡ ਸਥਿਤ ਪਿੰਡਾਂ ਤੱਕ ਵੀ ਇਹ ਸੜਕ ਜੋੜਦੀ ਹੈ। ਇਥੋਂ ਹਰ ਰੋਜ਼ ਲੱਖਾਂ ਲੋਕ ਆਵਾਜਾਈ ਕਰਦੇ ਹਨ, ਇਸ ਲਈ ਲੋਕਾਂ ਦੀਆਂ ਦਿੱਕਤਾਂ ਮੁੱਖ ਰੱਖਦੇ ਹੋਏ ਅਜਿਹੀਆਂ ਸੜਕਾਂ ਪਹਿਲ ਦੇ ਅਧਾਰ 'ਤੇ ਬਣਾਈਆਂ ਜਾ ਰਹੀਆਂ।

## ਬਲਦੇਵ ਸਿੰਘ ਸਿੱਧੂ ਦੀ ਮੌਤ 'ਤੇ ਦੁੱਖ ਪ੍ਰਗਟ

**ਭੀਖੀ (ਗੁਰਿੰਦਰ ਸਿੰਘ ਔਲਖ)**
ਨਵਯੁੱਗ ਸਹਿਤ ਕਲਾ ਮੰਚ ਦੀ ਮੀਟਿੰਗ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬਰੇਰੀ ਵਿਖੇ ਮੰਚ ਦੇ ਸਰਪ੍ਰਸਤ ਐਸਡੀਓ ਰਜਿੰਦਰ ਸਿੰਘ ਰੋਹੀ ਅਤੇ ਇੰਜੀਨੀਅਰ ਲੱਖਾ ਸਿੰਘ ਵੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਪੱਤਰਕਾਰ ਅਤੇ ਮੰਚ ਦੇ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਸਿੱਧੂ ਦੀ ਬੇਵਕਤੀ ਮੌਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਰਜਿੰਦਰ ਸਿੰਘ ਰੋੜੀ ਨੇ ਕਿਹਾ ਕਿ ਬਲਦੇਵ ਸਿੰਘ ਸਿੱਧੂ ਮਿਹਨਤੀ ਇਨਸਾਨ ਸਨ ਅਤੇ ਹਮੇਸ਼ਾ ਹੀ ਸਮਾਜਿਕ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਸਨ।

ਉਨ੍ਹਾਂ ਦੀ ਮੌਤ ਨਾਲ ਮੰਚ ਨੂੰ ਨਾ ਪੂਰਨ ਯੋਗ ਘਾਟਾ ਪਿਆ ਹੈ।ਸ਼ਰਧਾਂਜਲੀ ਦੇਣ ਵਾਲਿਆਂ ਵਿੱਚ ਮੰਚ ਦੇ ਪ੍ਰਧਾਨ ਕਹਾਣੀਕਾਰ ਭੁਪਿੰਦਰ ਫੌਜੀ, ਸਕੱਤਰ ਅਮਰੀਕ ਸਿੰਘ, ਪ੍ਰੈਸ ਸਕੱਤਰ ਗੁਰਿੰਦਰ ਔਲਖ, ਅਵਤਾਰ ਡਿਜੀਟਲ, ਬੂਟਾ ਸਿੰਘ ਕਲੇਰ, ਕਾਮਰੇਡ ਗੁਰਨਾਮ ਭੀਖੀ, ਧਰਮਪਾਲ ਨੀਟਾ, ਮੱਖਣ ਬਤਰਾ ਪ੍ਰੇਮ ਬੱਤਰਾ ਤੇ ਮੰਚ ਦੇ ਹੋਰ ਮੈਂਬਰ ਸ਼ਾਮਿਲ ਸਨ।

## ਨੀਟ ਮੁੱਦੇ 'ਤੇ ਕਾਂਗਰਸ ਵਿਦਿਆਰਥੀਆਂ ਦੇ ਨਾਲ : ਕਾਂਗਰਸ ਆਗੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਬੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਅਤੇ ਦਿਹਾਤੀ ਵੱਲੋਂ ਦੇਸ਼ ਵਿੱਚ ਹੋ ਰਹੇ ਨੀਟ ਵਰਗੇ ਪੇਪਰ ਲੀਗ ਦੇ ਖਿਲਾਫ ਪ੍ਰੈਸ ਕਾਨਫਰੰਸ ਅਤੇ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕੋਟਾ ਵਿਖੇ ਸ੍ਰੀ ਰਾਹੁਲ ਗਾਂਧੀ ਵੱਲੋਂ ਵਿਦਿਆਰਥੀਆਂ ਦੇ ਹੱਕ ਵਿੱਚ ਕੀਤੇ ਵਿਦਿਆਰਥੀਆਂ ਦੀ ਗੂੰਜ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਪੰਜਾਬ ਪ੍ਰਦੇਸ਼ ਵੱਲੋਂ ਸੌਂਪੀ ਗਈ ਜਿੰਮੇਵਾਰੀ ਦੇ ਤਹਿਤ ਸਰਦਾਰ ਕੁਲਜੀਤ ਸਿੰਘ ਨਾਗਰਾ ਸਾਬਕਾ ਐਮ ਐਲ ਏ ਵੱਲੋਂ ਪ੍ਰੈਸ ਨੂੰ ਸੰਬੋਧਨ ਕੀਤਾ ਗਿਆ ਅਤੇ ਮੀਟਿੰਗ ਦੀ ਪ੍ਰਧਾਨਗੀ ਕੀਤੀ ਗਈ ਇਸ ਮੌਕੇ ਬੋਲਦਿਆਂ ਨਰੇਸ਼ ਕੁਮਾਰ ਦੁੱਗਲ, ਗੁਰਸ਼ਰਨ ਕੌਰ ਰੰਧਾਵਾ ਅਤੇ ਸਾਧੂ ਸਿੰਘ ਧਰਮਸੋਤ ਸਾਬਕਾ ਮੰਤਰੀ ਨੇ ਕਿਹਾ ਕਿ ਪਿਛਲੇ 14 ਸਾਲਾਂ ਵਿੱਚ 70 ਵਾਰ ਨੀਟ ਵਰਗੇ ਪੇਪਰ ਲੀਕ ਹੋਏ ਹਨ ਜਿਸ ਦੀ ਸਿੱਧੀ ਜਿੰਮੇਵਾਰੀ ਕੇਂਦਰ ਵਿੱਚ ਸਿੱਖਿਆ ਮੰਤਰੀ ਦੀ ਬਣਦੀ ਹੈ ਅਤੇ ਉਹਨਾਂ ਨੂੰ ਤੁਰੰਤ ਅਸਤੀਫਾ ਦੇ ਦੇਣਾ ਚਾਹੀਦਾ ਹੈ ਜੇਕਰ ਸਿੱਖਿਆ ਮੰਤਰੀ ਅਸਤੀਫਾ ਨਹੀਂ ਦਿੰਦੇ ਤਾਂ ਨੀਟ ਦੇ ਪੇਪਰ ਲੀਕ ਹੋਣ ਦੇ ਖਿਲਾਫ ਇਹ ਸੰਘਰਸ਼ ਕਾਂਗਰਸ ਪਾਰਟੀ ਵੱਲੋਂ ਹੋਰ ਤੇਜ਼ ਕੀਤਾ ਜਾਵੇਗਾ ਅਤੇ ਕਾਂਗਰਸ ਪਾਰਟੀ ਸਾਰੇ ਵਿਦਿਆਰਥੀਆਂ ਦੇ ਨਾਲ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲ ਸਿੰਘ ਭੱਟੀਆਂ,ਹਰਵਿੰਦਰ ਸਿੰਘ ਨਿੱਪੀਰ ਬੁਲਾਰਾ ਪੀ ਸੀ ਸੀ, ਰਜੇਸ਼ ਮੰਡੋਰਾ ਬੀ ਕੇ ਪ੍ਰਧਾਨ ,ਰਜੇਸ਼ ਸ਼ਰਮਾ ਰਾਜੂ, ਜਸਵਿੰਦਰ ਸਿੰਘ ਰੰਧਾਵਾ, ਨੈਬ ਸਿੰਘ ਭਾਨਰੀ, ਮੰਗਤ ਮਵੀ, ਨਰਿੰਦਰ ਸ਼ਾਸਤਰੀ, ਅਸ਼ਵਨੀ ਬੱਤਾ, ਰਕੇਸ਼ ਸ਼ਰਮਾ, ਰਵਿੰਦਰ ਟੋਨੀ, ਐਡਵੋਕੇਟ ਨਰਿੰਦਰ ਕਪੂਰ, ਸੈਵੀ ਘਲੋੜੀ,ਐਡਵੋਕੇਟ ਜਤਿੰਦਰ ਕਾਲਰਾ, ਕੁਲਵੰਤ ਸਿੰਘ ਨਾਰੀ ਕੇ, ਅਮਰਜੀਤ ਸਿੰਘ ਘੱਗਾ, ਗੌਰਵ ਸੰਧੂ, ਮਹਿੰਦਰ ਖਤਰੀ, ਰਵੀ ਕੁਮਾਰ, ਐਡਵੋਕੇਟ ਉਮੇਸ਼ ਸ਼ਰਮਾ,ਮਹਿੰਦਰ ਸਿੰਘ ਬਡੂੰਗਰ, ਜੋਗਿੰਦਰ ਪਾਲ ਸਿੰਘ, ਵਿਨੋਦ ਕੁਮਾਰ ਨੀਲੂ, ਇੰਦਰਜੀਤ ਸਿੰਘ ਸੋਢੀ, ਜਸਪ੍ਰੀਤ ਨਿਰਮਾਣ, ਪਰਮ ਸ਼ਰਮਾ, ਪਵਨ ਗੁਪਤਾ, ਧਰਮਪਾਲ ਗਰਗ, ਜੋਗਿੰਦਰ ਸਿੰਘ ਕਾਕੜਾ, ਵਿਨੋਦ ਮਲਹੋਤਰਾ, ਅਸ਼ੋਕ ਸ਼ਰਮਾ, ਮਦਨ ਲਾਲ ਭਾਮਰੀ, ਸੁਭਾਸ਼ ਚੰਦ, ਰਜੇਸ਼ ਬੱਗਨ, ਗੌਤਮ ਸਲੂਜਾ, ਦੀਪ ਟੰਡਨ ਦੋਨੋਂ ਸੋਸ਼ਲ ਮੀਡੀਆ ਇੰਚਾਰਜ, ਦੀਪਕ ਟਿਵਾਣਾ, ਅਸਲਮ ਸੈਫੀ, ਦਰਸ਼ਨ ਸਿੰਘ ਸਾਬਕਾ ਏ ਐਸ ਆਈ, ਤੋਂ ਇਲਾਵਾ ਨੀਟ ਪੇਪਰ ਦੀ ਤਿਆਰੀ ਕਰ ਰਹੇ ਸਟੂਡੈਂਟ ਅਤੇ ਵਰਕਰ ਸਾਹਿਬਾਨ ਨੇ ਸ਼ਮੂਲੀਅਤ ਕੀਤੀ।

## ਭਾਜਪਾ ਵਰਕਰਾਂ ਨੂੰ ਡਰਨ ਦੀ ਲੋੜ ਨਹੀਂ : ਅਰਚਨਾ ਗੁਪਤਾ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਭਾਰਤੀ ਜੰਤਾ ਪਾਰਟੀ ਦੀ ਨਵੀਂ ਸੂਬਾ ਪ੍ਰਧਾਨ ਅਰਚਨਾ ਗੁਪਤਾ ਨੇ ਕਾਲਾਂਵਾਲੀ ਪਹੁੰਚਕੇ ਡੱਬਵਾਲੀ ਦੀ ਜ਼ਿਲ੍ਹਾ ਪ੍ਰਧਾਨ ਰੇਣੂ ਸ਼ਰਮਾ, ਸਾਬਕਾ ਸੰਸਦ ਮੈਂਬਰ ਚਰਨਜੀਤ ਸਿੰਘ ਰੋੜੀ ਅਤੇ ਹੋਰ ਆਗੂਆਂ ਨਾਲ ਸਟੇਜ਼ ਸਾਂਝੀ ਕੀਤੀ, ਫਿਰ ਉਹ ਡੱਬਵਾਲੀ ਗਈ ਅਤੇ ਬਾਅਦ ਵਿੱਚ ਦੁਪਹਿਰ ਸਿਰਸਾ ਦੇ ਬੇਗੂ ਰੋਡ 'ਤੇ ਰਿਜ਼ੋਰਟ ਵਿੱਚ ਮੁੱਖ ਸਮਾਗਮ ਵਿੱਚ ਸ਼ਾਮਲ ਹੋਈ। ਸਟੇਜ 'ਤੇ ਲੇਬਰ ਬੋਰਡ ਦੇ ਚੇਅਰਮੈਨ ਰੋਹਤਾਸ਼ ਜਾਂਗੜਾ,ਹਰਿਆਣਾ ਓਲੰਪਿਕ ਕਮੇਟੀ ਦੀ ਪ੍ਰਧਾਨ ਮੀਨੂ ਬੈਨੀਵਾਲ, ਨਗਰ ਕੌਂਸਲ ਉਮੀਦਵਾਰ ਸ਼ੀਸ਼ਪਾਲ ਕੰਬੋਜ਼ ਅਤੇ ਨਗਰ ਕੌਂਸਲ ਦੇ ਚੇਅਰਮੈਨ ਵੀਰ ਸ਼ਾਂਤੀ ਸਵਰੂਪ ਵੀ ਮੌਜੂਦ ਸਨ। ਆਪਣੇ ਸੰਬੋਧਨ ਵਿੱਚ ਸੂਬਾ ਪ੍ਰਧਾਨ ਗੁਪਤਾ ਨੇ ਕਿਹਾ ਕਿ ਅਸੀ ਸਿਰਸਾ ਵਿੱਚ ਸਾਰੀਆਂ ਪੰਜ ਸੀਟਾਂ ਜਿੱਤਾਂਗੇ। ਸਾਨੂੰ ਸਾਰਿਆਂ ਨੂੰ ਬੈਠ ਕੇ ਸੋਚਣਾ ਪਵੇਗਾ ਕਿ ਅਸੀਂ ਕਿਉਂ ਹਾਰ ਰਹੇ ਹਾਂ। ਅਰਚਨਾ ਗੁਪਤਾ ਨੇ ਚੌਟਾਲਾ ਪਰਿਵਾਰ ਦਾ ਨਾਮ ਲਏ ਬਿਨਾਂ ਕਿਹਾ ਕਿ ਮੈਂ ਆਵਾਜ਼ ਉਠਾਉਂਦੀ ਹਾਂ ਅਤੇ ਡਰਨ ਦੀ ਕੋਈ ਲੋੜ ਨਹੀਂ। ਸੂਬਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਦਾ ਮੁੱਖ ਮੰਤਰੀ ਸੱਤਾ ਦੇ ਨਸ਼ੇ ਵਿੱਚ ਹੈ।

## ਵੱਖ-ਵੱਖ ਪਿੰਡਾਂ ਦੇ ਦਰਜਨਾਂ ਵਰਕਰ ਭਾਰਤੀ ਜਨਤਾ ਪਾਰਟੀ ਵਿੱਚ ਹੋਏ ਸ਼ਾਮਲ



**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਵਿਖੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਇੱਕ ਵਿਸ਼ੇਸ਼ ਅਤੇ ਅਹਿਮ ਮੀਟਿੰਗ ਅਯੋਜਿਤ ਕੀਤੀ ਗਈ।ਇਹ ਮੀਟਿੰਗ ਵਿਕਸਿਤ ਭਾਰਤ ਜੀ ਰਾਮ ਜੀ ਸੈਲ ਪੰਜਾਬ ਦੇ ਮੁੱਖ ਸਲਾਹਕਾਰ ਪ੍ਰਿੰਸੀਪਲ ਮੋਹਨ ਲਾਲ ਅਤੇ ਸੂਬਾ ਕਨਵੀਨਰ ਸ. ਚਮਕੀਲਾ ਦੀ ਯੋਗ ਰਹਿਨੁਮਾਈ ਹੇਠ ਸੰਪੰਨ ਹੋਈ।ਇਸ ਦੌਰਾਨ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਿੰਡਾਂ ਤੋਂ ਆਏ 3 ਦਰਜਨਾਂ ਵਰਕਰਾਂ ਨੇ ਭਾਰਤੀ ਜਨਤਾ ਪਾਰਟੀ ਦਾ ਪੱਲਾ ਫੜਿਆ।ਇਸ ਮੌਕੇ ਭਾਜਪਾ ਦੇ ਉੱਘੇ ਆਗੂ ਰਾਜੇਸ਼ ਮੋਦਗੀਲ (ਭੂਰਾ), ਸਮਾਣਾ ਮੰਡਲ ਸੈਕਟਰੀ ਇਸ਼ੂ ਵਧਵਾ, ਸੀਨੀਅਰ ਆਗੂ ਬਲਦੇਵ ਕ੍ਰਿਸ਼ਨ ਅਤੇ ਵਿਨੇ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਨਗਰ ਪਾਲਿਕਾ ਚੋਣਾਂ ਲੜ ਚੁੱਕੇ ਭਾਜਪਾ ਦੇ ਸੀਨੀਅਰ ਆਗੂਆਂ ਜੋਗਿੰਦਰ ਸਿੰਘ, ਰਵੀ ਕੁਮਾਰ, ਦਰਸ਼ਨ ਸਿੰਘ ਅਤੇ ਜਰਨੈਲ ਸਿੰਘ ਨੇ ਨਵੇਂ ਸ਼ਾਮਲ ਹੋਏ ਸਾਥੀਆਂ ਨੂੰ ਪਾਰਟੀ ਵਿੱਚ ਆਉਣ 'ਤੇ ਵਧਾਈ ਦਿੱਤੀ। ਪਿੰਡਾਂ ਤੋਂ ਆਪਣੀ ਪੂਰੀ ਟੀਮ ਸਮੇਤ ਸ਼ਾਮਲ ਹੋਣ ਵਾਲੇ ਪ੍ਰਮੁੱਖ ਵਰਕਰਾਂ ਵਿੱਚ ਸੁਖਦੇਵ ਸਿੰਘ (ਖ਼ੁਦਾਦਪੁਰ), ਗੁਰਮੇਲ ਸਿੰਘ (ਮਾਵੀ ਸੱਪਾਂ), ਗੁਰਮੀਤ ਕੌਰ (ਬੰਮਣਾ), ਕਾਲਾ ਸਿੰਘ (ਰੇਤਗੜ੍ਹ), ਰਣਜੀਤ ਕੌਰ (ਬੱਲਮਗੜ੍ਹ), ਚਮਕੌਰ ਸਿੰਘ (ਕਲਬੁਰਸ਼ਾ), ਲਖਵਿੰਦਰ ਕੌਰ (ਕਲਰ ਭੈਣੀ), ਕ੍ਰਿਸ਼ਨਾ ਕੌਰ (ਸੁੱਲਰ) ਤੇ ਰੇਸ਼ਮਾ ਰਾਣੀ (ਅਚਰਾਲ) ਸ਼ਾਮਿਲ ਹਨ।

## ਇਤਿਹਾਸਕਾਰ ਰਾਕੇਸ਼ ਕੁਮਾਰ ਦੀ ਕਿਤਾਬ 'ਊਧਮ ਸਿੰਘ ਭਾਰਤ ਦੀ ਆਜ਼ਾਦੀ ਲਈ ਫਾਂਸੀ ਚੜ੍ਹਿਆ' ਰਿਲੀਜ਼



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਵੱਲੋਂ ਪ੍ਰਸਿੱਧ ਇਤਿਹਾਸਕਾਰ ਰਾਕੇਸ਼ ਕੁਮਾਰ ਦੀ ਕਿਤਾਬ 'ਊਧਮ ਸਿੰਘ ਭਾਰਤ ਦੀ ਆਜ਼ਾਦੀ ਲਈ ਫਾਂਸੀ ਚੜ੍ਹਿਆ' ਰਿਲੀਜ਼ ਕੀਤੀ ਗਈ।ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਦੇ ਸੂਬਾ ਪ੍ਰਧਾਨ ਬਲਬੀਰ ਲੌਂਗੋਵਾਲ ਨੇ ਕਿਹਾ ਕਿ ਇਹ ਕਿਤਾਬ ਇਕ ਇਤਿਹਾਸਕ ਖੋਜੀ ਦਸਤਾਵੇਜ਼ ਹੈ, ਇਸ ਵਿੱਚ ਊਧਮ ਸਿੰਘ ਬਾਰੇ ਬਹੁਤ ਸਾਰੇ ਨਵੇਂ ਤੱਥ ਹਨ।ਸ਼ਹੀਦ ਬਾਰੇ ਪ੍ਰਚਲਿਤ ਗੱਲਾਂ ਨੂੰ ਨਵੇਂ ਤੱਥਾਂ ਨਾਲ ਖਾਰਜ ਕੀਤਾ ਗਿਆ ਹੈ ਤੇ ਸਹੀ ਤੱਥ ਲੋਕਾਂ ਸਾਹਮਣੇ ਲਿਆਂਦੇ ਗਏ ਹਨ।ਇਤਿਹਾਸਕ ਰਾਕੇਸ਼ ਕੁਮਾਰ ਨੇ ਦੱਸਿਆ ਕਿ ਊਧਮ ਸਿੰਘ ਦੇ 18 ਨਾਮ ਦਾ ਪਤਾ ਲੱਗਿਆ ਹੈ, ਉਸ ਨੇ ਆਪਣਾ ਨਾਮ ਕਦੇ ਵੀ ਰਾਮ ਮੁਹੰਮਦ ਸਿੰਘ ਆਜ਼ਾਦ ਨਹੀਂ ਰੱਖਿਆ, ਉਸ ਨੇ ਆਪਣਾ ਨਾਮ ਮੁਹੰਮਦ ਸਿੰਘ ਆਜ਼ਾਦ ਰੱਖਿਆ ਸੀ।ਉਹ ਕੈਕਸਟਨ ਹਾਲ ਲੰਡਨ ਵਿਖੇ ਰਿਵਾਲਵਰ ਕਿਤਾਬ ਦੀ ਥਾਂ ਜਾਕਟ ਵਿੱਚ ਲੁਕੋ ਕੇ ਲੈ ਕੇ ਗਿਆ ਸੀ, ਜਦੋਂ ਕਿ ਪ੍ਰਚਲਿਤ ਹੈ ਕਿ ਕਿਤਾਬ ਵਿੱਚ ਲੁਕੋ ਕੇ ਲੈ ਕੇ ਗਿਆ ਸੀ।ਬ੍ਰਿਟਿਸ਼ ਰਿਕਾਰਡ ਮੁਤਾਬਿਕ ਊਧਮ ਸਿੰਘ ਨੇ ਮੁਕੱਦਮੇ ਦੌਰਾਨ ਅਦਾਲਤ ਵਿੱਚ ਦਿੱਤੇ ਬਿਆਨ 'ਚ ਕਿਹਾ ਸੀ ਕਿ ਉਹ ਜੂਨ 1919 ਵਿੱਚ ਭਾਰਤ ਵਾਪਸ ਆਇਆ ਸੀ।ਉਹ ਗ਼ਦਰ ਪਾਰਟੀ ਨਾਲ ਜੁੜਿਆ ਹੋਇਆ ਸੀ। ਦੇਸ਼ ਨੂੰ ਆਜ਼ਾਦ ਕਰਾਉਣਾ ਚਾਹੁੰਦਾ ਸੀ ਤੇ ਬ੍ਰਿਟਿਸ਼ ਸਾਮਰਾਜ ਵੱਲੋਂ ਭਾਰਤੀਆਂ ਦੀ ਕੀਤੀ ਜਾਂਦੀ ਲੁੱਟ ਤੇ ਜ਼ੁਲਮ ਵਿਰੁੱਧ ਸੀ।ਇਸ ਮੌਕੇ ਮੰਚ ਆਗੂ ਜੁਝਾਰ ਲੌਂਗੋਵਾਲ, ਲਾਭ ਛਾਜਲਾ, ਪਵਨ ਸ਼ਰਮਾ, ਦਰਸ਼ਨ ਸਿੰਘ, ਜਗਦੇਵ ਸ਼ਰਮਾ, ਹਰਭਗਵਾਨ ਗੁਰਨੇ, ਹਰਗੋਬਿੰਦ ਸ਼ੇਰਪੁਰ, ਪ੍ਰੇਮ ਸਰੂਪ ਨੇ ਕਿਹਾ ਕਿ ਸਾਨੂੰ ਸ਼ਹੀਦ ਸੰਬੰਧੀ ਸਾਲਾਂ ਤੋਂ ਚਲਦੀਆਂ ਆ ਰਹੀਆਂ ਪ੍ਰਚਲਿਤ ਗੱਲਾਂ ਦੀ ਥਾਂ ਸ਼ਹੀਦ ਦੀ ਸਹੀ ਸੋਚ 'ਤੇ ਪਹਿਰਾ ਦੇਣਾ ਚਾਹੀਦਾ ਹੈ, ਜਿਸ ਲਈ ਊਧਮ ਸਿੰਘ ਨੇ ਆਪਣੀ ਜ਼ਿੰਦਗੀ ਕੁਰਬਾਨ ਕੀਤੀ।ਦੱਸਣਯੋਗ ਹੈ ਕਿ ਰਾਕੇਸ਼ ਕੁਮਾਰ 19 ਕਿਤਾਬਾਂ ਦੇ ਲੇਖਕ ਹਨ, ਇਨ੍ਹਾਂ ਦਾ ਸ਼ਹੀਦ ਊਧਮ ਸਿੰਘ, ਗ਼ਦਰ ਲਹਿਰ ਦਾ ਸਾਹਿਤ, ਗੁਲਾਬ ਕੌਰ, ਭਗਤ ਸਿੰਘ ਦਾ ਫਿਰੋਜ਼ਪੁਰ ਦਾ ਗੁਪਤ ਟਿਕਾਣਾ ਸਮੇਤ ਦਸ ਵਿਸ਼ਿਆਂ 'ਤੇ ਖੋਜੀ ਕੰਮ ਹੈ।ਇਨ੍ਹਾਂ ਦੀਆਂ ਚਾਰ ਕਿਤਾਬਾਂ ਨੂੰ ਭਾਸ਼ਾ ਵਿਭਾਗ ਵੱਲੋਂ ਸਰਵੋਤਮ ਪੁਸਤਕ ਇਨਾਮ ਮਿਲ ਚੁੱਕੇ ਹਨ।

## ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਦੀ ਚੋਣ 'ਚ ਗੁਰਵਿੰਦਰ ਕੌਰ ਬਰਾੜ ਇੱਕ ਵੋਟ ਨਾਲ ਜੇਤੂ

**ਕੁਲਵਿੰਦਰ ਕੌਰ ਸਰਬਸੰਮਤੀ ਨਾਲ ਬਣੇ ਵਾਈਸ ਚੇਅਰਮੈਨ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਸ਼ਾਂਤੀਪੂਰਨ ਢੰਗ ਨਾਲ ਕਰਵਾਈ ਗਈ। ਚੋਣ ਪ੍ਰਕਿਰਿਆ ਦੌਰਾਨ ਕੁੱਲ 17 ਮੈਂਬਰਾਂ ਵਿੱਚੋਂ 16 ਮੈਂਬਰ ਹਾਜ਼ਰ ਰਹੇ, ਜਿਨ੍ਹਾਂ ਵਿੱਚ 13 ਚੁਣੇ ਹੋਏ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੇ 3 ਬਲਾਕ ਸੰਮਤੀ ਮੈਂਬਰ ਸ਼ਾਮਲ ਸਨ, ਜਦਕਿ ਇੱਕ ਮੈਂਬਰ ਗੈਰ-ਹਾਜ਼ਰ ਰਿਹਾ।ਚੇਅਰਮੈਨ ਦੇ ਅਹੁਦੇ ਲਈ ਆਮ ਆਦਮੀ ਪਾਰਟੀ ਦੀ ਉਮੀਦਵਾਰ ਗੁਰਵਿੰਦਰ ਕੌਰ ਬਰਾੜ ਪਤਨੀ ਕੁਲਵਿੰਦਰ ਸਿੰਘ ਬਰਾੜ ਵਾਸੀ ਫਕਰਸਰ ਤੇ ਜਸਪ੍ਰੀਤ ਕੌਰ ਭਾਟੀ ਵਿਚਾਲੇ ਸਿੱਧਾ ਮੁਕਾਬਲਾ ਹੋਇਆ।ਵੋਟਿੰਗ ਦੌਰਾਨ ਗੁਰਵਿੰਦਰ ਕੌਰ ਬਰਾੜ ਨੂੰ 8 ਵੋਟਾਂ ਤੇ ਜਸਪ੍ਰੀਤ ਕੌਰ ਭਾਟੀ ਨੂੰ 7 ਵੋਟਾਂ ਪ੍ਰਾਪਤ ਹੋਈਆਂ।ਇੱਕ ਵੋਟ ਚੋਣ ਕਮਿਸ਼ਨ ਦੇ ਨਿਯਮਾਂ ਅਨੁਸਾਰ ਰੱਦ ਕਰ ਦਿੱਤੀ ਗਈ, ਜਿਸ ਬਾਰੇ ਦੋਵਾਂ ਧਿਰਾਂ ਨੂੰ ਮੌਕੇ 'ਤੇ ਜਾਣੂ ਕਰਵਾ ਦਿੱਤਾ ਗਿਆ।ਇਸ ਤਰ੍ਹਾਂ ਇੱਕ ਵੋਟ ਦੇ ਫਰਕ ਨਾਲ ਆਮ ਆਦਮੀ ਪਾਰਟੀ ਦੇ ਗੁਰਵਿੰਦਰ ਕੌਰ ਬਰਾੜ ਜ਼ਿਲ੍ਹਾ ਪ੍ਰੀਸ਼ਦ ਦੇ ਨਵੇਂ ਚੇਅਰਮੈਨ ਚੁਣੇ ਗਏ।ਵਾਈਸ ਚੇਅਰਮੈਨ ਦਾ ਅਹੁਦਾ ਅਨੁਸੂਚਿਤ ਜਾਤੀ ਮਹਿਲਾ ਲਈ ਰਾਖਵਾਂ ਹੋਣ ਕਾਰਨ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਕੁਲਵਿੰਦਰ ਕੌਰ ਜੱਸੇਆਣਾ ਨੂੰ ਸਰਬਸੰਮਤੀ ਨਾਲ ਵਾਈਸ ਚੇਅਰਮੈਨ ਚੁਣ ਲਿਆ ਗਿਆ।ਚੋਣ ਉਪਰੰਤ ਨਵ-ਨਿਯੁਕਤ ਚੇਅਰਮੈਨ ਗੁਰਵਿੰਦਰ ਕੌਰ ਬਰਾੜ ਨੇ ਪਾਰਟੀ ਹਾਈਕਮਾਂਡ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਰਪੱਖਤਾ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਜ਼ਿਲ੍ਹੇ ਦੇ ਸਰਵਪੱਖੀ ਵਿਕਾਸ ਲਈ ਕੰਮ ਕਰਨਗੇ।

ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਮਨਜਿੰਦਰ ਸਿੰਘ ਬਿੱਟੂ ਨੇ ਦਾਅਵਾ ਕੀਤਾ ਕਿ ਬਲਾਕ ਸੰਮਤੀ ਦੇ ਦੋ ਚੇਅਰਮੈਨਾਂ ਸਮੇਤ ਉਨ੍ਹਾਂ ਕੋਲ ਕੁੱਲ 9 ਵੋਟਾਂ ਸਨ।ਉਨ੍ਹਾਂ ਕਿਹਾ ਕਿ ਇੱਕ ਵੋਟ ਰੱਦ ਕਰ ਦਿੱਤੀ ਗਈ ਤੇ ਇੱਕ ਮੈਂਬਰ ਦੀ ਵੋਟ ਨੂੰ ਧੱਕੇਸ਼ਾਹੀ ਨਾਲ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਗਿਣ ਕੇ ਉਨ੍ਹਾਂ ਨੂੰ 8-7 ਦੇ ਫਰਕ ਨਾਲ ਹਰਾਇਆ ਗਿਆ।ਉਨ੍ਹਾਂ ਦੋਸ਼ ਲਾਇਆ ਕਿ ਐੱਸਡੀਐੱਮ ਨੇ ਮੰਤਰੀ ਤੇ ਵਿਧਾਇਕ ਦੇ ਦਬਾਅ ਹੇਠ ਮਨਮਾਨੀ ਕੀਤੀ।ਸ਼੍ਰੋਮਣੀ ਅਕਾਲੀ ਦਲ ਨੇ ਸਪੱਸ਼ਟ ਕੀਤਾ ਹੈ ਕਿ ਉਹ ਇਸ ਪੂਰੇ ਮਾਮਲੇ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਚੁਣੌਤੀ ਦੇਣਗੇ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅਜਿਹੀ ਧੱਕੇਸ਼ਾਹੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ ਤੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਦਾ ਢੁੱਕਵਾਂ ਜਵਾਬ ਦੇਣਗੇ।

## ਜਰਨੈਲ ਸਿੰਘ ਕੁਲਰੀਆਂ ਆਲ ਇੰਡੀਆ ਸੈਣੀ ਸਮਾਜ ਸੇਵਾ ਮਾਨਸਾ ਜ਼ਿਲ੍ਹੇ ਦੇ ਪ੍ਰਧਾਨ ਬਣੇ



**ਬਰੇਟਾ (ਰੀਤਵਾਲ)**-ਆਲ ਇੰਡੀਆ ਸੈਣੀ ਸਮਾਜ ਸੇਵਾ ਦੀ ਇੱਕ ਅਹਿਮ ਮੀਟਿੰਗ ਪੰਜਾਬ ਪ੍ਰਦੇਸ਼ ਦੇ ਪ੍ਰਧਾਨ ਲਵਲੀਨ ਸਿੰਘ ਸੈਣੀ ਦੀ ਅਗਵਾਈ ਹੇਠ ਕੁਲਰੀਆਂ ਵਿਖੇ ਆਯੋਜਿਤ ਕੀਤੀ ਗਈ। ਇਸ ਵਿੱਚ ਵੱਡੀ ਸੰਖਿਆ ਵਿੱਚ ਸੈਣੀ ਸਮਾਜ ਦੇ ਲੋਕਾਂ ਨੇ ਭਾਗ ਲਿਆ। ਮੀਟਿੰਗ ਦੌਰਾਨ ਮਾਨਸਾ ਜ਼ਿਲ੍ਹਾ ਇਕਾਈ ਦੇ ਪ੍ਰਧਾਨ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਜਰਨੈਲ ਸਿੰਘ ਸੈਣੀ ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਜਸਵੀਰ ਸਿੰਘ ਜੱਸੀ ਨੂੰ ਜਿਲਾ ਮਾਨਸਾ ਦਾ ਵਾਇਸ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਪੰਜਾਬ ਪ੍ਰਦੇਸ਼ ਦੇ ਪ੍ਰਧਾਨ ਲਵਲੀਨ ਸਿੰਘ ਸੈਣੀ ਨੇ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰਧਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੈਣੀ ਸਮਾਜ ਦੀ ਤਾਕਤ ਉਸ ਦੀ ਏਕਤਾ ਅਤੇ ਸੰਗਠਨ ਵਿੱਚ ਹੈ। ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਸਮੂਹ ਸੈਣੀ ਭਾਈਚਾਰੇ ਨੂੰ ਇੱਕ ਮੰਚ 'ਤੇ ਇਕੱਠੇ ਹੋ ਕੇ ਸਮਾਜਿਕ, ਵਿੱਦਿਅਕ ਅਤੇ ਭਲਾਈ ਦੇ ਕਾਰਜਾਂ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਇਸ ਮੌਕੇ ਜਰਨੈਲ ਸਿੰਘ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਦੇ ਉੱਜਵਲ ਭਵਿੱਖ ਲਈ ਸਿੱਖਿਆ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ ਅਤੇ ਸਮਾਜਿਕ ਸੇਵਾ ਦੇ ਖੇਤਰ ਵਿੱਚ ਇਮਾਨਦਾਰੀ, ਸਮੱਰਪਣ ਅਤੇ ਸੇਵਾ ਭਾਵਨਾ ਨਾਲ ਕੰਮ ਕਰਨਾ ਹਰ ਮੈਂਬਰ ਦਾ ਫ਼ਰਜ਼ ਹੈ। ਇਸ ਮੌਕੇ ਜਸਵੀਰ ਸੈਣੀ ਜੱਸੀ, ਪ੍ਰਿੰਸੀਪਲ ਹਰਜੀਤ ਸਿੰਘ ਸੈਣੀ, ਈਸ਼ਵਰ ਸਿੰਘ ਭੁਲਣ, ਗਿਆਨ ਸਿੰਘ ਸੈਣੀ, ਮੁਕੇਸ਼ ਸੈਣੀ, ਭਪਿੰਦਰ ਸੈਣੀ, ਬਲਵਿੰਦਰ ਸਿੰਘ ਸੈਣੀ ਤੇ ਹਰਵਿੰਦਰ ਸਿੰਘ ਕੁਲਰੀਆਂ ਆਦਿ ਹਾਜ਼ਰ ਸਨ।

## ਵਾਰਡ ਨੰਬਰ 4 'ਚ ਚੋਣ ਦ.ਫਤਰ ਦੇ ਉਦਘਾਟਨ ਮੌਕੇ ਜੋਤੀ ਡੂਮੜਾ ਨੂੰ ਮਿਲਿਆ ਭਾਰੀ ਸਮਰਥਨ



**ਜਲਾਲਾਬਾਦ (ਜੰਗੀਰ ਕੌਰ)**-5 ਜੁਲਾਈ ਨੂੰ ਹੋਣ ਵਾਲੀਆਂ ਜਲਾਲਾਬਾਦ ਨਗਰ ਕੌਂਸਲ ਚੋਣਾਂ ਤੋਂ ਪਹਿਲਾਂ ਸ਼ਹਿਰ ਵਿੱਚ ਰਾਜਨੀਤਕ ਮਾਹੌਲ ਗਰਮਾਇਆ ਜਾ ਰਿਹਾ ਹੈ, ਵੱਖ-ਵੱਖ ਰਾਜਨੀਤਕ ਪਾਰਟੀਆਂ ਆਪਣੇ ਚੋਣ ਪ੍ਰਚਾਰ ਤੇਜ਼ ਕਰ ਰਹੀਆਂ ਹਨ। ਇਸੇ ਪ੍ਰਕਿਰਿਆ ਦੇ ਤਹਿਤ ਵਾਰਡ ਨੰਬਰ 4 ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਉਮੀਦਵਾਰ ਤੇ ਸੰਜੀਵ ਡੂਮੜਾ (ਬਿੱਲੂ) ਦੀ ਪਤਨੀ ਸ਼੍ਰੀਮਤੀ ਜੋਤੀ ਡੂਮੜਾ ਨੇ ਮੰਗਲਵਾਰ ਰੇਲਵੇ ਰੋਡ 'ਤੇ ਡੀਏਵੀ ਸਕੂਲ ਸਾਹਮਣੇ ਆਪਣੇ ਚੋਣ ਦਫ਼ਤਰ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ ਪਾਰਟੀ ਆਗੂਆਂ, ਵਰਕਰਾਂ ਤੇ ਵਾਰਡ ਨਿਵਾਸੀਆਂ ਵਿੱਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ। ਉਦਘਾਟਨ ਸਮਾਰੋਹ ਵਿੱਚ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ਼ਾਮਲ ਹੋਏ। ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਹਲਕਾ ਇੰਚਾਰਜ ਸਤਿੰਦਰਜੀਤ ਸਿੰਘ ਮੰਟਾ, ਜ਼ਿਲ੍ਹਾ ਪ੍ਰਧਾਨ ਨਰਦੇਵ ਸਿੰਘ ਬੌਬੀ ਮਾਨ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਅਸ਼ੋਕ ਅਨੇਜਾ, ਵਿੱਕੀ ਕੁਮਾਰ, ਸੁਖਪਾਲਵੀਰ ਸਿੰਘ ਮਦਾਨ, ਲਖਵਿੰਦਰ ਸਿੰਘ ਰੋਹੀਵਾਲਾ ਤੇ ਹਰਿੰਦਰ ਕੁੱਕੜ ਸਮੇਤ ਕਈ ਹੋਰ ਆਗੂ, ਸਮਾਜ ਸੇਵਕ ਅਤੇ ਧਾਰਮਿਕ ਤੇ ਸਮਾਜਿਕ ਸੰਗਠਨਾਂ ਦੇ ਨੁਮਾਇੰਦੇ ਸ਼ਾਮਲ ਸਨ। ਉਦਘਾਟਨ ਸਮਾਰੋਹ ਸ਼ੁਰੂ ਹੋਣ ਤੋਂ ਪਹਿਲਾਂ, ਸ਼੍ਰੀ ਬਾਲਾਜੀ ਧਾਮ ਦੇ ਪੁਜਾਰੀ ਪੰਡਿਤ ਰਮੇਸ਼ ਪਾਂਡੇ ਨੇ ਰਸਮੀ ਪ੍ਰਾਰਥਨਾ ਰਸਮ ਕੀਤੀ ਤੇ ਚੋਣ ਮੁਹਿੰਮ ਦੀ ਸਫਲਤਾ ਲਈ ਪ੍ਰਾਰਥਨਾ ਕੀਤੀ। ਸਮਰਥਕਾਂ ਨੇ ਨਾਅਰੇਬਾਜ਼ੀ ਕੀਤੀ ਤੇ ਜੋਤੀ ਡੂਮੜਾ ਨੂੰ ਆਪਣਾ ਪੂਰਾ ਸਮਰਥਨ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਜੋਤੀ ਡੂਮੜਾ ਨੇ ਵਸਨੀਕਾਂ ਨੂੰ ਦੱਸਿਆ ਕਿ ਵਾਰਡ ਦਾ ਸਰਵਪੱਖੀ ਵਿਕਾਸ ਉਨ੍ਹਾਂ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਕਿਹਾ ਕਿ ਸਫਾਈ ਵਿੱਚ ਸੁਧਾਰ, ਪੀਣ ਵਾਲੇ ਪਾਣੀ ਦੀ ਪਹੁੰਚ ਨੂੰ ਯਕੀਨੀ ਬਣਾਉਣਾ, ਗਲੀਆਂ ਤੇ ਨਾਲੀਆਂ ਦੀ ਮੁਰੰਮਤ ਕਰਨਾ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਤਰਜੀਹ ਦੇਣਾ ਉਨ੍ਹਾਂ ਦੀਆਂ ਮੁੱਖ ਜ਼ਿੰਮੇਵਾਰੀਆਂ ਹੋਣਗੀਆਂ। ਉਨ੍ਹਾਂ ਵਸਨੀਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਜਿੱਤ 'ਤੇ ਵਾਰਡ ਦੇ ਹਰ ਘਰ ਨੂੰ ਦਰਪੇਸ਼ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

## ਕਾਲੀਆਂ ਝੰਡੀਆਂ ਲੈ ਕੇ ਅਕਾਲੀ ਦਲ ਵੱਲੋਂ ਸਰਕਾਰ ਖ਼ਿਲਾਫ਼ ਪ੍ਰਦਰਸ਼ਨ

**ਗੁਰਦੁਆਰਾ ਛੇਵੀਂ ਪਾਤਸ਼ਾਹੀ ਦੇ ਗੇਟ ਬੰਦ ਕਰਕੇ ਵਰਕਰਾਂ ਨੂੰ ਰੋਕਣ ਦੇ ਲਗਾਏ ਦੋਸ਼**



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮਹਿਲ ਕਲਾਂ ਫੇਰੀ ਦੌਰਾਨ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂਆਂ ਤੇ ਵਰਕਰਾਂ ਨੇ ਗੁਰਦੁਆਰਾ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਇਕੱਠੇ ਹੋ ਕੇ ਪੰਜਾਬ ਸਰਕਾਰ ਖ਼ਿਲਾਫ਼ ਕਾਲੀਆਂ ਝੰਡੀਆਂ ਲੈ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀਆਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਦੋਸ਼ ਲਗਾਇਆ ਕਿ ਪੁਲਸ ਨੇ ਗੁਰਦੁਆਰਾ ਸਾਹਿਬ ਦੇ ਗੇਟ ਬੰਦ ਕਰਕੇ ਉਨ੍ਹਾਂ ਨੂੰ ਬਾਹਰ ਨਿਕਲਣ ਤੋਂ ਰੋਕਿਆ ਤੇ ਲੋਕਤੰਤਰੀ ਹੱਕਾਂ ਦਾ ਘਾਣ ਕੀਤਾ।ਅਕਾਲੀ ਆਗੂਆਂ ਦਾ ਕਹਿਣਾ ਸੀ ਕਿ ਸਰਕਾਰ ਲੋਕਾਂ ਦੇ ਸਵਾਲਾਂ ਦਾ ਜਵਾਬ ਦੇਣ ਦੀ ਬਜਾਏ ਵਿਰੋਧ ਦੀ ਆਵਾਜ਼ ਨੂੰ ਪੁਲਸ ਰਾਹੀਂ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜੋ ਲੋਕਤੰਤਰ ਦੀ ਭਾਵਨਾ ਦੇ ਉਲਟ ਹੈ।ਉਨ੍ਹਾਂ ਦਾਅਵਾ ਕੀਤਾ ਕਿ ਮੁੱਖ ਮੰਤਰੀ ਦੀਆਂ ਲੋਕ ਮਿਲਣੀਆਂ ਦੌਰਾਨ ਆਪਣੀਆਂ ਜਾਇਜ਼ ਮੰਗਾਂ ਲੈ ਕੇ ਪਹੁੰਚਣ ਵਾਲੇ ਕਿਸਾਨਾਂ, ਮੁਲਾਜ਼ਮਾਂ, ਮਜ਼ਦੂਰਾਂ, ਵਪਾਰੀਆਂ ਤੇ ਵਿਰੋਧੀ ਧਿਰ ਦੇ ਆਗੂਆਂ ਨੂੰ ਪਹਿਲਾਂ ਹੀ ਰੋਕਿਆ ਜਾਂ ਨਜ਼ਰਬੰਦ ਕੀਤਾ ਜਾ ਰਿਹਾ ਹੈ।

ਇਸ ਮੌਕੇ ਕੋਰ ਕਮੇਟੀ ਮੈਂਬਰ ਡਾ. ਸੁਖਵਿੰਦਰ ਸਿੰਘ ਨਿਹਾਲੂਵਾਲ, ਸੀਨੀਅਰ ਆਗੂ ਕੁਲਵੰਤ ਸਿੰਘ ਟਿੱਬਾ, ਯੂਥ ਆਗੂ ਬਲਦੇਵ ਸਿੰਘ ਗਾਗੇਵਾਲ, ਸਰਕਲ ਮਹਿਲ ਕਲਾਂ ਦੇ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ, ਸਰਕਲ ਠੁੱਲੀਵਾਲ ਦੇ ਪ੍ਰਧਾਨ ਜਥੇਦਾਰ ਗੁਰਦੀਪ ਸਿੰਘ ਛਾਪਾ, ਸਰਕਲ ਗਹਿਲ ਦੇ ਪ੍ਰਧਾਨ ਸਰਪੰਚ ਬਚਿੱਤਰ ਸਿੰਘ ਧਾਲੀਵਾਲ, ਬੀ.ਸੀ. ਸੈੱਲ ਦੇ ਹਲਕਾ ਪ੍ਰਧਾਨ ਕੁਲਵੰਤ ਸਿੰਘ ਜਗਦੇ ਤੇ ਇਸਤਰੀ ਅਕਾਲੀ ਦਲ ਦੀ ਹਲਕਾ ਪ੍ਰਧਾਨ ਬਲਜੀਤ ਕੌਰ ਮਾਂਗੇਵਾਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਆਪਣਾ ਲੋਕਤੰਤਰੀ ਸੰਘਰਸ਼ ਜਾਰੀ ਰੱਖੇਗਾ।ਰੋਸ ਪ੍ਰਦਰਸ਼ਨ ਦੌਰਾਨ ਅਕਾਲੀ ਵਰਕਰਾਂ ਨੇ ਹੱਥਾਂ ਵਿੱਚ ਕਾਲੀਆਂ ਝੰਡੀਆਂ ਲਹਿਰਾਉਂਦਿਆਂ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

## ਝੋਕ ਟਹਿਲ ਸਿੰਘ 'ਚ ਮੁ.ਫਤ ਮੈਡੀਕਲ ਚੈੱਕਅਪ ਕੈਂਪ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਸਪਤਾਲ ਅਨਿਲ ਬਾਗ਼ੀ ਵੱਲੋਂ 'ਹਰ ਪਿੰਡ ਸਿਹਤ ਅਭਿਆਨ' ਅਧੀਨ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਝੋਕ ਟਹਿਲ ਸਿੰਘ ਵਾਲਾ ਵਿਖੇ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ, ਜਿਸ ਵਿੱਚ ਨੇੜਲੇ ਪਿੰਡਾਂ ਦੇ ਲੋਕਾਂ ਨੇ ਸਿਹਤ ਸੇਵਾਵਾਂ ਦਾ ਲਾਭ ਉਠਾਇਆ, ਉਥੇ ਕਰੀਬ 200 ਤੋਂ ਵਧੇਰੇ ਮਰੀਜ਼ਾਂ ਦਾ ਮੈਡੀਕਲ ਚੈੱਕਅਪ ਕੀਤਾ ਗਿਆ। ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੇ ਬਲੱਡ ਸ਼ੂਗਰ, ਬਲੱਡ ਪ੍ਰੈਸ਼ਰ ਤੇ ਈਸੀਜੀ ਟੈੱਸਟ ਮੁਫ਼ਤ ਕੀਤੇ ਗਏ। ਇਸ ਤੋਂ ਇਲਾਵਾ ਮਰੀਜ਼ਾਂ ਨੂੰ ਉਨ੍ਹਾਂ ਦੀ ਬਿਮਾਰੀ ਅਨੁਸਾਰ ਸਿਹਤ ਸੰਬੰਧੀ ਸਲਾਹ ਦਿੱਤੀ ਗਈ ਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ। ਪ੍ਰਬੰਧਕਾ ਨੇ ਦੱਸਿਆ ਕਿ 'ਹਰ ਪਿੰਡ ਸਿਹਤ ਅਭਿਆਨ' ਦਾ ਮੁੱਖ ਉਦੇਸ਼ ਪਿੰਡਾਂ ਵਿੱਚ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨਾ ਤੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਹੈ, ਤਾਂ ਜੁ ਹਰ ਵਿਅਕਤੀ ਤੱਕ ਬਿਹਤਰ ਸਿਹਤ ਸੇਵਾਵਾਂ ਪਹੁੰਚ ਸਕਣ।

## ਹੱਡੀਆਂ ਤੇ ਜੋੜਾਂ ਦੇ ਰੋਗਾਂ ਸੰਬੰਧੀ ਮੈਡੀਕਲ ਕੈਂਪ



**ਭਵਾਨੀਗੜ੍ਹ (ਰਾਜ ਖੁਰਮੀ)**-ਗੁਰਦੁਆਰਾ ਸ੍ਰੀ ਘਨੌਰ ਸਾਹਿਬ (ਪਾਤਸ਼ਾਹੀ ਪਹਿਲੀ, ਛੇਵੀਂ ਅਤੇ ਨੌਵੀਂ) ਵਿਖੇ ਸੰਗਤ ਅਤੇ ਇਲਾਕਾ ਵਾਸੀਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਹੱਡੀਆਂ ਅਤੇ ਜੋੜਾਂ ਦੇ ਰੋਗਾਂ ਸਬੰਧੀ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇ ਇਸ ਕੈਂਪ ਵਿੱਚ ਇਲਾਕੇ ਦੇ ਸੈਂਕੜੇ ਲੋਕਾਂ ਨੇ ਆਪਣੀ ਜਾਂਚ ਕਰਵਾ ਕੇ ਸਿਹਤ ਮਾਹਿਰਾਂ ਦੀਆਂ ਸੇਵਾਵਾਂ ਦਾ ਲਾਭ ਉਠਾਇਆ।ਕੈਂਪ ਦੌਰਾਨ ਹੱਡੀ ਰੋਗਾਂ ਦੇ ਮਾਹਿਰ ਡਾਕਟਰਾਂ ਨੇ ਗੋਡਿਆਂ, ਮੋਢਿਆਂ, ਚੂਲੇ, ਗਰਦਨ, ਰੀੜ੍ਹ ਦੀ ਹੱਡੀ ਦੇ ਦਰਦ, ਗਠੀਆ ਅਤੇ ਜੋੜਾਂ ਨਾਲ ਸਬੰਧਤ ਹੋਰ ਬਿਮਾਰੀਆਂ ਦੀ ਜਾਂਚ ਕਰਕੇ ਮਰੀਜ਼ਾਂ ਨੂੰ ਸਿਹਤ ਸੰਬੰਧੀ ਲੋੜੀਂਦੀ ਸਲਾਹ ਦਿੱਤੀ। ਡਾਕਟਰਾਂ ਨੇ ਮਰੀਜ਼ਾਂ ਨੂੰ ਸਹੀ ਕਸਰਤ, ਸੰਤੁਲਿਤ ਖੁਰਾਕ ਅਤੇ ਬਿਮਾਰੀਆਂ ਤੋਂ ਬਚਾਅ ਲਈ ਅਪਣਾਈਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵੀ ਜਾਗਰੂਕ ਕੀਤਾ।ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਵਿਸ਼ੇਸ਼ ਛੋਟ 'ਤੇ ਇਲਾਜ ਦੀ ਸਹੂਲਤ ਵੀ ਮੁਹੱਈਆ ਕਰਵਾਈ ਗਈ।

## ਨਸ਼ਿਆਂ ਵਿਰੁੱਧ ਯੁੱਧ ਪੂਰੀ ਤਰ੍ਹਾਂ ਫੇਲ੍ਹ : ਸੰਜੀਵ ਗਰਗ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਵਿੱਚ ਨਸ਼ਿਆਂ ਦੀ ਗੰਭੀਰ ਹਾਲਤ ਅਤੇ ਮੌਜੂਦਾ ਸਰਕਾਰ ਦੀਆਂ ਨੀਤੀਆਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਨੇ ਸੂਬਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਭਾਜਪਾ ਜ਼ਿਲ੍ਹਾ ਪਟਿਆਲਾ ਦੇ ਸੋਸ਼ਲ ਮੀਡੀਆ ਇੰਚਾਰਜ ਸੰਜੀਵ ਗਰਗ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਨਸ਼ਿਆਂ ਵਿਰੁੱਧ ਵਿੱਢਿਆ ਗਿਆ ਕਥਿਤ ਯੁੱਧ ਜ਼ਮੀਨੀ ਪੱਧਰ 'ਤੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਇਆ ਹੈ। ਗਰਗ ਨੇ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਕਰਵਾਏ ਜਾ ਰਹੇ ਸਰਵੇਖਣ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਇਹ ਸਭ ਮਹਿਜ਼ ਇੱਕ ਦਿਖਾਵਾ ਹੈ। ਉਨ੍ਹਾਂ ਕਿਹਾ, "ਜੋ ਪੰਜਾਬ ਵਿੱਚ ਸਰਵੇਖਣ ਕਰਵਾਇਆ ਜਾ ਰਿਹਾ ਹੈ, ਉਹ ਬਿਲਕੁਲ ਗਲਤ ਹੈ। ਸਰਵੇਖਣ ਦੌਰਾਨ ਕੋਈ ਵੀ ਵਿਅਕਤੀ ਸੱਚ ਬੋਲਣ ਤੋਂ ਡਰੇਗਾ। ਭਲਾ ਕਿਹੜਾ ਮਾਂ-ਬਾਪ ਇਹ ਕਬੂਲ ਕਰੇਗਾ ਕਿ ਉਨ੍ਹਾਂ ਦਾ ਬੱਚਾ ਨਸ਼ਾ ਕਰਦਾ ਹੈ?' ?ਭਾਜਪਾ ਆਗੂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਪੰਜਾਬ ਵਿੱਚੋਂ ਗਰੀਬੀ ਖ਼ਤਮ ਕਰਨੀ ਹੈ, ਸੂਬੇ ਨੂੰ ਨਸ਼ਾ-ਮੁਕਤ ਬਣਾਉਣਾ ਹੈ ਅਤੇ ਬੇਰੁਜ਼ਗਾਰੀ ਨੂੰ ਜੜ੍ਹੋਂ ਪੁੱਟਣਾ ਹੈ, ਤਾਂ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਬਹੁਮਤ ਨਾਲ ਜਿਤਾਉਣਾ ਪਵੇਗਾ।

## ਮੁੱਖ ਮੰਤਰੀ ਦੀ ਫੇਰੀ ਨੂੰ ਲੈ ਕੇ ਹਰਕਤ 'ਚ ਆਇਆ ਪ੍ਰਸ਼ਾਸਨ

**ਪਾਤੜਾਂ-ਪਟਿਆਲਾ ਸੜਕ ਦਾ ਪੈਚ ਵਰਕ ਚਰਚਾ ਦਾ ਵਿਸ਼ਾ ਬਣਿਆ**



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**
ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਜਾ ਰਹੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਅਨਾਜ ਮੰਡੀ ਪਾਤੜਾਂ ਵਿਖੇ ਪਹਿਲੀ ਜੁਲਾਈ ਨੂੰ ਕੀਤੀ ਜਾਣ ਵਾਲੀ ਰੈਲੀ ਵਿੱਚ ਮੁੱਖ ਮੰਤਰੀ ਦੀ ਆਮਦ ਤੋਂ ਪਹਿਲਾਂ ਪ੍ਰਸ਼ਾਸਨ ਹਰਕਤ ਵਿੱਚ ਆਇਆ ਹੈ।ਟੈਂਡਰ ਹੋ ਕੇ ਪਾਤੜਾਂ-ਪਟਿਆਲਾ ਸੜਕ ਦੀ ਮਰੰਮਤ ਦੇ ਚੱਲ ਰਹੇ ਕੰਮ ਦੀ ਢਿੱਲੀ ਰਫਤਾਰ ਦੇ ਚਲਦਿਆਂ ਪਿਛਲੇ ਕਰੀਬ ਦੋ ਮਹੀਨਿਆਂ ਤੋਂ ਸੜਕ ਦੀ ਮੁਰੰਮਤ ਦਾ ਕੰਮ ਰੁਕਿਆ ਹੋਇਆ ਹੈ, ਪਰ ਬੁੱਧਵਾਰ ਨੂੰ ਹੋਣ ਵਾਲੀ ਮੁੱਖ ਮੰਤਰੀ ਦੀ ਆਮਦ ਦੇ ਮੱਦੇ ਨਜ਼ਰ ਪੀ ਡਬਲਯੂ ਡੀ ਵੱਲੋਂ ਪਾਤੜਾਂ-ਪਟਿਆਲਾ ਮੁੱਖ ਸੜਕ 'ਤੇ ਇੱਕ ਦਿਨ ਪਹਿਲਾਂ ਕੀਤਾ ਗਿਆ ਪੈਚ ਵਰਕ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।ਜਾਣਕਾਰੀ ਅਨੁਸਾਰ ਦੋ ਮਹੀਨੇ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਇਸ ਸੜਕ ਦੀ ਮੁਰੰਮਤ ਦਾ ਕੰਮ ਟੈਂਡਰ ਹੋਣ ਦੇ ਬਾਵਜੂਦ ਠੇਕੇਦਾਰਾਂ ਵੱਲੋਂ ਮੁਕੰਮਲ ਨਹੀਂ ਕੀਤਾ ਜਾ ਰਿਹਾ।ਇਸ 50 ਕਿਲੋਮੀਟਰ ਦੇ ਕਰੀਬ ਦੇ ਟੁੱਕੜੇ ਵਿੱਚ ਕਈ ਥਾਵਾਂ ਉੱਤੇ ਮੁਰੰਮਤ ਦਾ ਕੰਮ ਮੁਕੰਮਲ ਕੀਤਾ ਗਿਆ ਹੈ, ਜਦੋਂਕਿ ਬਾਕੀ ਰਹਿੰਦੀਆਂ ਥਾਵਾਂ ਉੱਤੇ ਸੜਕ ਵਿੱਚ ਵੱਡੇ ਵੱਡੇ ਪਏ ਹੋਏ ਟੋਏ ਲੋਕਾਂ ਲਈ ਸਿਰਦਰਦੀ ਜਾਂ ਕਾਰਨ ਬਣੇ ਹੋਏ ਸਨ।ਆਉਣ-ਜਾਣ ਵਾਲੇ ਰਾਹੀਆਂ ਨੂੰ ਸੜਕ ਵਿੱਚ ਪਏ ਇਨ੍ਹਾਂ ਵੱਡਿਆਂ ਟੋਇਆਂ ਦੀ ਵਜ੍ਹਾ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਤੇਜ਼ ਰਫਤਾਰ ਵਾਹੀਕਲਾਂ ਦਾ ਵੀ ਨੁਕਸਾਨ ਝੱਲਣਾ ਪੈਂਦਾ ਰਿਹਾ ਹੈ।ਇਲਾਕੇ ਦੇ ਲੋਕਾਂ ਵੱਲੋਂ ਵਾਰ-ਵਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਇਸ ਸੜਕ ਦੀ ਰਿਪੇਅਰ ਦਾ ਕੰਮ ਨਹੀਂ ਕੀਤਾ ਜਾ ਰਿਹਾ ਸੀ, ਪਰ ਹੁਣ ਮੁੱਖ ਮੰਤਰੀ ਦੀ ਆਮਦ ਨੂੰ ਲੈ ਕੇ ਰਾਤੋ ਰਾਤ ਕੀਤਾ ਗਿਆ ਪੈਚ ਵਰਕ ਲੋਕਾਂ ਲਈ ਇੱਕ ਵਕਤੀ ਰਾਹਤ ਦਾ ਸਬੱਬ ਬਣਿਆ ਹੈ।ਰਾਹਗੀਰ ਮੁੱਖ ਮੰਤਰੀ ਦੀ ਆਮਦ ਦਾ ਸ਼ੁਕਰ ਮਨਾ ਰਹੇ ਹਨ ਤੇ ਅੰਦਰੋਂ ਅੰਦਰ ਅਰਜ਼ੋਈਆਂ ਕਰ ਰਹੇ ਹਨ ਕਿ ਮੁੱਖ ਮੰਤਰੀ ਮਹੀਨੇ ਵੀਹਾਂ ਦਿਨਾਂ ਬਾਅਦ ਇਸ ਸੜਕ ਤੋਂ ਗੇੜਾ ਮਾਰ ਜਾਇਆ ਕਰਨ।

## ਬਮਾਲ ਵਿਖੇ ਖ਼ੂਨਦਾਨ ਤੇ ਅੱਖਾਂ ਦਾ ਜਾਂਚ ਕੈਂਪ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)**-ਨੇੜਲੇ ਪਿੰਡ ਬਮਾਲ ਵਿਖੇ ਸਹੀਦ ਭਗਤ ਸਿੰਘ ਸ਼ੋਸ਼ਲ ਐਂਡ ਵੈਲਫੇਅਰ ਸੁਸਾਇਟੀ ਵਲੋਂ ਗੁਰਦੁਆਰਾ ਸੰਗਤਸਰ ਵਿਖੇ ਗੁਰੂ ਘਰ ਦੀ ਪ੍ਰਬੰਧਕ ਕਮੇਟੀ, ਨਗਰ ਪੰਚਾਇਤ ਅਤੇ ਸੰਸਥਾ ਪਰਿਵਰਤਨ ਧੂਰੀ ਦੇ ਸਹਿਯੋਗ ਨਾਲ ਖ਼ੂਨਦਾਨ ਅਤੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ।ਕੈਂਪ ਦਾ ਉਦਘਾਟਨ ਉੱਘੇ ਸਮਾਜ ਸੇਵੀ, ਉਦਮੀ ਫਾਰਮਰ ਪ੍ਰੋਡਿਊਸਰ ਆਰਗੇਨਾਈਜੇਸ਼ਨ ਦੇ ਚੇਅਰਮੈਨ ਅਤੇ ਹੋਮਿਓਪੈਥੀ ਦੇ ਮਾਹਿਰ ਡਾਕਟਰ ਅਮਰਜੀਤ ਸਿੰਘ ਮਾਨ ਵਲੋਂ ਕੀਤਾ ਗਿਆ ਅਤੇ ਕੈਂਪ ਦੌਰਾਨ ਜਿੱਥੇ ਵੱਡੀ ਗਿਣਤੀ ਵਿੱਚ ਖੂਨਦਾਨੀਆਂ ਨੇ ਖੂਨਦਾਨ ਕੀਤਾ ਉਥੇ ਅੱਖਾਂ ਦੇ ਮਾਹਿਰ ਡਾਕਟਰ ਕਮਲਦੀਪ ਅਤੇ ਡਾ: ਰਮੇਸ਼ ਸ਼ਰਮਾ ਨੇ ਆਪਣੀ ਟੀਮ ਸਹਿਤ 116 ਮਰੀਜਾਂ ਦੀਆਂ ਅੱਖਾਂ ਦੀ ਜਾਂਚ ਕੀਤੀ।ਇਸ ਮੌਕੇ ਡਾਕਟਰ ਮਾਨ ਨੇ ਕਿਹਾ ਕਿ ਅਜਿਹੇ ਕੈਂਪ ਸਮੇਂ ਦੀ ਜ਼ਰੂਰਤ ਹਨ।ਉਹਨਾਂ ਕਿਹਾ ਕਿ ਖੂਨਦਾਨ ਮਹਾਂ ਦਾਨ ਹੈ ਕਿਉਂਕਿ ਵਿਗਿਆਨ ਦੀ ਇੰਨੀ ਤਰੱਕੀ ਦੇ ਬਾਵਜੂਦ ਕਿਸੇ ਵੀ ਪ੍ਰਯੋਗਸ਼ਾਲਾ ਵਿੱਚ ਅਜੇ ਤੱਕ ਖੂਨ ਤਿਆਰ ਨਹੀਂ ਕੀਤਾ ਜਾ ਸਕਿਆ।ਇਸ ਮੌਕੇ ਸੁਸਾਇਟੀ ਦੇ ਬੁਲਾਰੇ ਮਾਸਟਰ ਮਿਸਰਾ ਸਿੰਘ ਬਮਾਲ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ ਬਹੁਤ ਹਿੰਮਤੀ ਅਤੇ ਮਿਹਨਤੀ ਹਨ ਪਰ ਉਹਨਾਂ ਨੂੰ ਸਮਾਜਿਕ ਕੰਮਾਂ ਲਈ ਪ੍ਰੇਰਿਤ ਕਰਨ ਦੀ ਲੋੜ ਹੈ।ਸੁਸਾਇਟੀ ਦੇ ਪ੍ਰਧਾਨ ਹਰਵਿੰਦਰ ਸਿੰਘ ਪਾਲ ਨੇ ਕਿਹਾ ਕਿ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਲਈ ਸਮੇਂ ਸਮੇਂ 'ਤੇ ਸਿਹਤ ਜਾਂਚ ਕੈਂਪ ਲੱਗਣੇ ਚਾਹਿਦੇ ਹਨ।ਹੋਰਨਾਂ 'ਚ ਅਮਨਿੰਦਰ ਸਿੰਘ ਨੀਰੂ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਜਿੰਦਰ ਸਿੰਘ, ਪਿੰਡ ਬਮਾਲ ਦੇ ਸਰਪੰਚ ਜਗਤਾਰ ਸਿੰਘ, ਕੁਲਦੀਪ ਕੌਰ, ਗਗਨਦੀਪ ਕੌਰ, ਟੋਨੀ ਬਮਾਲ ਅਤੇ ਗੁਰਪ੍ਰੀਤ ਕੌਰ ਹਾਜ਼ਰ ਸਨ।

# ਮਾਵਾਂ ਧੀਆਂ ਸਤਿਕਾਰ ਯੋਜਨਾ ਪੰਜਾਬ ਦੀ ਹਰ ਔਰਤ ਦੇ ਸਨਮਾਨ ਤੇ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ : ਸ਼ੈਰੀ ਕਲਸੀ



ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਸਿਰਫ ਪੂਰੇ ਹੀ ਨਹੀਂ ਕੀਤੇ, ਸਗੋਂ ਉਨ੍ਹਾਂ ਤੋਂ ਵੀ ਵੱਧ ਕਰਕੇ ਇਤਿਹਾਸਕ ਕੰਮ ਕਰਕੇ ਲੋਕਾਂ ਦੇ ਦਿਲ ਜਿੱਤ ਲਏ ਹਨ। ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਰਾਹੀਂ ਸਰਕਾਰ ਨੇ ਆਪਣੀ ਆਖਰੀ ਗੰਟੀ ਵੀ ਪੂਰੀ ਕਰ ਦਿੱਤੀ ਹੈ, ਜਿਸ ਨਾਲ ਮਹਿਲਾਵਾਂ ਨੂੰ ਵੱਡਾ ਆਰਥਿਕ ਸਹਾਰਾ ਮਿਲੇਗਾ ਅਤੇ ਸਮਾਜ ਵਿੱਚ ਉਨ੍ਹਾਂ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਭੰਡਾਰੀ ਮੁਹੱਲਾ ਵਿਖੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਦੱਸਿਆ ਕਿ ਬਟਾਲਾ ਵਿਖੇ ਸਰਕਾਰ ਵੱਲੋਂ ਚਲਾਈ ਮਾਵਾਂ-ਧੀਆਂ ਸਤਿਕਾਰ ਯੋਜਨਾਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਲੋਕਾਂ ਦੇ ਭਰੋਸੇ ਅਤੇ ਸਰਕਾਰ ਦੀਆਂ ਪਾਰਦਰਸ਼ੀ ਨੀਤੀਆਂ ਦਾ ਨਤੀਜਾ ਹੈ ਕਿ ਹਰ ਵਰਗ ਦੇ ਲੋਕ ਯੋਜਨਾਵਾਂ ਨਾਲ ਜੁੜ ਰਹੇ ਹਨ ਅਤੇ ਇਸ ਦਾ ਲਾਭ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਅੱਜ ਤੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪੰਜਾਬ ਦੀਆਂ ਯੋਗ ਮਹਿਲਾਵਾਂ ਦੇ ਖਾਤਿਆਂ ਵਿੱਚ ਸਨਮਾਨ ਰਾਸ਼ੀ ਜਮ੍ਹਾ ਹੋਣੀ ਸ਼ੁਰੂ ਹੋ ਗਈ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਲੋਕਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਹੈ ਅਤੇ ਜੋ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਸਮੇਂ ਤੋਂ ਪਹਿਲਾਂ ਪੂਰਾ ਕਰ ਵਿਖਾਇਆ ਹੈ।ਉਨ੍ਹਾਂ ਦੱਸਿਆ ਕਿ ਸਰਕਾਰ ਨੇ ਸਰਪੰਚਾਂ ਨੂੰ ਆਜ਼ਾਦੀ ਦਿਹਾੜੇ ਤੋਂ ਮਾਣ ਭੱਤਾ ਦੇਣ ਦਾ ਵਾਅਦਾ ਕੀਤਾ ਹੈ, ਜਿਸ ਨੂੰ ਪੂਰਾ ਕਰਕੇ ਪਿੰਡ ਪੱਧਰ ਤੇ ਲੋਕਤੰਤਰ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸਿਹਤ ਖੇਤਰ ਵਿੱਚ ਵੀ ਸਰਕਾਰ ਵੱਲੋਂ ਵੱਡੇ ਕਦਮ ਚੁੱਕ ਰਹੀ ਹੈ, 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਕਾਰਡ ਬਣਾਏ ਗਏ ਹਨ।ਇਸ ਨਾਲ ਗਰੀਬ ਅਤੇ ਜ਼ਰੂਰਤਮੰਦ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਉਨ੍ਹਾਂ ਨੂੰ ਮਹਿੰਗੇ ਇਲਾਜ ਦੀ ਚਿੰਤਾ ਤੋਂ ਛੁਟਕਾਰਾ ਮਿਲਿਆ ਹੈ।ਸੜਕਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਸਮੇਤ ਹਲਕਾ ਬਟਾਲਾ ਅੰਦਰ ਸੜਕਾਂ ਨੂੰ ਵਿਸਤਾਰ ਦਿੱਤਾ ਗਿਆ ਹੈ, ਜਿਸ ਨਾਲ ਆਵਾਜਾਈ ਸੁਵਿਧਾਜਨਕ ਬਣੀ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਅਣਗਿਣਤ ਵਿਕਾਸੀ ਕੰਮ ਕਰਵਾ ਕੇ ਲੋਕਾਂ ਦੀ ਕਚਹਿਰੀ ਵਿੱਚ ਜਾਣ ਦਾ ਫੈਸਲਾ ਕੀਤਾ ਹੈ ਅਤੇ ਉਹ ਆਪਣੇ ਕੰਮਾਂ ਦੇ ਆਧਾਰ ਤੇ ਹੀ ਵੋਟਾਂ ਦੀ ਮੰਗ ਕਰਨਗੇ।ਭਰਵੇਂ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਮਹਿਲਾਵਾਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕੀਤਾ ਗਿਆ।

# ਗਰਮੀਆਂ ਦੀਆਂ ਛੁੱਟੀਆਂ ਵਧਾਈਆਂ ਜਾਣ : ਅਨੁਜ ਖੇਮਕਾ



ਛੇਹਰਟਾ, (ਮਨੋਜ ਕੁਮਾਰ) : ਪੰਜਾਬ ਵਿਚ ਲਗਾਤਾਰ ਵੱਧ ਰਹੀ ਗਰਮੀ ਕਾਰਨ ਬਿਜਲੀ ਦੀ ਮੰਗ ਰਿਕਾਰਡ ਪੱਧਰ 'ਤੇ ਪੁੱਜ ਗਈ ਹੈ, ਜਿਸ ਕਾਰਨ ਪਾਵਰਕਾਮ ਮੈਨੇਜਮੈਂਟ ਨੇ ਸ਼ਹਿਰਾਂ ਤੇ ਪਿੰਡਾਂ ਵਿਚ ਉਦਯੋਗਿਕ ਬਿਜਲੀ ਕੱਟ ਲਗਾਉਣੇ ਸ਼ੁਰੂ ਕਰ ਦਿੱਤੇ ਹਨ। ਇਸ ਕਾਰਨ ਲੋਕਾਂ ਵਿੱਚ ਭਾਰੀ ਰੋਸ ਹੈ। ਇਸ ਦੌਰਾਨ ਪ੍ਰਸ਼ਾਸਨ ਨੇ ਛੋਟੇ ਬੱਚਿਆਂ ਲਈ ਸਕੂਲ ਖੋਲ੍ਹ ਦਿੱਤੇ ਹਨ।

ਇਸ ਦੇ ਮੱਦੇਨਜ਼ਰ ਸਮਾਜ ਸੇਵਕ ਅਨੁਜ ਖੇਮਕਾ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਕੂਲਾਂ ਵਿਚ ਗਰਮੀਆਂ ਦੀਆਂ ਛੁੱਟੀਆਂ ਵਧਾਈਆਂ ਜਾਣ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਚ ਬਹੁਤ ਸਾਰੇ ਬਾਜ਼ਾਰਾਂ ਦੇ ਦੁਕਾਨਦਾਰਾਂ ਨੇ ਤੇਜ਼ ਗਰਮੀ ਦੇ ਮੱਦੇਨਜ਼ਰ ਆਪਣੀਆਂ ਦੁਕਾਨਾਂ 7 ਜੁਲਾਈ ਤਕ ਅਤੇ ਕਈਆਂ ਨੇ 10 ਜੁਲਾਈ ਤਕ ਬੰਦ ਰੱਖਣ ਦਾ ਫ਼ੈਸਲਾ ਕੀਤਾ ਹੈ।

ਉਨ੍ਹਾਂ ਦਾ ਕਹਿਣਾ ਹੈ ਕਿ ਤੇਜ਼ ਗਰਮੀ ਕਾਰਨ ਗਾਹਕ ਆਪਣੇ ਘਰਾਂ ਤੋਂ ਬਾਹਰ ਨਹੀਂ ਆ ਰਹੇ। ਗਰਮੀ ਦੇ ਚੱਲਦਿਆਂ ਅਨੁਜ ਖੇਮਕਾ ਨੇ ਪ੍ਰਸ਼ਾਸਨ ਤੋਂ ਸਕੂਲਾਂ ਵਿਚ ਗਰਮੀਆਂ ਦੀਆਂ ਛੁੱਟੀਆਂ ਵਧਾਉਣ ਦੀ ਮੰਗ ਕੀਤੀ ਹੈ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਮੁੱਖ ਮੰਤਰੀ ਪੰਜਾਬ ਨੂੰ ਭੇਜਿਆ ਯਾਦ ਪੱਤਰ



ਧਾਰੀਵਾਲ, (ਮਨਦੀਪ ਵਿੱਕੀ)-ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਗੁਰੂ ਨਾਨਕ ਪਾਰਕ ਇਕੱਤਰ ਹੋ ਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਗੈਰ-ਹਾਜ਼ਰੀ ਵਿੱਚ ਸੁਪਰਡੈਂਟ ਵਿਜੇ ਕੁਮਾਰ ਰਾਹੀਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਯਾਦ ਪੱਤਰ ਭੇਜਿਆ ਗਿਆ। ਇਸ ਮੌਕੇ ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂਆਂ ਵਿਜੇ ਸੋਹਲ ਸੂਬਾ ਸਕੱਤਰ ਮਜ਼ਦੂਰ ਮੁਕਤੀ ਮੋਰਚਾ ਪੰਜਾਬ, ਸ਼ਮਸ਼ੇਰ ਸਿੰਘ ਬਟਾਲਾ ਸੂਬਾ ਵਿੱਤ ਸਕੱਤਰ ਦਿਹਾਤੀ ਮਜ਼ਦੂਰ ਸਭਾ, ਮੇਜਰ ਸਿੰਘ ਕੋਟ ਟੋਡਰਮੱਲ ਸੂਬਾ ਆਗੂ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਬਲਬੀਰ ਸਿੰਘ ਮੱਲ੍ਹੀ ਜ਼ਿਲ੍ਹਾ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਨੇ ਕਿਹਾ ਕਿ ਇਨ੍ਹਾਂ ਯਾਦ ਪੱਤਰਾਂ ਰਾਹੀਂ ਪੰਜਾਬ ਸਰਕਾਰ ਨੂੰ ਯਾਦ ਕਰਵਾ ਰਹੇ ਹਾਂ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਵੇਲੇ ਤੋਂ ਲੈ ਕੇ ਮਜ਼ਦੂਰ ਦੇ ਪੱਕੇ ਰੁਜ਼ਗਾਰ ਲਈ, ਮਨਰੇਗਾ ਤਹਿਤ ਪੂਰੇ ਸਾਲ ਦੇ ਵਾਸਤੇ ਕੰਮ ਅਤੇ ਘੱਟੋ-ਘੱਟ ਦਿਹਾੜੀ 700 ਰੁਪਏ ਕਰਨ ਅਤੇ ਵਿਕਸਤ ਭਾਰਤ ਜੀ ਰਾਮ ਜੀ ਕਾਨੂੰਨ ਰੱਦ ਕਰਵਾਉਣ ਲਈ, ਚੋਣ ਗਰੰਟੀਆਂ ਪੂਰੀਆਂ ਕਰਨ ਅਤੇ ਔਰਤਾਂ ਦੇ ਖਾਤੇ ਵਿੱਚ 1000/1500 ਰੁਪਏ ਬਕਾਏ ਸਮੇਤ ਪਾਉਣ, ਵਿਧਵਾ ਬੁਢਾਪਾ ਅਤੇ ਅੰਗਹੀਣ ਪੈਨਸ਼ਨ 5000 ਕਰਨ, ਮਜ਼ਦੂਰਾਂ ਸਿਰ ਚੜ੍ਹਿਆ ਸਰਕਾਰੀ, ਗੈਰ-ਸਰਕਾਰੀ, ਸਹਿਕਾਰੀ ਅਤੇ ਮਾਈਕਰੋ ਫਾਇਨਾਂਸ ਕੰਪਨੀ ਦਾ ਕਰਜ਼ਾ ਮੁਆਫ ਕਰਨ, ਕੇਂਦਰ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਦੀ ਥਾਂ ਬਣਾਏ ਚਾਰ ਲੇਬਰ ਕਾਨੂੰਨ ਰੱਦ ਕਰਨ, ਜ਼ਮੀਨੀ ਸੁਧਾਰ ਕਾਨੂੰਨ ਲਾਗੂ ਕਰਕੇ, ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡਣ, ਪੰਚਾਇਤੀ ਜ਼ਮੀਨ 'ਚੋਂ ਤੀਸਰੇ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਅਤੇ ਲੋੜਵੰਦ ਪਰਿਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਵਰਗੀਆਂ ਬੁਨਿਆਦੀ ਅਤੇ ਹੱਕੀ ਮੰਗਾਂ ਵਾਸਤੇ ਮਜ਼ਦੂਰ ਲਗਾਤਾਰ ਸੰਘਰਸ਼ ਕਰ ਰਹੇ ਹਨ ਪਰ ਬਦਲਾਅ ਦਾ ਨਾਹਰਾ ਦੇਣ ਵਾਲੀ ਸਰਕਾਰ ਮਜ਼ਦੂਰਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਕੇ ਮਜ਼ਦੂਰਾਂ ਨਾਲ ਵਿਤਕਰਾ ਕਰ ਰਹੀ ਹੈ, ਭਗਵੰਤ ਮਾਨ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਲੋਕ ਵਿਰੋਧੀ ਹੈ। ਸਰਕਾਰ ਮਜ਼ਦੂਰ ਮੰਗਾਂ ਦੀ ਜਿੱਥੇ ਅਣਦੇਖੀ ਕਰ ਰਹੀ ਹੈ ਉੱਥੇ ਹੱਕ ਮੰਗਦੇ ਹਰ ਤਬਕੇ ਦੇ ਸੰਘਰਸ਼ ਨੂੰ ਡਾਂਗ ਦੇ ਜ਼ੋਰ ਦਬਾਇਆ ਜਾ ਰਿਹਾ ਹੈ। ਮੀਟਿੰਗ ਵਿੱਚ ਸੁਪਰੀਮ ਕੋਰਟ ਵੱਲੋਂ ਅਨੁਸੂਚਿਤ ਜਾਤੀ ਅਤੇ ਜਨਜਾਤੀ ਉਪਰ ਜ਼ੁਲਮ ਰੋਕੂ ਐਕਟ 1989 ਨੂੰ ਸੋਧਾਂ ਰਾਹੀਂ ਕਮਜ਼ੋਰ ਕੀਤਾ ਜਾ ਰਿਹਾ ਹੈ। ਸੋਧਾਂ ਵਾਪਸ ਲੈਣ ਦੀ ਵੀ ਮੰਗ ਕੀਤੀ ਗਈ।

ਆਗੂਆਂ ਨੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਮਜ਼ਦੂਰ ਮੰਗਾਂ ਮਨਵਾਉਣ ਅਤੇ ਮਹਿੰਗਾਈ ਵਿਰੁੱਧ ਪੰਜਾਬ ਅੰਦਰ ਵੱਡਾ ਮਜ਼ਦੂਰ ਅੰਦੋਲਨ ਖੜ੍ਹਾ ਕੀਤਾ ਜਾਵੇਗਾ। ਉਪਰੋਕਤ ਆਗੂਆਂ ਤੋਂ ਇਲਾਵਾ ਧਿਆਨ ਸਿੰਘ ਠਾਕੁਰ, ਜਸਵਿੰਦਰ ਸਿੰਘ ਛਿੱਤ, ਬੂਟਾ ਮਸੀਹ ਕੋਟਲੀ ਫੱਸੀ, ਰੂਪਲਾਲ ਮੁਸਤਾਬਾਦ ਸੈਦਾਂ, ਸੁਲੱਖਣ ਸਿੰਘ ਕੋਟ ਟੋਡਰਮੱਲ, ਮਨਹਰਨ, ਸੁਖਵੰਤ ਸਿੰਘ, ਪ੍ਰੇਮ ਕੁਮਾਰ ਖਾਜੋਪੁਰ, ਕੁਲਦੀਪ ਸਿੰਘ ਸੋਹਲ, ਰੋਬਿਨ ਰਣੀਆਂ, ਭਗਤ ਰਾਮ ਸ੍ਰੀ ਹਰਗੋਬਿੰਦਪੁਰ ਸਾਹਿਬ, ਕੁਲਦੀਪ ਸਿੰਘ, ਜੋਗਿੰਦਰ ਸਿੰਘ ਦੀਨਾਨਗਰ, ਯੋਧ ਰਾਜ ਉਦੀਪੁਰ ਆਦਿ ਹਾਜ਼ਰ ਸਨ।

## ਮਾਮਲਾ ਜਾਨਲੇਵਾ ਹਮਲੇ 'ਚ ਦੋ ਨੌਜਵਾਨਾਂ ਦੀ ਮੌਤ ਦਾ

# ਐੱਸ ਪੀ ਨੇ ਪਿੰਡ ਗੁਮਟਾਲਾ ਵਾਸੀਆਂ ਨੂੰ ਦਿੱਤਾ ਛੇਤੀ ਕਾਰਵਾਈ ਦਾ ਭਰੋਸਾ : ਕਾਮਰੇਡ ਕਰਮਪੁਰਾ

ਛੇਹਰਟਾ, (ਮਨੋਜ ਕੁਮਾਰ) : ਪਿੰਡ ਗੁਮਟਾਲਾ ਦੇ ਦੋ ਨੌਜਵਾਨਾਂ ਦੀ ਮੌਤ ਦੇ ਮਾਮਲੇ ਨੂੰ ਲੈ ਕੇ ਪਿੰਡ ਵਾਸੀਆਂ ਦਾ ਵਫ਼ਦ ਐੱਸ.ਪੀ. (ਇਨਵੈਸਟੀਗੇਸ਼ਨ) ਰਵਿੰਦਰਪਾਲ ਸਿੰਘ ਸੰਧੂ ਨੂੰ ਮਿਲਿਆ। ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਸੀਨੀਅਰ ਕਮਿਊਨਿਸਟ ਆਗੂ ਕਾਮਰੇਡ ਜਗਤਾਰ ਸਿੰਘ ਕਰਮਪੁਰਾ ਨੇ ਦੱਸਿਆ ਕਿ ਬਲਵਿੰਦਰ ਸਿੰਘ ਬੱਬੀ ਦੀ ਅਗਵਾਈ ਵਿਚ ਐੱਸ.ਪੀ. (ਇਨਵੈਸਟੀਗੇਸ਼ਨ) ਰਵਿੰਦਰਪਾਲ ਸਿੰਘ ਸੰਧੂ ਨੂੰ ਮਿਲਣ ਗਏ ਇਸ ਵਫ਼ਦ ਵਿਚ ਉਨ੍ਹਾਂ(ਕਾਮਰੇਡ ਕਰਮਪੁਰਾ) ਤੋਂ ਇਲਾਵਾ ਬਾਬਾ ਕਿੰਦਰ, ਮੰਗਲ ਸਿੰਘ ਮੰਗਾ, ਸੁਖਦੇਵ ਸਿੰਘ, ਬੀਬੀ ਸਵਿੰਦਰ ਕੌਰ, ਗੋਲੂ, ਬਲਬੀਰ ਸਿੰਘ ਤੇਲ ਵਾਲਾ, ਵਿਸ਼ਾਲ ਸ਼ਰਮਾ ਚਾਂਦ ਅਤੇ ਸੀਨੀਅਰ ਕਮਿਊਨਿਟ ਆਗੂ ਕਾਮਰੇਡ ਰਤਨ ਸਿੰਘ ਰੰਧਾਵਾ ਸ਼ਾਮਿਲ ਸਨ। ਕਾਮਰੇਡ ਜਗਤਾਰ ਸਿੰਘ ਕਰਮਪੁਰਾ ਦੱਸਿਆ ਕਿ ਵਫ਼ਦ ਨੇ ਕਿਹਾ ਕਿ ਇਨ੍ਹਾਂ ਮੌਤਾਂ ਨੂੰ ਐਕਸੀਡੈਂਟ ਦਾ ਰੂਪ ਦਿੱਤਾ ਜਾ ਰਿਹਾ ਹੈ, ਜਦੋਂ ਕਿ ਦੋਵੇਂ ਨੌਜਵਾਨਾਂ ਨੂੰ ਕਤਲ ਕੀਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਮੁਲਜ਼ਮਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਤੇ ਥਾਣੇ ਦੇ ਸਬੰਧਤ ਅਧਿਕਾਰੀ ਨੂੰ ਸਸਪੈਂਡ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਐੱਸ.ਪੀ. ਸੰਧੂ ਨੇ ਉਨ੍ਹਾਂ ਨੂੰ ਛੇਤੀ ਕਾਰਵਾਈ ਦਾ ਭਰੋਸਾ ਦਿੱਤਾ ਹੈ। ਇਸ ਸਬੰਧੀ ਜ਼ਾਰੀ ਬਿਆਨ ਵਿਚ ਜਾਣਕਾਰੀ ਦਿੰਦੇ ਹੋਏ ਕਾਮਰੇਡ ਜਗਤਾਰ ਸਿੰਘ ਕਰਮਪੁਰਾ ਨੇ ਦੱਸਿਆ ਕਿ ਪਿੰਡ ਗੁਮਟਾਲਾ ਦੇ ਦੋ ਨੌਜਵਾਨਾਂ ਸੁਰਜੀਤ ਸਿੰਘ (17 ਸਾਲ) ਤੇ ਲਵਪ੍ਰੀਤ ਸਿੰਘ ਲੱਭਾ (21 ਸਾਲ) ਦੀ ਕ੍ਰਮਵਾਰ 22 ਅਪ੍ਰੈਲ 2026 ਤੇ 3 ਮਈ 2026 ਨੂੰ ਮੌਤ ਹੋ ਗਈ ਸੀ। ਉਨ੍ਹਾਂ ਦੱਸਿਆ ਕਿ ਦੋਵੇਂ ਨੌਜਵਾਨਾਂ ਦੀ ਮੌਤ ਜਾਨਲੇਵਾ ਹਮਲੇ ਵਿਚ ਹੋਈ ਸੀ। ਇਸ ਸਬੰਧ ਵਿਚ ਥਾਣਾ ਕੰਟੋਨਮੈਂਟ ਵਿਚ ਕੁਝ ਵਿਅਕਤੀਆਂ 'ਤੇ ਮਾਮਲਾ ਵੀ ਦਰਜ਼ ਕੀਤਾ ਗਿਆ ਸੀ। ਪ੍ਰੰਤੂ ਥਾਣੇ ਦੇ ਇਕ ਅਧਿਕਾਰੀ ਵੱਲੋਂ ਇਨ੍ਹਾਂ ਕਤਲਾਂ ਨੂੰ ਐਕਸੀਡੈਂਟ ਦਾ ਰੂਪ ਦਿੱਤਾ ਜਾ ਰਿਹਾ ਸੀ। ਇਸ ਸਬੰਧ ਵਿਚ ਪਿੰਡ ਵਾਸੀਆਂ ਨੇ ਪਹਿਲਾਂ 3 ਮਈ ਨੂੰ ਹਰਤੇਜ ਹਸਪਤਾਲ ਅੱਗੇ ਤੇ ਫਿਰ 28 ਮਈ ਨੂੰ ਭੰਡਾਰੀ ਪੁਲ 'ਤੇ ਜਾਮ ਲਗਾਇਆ ਸੀ। ਪਿੰਡ ਵਾਸੀਆਂ ਦੀ ਮੰਗ ਸੀ ਕਿ ਕਾਤਲਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਤੇ ਸਬੰਧਤ ਪੁਲਸ ਅਧਿਕਾਰੀ ਵਿਰੁੱਧ ਵਿਭਾਗੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਦੋਵੇਂ ਵਾਰ ਉੱਚ ਪੁਲਸ ਅਧਿਕਾਰੀਆਂ ਨੇ ਉਨ੍ਹਾਂ ਨੂੰ ਛੇਤੀ ਕਾਰਵਾਈ ਦਾ ਭਰੋਸਾ ਦਿਵਾਇਆ ਸੀ ਪਰ ਨਾ ਤਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਨਾ ਹੀ ਸਬੰਧਤ ਪੁਲਸ ਅਧਿਕਾਰੀ ਨੂੰ ਸਸਪੈਂਡ ਹੀ ਕੀਤਾ ਗਿਆ।

ਕਾਮਰੇਡ ਜਗਤਾਰ ਸਿੰਘ ਕਰਮਪੁਰਾ ਨੇ ਦੱਸਿਆ ਕਿ ਐੱਸ. ਪੀ. ਇਨਵੈਸਟੀਗੇਸ਼ਨ ਨੂੰ ਮਿਲਣ ਤੋਂ ਬਾਅਦ ਇਹ ਵਿਸ਼ਵਾਸ਼ ਹੋਰ ਪੱਕਾ ਹੋ ਗਿਆ ਹੈ ਕਿ ਦੋਵੇਂ ਨੌਜਵਾਨਾਂ ਨੂੰ ਕਤਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਮੁਲਜ਼ਮਾਂ ਨੂੰ ਛੇਤੀ ਗ੍ਰਿਫ਼ਤਾਰ ਨਾ ਕੀਤਾ ਗਿਆ ਤੇ ਸਬੰਧਤ ਪੁਲਸ ਅਧਿਕਾਰੀ ਵਿਰੁੱਧ ਵਿਭਾਗੀ ਕਾਰਵਾਈ ਨਾ ਕੀਤੀ ਗਈ ਤਾਂ ਪਿੰਡ ਵਾਸੀ ਸੰਘਰਸ਼ ਲਈ ਮਜਬੂਰ ਹੋਣਗੇ।

# ਬਾਬਾ ਗੁਰਭੇਜ ਸਿੰਘ ਖੁਜਾਲਾ ਨੂੰ ਸਦਮਾ, ਮਾਤਾ ਦਾ ਦੇਹਾਂਤ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਬ੍ਰਹਮ ਗਿਆਨੀ ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੇ ਸੇਵਕ ਜਥੇਦਾਰ ਟੇਕ ਸਿੰਘ ਖੁਜਾਲੇ ਵਾਲਿਆਂ ਦੀ ਧਰਮ ਸੁਪਤਨੀ ਅਤੇ ਬਾਬਾ ਗੁਰਭੇਜ ਸਿੰਘ ਖੁਜਾਲਾ ਦੇ ਮਾਤਾ ਸੁਰਜੀਤ ਕੌਰ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।

ਮਾਤਾ ਸੁਰਜੀਤ ਕੌਰ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਮਾਤਾ ਦੇ ਸਪੁੱਤਰ ਮਾਸਟਰ ਬਲਦੇਵ ਸਿੰਘ ਦੇ ਦੱਸਣ ਅਨੁਸਾਰ ਮਾਤਾ ਸੁਰਜੀਤ ਕੌਰ ਦੀ ਉਮਰ ਤਕਰੀਬਨ 107 ਸਾਲ ਸੀ।ਮਾਤਾ ਸਿਮਰਨ ਬੰਦਗੀ ਕਰਨ ਵਾਲੇ ਸਨ।ਇਸ ਮੌਕੇ ਮਾਤਾ ਦੇ ਸਪੁੱਤਰ ਸੰਤ ਬਾਬਾ ਗੁਰਭੇਜ ਸਿੰਘ ਸੰਪਰਦਾਇ ਹਰਖੋਵਾਲ ਖੁਜਾਲਾ ਵਾਲਿਆਂ ਅਤੇ ਸਮੂਹ ਪਰਿਵਾਰ ਦੇ ਨਾਲ ਸੰਤ ਸਮਾਜ ਦੇ ਮਹਾਂਪੁਰਖਾਂ, ਸੰਤਾਂ, ਰਾਜਨੀਤਕ ਅਤੇ ਸਮੂਹ ਇਲਾਕਾ ਨਿਵਾਸੀਆਂ ਨੇ ਦੁੱਖ ਸਾਂਝਾ ਕੀਤਾ।

# ਹਰ ਮਾਵਾਂ-ਧੀਆਂ ਦੇ ਸਨਮਾਨ ਦਾ ਵਾਅਦਾ ਹੁਣ ਬਣਿਆ ਹਕੀਕਤ : ਰਮਨ ਬਹਿਲ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ ਕਿਹਾ ਕਿ ਅੱਜ ਤੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪੰਜਾਬ ਦੀਆਂ ਯੋਗ ਮਹਿਲਾਵਾਂ ਦੇ ਖਾਤਿਆਂ ਵਿੱਚ ਸਨਮਾਨ ਰਾਸ਼ੀ ਜਮ੍ਹਾ ਹੋਣੀ ਸ਼ੁਰੂ ਹੋ ਗਈ ਹੈ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਆਰਥਿਕ ਸਹਾਇਤਾ ਨਹੀਂ, ਸਗੋਂ ਹਰ ਮਾਂ, ਹਰ ਭੈਣ ਅਤੇ ਹਰ ਧੀ ਦੇ ਸਨਮਾਨ ਅਤੇ ਸਸ਼ਕਤੀਕਰਨ ਵੱਲ ਇੱਕ ਮਜ਼ਬੂਤ ਕਦਮ ਹੈ।ਰਮਨ ਬਹਿਲ ਨੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਦੇ ਲਾਈਵ ਪ੍ਰਸਾਰਣ ਮੌਕੇ ਮੰਗਲਮ ਰਿਜ਼ੋਰਟ ਵਿਖੇ ਕਰਵਾਏ ਸਮਾਗਮ ਦੌਰਾਨ ਵੱਡੀ ਗਿਣਤੀ ਵਿਖੇ ਪਹੁੰਚੀਆਂ ਮਾਵਾਂ ਧੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮਾਵਾਂ ਦਾ ਸਤਿਕਾਰ, ਧੀਆਂ ਦਾ ਸਨਮਾਨ, ਖੁਸ਼ਹਾਲ ਪੰਜਾਬ ਦੀ ਪਹਿਚਾਣ ਹੈ।ਰਮਨ ਬਹਿਲ ਨੇ ਕਿਹਾ ਕਿ ਮਾਵਾਂ ਧੀਆਂ ਸਤਕਾਰ ਯੋਜਨਾ-ਪੰਜਾਬ ਦੀ ਹਰ ਮਾਂ, ਧੀਅ ਅਤੇ ਭੈਣ ਦੀ ਇੱਜ਼ਤ, ਸਨਮਾਨ ਅਤੇ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ ਹੈ।ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਹ ਸਾਬਤ ਕੀਤਾ ਹੈ ਕਿ ਮਹਿਲਾਵਾਂ ਸਿਰਫ਼ ਜ਼ਿੰਮੇਵਾਰੀਆਂ ਨਿਭਾਉਣ ਲਈ ਨਹੀਂ, ਸਗੋਂ ਆਤਮਨਿਰਭਰ ਬਣਨ, ਸੁਪਨੇ ਦੇਖਣ ਅਤੇ ਮਾਣ ਨਾਲ ਅੱਗੇ ਵਧਣ ਦਾ ਪੂਰਾ ਹੱਕ ਰੱਖਦੀਆਂ ਹਨ। ਉਨ੍ਹਾਂ ਕਿਹਾ ਜਦੋਂ ਮਾਵਾਂ ਸਸ਼ਕਤ ਹੁੰਦੀਆਂ ਹਨ, ਪਰਿਵਾਰ ਮਜ਼ਬੂਤ ਹੁੰਦੇ ਹਨ।ਜਦੋਂ ਧੀਆਂ ਆਤਮ ਨਿਰਭਰ ਬਣਦੀਆਂ ਹਨ, ਸਮਾਜ ਤਰੱਕੀ ਕਰਦਾ ਹੈ ਅਤੇ ਜਦੋਂ ਮਹਿਲਾਵਾਂ ਨੂੰ ਸਨਮਾਨ ਮਿਲਦਾ ਹੈ, ਤਾਂ ਖੁਸ਼ਹਾਲ ਪੰਜਾਬ ਦੀ ਨੀਂਹ ਰੱਖੀ ਜਾਂਦੀ ਹੈ।ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਲੋਕਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਹੈ ਅਤੇ ਜੋ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਸਮੇਂ ਤੋਂ ਪਹਿਲਾਂ ਪੂਰਾ ਕਰ ਵਿਖਾਇਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਸਰਪੰਚਾਂ ਨੂੰ ਅਜ਼ਾਦੀ ਦਿਹਾੜੇ ਤੋਂ ਮਾਣ ਭੱਤਾ ਦੇਣ ਦਾ ਵਾਅਦਾ ਕੀਤਾ ਹੈ, ਜਿਸ ਨੂੰ ਪੂਰਾ ਕਰਕੇ ਪਿੰਡ ਪੱਧਰ ਤੇ ਲੋਕਤੰਤਰ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ।

# ਨਸ਼ਾ ਕਰਦਾ ਨੌਜਵਾਨ ਕਾਬੂ

ਫਿੱਲਵਾ (ਪਲਵਿੰਦਰ ਸਿੰਘ ਜੈ ਰਾਮਪੁਰ)-ਢਿੱਲਵਾਂ ਪੁਲਸ ਨੇ ਨਸ਼ਾ ਕਰਦੇ ਨੌਜਵਾਨ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਹਰਜਿੰਦਰ ਸਿੰਘ, ਸਬ ਇੰਸਪੈਕਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਦੌਰਾਨੇ ਗਸ਼ਤ ਦੇ ਸਬੰਧ ਵਿੱਚ ਭੰਡਾਲ ਮੌਜੂਦ ਸੀ ਤਾਂ ਸ਼ਾਮ ਨੂੰ ਇੱਕ ਨੌਜਵਾਨ ਭੰਗ ਬੂਟੀ ਵਿੱਚ ਬੈਠ ਕੇ ਸਿਲਵਰ ਪੇਪਰ ਦੇ ਹੇਠਾਂ ਲਾਈਟਰ ਬਾਲ ਕੇ ਨਸ਼ਾ ਕਰ ਰਿਹਾ ਸੀ ਜਿਸਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਜਿਸਨੇ ਆਪਣਾ ਨਾਂਅ ਰੋਮੋਲ ਦੱਸਿਆ ਜਿਸਨੂੰ ਕਾਬੂ ਕਰਕੇ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ।

# 'ਏਕ ਸ਼ਾਮ ਸ਼ਿਵ ਦੇ ਨਾਮ' ਸਮਾਗਮ 'ਚ ਹਲਕਾ ਇੰਚਾਰਜ ਪੰਨੂ ਨੇ ਕੀਤੀ ਸ਼ਿਰਕਤ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਬੀਤੇ ਦਿਨੀਂ ਏਕ ਸ਼ਾਮ ਸ਼ਿਵ ਦੇ ਨਾਮ ਸਮਾਗਮ ਦੌਰਾਨ ਬਟਾਲਾ ਵਿਖੇ ਫਤਿਹਗੜ੍ਹ ਚੂੜੀਆਂ ਦੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਸ਼ਿਰਕਤ ਕੀਤੀ।ਇਸ ਮੌਕੇ ਭਗਤੀ, ਆਸਥਾ ਅਤੇ ਸੰਗਤਾਂ ਦੇ ਬੇਮਿਸਾਲ ਜੋਸ਼ ਦਾ ਅਦਭੁੱਤ ਸੰਗਮ ਵੇਖਣ ਨੂੰ ਮਿਲਿਆ।ਇਸ ਪਾਵਨ ਮੌਕੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਪੰਜਾਬ ਦੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਹੋਰ ਮਜ਼ਬੂਤ ਕਰਨ ਲਈ ਮਹੱਤਵਪੂਰਨ ਐਲਾਨ ਕੀਤੇ ਗਏ।ਇਸ ਮੌਕੇ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਬੀਰ ਸਿੰਘ, ਜਗਜੀਤ ਸਿੰਘ ਗੁਰਾਇਆ, ਸਰਪੰਚ ਸੁਰਜਨ ਸਿੰਘ, ਰਜਿੰਦਰ ਸਿੰਘ ਮੰਡ, ਹਰਪਾਲ ਸਿੰਘ ਬੁੱਲੋਵਾਲ, ਬਲਦੇਵ ਕੋਟ ਮਜਲਸ ਆਦਿ ਹਾਜ਼ਰ ਰਹੇ।

# 10ਵੇਂ ਸੰਯੁਕਤ ਸਾਲਾਨਾ ਸਿਖਲਾਈ ਕੈਂਪ ਦਾ ਆਗਾਜ਼; 450 ਐੱਨ ਸੀ ਸੀ ਕੈਡੇਟ ਲੈਣਗੇ ਹਿੱਸਾ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਨੇਵਲ ਯੂਨਿਟ ਐੱਨਸੀਸੀ, ਅੰਮ੍ਰਿਤਸਰ ਵੱਲੋਂ ਆਯੋਜਿਤ 10 ਦਿਨਾ ਸੰਯੁਕਤ ਸਾਲਾਨਾ ਸਿਖਲਾਈ ਕੈਂਪ ਦਾ ਸ਼ਾਨਦਾਰ ਉਦਘਾਟਨ ਸਮਾਰੋਹ ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਵਿੱਚ ਆਯੋਜਿਤ ਕੀਤਾ ਗਿਆ। ਇਸ ਰਿਹਾਇਸ਼ੀ ਕੈਂਪ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ 450 ਐੱਨਸੀਸੀ ਨੇਵਲ ਕੈਡੇਟ ਭਾਗ ਲੈ ਰਹੇ ਹਨ। ਇਹ ਕੈਂਪ ਕੈਡੇਟਾਂ ਨੂੰ ਲੀਡਰਸ਼ਿਪ, ਅਨੁਸ਼ਾਸਨ, ਟੀਮ ਭਾਵਨਾ ਅਤੇ ਨੇਵਲ ਹੁਨਰ ਵਿਕਸਿਤ ਕਰਨ ਦਾ ਸ਼ਾਨਦਾਰ ਮੌਕਾ ਪ੍ਰਦਾਨ ਕਰੇਗਾ।

ਉਦਘਾਟਨ ਸਮਾਰੋਹ ਦੀ ਸ਼ੁਰੂਆਤ ਰਵਾਇਤੀ ਤੌਰ ਤੇ ਦੀਪ ਜਗਾ ਕੇ ਕੀਤੀ ਗਈ।ਇਸ ਤੋਂ ਬਾਅਦ ਐੱਨਸੀਸੀ ਕੈਡੇਟਾਂ ਨੇ ਹਾਜ਼ਰ ਮਹਿਮਾਨਾਂ ਨੂੰ ਸ਼ਾਨਦਾਰ ਗਾਰਡ ਆਫ ਆਨਰ ਪੇਸ਼ ਕੀਤਾ।ਸਮਾਰੋਹ ਵਿੱਚ ਹਿੰਦੂ ਕੋਆਪਰੇਟਿਵ ਬੈਂਕ ਦੇ ਚੇਅਰਮੈਨ ਸਤੀਸ਼ ਮਹਿੰਦ੍ਰੂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਵਪਾਰ ਮੰਡਲ, ਪਠਾਨਕੋਟ ਦੇ ਪ੍ਰਧਾਨ ਦੀਪਿੰਦਰ ਅਰੋੜਾ ਵਿਸ਼ੇਸ਼ ਮਹਿਮਾਨ ਵਜੋਂ ਮੌਜੂਦ ਰਹੇ। ਦੋਵੇਂ ਮਹਿਮਾਨਾਂ ਨੇ ਕੈਡੇਟਾਂ ਦੇ ਅਨੁਸ਼ਾਸਨ, ਸਮਰਪਣ ਅਤੇ ਸ਼ਾਨਦਾਰ ਪ੍ਰਦਰਸ਼ਨ ਦੀ ਸਰਾਹਨਾ ਕਰਦਿਆਂ ਉਨ੍ਹਾਂ ਨੂੰ ਕੈਂਪ ਦੌਰਾਨ ਮਿਲਣ ਵਾਲੀ ਸਿਖਲਾਈ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ।ਆਪਣੇ ਸੰਬੋਧਨ ਦੌਰਾਨ ਮੁੱਖ ਮਹਿਮਾਨ ਨੇ ਕਿਹਾ ਕਿ ਰਾਸ਼ਟਰੀ ਕੈਡੇਟ ਕੋਰ (ਐਨਸੀਸੀ) ਨੌਜਵਾਨਾਂ ਵਿੱਚ ਅਨੁਸ਼ਾਸਨ, ਜ਼ਿੰਮੇਵਾਰੀ, ਲੀਡਰਸ਼ਿਪ ਅਤੇ ਦੇਸ਼ਭਗਤੀ ਦੀ ਭਾਵਨਾ ਵਿਕਸਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।ਉਨ੍ਹਾਂ ਨੇ ਕੈਡੇਟਾਂ ਨੂੰ ਇਮਾਨਦਾਰੀ, ਹਿੰਮਤ ਅਤੇ ਨਿਸ਼ਕਾਮ ਸੇਵਾ ਦੇ ਮੁੱਲਾਂ ਨੂੰ ਅਪਣਾਉਂਦਿਆਂ ਸਮਾਜ ਅਤੇ ਦੇਸ਼ ਦੇ ਵਿਕਾਸ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ।ਸਿਖਲਾਈ ਕੈਂਪ ਦੌਰਾਨ ਕੈਡੇਟਾਂ ਨੂੰ ਡ੍ਰਿਲ, ਹਥਿਆਰ ਸਿਖਲਾਈ, ਨਕਸ਼ਾ ਅਧਿਐਨ (ਮੈਪ ਰੀਡਿੰਗ), ਫੀਲਡ ਕਰਾਫਟ, ਸੀਮੈਨਸ਼ਿਪ, ਬੋਟ ਪੁਲਿੰਗ, ਆਫ਼ਤ ਪ੍ਰਬੰਧਨ, ਲੀਡਰਸ਼ਿਪ ਵਿਕਾਸ, ਸ਼ਖ਼ਸੀਅਤ ਵਿਕਾਸ, ਸਰੀਰਕ ਤੰਦਰੁਸਤੀ ਅਤੇ ਸਮਾਜਿਕ ਜਾਗਰੂਕਤਾ ਵਰਗੇ ਵੱਖ-ਵੱਖ ਵਿਸ਼ਿਆਂ ਤੇ ਵਿਸਤ੍ਰਿਤ ਸਿਖਲਾਈ ਦਿੱਤੀ ਜਾਵੇਗੀ।

# 'ਆਪ' ਦੀ ਸਰਕਾਰ ਬਣਾਉਣ 'ਚ ਯੂਥ ਵਿੰਗ ਅਹਿਮ ਰੋਲ ਨਿਭਾਏਗਾ: ਸਰਬਪ੍ਰੀਤ ਗਿੱਲ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ-ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਤੇ ਸਪੁੱਤਰ ਸਰਬਪ੍ਰੀਤ ਸਿੰਘ ਦੇ ਗ੍ਰਹਿ ਵਿਖੇ ਬਲਾਕ ਪ੍ਰਧਾਨ ਜਗਦੀਸ਼ ਸਿੰਘ ਨੇ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਯੂਥ ਆਗੂਆਂ ਨੂੰ ਸੰਬੋਧਨ ਕਰਦਿਆਂ ਸਰਬਪ੍ਰੀਤ ਸਿੰਘ ਗਿੱਲ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਯੂਥ ਵਿੰਗ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਅਹਿਮ ਰੋਲ ਨਿਭਾਏਗਾ। ਉਨ੍ਹਾਂ ਕਿਹਾ ਕਿ ਆਉਣ ਵਾਲੀ ਸਰਕਾਰ ਵਿੱਚ ਯੂਥ ਵਿੰਗ ਨੂੰ ਵੱਧ ਤੋਂ ਵੱਧ ਲੋਕ ਭਲਾਈ ਦੀਆਂ ਜ਼ਿੰਮੇਵਾਰੀਆਂ ਦੇ ਕੇ ਪੰਜਾਬ ਦਾ ਸਰਬਪੱਖੀ ਵਿਕਾਸ ਕਰਾਇਆ ਜਾਵੇਗਾ। ਇਸ ਮੌਕੇ ਗੁਰਜੰਟ ਸਿੰਘ ਕੱਥੂਨੰਗਲ, ਸਰਪੰਚ ਹਰਪਿੰਦਰ ਸਿੰਘ ਡੰਡੇ ਅਤੇ ਹਰਸ਼ ਅਬਦਾਲ ਹਾਜ਼ਰ ਸਨ।

# ਸਰਕਾਰੀ ਆਈ ਟੀ ਆਈ ਕਾਲਜ ਵਿਖੇ ਵਿਦਿਆਰਥੀਆਂ ਨੂੰ ਟੂਲ ਕਿੱਟਾਂ ਵੰਡੀਆਂ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਸਰਕਾਰੀ ਆਈਟੀਆਈ ਕਾਲਜ ਗੁਰਦਾਸਪੁਰ ਵਿਖੇ ਟੈਕਨੀਕਲ ਟਰੇਡ ਵਿੱਚੋਂ ਪਾਸ ਹੋਣ ਵਾਲੇ ਜਿਲ੍ਹੇ ਦੀਆਂ ਵੱਖ-ਵੱਖ ਆਈਟੀਆਈਜ਼ ਤੋਂ ਆਏ ਵਿਦਿਆਰਥੀਆਂ ਨੂੰ ਰੈਫਰੀਜੇਸ਼ਨ ਟਰੇਡ ਦੀਆਂ 20 ਕਿੱਟਾਂ ਅਤੇ 19 ਕਿੱਟਾਂ ਪਲੰਬਰ ਟਰੇਡ ਦੀਆਂ ਟੂਲ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਰਮਨ ਬਹਿਲ ਨੇ ਗੱਲ ਕਰਦਿਆ ਕਿਹਾ ਕਿ ਪੰਜਾਬ ਸਰਕਾਰ ਦਾ ਬਹੁਤ ਸ਼ਾਨਦਾਰ ਉਪਰਾਲਾ ਹੈ ਕਿ ਟੈਕਨੀਕਲ ਟਰੇਡ ਵਿੱਚੋਂ ਪਾਸ ਹੋਣ ਵਾਲੇ ਵਿਦਿਆਰਥੀਆਂ ਨੂੰ ਕਿੱਟਾ ਵੰਡੀਆਂ ਗਈ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹੈ ਕਿ ਬੱਚਿਆ ਨੂੰ ਆਤਮ-ਨਿਰਭਰ ਬਣਾਇਆ ਜਾਵੇ ਅਤੇ ਵਿਦਿਆਰਥੀਆ ਨੂੰ ਇਹ ਕਿੱਟਾਂ ਬਹੁਤ ਸਹਾਈ ਹੋਣਗੀਆਂ ਅਤੇ ਇਸ ਨੂੰ ਅਮਲੀ ਜਾਮਾ ਦੇ ਕੇ ਆਪਣੀ ਰੋਜ਼ੀ ਰੋਟੀ ਕਮਾ ਸਕਦੇ ਹਨ।ਉਨ੍ਹਾਂ ਕਿਹਾ ਕਿ ਇਹ ਕਿੱਟਾਂ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਵੱਲੋਂ ਦਿੱਤੀਆਂ ਗਈ ਹਨ ਜੋ ਵਿਦਿਆਰਥੀਆਂ ਨੂੰ ਸਵੈ-ਰੋਜ਼ਗਾਰ ਕਰਨ ਲਈ ਸਹਾਈ ਹੋਣਗੀਆਂ।ਇਸ ਮੌਕੇ ਤਹਿਸੀਲ ਭਲਾਈ ਅਫਸਰ ਮੁਕੁਲ ਸ਼ਰਮਾ, ਸੰਦੀਪ ਸਿੰਘ ਪ੍ਰਿੰਸੀਪਲ ਆਈ.ਟੀ.ਆਈ. ਗੁਰਦਾਸਪੁਰ ਅਤੇ ਜ਼ਿਲ੍ਹੇ ਦੀਆਂ ਵੱਖ-ਵੱਖ ਆਈਟੀਆਈਜ਼ ਤੋਂ ਆਏ ਵਿਦਿਆਰਥੀ ਮੌਜੂਦ ਸਨ।

# ਮਾਨ ਸਰਕਾਰ ਨੇ ਪੂਰੀ ਕੀਤੀ ਆਪਣੀ ਆਖਰੀ ਗਰੰਟੀ : ਟੌਂਗ



ਬਿਆਸ (ਪਰਮਜੀਤ ਸਿੰਘ ਰੱਖੜਾ) ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਸਿਰਫ ਪੂਰੇ ਹੀ ਨਹੀਂ ਕੀਤੇ, ਸਗੋਂ ਉਨ੍ਹਾਂ ਤੋਂ ਵੀ ਵੱਧ ਕਰਕੇ ਇਤਿਹਾਸਕ ਕੰਮ ਕਰਕੇ ਲੋਕਾਂ ਦੇ ਦਿਲ ਜਿੱਤ ਲਏ ਹਨ। ਉਨ੍ਹਾ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਰਾਹੀਂ ਸਰਕਾਰ ਨੇ ਆਪਣੀ ਆਖਰੀ ਗਰੰਟੀ ਵੀ ਪੂਰੀ ਕਰ ਦਿੱਤੀ ਹੈ, ਜਿਸ ਨਾਲ ਮਹਿਲਾਵਾਂ ਨੂੰ ਵੱਡਾ ਆਰਥਿਕ ਸਹਾਰਾ ਮਿਲੇਗਾ ਅਤੇ ਸਮਾਜ ਵਿੱਚ ਉਨ੍ਹਾਂ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ।ਟੌਂਗ ਦੀ ਅਗਵਾਈ ਹੇਠ ਬੁੱਧਵਾਰ ਰਈਆ ਵਿਖੇ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਦੇ ਲਾਈਵ ਪ੍ਰਸਾਰਣ ਦੌਰਾਨ ਵੱਡੀ ਗਿਣਤੀ ਹਲਕੇ ਦੀਆਂ ਮਹਿਲਾਵਾਂ ਪਹੁੰਚੀਆਂ ਹੋਈਆਂ ਸਨ, ਜਿਨ੍ਹਾਂ ਵਿੱਚ ਇਸ ਯੋਜਨਾ ਨੂੰ ਲੈ ਕੇ ਭਾਰੀ ਉਤਸ਼ਾਹ ਸੀ। ਇਸ ਮੌਕੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੀਆਂ ਮਹਿਲਾਵਾਂ ਨੇ ਮਾਵਾਂ-ਧੀਆਂ ਸਨਮਾਨ ਯੋਜਨਾ ਸ਼ੁਰੂ ਹੋਣ 'ਤੇ ਆਪਣੀ ਖੁਸ਼ੀ ਦਾ ਇਜ਼ਹਾਰ ਕਰਦਿਆਂ ਮਾਨ ਸਰਕਾਰ ਦਾ ਧੰਨਵਾਦ ਕੀਤਾ।

# ਰੋਟਰੀ ਕਲੱਬ ਕੈਂਟ ਨੇ ਰਾਸ਼ਨ ਸਮੱਗਰੀ ਵੰਡ ਕੇ ਮਨਾਇਆ ਅੰਨਪੂਰਨਾ ਦਿਵਸ



ਅੰਮ੍ਰਿਤਸਰ (ਅਰੋੜਾ)-ਰੋਟਰੀ ਕਲੱਬ ਕੈਂਟ ਵੱਲੋਂ ਪੂਰੇ ਭਾਰਤ ਵਿੱਚ ਮਨਾਇਆ ਜਾਣ ਵਾਲਾ ਧਾਰਮਿਕ ਪੁਰਬ ਕਲੱਬ ਦੇ ਪ੍ਰਧਾਨ ਅੰਕੁਰ ਗੁਪਤਾ, ਸਕੱਤਰ ਮਮਤਾ ਪੁਰੀ ਦੀ ਪ੍ਰਧਾਨਗੀ ਹੇਠਾਂ ਗੁਰੂ ਨਾਨਕ ਦੇਵ ਮੈਡੀਕਲ ਕਾਲਜ ਅਤੇ ਹਸਪਤਾਲ ਦੀ ਭਗਤ ਪੂਰਨ ਸਿੰਘ ਵਾਰਡ ਅਤੇ ਹੋਰ ਵਾਰਡਾਂ ਦੇ ਮਰੀਜ਼ਾਂ ਨੂੰ ਰਾਸ਼ਨ ਅਤੇ ਖਾਣ ਪੀਣ ਦੀ ਸਮੱਗਰੀ ਵੰਡ ਕੇ ਮਨਾਇਆ ਗਿਆ।

ਇਸ ਮੌਕੇ ਮੈਡੀਕਲ ਸੁਪਰਡੈਂਟ ਡਾ. ਕਰਮਜੀਤ ਸਿੰਘ ਨੇ ਰੋਟਰੀ ਮੈਂਬਰਾਂ ਦਾ ਧੰਨਵਾਦ ਕੀਤਾ।ਰੋਟਰੀ ਦੇ ਵੱਲੋਂ ਮਰੀਜ਼ਾਂ ਨੂੰ ਫਲ, ਮੀਠੀ ਲੱਸੀ, ਆਟਾ, ਚੀਨੀ ਅਤੇ ਹੋਰ ਖਾਣ ਪੀਣ ਦੀ ਸਮੱਗਰੀ ਵੰਡੀ ਗਈ। ਰੋਟਰੀ ਮੈਂਬਰਾਂ ਨੇ ਮਰੀਜ਼ਾਂ ਦੇ ਨਾਲ ਸਮਾਂ ਬਿਤਾ ਕੇ ਉਨ੍ਹਾਂ ਦਾ ਮਨੋਬਲ ਵਧਾਇਆ ਅਤੇ ਉਨ੍ਹਾਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ।ਰੋਟਰੀ ਮੈਂਬਰਾਂ ਨੇ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਜਨ ਕਲਿਆਨ ਦੇ ਕੰਮਾਂ ਵਿੱਚ ਆਪਣਾ ਸੰਭਵ ਸਹਿਯੋਗ ਦਿੰਦੇ ਰਹਿਣਗੇ।ਇਸ ਮੌਕੇ ਰੋਟਰੀ ਦੇ ਸਾਬਕਾ ਪ੍ਰਧਾਨ ਚਮੜੀ ਰੋਗਾਂ ਦੇ ਮਾਹਿਰ ਗੋਲਡ ਮੈਡਲਿਸਟ ਡਾ. ਅਮਰਜੀਤ ਸਿੰਘ ਸਚਦੇਵਾ, ਉਪਕਾਰ ਸਿੰਘ ਛਾਬੜਾ, ਰਾਧਿਕਾ ਮਹਾਜਨ, ਪ੍ਰਿੰਸੀਪਲ ਰਿਦੁਮਨ ਮਲਹੋਤਰਾ, ਸੰਜੀਵ ਗੁਪਤਾ, ਪ੍ਰਭਜੋਤ ਕੌਰ ਸੋਖੀ, ਗੁਰਚਰਨ ਸਿੰਘ ਅਰੋੜਾ, ਟੀ. ਐੱਸ. ਸੋਖੀ, ਲੱਕੀ, ਸਾਗਰ, ਪ੍ਰਿਅੰਕਾ, ਰੋਹਿਤ ਅਰੋੜਾ, ਐੱਚ. ਐੱਸ. ਤੁਲੀ, ਕੁਲਵਿੰਦਰ ਸਿੰਘ ਅਰੋੜਾ, ਸਮੇਤ ਰੋਟਰੀ ਕਲੱਬ ਕੈਂਟ ਦੇ ਸਮੂਹ ਮੈਂਬਰ ਮੌਜੂਦ ਸਨ।

# ਰੋਟਰੀ ਕਲੱਬ ਨਾਰਥ ਵੱਲੋਂ ਨਵੇਂ ਸਾਲ ਦਾ ਸ਼ੁਭ ਆਰੰਭ



ਅੰਮ੍ਰਿਤਸਰ (ਅਰੋੜਾ)-ਰੋਟਰੀ ਇੰਟਰਨੈਸ਼ਨ ਵੱਲੋਂ ਨਿਰਧਾਰਿਤ ਨਿਯਮਾਂ ਦੇ ਅਨੁਸਾਰ ਹਰੇਕ ਰੋਟਰੀ ਕਲੱਬ ਦਾ ਨਵਾਂ ਸਾਲ 1 ਜੁਲਾਈ ਤੋਂ ਆਰੰਭ ਹੁੰਦਾ ਹੈ।ਇਸ ਸਬੰਧ ਵਿੱਚ ਰੋਟਰੀ ਕਲੱਬ ਨਾਰਥ ਦੇ ਨਵੇਂ ਚੁਣੇ ਪ੍ਰਧਾਨ ਇੰਜੀਨੀਅਰ ਪਰਮੀਤ ਸਿੰਘ ਖੇੜਾ, ਸਕੱਤਰ ਮਨਿੰਦਰ ਕੌਰ ਅਰੋੜਾ ਅਤੇ ਉਨ੍ਹਾਂ ਦੀ ਟੀਮ ਨੇ ਕਬੀਰ ਪਾਰਕ ਗੁਰਦਵਾਰਾ ਸਾਹਿਬ ਵਿਖੇ ਕਲੱਬ ਦੀ ਪ੍ਰਗਤੀ ਅਤੇ ਜ਼ਿਆਦਾ ਤੋਂ ਜ਼ਿਆਦਾ ਦੇਸ਼ ਅਤੇ ਸਮਾਜ ਭਲਾਈ ਕੰਮਾ ਲਈ ਪ੍ਰਣ ਲੈਂਦੇ ਹੋਏ ਉਸ ਪਰਮ ਪਿਤਾ ਪਰਮਾਤਮਾ ਵਾਹਿਗੁਰੂ ਦਾ ਆਸ਼ੀਰਵਾਦ ਲੈ ਕੇ ਕੀਤਾ।

ਸਾਰੇ ਮੈਂਬਰ ਗੁਰਦਵਾਰਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਗੁਰੂ ਮਹਾਰਾਜ ਦੇ ਸਾਹਮਣੇ ਨਤਮਸਤਕ ਹੋਏ।ਇਸ ਮੌਕੇ ਰੋਟਰੀ ਦੇ ਆਉਣ ਵਾਲੇ ਗਵਰਨਰ ਐੱਚ. ਐੱਸ. ਜੋਗੀ, ਕਲੱਬ ਦੇ ਜੋਨਲ ਚੇਅਰਮੈਨ ਅਤੇ ਜ਼ਿਲਾ ਸਕੱਤਰ ਵਿਜੇ ਭਸੀਨ ਰੋਟਰੀ ਨਾਰਥ ਦੇ ਸਾਬਕਾ ਸਹਾਇਕ ਗਵਰਨਰ ਚੀਫ ਅਡੀਟਰ ਰਸਜੀਤ ਸਿੰਘ ਖੇੜਾ, ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਸੰਜੇ ਮਲਿਕ, ਕਲੱਬ ਦੇ ਪੈਟਰਨ ਡਾ. ਕੁਲਦੀਪ ਸਿੰਘ ਅਰੋੜਾ, ਸਾਬਕਾ ਪ੍ਰਧਾਨ ਯਸ਼ਪਾਲ ਅਰੋੜਾ, ਕਲੱਬ ਦੇ ਐੱਮ. ਓ. ਸੀ. ਸਾਬਕਾ ਸਹਾਇਕ ਗਵਰਨਰ ਆਰ. ਐੱਸ. ਚੱਠਾ, ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਅਸ਼ੋਕ ਗ੍ਰੋਵਰ, ਗੁਰਮੀਤ ਸਿੰਘ, ਸਾਬਕਾ ਪ੍ਰਧਾਨ ਰਮੇਸ਼ ਕੱਕੜ, ਵਿੱਤ ਸਕੱਤਰ ਹਰਮੀਤ ਹਰਸਿੰਘ, ਗੁਰਿੰਦਰ ਸਿੰਘ, ਦਲਜੀਤ ਕੌਰ, ਹਰਜਿੰਦਰ ਕੌਰ ਚੱਠਾ, ਸਤਪਾਲ ਕੌਰ, ਅਮਨਦੀਪ ਕੌਰ, ਰਾਜੇਸ਼ ਪ੍ਰਭਾਕਰ, ਸਹਾਇਕ ਗਵਰਨਰ ਕੇ. ਐੱਸ. ਚੱਠਾ, ਹਰਭਜਨ ਸਿੰਘ, ਕਵਲਜੀਤ ਕੌਰ ਸਮੇਤ ਰੋਟਰੀ ਕਲੱਬ ਨਾਰਥ ਦੇ ਸਮੂਹ ਮੈਂਬਰ ਮੌਜੂਦ ਸਨ।ਗੁਰਦਵਾਰਾ ਸਾਹਿਬ ਦੇ ਗ੍ਰੰਥੀਆਂ ਵੱਲੋਂ ਰੋਟਰੀ ਦੇ ਪ੍ਰਧਾਨ ਅਤੇ ਸਕੱਤਰ ਨੂੰ ਆਸ਼ੀਰਵਾਦ ਦੇ ਕੇ ਸਨਮਾਨਿਤ ਕੀਤਾ ਗਿਆ।

# ਹਾਵਰਡ ਲੇਨ ਸੀਨੀਅਰ ਸੈਕੰਡਰੀ ਸਕੂਲ ਹੋਇਆ ਏਅਰ ਕੰਡੀਸ਼ਨਡ

ਝਬਾਲ (ਹਰਜਿੰਦਰ ਸਿੰਘ ਸੋਨੀ)-ਹਾਵਰਡ ਲੇਨ ਸੀਨੀਅਰ ਸਕੰਡਰੀ ਸਕੂਲ ਨੇ ਆਪਣੇ ਵਿਦਿਆਰਥੀਆਂ ਨੂੰ ਆਧੁਨਿਕ, ਆਰਾਮਦਾਇਕ ਅਤੇ ਸਿੱਖਿਆ ਲਈ ਅਨੁਕੂਲ ਮਾਹੌਲ ਪ੍ਰਦਾਨ ਕਰਨ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਆਪਣੇ ਪੂਰੇ ਕੈਂਪਸ ਨੂੰ ਏਅਰ ਕੰਡੀਸ਼ਨਡ ਬਣਾ ਦਿੱਤਾ ਹੈ।ਸਕੂਲ ਦੇ ਸਾਰੇ ਕਲਾਸਰੂਮਾਂ ਅਤੇ ਹੋਰ ਮਹੱਤਵਪੂਰਨ ਸਿੱਖਣ ਵਾਲੇ ਸਥਾਨਾਂ ਵਿੱਚ ਏਅਰ ਕੰਡੀਸ਼ਨਰ ਲਗਾਏ ਗਏ ਹਨ ਜਿਸ ਨਾਲ ਵਿਦਿਆਰਥੀਆਂ ਨੂੰ ਹਰ ਮੌਸਮ ਵਿੱਚ ਸੁਖਾਵਾਂ ਅਤੇ ਅਨੁਕੂਲ ਵਾਤਾਵਰਣ ਮਿਲੇਗਾ।

ਇਹ ਸੁਵਿਧਾ ਵਿਦਿਆਰਥੀਆਂ ਦੀ ਇਕਾਗਰਤਾ, ਸਿਹਤ ਅਤੇ ਅਕਾਦਮਿਕ ਪ੍ਰਦਰਸ਼ਨ ਨੂੰ ਹੋਰ ਬਿਹਤਰ ਬਣਾਉਣ ਵਿੱਚ ਸਹਾਇਕ ਸਾਬਤ ਹੋਵੇਗੀ।ਇਹ ਉਪਲਬਧੀ ਗੁਣਵੱਤਾ ਭਰਪੂਰ ਬੁਨਿਆਦੀ ਢਾਂਚਾ ਵਿਕਸਿਤ ਕਰਨ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਪ੍ਰਤੀ ਸਕੂਲ ਦੀ ਦ੍ਰਿੜ ਵਚਨਬੱਧਤਾ ਦਾ ਪ੍ਰਤੀਕ ਹੈ।ਹਾਵਰਡ ਲੇਨ ਸੀਨੀਅਰ ਸਕੂਲ ਮਾਪਿਆਂ, ਵਿਦਿਆਰਥੀਆਂ, ਸਟਾਫ਼ ਮੈਂਬਰਾਂ ਅਤੇ ਸਮੂਹ ਸ਼ੁਭਚਿੰਤਕਾਂ ਦਾ ਉਨ੍ਹਾਂ ਦੇ ਨਿਰੰਤਰ ਸਹਿਯੋਗ ਅਤੇ ਵਿਸ਼ਵਾਸ ਲਈ ਦਿਲੋਂ ਧੰਨਵਾਦ ਪ੍ਰਗਟ ਕਰਦਾ ਹੈ।ਸਕੂਲ ਭਵਿੱਖ ਦੀਆਂ ਲੋੜਾਂ ਅਨੁਸਾਰ ਵਿਸ਼ਵ-ਪੱਧਰੀ ਸਿੱਖਿਆ ਅਤੇ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਲਈ ਹਮੇਸ਼ਾ ਵਚਨਬੱਧ ਰਹੇਗਾ।

# ਬੀ ਐੱਸ ਸੀ ਐਗਰੀਕਲਚਰ ਦੇ ਦਾਖਲੇ ਸਬੰਧੀ ਹੋਈ ਕਾਊਂਸਲਿੰਗ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖ਼ਾਲਸਾ ਕਾਲਜ ਵਿਖੇ ਬੀ. ਐੱਸਸੀ. ਐਗਰੀਕਲਚਰ ਸਮੈਸਟਰ ਪਹਿਲਾ ਦੇ ਦਾਖ਼ਲੇ ਸਬੰਧੀ ਹੋਏ ਟੈਸਟ ਦਾ ਨਤੀਜਾ 27 ਜੂਨ ਨੂੰ ਐਲਾਨਣ ਉਪਰੰਤ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸ: ਸੁੰਦਰ ਸਿੰਘ ਮਜੀਠੀਆ ਹਾਲ ਵਿਖੇ 240 ਸੀਟਾਂ 'ਤੇ ਦਾਖਲੇ ਲਈ ਕਾਊਂਸਲਿੰਗ ਦੀ ਪ੍ਰਕਿਰਿਆ ਸੰਪੰਨ ਹੋ ਗਈ।

ਇਸ ਦੌਰਾਨ ਮੈਰਿਟ 'ਚ ਆਏ ਪਹਿਲੇ 300 ਉਮੀਦਵਾਰਾਂ ਨੂੰ ਬੁਲਾਇਆ ਗਿਆ ਸੀ। ਇਸ ਸਬੰਧੀ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਗਰੀਕਲਚਰ ਦੇ ਮੁਖੀ ਅਤੇ ਡੀਨ ਡਾ. ਗੁਰਬਖ਼ਸ਼ ਸਿੰਘ ਦੀ ਅਗਵਾਈ ਹੇਠ ਗਠਿਤ ਕਾਊਂਸਲਿੰਗ ਟੀਮ ਨੇ ਚੁਣੇ ਜਾਣ ਵਾਲੇ ਵਿਦਿਆਰਥੀਆਂ ਦੇ ਦਸਤਾਵੇਜ਼ ਆਦਿ ਦੀ ਜਾਂਚ ਕਰਨ ਉਪਰੰਤ ਯੋਗ ਪਾਏ ਗਏ ਉਮੀਦਵਾਰਾਂ ਦੇ ਦਾਖਲੇ ਕੀਤੇ ਗਏ। ਉਨ੍ਹਾਂ ਨੇ ਆਏ ਸਮੂਹ ਵਿਦਿਆਰਥੀਆਂ ਨੂੰ ਸ਼ੁਭ ਕਾਮਨਾਵਾਂ ਦਿੰਦਿਆਂ ਕਿਹਾ ਕਿ ਜੇਕਰ ਸੀਟਾਂ ਖਾਲੀ ਰਹਿੰਦੀਆਂ ਹਨ ਤਾਂ ਦਾਖਲੇ ਲਈ ਅਗਲੀ ਕਾਊਂਸਲਿੰਗ ਲਈ ਮਿਤੀ ਅਤੇ ਸਮਾਂ ਨਿਸ਼ਚਿਤ ਕਰਕੇ ਉਸਦੀ ਸੂਚਨਾ ਕਾਲਜ ਵੈਬਸਾਈਟ 'ਤੇ ਅਪਲੋਡ ਕਰ ਦਿੱਤੀ ਜਾਵੇਗੀ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਇਸ ਤੋਂ ਇਲਾਵਾ ਬਾਕੀ ਵਿਸ਼ਿਆ 'ਚ ਦਾਖਲੇ ਲਈ ਵਿਦਿਆਰਥੀਆਂ ਵੱਲੋਂ ਭਰਪੂਰ ਦਿਲਚਸਪੀ ਦਿਖਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਐੱਮ. ਐੱਸਸੀ. ਐਗਰੀਕਲਚਰ ਦੇ ਦਾਖਲਾ ਟੈਸਟ ਦੀ ਮਿਤੀ ਦਾ ਵੀ ਜਲਦੀ ਐਲਾਨ ਕਰ ਦਿੱਤਾ ਜਾਵੇਗਾ।

# ਰਾਜੀਵ ਕੁਮਾਰ ਐੱਚ ਡੀ ਐੱਫ ਸੀ ਬੈਂਕ ਦੇ ਚੇਅਰਮੈਨ ਨਿਯੁਕਤ

ਜਲੰਧਰ : ਐੱਚ ਡੀ ਐੱਫ ਸੀ ਬੈਂਕ ਡਾਇਰੈਕਟਰ ਮੰਡਲ ਨੇ ਸਾਬਕਾ ਵਿੱਤ ਸਕੱਤਰ ਰਾਜੀਵ ਕੁਮਾਰ ਨੂੰ ਆਪਣਾ ਨਵਾਂ ਚੇਅਰਮੈਨ ਨਿਯੁਕਤ ਕੀਤਾ। ਐੱਚ ਡੀ ਐੱਫ ਸੀ ਬੈਂਕ ਨੇ ਨਿਯਮਤ ਸੂਚਨਾਵਾਂ ਵਿੱਚ ਨਿਰਦੇਸ਼ਕ ਮੰਡਲ (ਬੋਰਡ) ਨੇ ਰਾਜੀਵ ਕੁਮਾਰ ਨੂੰ 4 ਸਾਲ ਲਈ ਬੈਂਕ ਦੇ ਵੱਖਰੇ ਅਧਿਕਾਰੀ ਨਿਯੁਕਤ ਕਰਨ ਦੀ ਮਨਜ਼ੂਰੀ ਦਿੱਤੀ ਹੈ। ਇਹ ਨਿਯੁਕਤੀ 30 ਜੂਨ 2026 ਤੋਂ ਪ੍ਰਭਾਵਸ਼ਾਲੀ ਹੋਵੇਗੀ। ਬੈਂਕ ਨੇ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਲਈ ਭਾਰਤੀ ਰਿਜ਼ਰਵ ਬੈਂਕ ਦੀ ਮਨਜ਼ੂਰੀ ਮਿਲਣੀ ਹੈ। ਕੇਂਦਰੀ ਬੈਂਕ ਤੋਂ ਮਨਜ਼ੂਰੀ ਮਿਲਣ ਦੇ ਬਾਅਦ ਰਾਜੀਵ ਕੁਮਾਰ ਨੂੰ 3 ਸਾਲ ਲਈ ਬੈਂਕ ਦਾ ਅੰਸ਼ਕਾਲਿਕ ਚੈਅਰਮੈਨ ਨਿਯੁਕਤ ਕੀਤਾ ਜਾਵੇਗਾ।

# ਮੰਗਾਂ ਪੂਰੀਆਂ ਨਾ ਹੋਣ 'ਤੇ ਸੰਘਰਸ਼ ਨੂੰ ਤੇਜ਼ ਕਰਾਂਗੇ-ਮੀਟਰ ਰੀਡਰ

ਗੁਰਦਾਸਪੁਰ, (ਜਨਕ ਮਹਾਜਨ)-ਪਿਛਲੇ ਕਰੀਬ ਦੋ ਮਹੀਨਿਆਂ ਤੋਂ ਸੰਘਰਸ਼ ਕਰ ਰਹੇ ਮੀਟਰ ਰੀਡਰਾਂ ਦੀਆਂ ਪੰਜਾਬ ਸਰਕਾਰ ਵੱਲੋਂ ਮੰਗਾਂ ਨਾ ਮੰਨੇ ਜਾਣ 'ਤੇ ਸਮੂਹ ਮੀਟਰਾਂ ਨੇ ਸੰਘਰਸ਼ ਨੂੰ ਹੋਰ ਤੇਜ਼ ਅਤੇ ਤਿੱਖਾ ਕਰਨ ਦਾ ਐਲਾਨ ਕੀਤਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਮੀਟਰ ਰੀਡਰ ਪ੍ਰਧਾਨ ਜਸਵਿੰਦਰ, ਪ੍ਰਧਾਨ ਰਾਜੇਸ਼ ਨੇ ਆਪਣੇ ਸਾਥੀਆਂ ਸਮੇਤ ਦੱਸਿਆ ਕਿ ਮੀਟਰ ਰੀਡਰਾਂ ਦੀ ਹੜਤਾਲ ਦੇ ਚਲਦਿਆਂ ਪੰਜਾਬ ਸਰਕਾਰ ਹੁਣ ਸਪੀਡ ਪੋਸਡ ਰਾਹੀਂ ਬਿਜਲੀ ਦੇ ਬਿੱਲ ਵੰਡਣ ਬਾਰੇ ਵਿਚਾਰ ਕਰ ਰਹੀ ਹੈ ਜਿਸ ਨਾਲ ਆਮ ਲੋਕਾਂ ਦੀ ਸਿੱਧੀ ਲੁੱਟ ਹੋਵੇਗੀ। ਉਨ੍ਹਾਂ ਕਿਹਾ ਜਿੰਨੀ ਦੇਰ ਤੱਕ ਗਰਾਊਂਡ ਪੱਧਰ 'ਤੇ ਮੀਟਰ ਰੀਡਰ ਰੀਡਿੰਗ ਨਹੀਂ ਲੈਂਦਾ ਓਨੀ ਦੇਰ ਤੱਕ ਬਿਜਲੀ ਬਿਲ ਕਿਵੇਂ ਸਹੀ ਕੱਢੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਕੇਵਲ ਐਵਰੇਜ ਦੇ ਹਿਸਾਬ ਨਾਲ ਬਿੱਲ ਨਹੀਂ ਕੱਢੇ ਜਾ ਸਕਦੇ। ਉਨ੍ਹਾਂ ਕਿਹਾ ਕਿ 100 ਯੂਨਿਟ ਵਾਲੇ ਦਾ 500 ਅਤੇ 1000 ਯੂਨਿਟ ਵਾਲੇ ਦਾ 2000 ਬਿੱਲ ਆਉਣ ਨਾਲ ਲੋਕਾਂ ਨਾਲ ਸ਼ਰੇਆਮ ਧੱਕਾ ਹੋਵੇਗਾ। ਉਨ੍ਹਾਂ ਕਿਹਾ ਕਿ ਅਸਲ ਬਿੱਲ ਮੀਟਰ ਰੀਡਰ ਹੜਤਾਲ ਤੋਂ ਆ ਕੇ ਪਿੰਡ-ਪਿੰਡ ਜਾ ਕੇ ਮੀਟਰ ਰੀਡਿੰਗਾਂ ਲੈ ਕੇ ਹੀ ਕੱਢਣਗੇ। ਉਨ੍ਹਾਂ ਕਿਹਾ ਲੋਕਾਂ ਵੱਲੋਂ ਸਪੀਡ ਪੋਸਟ ਰਾਹੀਂ ਇਕ ਵਾਰ ਬਿਲ ਜੇਕਰ ਤਾਰ ਦਿੱਤਾ ਗਿਆ ਤਾਂ ਉਹ ਪੈਸੇ ਬਾਅਦ ਵਿੱਚ ਵਾਪਸ ਨਹੀਂ ਹੋਣਗੇ। ਉਨ੍ਹਾਂ ਕਿਹਾ ਕਿ ਮੀਟਰ ਰੀਡਰ ਪੰਜਾਬ ਸਰਕਾਰ ਨੂੰ ਹਰ ਮਹੀਨੇ ਰੈਵੀਨਿਊ ਇਕੱਠਾ ਕਰਕੇ ਦਿੰਦੇ ਹਨ ਪਰ ਸਰਕਾਰ ਵੱਲੋਂ ਮੀਟਰ ਰੀਡਰਾਂ ਨੂੰ ਨਿੱਜੀ ਕੰਪਨੀਆਂ 'ਤੇ ਸਹਾਰੇ 'ਤੇ ਛੱਡਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੀਟਰ ਰੀਡਰਾਂ ਵੱਲੋਂ ਜਿਨ੍ਹਾਂ ਬਕਸਿਆਂ ਵਿੱਚੋਂ ਮੀਟਰਾਂ ਦੀ ਰੀਡਿੰਗ ਲਈ ਜਾਂਦੀ ਹੈ, ਉਨ੍ਹਾਂ ਵਿਚ ਕਈ ਵਾਰ ਸੱਪ, ਜ਼ਹਿਰੀਲੇ ਕੀੜੇ ਮਕੌੜੇ, ਮਧੂ ਮੱਖੀਆਂ ਤੋਂ ਇਲਾਵਾ ਕਰੰਟ ਵਗੈਰਾ ਵੀ ਆਉਂਦਾ ਹੈ ਜੋ ਕਿਸੇ ਖ਼ਤਰੇ ਤੋਂ ਖਾਲੀ ਨਹੀਂ। ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸਾਰੇ ਮੀਟਰ ਰੀਡਰਾਂ ਨੂੰ ਮਹਿਕਮੇ ਵਿਚ ਮਰਜ ਕਰਨ ਤੋਂ ਇਲਾਵਾ ਬਾਕੀ ਮੰਗਾਂ ਵੀ ਜਲਦ ਤੋਂ ਜਲਦ ਪੂਰੀਆਂ ਕੀਤੀਆਂ ਜਾਣ ਤਾਂ ਜੋ ਉਹ ਹੜਤਾਲ ਛੱਡ ਕੇ ਆਪਣੇ ਕੰਮਕਾਜ ਕਰ ਸਕਣ।

# ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਲਾਂਚਿੰਗ ਮੌਕੇ ਅੱਬਲਖੈਰ ਵਿਖੇ ਵਿਸ਼ੇਸ਼ ਸਮਾਗਮ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੀਆਂ ਔਰਤਾਂ ਲਈ ਸ਼ੁਰੂ ਕੀਤੀ ਗਈ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਲਾਂਚਿੰਗ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਪਾਰਟੀ ਦਫਤਰ ਅੱਬਲਖੈਰ ਵਿਖੇ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ ਜਿੱਥੇ ਇਕੱਤਰ ਹੋਈਆਂ ਵੱਡੀ ਗਿਣਤੀ ਔਰਤਾਂ ਅਤੇ ਪਾਰਟੀ ਵਰਕਰਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਗਏ ਯੋਜਨਾ ਦੇ ਲਾਂਚਿੰਗ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਵੇਖਿਆ।ਯੋਜਨਾ ਦੇ ਸ਼ੁਰੂ ਹੋਣ ਤੇ ਜਿੱਥੇ ਔਰਤਾਂ ਨੇ ਖੁਸ਼ੀ ਦਾ ਇਜ਼ਹਾਰ ਕੀਤਾ।

ਉੱਥੇ ਹੀ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਅੱਜ ਤੋਂ ਔਰਤਾਂ ਦੇ ਖਾਤਿਆਂ ਵਿਚ ਪੈਸੇ ਆਉਣੇ ਸ਼ੁਰੂ ਹੋ ਗਏ ਹਨ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਇਹ ਯੋਜਨਾ ਔਰਤਾਂ ਦੀ ਮਜਬੂਤੀ ਵੱਲ ਇਕ ਵੱਡਾ ਕਦਮ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਨੂੰ ਸ਼ੁਰੂ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਪੰਜਾਬ ਦੀਆਂ ਮਾਤਾਵਾਂ ਅਤੇ ਭੈਣਾਂ ਨਾਲ ਕੀਤੇ ਗਏ ਇਕ ਹੋਰ ਵਾਅਦੇ ਨੂੰ ਪੂਰਾ ਕਰ ਦਿੱਤਾ ਗਿਆ ਹੈ ਅਤੇ ਮਾਵਾਂ ਧੀਆਂ ਸਤਿਕਾਰ ਯੋਜਨਾ ਪੰਜਾਬ ਦੀ ਹਰ ਮਾਂ, ਧੀਅ ਅਤੇ ਭੈਣ ਦੀ ਇੱਜ਼ਤ, ਸਨਮਾਨ ਅਤੇ ਸਸ਼ਕਤੀਕਰਨ ਵੱਲ ਮਾਨ ਸਰਕਾਰ ਦਾ ਇੱਕ ਇਤਿਹਾਸਕ ਕਦਮ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਖੇਤਰ ਚ ਸ਼ਾਨਦਾਰ ਕੰਮ ਕੀਤੇ ਹਨ। ਸ਼ਾਨਦਾਰ ਸਿਹਤ ਸਹੂਲਤਾਂ, ਸ਼ਾਨਦਾਰ ਸਿੱਖਿਆ ਸਹੂਲਤਾਂ ਅਤੇ ਘਰੇਲੂ ਬਿਜਲੀ ਦੇ 600 ਯੂਨਿਟ ਮੁਫਤ ਦੇਣ ਨਾਲ ਲੋੜਵੰਦ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਆਮ ਲੋਕਾਂ ਦਾ ਜੀਵਨ ਖੁਸ਼ਹਾਲ ਹੋਇਆ ਹੈ।ਇਸ ਮੌਕੇ ਰਿਟਾ. ਪ੍ਰਿੰਸੀਪਲ ਸੁਖਦੇਵ ਰਾਜ, ਬਲਾਕ ਸੰਮਤੀ ਮੈਂਬਰ ਰੁਪਿੰਦਰ ਕੌਰ ਕੱਤੋਵਾਲ, ਕਾਜਲ ਪੱਖੋਵਾਲ ਅਤੇ ਅੰਜਲੀ ਅਵਾਂਖਾ ਸਮੇਤ ਵੱਡੀ ਗਿਣਤੀ ਚ ਹਲਕੇ ਭਰ ਤੋਂ ਆਈਆਂ ਔਰਤਾਂ ਹਾਜ਼ਰ ਸਨ।

# ਅਕਾਲੀ ਦਲ ਦੀ ਸਰਕਾਰ ਨੇ ਪੰਜਾਬ ਨੂੰ ਬਿਜਲੀ ਸਰਪਲੱਸ ਸੂਬਾ ਬਣਾਇਆ ਸੀ: ਕੁਲਦੀਪ ਸਿੰਘ ਔਲਖ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਦੇ ਸੀਨੀਅਰ ਆਗੂ ਕੁਲਦੀਪ ਸਿੰਘ ਔਲਖ ਨੇ ਪੰਜਾਬ ਵਿੱਚ ਪੈਦਾ ਹੋਏ ਬਿਜਲੀ ਸੰਕਟ ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇੱਕ ਪਾਸੇ ਆਮ ਲੋਕ ਲੰਬੇ ਬਿਜਲੀ ਕੱਟਾਂ ਤੋਂ ਪ੍ਰੇਸ਼ਾਨ ਹਨ, ਜਦਕਿ ਦੂਜੇ ਪਾਸੇ ਝੋਨੇ ਦੀ ਲਵਾਈ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਲੋੜੀਂਦੀ ਬਿਜਲੀ ਨਾ ਮਿਲਣ ਕਾਰਨ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਪੰਜਾਬ ਦੇ ਕਿਸਾਨਾਂ ਨਾਲ ਅਨੇਕਾਂ ਵਾਅਦੇ ਕੀਤੇ ਸਨ, ਪਰ ਅੱਜ ਕਿਸਾਨ ਉਨ੍ਹਾਂ ਵਾਅਦਿਆਂ ਦੇ ਪੂਰੇ ਹੋਣ ਦੀ ਉਡੀਕ ਕਰ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਮੌਜੂਦਾ ਸਰਕਾਰ ਨੇ ਪੰਜਾਬ ਦੀ ਬਿਜਲੀ ਵਿਵਸਥਾ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ।ਔਲਖ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇ ਸਮੇਂ ਪੰਜਾਬ ਨੂੰ ਬਿਜਲੀ ਸਰਪਲੱਸ ਸੂਬਾ ਬਣਾਇਆ ਗਿਆ ਸੀ ਅਤੇ ਕਈ ਥਰਮਲ ਪਲਾਂਟ ਸਥਾਪਿਤ ਕਰਕੇ ਸੂਬੇ ਦੀ ਬਿਜਲੀ ਉਤਪਾਦਨ ਸਮਰੱਥਾ ਵਿੱਚ ਵਾਧਾ ਕੀਤਾ ਗਿਆ ਸੀ ਪਰ ਮੌਜੂਦਾ ਸਰਕਾਰ ਬਣੇ-ਬਣਾਏ ਥਰਮਲ ਪਲਾਂਟਾਂ ਦੀ ਸਹੀ ਸਾਂਭ-ਸੰਭਾਲ ਕਰਨ ਵਿੱਚ ਵੀ ਨਾਕਾਮ ਰਹੀ ਹੈ, ਜਿਸ ਕਾਰਨ ਪੰਜਾਬ ਦੇ ਲੋਕ ਅਤੇ ਕਿਸਾਨ ਗਰਮੀ ਦੇ ਮੌਸਮ ਵਿੱਚ ਲਗਾਤਾਰ ਬਿਜਲੀ ਕੱਟਾਂ ਦੀ ਮਾਰ ਝੱਲ ਰਹੇ ਹਨ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਿਜਲੀ ਸੰਕਟ ਦੇ ਹੱਲ ਲਈ ਤੁਰੰਤ ਠੋਸ ਅਤੇ ਪ੍ਰਭਾਵਸ਼ਾਲੀ ਪ੍ਰਬੰਧ ਕੀਤੇ ਜਾਣ ਤਾਂ ਜੋ ਕਿਸਾਨਾਂ ਨੂੰ ਝੋਨੇ ਦੀ ਲਵਾਈ ਦੌਰਾਨ ਨਿਰਵਿਘਨ ਬਿਜਲੀ ਮਿਲ ਸਕੇ ਅਤੇ ਆਮ ਲੋਕਾਂ ਨੂੰ ਵੀ ਬੇਲੋੜੇ ਬਿਜਲੀ ਕੱਟਾਂ ਤੋਂ ਰਾਹਤ ਮਿਲੇ।

# ਖੰਨਾ ਨਗਰ ਕੌਂਸਲ ਦੇ ਜਤਿੰਦਰ ਪਾਠਕ ਬਣੇ ਪ੍ਰਧਾਨ



ਖੰਨਾ (ਸੁਖਵਿੰਦਰ ਸਿੰਘ ਭਾਦਲਾ)-ਆਮ ਆਦਮੀ ਪਾਰਟੀ ਵੱਲੋਂ ਨਗਰ ਕੌਂਸਲ ਖੰਨਾ ਦੀ ਨਵੀਂ ਕਾਰਜਕਾਰਨੀ ਦਾ ਐਲਾਨ ਕਰਦਿਆਂ ਜਤਿੰਦਰ ਪਾਠਕ ਨੂੰ ਨਗਰ ਕੌਂਸਲ ਖੰਨਾ ਦਾ ਪ੍ਰਧਾਨ ਚੁਣਿਆ ਗਿਆ ਹੈ।ਇਸ ਦੇ ਨਾਲ ਹਰੀਸ਼ ਗੁਪਤਾ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਕਰਮਜੀਤ ਸਿਫਤੀ ਨੂੰ ਵਾਈਸ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ। ਨਿਯੁਕਤੀ ਤੋਂ ਬਾਅਦ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਨਵੇਂ ਅਹੁਦੇਦਾਰਾਂ ਦਾ ਫੁੱਲਾਂ ਦੇ ਹਾਰ ਪਾ ਕੇ ਅਤੇ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ।ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਪਾਰਟੀ ਹਾਈਕਮਾਨ ਅਤੇ ਸਮੂਹ ਕੌਂਸਲਰਾਂ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਖੰਨਾ ਸ਼ਹਿਰ ਦੇ ਵਿਕਾਸ, ਪਾਰਦਰਸ਼ੀ ਪ੍ਰਸ਼ਾਸਨ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦੇਣਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਕੌਂਸਲਰ ਅਤੇ ਸਮਰਥਕ ਵੀ ਹਾਜ਼ਰ ਸਨ। ਇਸ ਮੌਕੇ ਬੋਲਦਿਆਂ ਤਰਨਪ੍ਰੀਤ ਸਿੰਘ ਸੌਂਦ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਨਗਰ ਕੌਂਸਲ ਖੰਨਾ ਦੇ ਪ੍ਰਧਾਨ ਵਜੋਂ ਜਤਿੰਦਰ ਪਾਠਕ, ਸੀਨੀਅਰ ਮੀਤ ਪ੍ਰਧਾਨ ਵਜੋਂ ਹਰੀਸ਼ ਗੁਪਤਾ ਅਤੇ ਵਾਈਸ ਪ੍ਰਧਾਨ ਵਜੋਂ ਕਰਮਜੀਤ ਸਿਫਤੀ ਦੀ ਚੋਣ 'ਤੇ ਮੈਂ ਤਿੰਨਾਂ ਨੂੰ ਦਿਲੋਂ ਵਧਾਈ ਦਿੰਦਾ ਹਾਂ। ਮੈਨੂੰ ਪੂਰਾ ਵਿਸ਼ਵਾਸ ਹੈ ਕਿ ਨਵੀਂ ਟੀਮ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ।

# ਨਿਤਿਨ ਕੋਹਲੀ ਦੇ ਦਫ਼ਤਰ 'ਚ ਜਸ਼ਨ ਦਾ ਮਾਹੌਲ

## • 'ਮਾਵਾਂ-ਧੀਆਂ ਸਤਿਕਾਰ ਯੋਜਨਾ' 'ਤੇ ਮਨਾਈ ਖੁਸ਼ੀ

**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕੀਤਾ ਗਿਆ ਇੱਕ ਵੱਡਾ ਵਾਅਦਾ ਪੂਰਾ ਹੋਣ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਇਸ ਸਕੀਮ ਤਹਿਤ ਸੂਬੇ ਦੀਆਂ ਲਗਭਗ 40 ਲੱਖ ਰਜਿਸਟਰਡ ਔਰਤਾਂ ਦੇ ਖਾਤਿਆਂ ਵਿਚ ਪੈਸੇ ਆਉਣਗੇ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਜਲੰਧਰ ਸੈਂਟਰਲ ਹਲਕਾ ਇੰਚਾਰਜ ਨਿਤਿਨ ਕੋਹਲੀ ਦੇ ਦਫਤਰ ਵਿਚ ਜਸ਼ਨ ਦਾ ਮਾਹੌਲ ਬਣ ਗਿਆ। ਮਹਿਲਾਵਾਂ ਨੇ ਸੂਬੇ ਦੀਆਂ ਮਾਵਾਂ ਧੀਆਂ ਦੇ ਸਤਿਕਾਰ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਦਾ ਧੰਨਵਾਦ ਕੀਤਾ।



ਇਸ ਦੌਰਾਨ ਨਿਤਿਨ ਕੋਹਲੀ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਭਰਪੂਰ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਪਹਿਲੀ ਕਿਸ਼ਤ ਜਮ੍ਹਾਂ ਹੋਣੀ ਸ਼ੁਰੂ ਹੋ ਗਈ ਹੈ, ਜੋ ਕਿ ਮਹਿਲਾਵਾਂ ਦੇ ਸਨਮਾਨ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ ਹੈ। ਨਿਤਿਨ ਕੋਹਲੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣਾ ਇੱਕ ਹੋਰ ਵੱਡਾ ਵਾਅਦਾ ਪੂਰਾ ਕਰਦਿਆਂ ਸੂਬੇ ਦੀਆਂ ਮਾਵਾਂ-ਭੈਣਾਂ ਨੂੰ ਵੱਡਾ ਤੋਹਫ਼ਾ ਦਿੱਤਾ ਹੈ। ਇਸ ਯੋਜਨਾ ਅਧੀਨ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਸਮਾਜ ਦੀਆਂ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪਹਿਲੀ ਕਿਸ਼ਤ ਵਜੋਂ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਤਿੰਨ ਮਹੀਨਿਆਂ ਦੀ ਰਕਮ ਇਕੱਠੀ ਭੇਜੀ ਜਾ ਰਹੀ ਹੈ।ਇਸ ਦੌਰਾਨ ਨਿਤਿਨ ਕੋਹਲੀ ਨੇ ਸਮੂਹ ਯੋਗ ਲਾਭਪਾਤਰੀਆਂ ਨੂੰ ਵਧਾਈ ਦਿੰਦਿਆਂ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।ਇਸ ਦੌਰਾਨ ਜਲੰਧਰ ਵਿਚ ਲਾਭਪਾਤਰ ਮਹਿਲਾਵਾਂ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ ਨੇ ਕੀਤਾ ਹੋਇਆ ਵਾਅਦਾ ਪੁਗਾਇਆ ਹੈ। ਇਸ ਉਪਰਾਲੇ ਨਾਲ ਸੂਬੇ ਦੀਆਂ ਔਰਤਾਂ ਨੂੰ ਬਹੁਤ ਆਰਥਿਕ ਮਦਦ ਮਿਲੇਗੀ।

# ਰਾਖਵਾਂਕਰਨ ਖ਼ਤਮ ਕਰਨ ਦੇ ਵਿਰੋਧ 'ਚ ਬਸਪਾ ਭਲਕੇ ਕਰੇਗੀ ਰੋਸ ਪ੍ਰਦਰਸ਼ਨ: ਡਾ. ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ)**-ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ।ਡਾ. ਕਰੀਮਪੁਰੀ ਨੇ ਵੱਡਾ ਖੁਲਾਸਾ ਕਰਦਿਆਂ ਦੱਸਿਆ ਕਿ ਸਰਕਾਰ ਵੱਲੋਂ ਬੀਤੀ 25 ਜੂਨ 2026 ਨੂੰ ਪੰਜਾਬੀ, ਕੈਮਿਸਟਰੀ, ਇਕਨੌਮਿਕਸ, ਕਾਮਰਸ, ਫਿਜ਼ਿਕਸ, ਭੂਗੋਲ ਅਤੇ ਹੋਰ ਵਿਸ਼ਿਆਂ ਲਈ ਲੈਕਚਰਾਰਾਂ ਦੀਆਂ ਕੱਢੀਆਂ ਗਈਆਂ ਕਰੀਬ 1000 ਅਸਾਮੀਆਂ ਵਿੱਚ ਦਲਿਤ (ਐੱਸ ਸੀ ਵਰਗ) ਅਤੇ ਪਛੜੇ ਵਰਗਾਂ ਲਈ ਰਾਖਵਾਂਕਰਨ ਬਿਲਕੁਲ ਖ਼ਤਮ ਕਰ ਦਿੱਤਾ ਗਿਆ ਹੈ, ਜੋ ਕਿ ਸਿੱਧੇ ਤੌਰ 'ਤੇ ਸੰਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਲਿਤਾਂ ਅਤੇ ਪਛੜੇ ਵਰਗਾਂ ਦੇ ਸੰਵਿਧਾਨਕ ਹੱਕਾਂ ਨੂੰ ਖ਼ਤਮ ਕਰਨਾ ਚਾਹੁੰਦੀ ਹੈ, ਪਰ ਬਸਪਾ ਅਜਿਹਾ ਹਰਗਿਜ਼ ਨਹੀਂ ਹੋਣ ਦੇਵੇਗੀ। ਉਨ੍ਹਾਂ ਚਿੰਤਾ ਪ੍ਰਗਟਾਈ ਕਿ ਸਰਕਾਰੀ ਵਿਦਿਅਕ ਅਦਾਰਿਆਂ ਵਿੱਚ ਗੈਸਟ ਫੈਕਲਟੀ ਅਤੇ ਕੰਟਰੈਕਟ ਟੀਚਿੰਗ ਪੋਸਟਾਂ ਵਿੱਚ ਵੀ ਕੋਈ ਰਾਖਵਾਂਕਰਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਇਨ੍ਹਾਂ ਵਰਗਾਂ ਦੇ ਯੋਗ ਉਮੀਦਵਾਰ ਪਹਿਲਾਂ ਹੀ ਵਿਦਿਅਕ ਅਦਾਰਿਆਂ ਤੋਂ ਬਾਹਰ ਕੀਤੇ ਜਾ ਰਹੇ ਹਨ।ਡਾ. ਕਰੀਮਪੁਰੀ ਨੇ ਐਲਾਨ ਕੀਤਾ ਕਿ ਬਸਪਾ ਵੱਲੋਂ 3 ਜੁਲਾਈ ਨੂੰ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਡਿਪਟੀ ਕਮਿਸ਼ਨਰਾਂ ਨੂੰ ਮੈਮੋਰੰਡਮ ਦਿੱਤੇ ਜਾਣਗੇ।



# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦੇ ਜਰਨਲਿਜ਼ਮ ਐਂਡ ਮੀਡੀਆ ਵਿਭਾਗ ਦੇ ਵਿਦਿਆਰਥੀਆਂ ਨੇ ਨਤੀਜਿਆਂ 'ਚ ਮਾਰੀਆਂ ਮੱਲਾਂ

**ਜਲੰਧਰ (ਕਮਲਜੀਤ ਥਾਬਲਕੇ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਦੇ ਜਰਨਲਿਜ਼ਮ ਐਂਡ ਮੀਡੀਆ ਵਿਭਾਗ ਦੇ ਬੀ ਵੋਕ (ਜਰਨਲਿਜ਼ਮ ਐਂਡ ਮੀਡੀਆ) ਸਮੈਸਟਰ-ਤੀਸਰੇ ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਪ੍ਰੀਖਿਆ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਅਤੇ ਵਿਭਾਗ ਦਾ ਨਾਂਅ ਰੌਸ਼ਨ ਕੀਤਾ ਹੈ।ਵਿਦਿਆਰਥਣ ਪੂਜਾ ਨੇ 8.70 ਐੱਸ ਜੀ ਪੀ ਏ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਅਤੇ ਯੂਨੀਵਰਸਿਟੀ ਵਿੱਚ ਪੰਜਵਾਂ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਮੋਹਿਨੀ ਨੇ 8.40 ਐੱਸ ਜੀ ਪੀ ਏ ਨਾਲ ਕਾਲਜ ਵਿੱਚ ਦੂਜਾ ਅਤੇ ਯੂਨੀਵਰਸਿਟੀ ਵਿੱਚ ਛੇਵਾਂ ਸਥਾਨ ਪ੍ਰਾਪਤ ਕੀਤਾ। ਵਿਜੈ ਸ਼ਰਮਾ ਅਤੇ ਮਨੀਸ਼ਾ ਨੇ 8.00 ਐੱਸ ਜੀ ਪੀ ਏ ਨਾਲ ਸਾਂਝੇ ਤੌਰ 'ਤੇ ਕਾਲਜ ਵਿੱਚ ਤੀਜਾ ਤੇ ਯੂਨੀਵਰਸਿਟੀ ਵਿੱਚ ਸਾਂਝੇ ਤੌਰ 'ਤੇ ਨੌਵਾਂ ਸਥਾਨ ਹਾਸਲ ਕੀਤਾ।ਕਾਲਜ ਦੇ ਓ ਐੱਸ ਡੀ ਪ੍ਰੋ. ਡਾ. ਨਵਜੋਤ ਕੌਰ ਨੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਲਗਨ, ਅਨੁਸ਼ਾਸਨ ਅਤੇ ਅਧਿਆਪਕਾਂ ਦੀ ਸਮਰਪਿਤ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਆਪਣੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਅਤੇ ਵਿਹਾਰਕ ਸਿਖਲਾਈ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਇਹ ਵਿਦਿਆਰਥੀ ਭਵਿੱਖ ਵਿੱਚ ਵੀ ਨਵੀਆਂ ਉਚਾਈਆਂ ਨੂੰ ਛੂਹਣਗੇ।ਇਸ ਮੌਕੇ 'ਤੇ ਸਹਾਇਕ ਪ੍ਰੋਫੈਸਰ ਹਰਲੀਨ ਦੁੱਗਲ ਨੇ ਵੀ ਸਫਲ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



# ਐੱਚ ਐੱਮ ਵੀ ਦੀ ਵਿਦਿਆਰਥਣ ਨੇ ਇੰਡੋ-ਨੇਪਾਲ ਅੰਤਰਰਾਸ਼ਟਰੀ ਚੈਂਪੀਅਨਿਸ਼ਪ 'ਚ ਸੋਨ ਤਗਮਾ ਜਿੱਤਿਆ

**ਜਲੰਧਰ (ਸ਼ੈਲੀ ਐਲਬਰਟ)**-ਹੰਸ ਰਾਜ ਮਹਿਲਾ ਮਹਾਵਿਦਿਆਲਿਆ ਜਲੰਧਰ ਦੀਆਂ ਵਿਦਿਆਰਥਣਾਂ ਨੇ ਇੱਕ ਵਾਰ ਫਿਰ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਵਿਲੱਖਣ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਮਹਾਂਵਿਦਿਆਲਿਆ ਦੀ ਐੱਮ ਕਾਮ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ ਨੇਪਾਲ ਡਾਂਸ ਸਪੋਰਟਸ ਕੌਂਸਲ ਵੱਲੋਂ ਆਯੋਜਿਤ 8ਵੇਂ ਇੰਡੋ-ਨੇਪਾਲ ਸਪੋਰਟਸ ਫੈਸਟੀਵਲ 2026 ਵਿੱਚ ਕਲਾਸੀਕਲ ਸੋਲੋ ਡਾਂਸ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ ਅਤੇ ਸੋਨੇ ਦਾ ਤਗਮਾ ਜਿੱਤ ਕੇ ਮਹਾਵਿਦਿਆਲਿਆ ਦੀਆਂ ਉਪਲਬਧੀਆਂ ਵਿੱਚ ਇੱਕ ਹੋਰ ਸੁਨਿਹਰੀ ਅਧਿਆਇ ਜੋੜ ਦਿੱਤਾ। ਇਹ ਵੱਕਾਰੀ ਅੰਤਰਰਾਸ਼ਟਰੀ ਮੁਕਾਬਲਾ ਕਾਠਮੰਡੂ (ਨੇਪਾਲ) ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ ਭਾਰਤ ਅਤੇ ਨੇਪਾਲ ਦੇ ਪ੍ਰਤੀਭਾਗੀਆਂ ਨੇ ਆਪਣੀ ਕਲਾ ਅਤੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮਹਾਵਿਦਿਆਲਿਆ ਦੀ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਇਸ ਇਤਿਹਾਸਕ ਉਪਲਬਧੀ 'ਤੇ ਜਸਪ੍ਰੀਤ ਕੌਰ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਉਸ ਦੀ ਸਖ਼ਤ ਮਿਹਨਤ, ਅਨੁਸ਼ਾਸਨ, ਸਮਰਪਣ ਅਤੇ ਭਾਰਤੀ ਸ਼ਾਸਤਰੀ ਨ੍ਰਿਤ ਪ੍ਰਤੀ ਡੂੰਘੀ ਨਿਸ਼ਠਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਹੰਸ ਰਾਜ ਮਹਿਲਾ ਮਹਾਵਿਦਿਆਲਿਆ ਹਮੇਸ਼ਾ ਹੀ ਵਿਦਿਆਰਥਣਾਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ, ਸਭਿਆਚਾਰ, ਕਲਾ ਅਤੇ ਸ਼ਖ਼ਸੀਅਤ ਵਿਕਾਸ ਦੇ ਵੱਖ-ਵੱਖ ਖੇਤਰਾਂ ਵਿੱਚ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਉੱਤਮ ਮੌਕੇ ਪ੍ਰਦਾਨ ਕਰਦਾ ਹੈ। ਇਸੇ ਕਾਰਨ ਐੱਚ ਐੱਮ ਵੀ ਦੀਆਂ ਵਿਦਿਆਰਥਣਾਂ ਲਗਾਤਾਰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੰਚਾਂ 'ਤੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਰਹੀਆਂ ਹਨ।



# ਸਤਿਗੁਰੂ ਕਬੀਰ ਦਾ ਪ੍ਰਕਾਸ਼ ਉਤਸਵ ਮਨਾਇਆ

**ਜੇਜੋ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਗੁ. ਸਤਿਗੁਰੂ ਰਵਿਦਾਸ ਮਹਾਰਾਜ ਵਾਰਡ ਨੰਬਰ 11-12 ਬੀ ਡੀ ਓ ਕਾਲੋਨੀ ਮਾਹਿਲਪੁਰ ਵਿਖੇ ਸਤਿਗੁਰੂ ਕਬੀਰ ਦਾ 628ਵਾਂ ਪ੍ਰਕਾਸ਼ ਉਤਸਵ ਸ਼ਰਧਾ ਤੇ ਉਤਸਾਹ ਪੂਰਵਕ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਸਤਿਗੁਰੂ ਕਬੀਰ ਦੀ ਤਸਵੀਰ ਅੱਗੇ ਗਿਆਨ ਦੇ ਪ੍ਰਤੀਕ ਵਜੋਂ ਮੋਮਬੱਤੀ ਅਤੇ ਅਗਰਬੱਤੀ ਜਗਾਈ ਗਈ। ਇਸ ਤੋਂ ਬਾਅਦ ਬੁੱਧ ਵੰਦਨਾ ਕੀਤੀ ਗਈ ਅਤੇ ਸਮੂਹਿਕ ਤੌਰ ਤੇ ਧਿਆਨ ਸਾਧਨਾ



ਕਰਕੇ ਸਤਿਗੁਰੂ ਕਬੀਰ ਮਹਾਰਾਜ ਵੱਲੋਂ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਕੀਤਾ ਗਿਆ। ਜੈ ਭੀਮ ਕਾਰਵਾਂ ਚੈਰੀਟੇਬਲ ਸੋਸਾਇਟੀ (ਰਜਿ) ਮਾਹਿਲਪੁਰ ਦੇ ਸਹਿਯੋਗ ਨਾਲ ਹੋਏ ਇਸ ਪ੍ਰੋਗਰਾਮ ਵਿੱਚ ਰੇਖਾ ਰਾਣੀ ਪ੍ਰਧਾਨ, ਨਿਰਮਲ ਕੌਰ ਬੋਧ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣ ਕੁਟੀਆ ਮਾਹਿਲਪੁਰ,ਅਮਰਜੀਤ ਕੌਰ, ਥਾਣੇਦਾਰ ਬਲਵਿੰਦਰ ਸਿੰਘ, ਗਗਨਦੀਪ ਕੌਰ ਸੋਨੂ, ਸੁਮੀਤਾ, ਗੁਰਪਾਲ ਕੌਰ, ਦੀਆਂ ਰਾਣੀ, ਪ੍ਰਭਜੋਤ ਕੌਰ, ਪਰਮਜੀਤ ਕੌਰ ਮੁੱਗੋਵਾਲ, ਹਰਜੀਤ ਕੌਰ, ਮਾਸਟਰ ਜੈ ਰਾਮ ਬਾੜੀਆਂ, ਹੰਸ ਰਾਜ ਕਨੇਡਾ, ਗੁਰਬਖਸ਼ ਕੌਰ, ਨਿਰਮਲ ਕੌਰ, ਪਿੰਕੀ, ਸੁਰਜੀਤ ਕੌਰ,ਰਾਜੀਵ ਕੁਮਾਰ, ਬਾਣੀ, ਤ੍ਰਿਸ਼ਾ, ਪਰੀ, ਮਨਰੀਤ ਕੌਰ ਆਦਿ ਹਾਜ਼ਰ ਸਨ। ਇਸ ਮੌਕੇ ਨਿਰਮਲ ਕੌਰ ਬੋਧ ਨੇ ਕਿਹਾ ਕਿ ਸਤਿਗੁਰੂ ਕਬੀਰ ਮਹਾਰਾਜ ਜੀ ਨੇ ਉਸ ਸਮੇਂ ਜਾਤ- ਪਾਤ, ਊਚ - ਨੀਚ, ਅੰਧਵਿਸ਼ਵਾਸ, ਸਮਾਜੀ ਵਿਤਕਰੇ, ਨਸ਼ਿਆਂ ਦੇ ਸੇਵਨ, ਔਰਤਾਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਲੋਕਾਂ ਤੇ ਹੋ ਰਹੇ ਤਸ਼ੱਦਦ, ਅਗਿਆਨਤਾ, ਚਲਾਕ ਲੋਕਾਂ ਵੱਲੋਂ ਕੀਤੀਆਂ ਜਾ ਰਹੀਆਂ ਚਲਾਕੀਆਂ, ਗਰੀਬ ਲੋਕਾਂ ਦੀ ਧਾਰਮਿਕ- ਸਮਾਜਿਕ - ਆਰਥਿਕ ਤੇ ਰਾਜਨੀਤਿਕ ਲੁੱਟ ਘਸੁੱਟ, ਪਾਖੰਡਵਾਦ ਅਤੇ ਅਨੇਕਾਂ ਹੋਰ ਸਮਾਜਿਕ ਬੁਰਾਈਆਂ ਵਿਰੁੱਧ ਆਵਾਜ਼ ਉਠਾਈ। ਉਨਾਂ ਨੇ ਆਪਣੇ ਸੰਦੇਸ਼ ਵਿੱਚ ਵੱਧ ਤੋਂ ਵੱਧ ਗਿਆਨਵਾਨ ਅਤੇ ਵਿਵੇਕਸ਼ੀਲ ਬਣ ਕੇ ਆਪਣੇ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਹਾਲਾਤ ਸੁਧਾਰਦੇ ਹੋਏ ਕੁਦਰਤ ਨਾਲ ਪ੍ਰੇਮ ਪਿਆਰ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਰੇਖਾ ਰਾਣੀ ਨੇ ਕਿਹਾ ਕਿ ਸਤਿਗੁਰੂ ਕਬੀਰ ਮਹਾਰਾਜ ਜੀ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੇ ਮਿਲ ਕੇ ਜਾਤ ਪਾਤ ਅਤੇ ਉਚ ਨੀਚ ਦੇ ਵਿਰੁੱਧ ਡਟ ਕੇ ਆਵਾਜ਼ ਬੁਲੰਦ ਕੀਤੀ ਅਤੇ ਸਮੁੱਚੀ ਮਾਨਵਤਾ ਨੂੰ ਰੋਜ਼ਾਨਾ ਧਿਆਨ ਸਾਧਨਾ ਦੇ ਅਭਿਆਸ ਦੌਰਾਨ ਚਿੰਤਨ ਕਰਦੇ ਹੋਏ ਆਪਣੇ ਦੁੱਖਾਂ ਵਿੱਚੋਂ ਬਾਹਰ ਨਿਕਲਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਮਾਸਟਰ ਜੈ ਰਾਮ ਬਾੜੀਆਂ ਨੇ ਗੁ. ਸਤਿਗੁਰੂ ਰਵਿਦਾਸ ਮਹਾਰਾਜ ਵਿਖੇ ਸਤਿਗੁਰੂ ਕਬੀਰ ਮਹਾਰਾਜ ਜੀ ਦਾ ਪ੍ਰਕਾਸ਼ ਉਤਸਵ ਮਨਾਉਣ ਸਬੰਧੀ ਕਮੇਟੀ ਦਾ ਧੰਨਵਾਦ ਕੀਤਾ।

# ਜੀ ਐੱਸ ਟੀ ਪ੍ਰਾਪਤੀ 'ਚ ਪੰਜਾਬ ਵੱਲੋਂ 24.45% ਦਾ ਸ਼ਾਨਦਾਰ ਵਾਧਾ ਦਰਜ: ਚੀਮਾ

**ਚੰਡੀਗੜ੍ਹ; (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਸੂਬੇ ਨੇ ਵਿੱਤੀ ਸਾਲ 2026-27 ਦੀ ਪਹਿਲੀ ਤਿਮਾਹੀ ਲਈ ਜੀ ਐੱਸ ਟੀ (ਵਸਤੂ ਅਤੇ ਸੇਵਾ ਕਰ) ਦੀ ਉਗਰਾਹੀ ਵਿੱਚ 24.45% ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ। ਇਸ ਦੇ ਨਾਲ ਹੀ ਕਾਰੋਬਾਰ ਨੂੰ ਹੁਲਾਰਾ ਦੇਣ ਲਈ ਜੀ ਐੱਸ ਟੀ ਰਿਫੰਡ ਦੇ ਰੂਪ ਵਿੱਚ ਰਣਨੀਤਕ ਤੌਰ 'ਤੇ 1,270 ਕਰੋੜ ਰੁਪਏ ਜਾਰੀ ਕੀਤੇ ਗਏ, ਜੋ ਕਿ ਕਰਦਾਤਾਵਾਂ ਦੇ ਭਰੋਸੇ ਅਤੇ ਇੱਕ ਮਜ਼ਬੂਤ, ਤਕਨਾਲੋਜੀ-ਆਧਾਰਿਤ ਪ੍ਰਸ਼ਾਸਨ 'ਤੇ ਟਿਕੀ ਇੱਕ ਵਧਦੀ-ਫੁੱਲਦੀ ਆਰਥਿਕਤਾ ਨੂੰ ਦਰਸਾਉਂਦਾ ਹੈ।ਇੱਥੇ ਜਾਰੀ ਪ੍ਰੈਸ ਬਿਆਨ ਰਾਹੀਂ ਵਿੱਤੀ ਸਾਲ 2026-27 ਦੀ ਪਹਿਲੀ ਤਿਮਾਹੀ ਦੇ ਬਿਹਤਰੀਨ ਪ੍ਰਦਰਸ਼ਨ ਦਾ ਐਲਾਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਕੁੱਲ ਜੀ.ਐਸ.ਟੀ. ਉਗਰਾਹੀ ਵਧ ਕੇ 7,833.45 ਕਰੋੜ ਰੁਪਏ ਹੋ ਗਈ ਹੈ, ਜਿਸ ਨੂੰ 9% ਦੀ ਬੇਮਿਸਾਲ ਐੱਸ ਜੀ ਐੱਸ ਟੀ ਨਕਦ ਵਿਕਾਸ ਦਰ ਦਾ ਸਮਰਥਨ ਹਾਸਲ ਹੈ, ਜੋ ਕਿ 3% ਦੀ ਰਾਸ਼ਟਰੀ ਔਸਤ ਨਾਲੋਂ ਤਿੰਨ ਗੁਣਾ ਹੈ। ਇਸ ਦੇ ਨਾਲ ਹੀ ਸੂਬੇ ਦੇ ਮਾਲੀਏ ਦੀ ਪੂਰੀ ਸੁਰੱਖਿਆ ਲਈ ਸਖ਼ਤ ਨਿਯਮਾਂ ਤਹਿਤ ਜੁਰਮਾਨੇ ਵਜੋਂ 633 ਕਰੋੜ ਰੁਪਏ ਵਸੂਲੇ ਗਏ ਹਨ।' ਵਿੱਤ ਮੰਤਰੀ ਨੇ ਕਿਹਾ ਕਿ ਕੁੱਲ 7,833.45 ਕਰੋੜ ਰੁਪਏ ਦੀ ਜੀ.ਐਸ.ਟੀ. ਉਗਰਾਹੀ ਪਿਛਲੇ ਵਿੱਤੀ ਸਾਲ ਦੀ ਇਸੇ ਮਿਆਦ ਦੌਰਾਨ ਪ੍ਰਾਪਤ ਕੀਤੇ ਗਏ 6,294.57 ਕਰੋੜ ਰੁਪਏ ਦੇ ਮੁਕਾਬਲੇ 1,538.88 ਕਰੋੜ ਰੁਪਏ ਦੇ ਕੁੱਲ ਵਾਧੇ ਨੂੰ ਦਰਸਾਉਂਦੀ ਹੈ। ਉਨ੍ਹਾਂ ਨੇ ਇਸ ਸਫਲਤਾ ਦਾ ਸਿਹਰਾ ਨਿਰੰਤਰ ਆਰਥਿਕ ਗਤੀਵਿਧੀਆਂ, ਬਿਹਤਰ ਕਰ ਪਾਲਣਾ ਅਤੇ ਆਬਕਾਰੀ ਤੇ ਕਰ ਵਿਭਾਗ ਵਿੱਚ ਚੱਲ ਰਹੇ ਪ੍ਰਸ਼ਾਸਨਿਕ ਸੁਧਾਰਾਂ ਸਿਰ ਬੰਨ੍ਹਿਆ।



# ਜੀਤ ਸਿੰਘ ਮੜੌਲੀ ਦੀ ਸੇਵਾਮੁਕਤੀ ਮੌਕੇ ਸਨਮਾਨ ਸਮਾਰੋਹ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਡਵੀਜ਼ਨ ਮੋਹਾਲੀ ਤੋਂ 39 ਸਾਲ ਦੀ ਨੌਕਰੀ ਉਪਰੰਤ ਸੇਵਾ ਮੁਕਤ ਹੋਏ ਫੀਲਡ ਮੁਲਾਜ਼ਮ ਜੀਤ ਸਿੰਘ ਮੜੌਲੀ ਨੂੰ ਸਨਮਾਨਤ ਕਰਨ ਲਈ ਕਾਰਜਕਾਰੀ ਇੰਜੀਨੀਅਰ ਇਮਾਨ ਵੀਰ ਸਿੰਘ ਮਾਨ ਨੇ ਵਾਟਰ ਵਰਕਸ ਕਜੌਲੀ ਵਿਖੇ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਕੀਤਾ ਗਿਆ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਯੂਨੀਅਨ ਮੋਹਾਲੀ ਦੇ ਚੇਅਰਮੈਨ ਬਲਜਿੰਦਰ ਸਿੰਘ ਕਜੌਲੀ ਨੇ ਦੱਸਿਆ ਕੇ ਸਨਮਾਨ ਸਮਾਰੋਹ ਵਿੱਚ ਸੇਵਾ ਮੁਕਤ ਫੀਲਡ ਮੁਲਾਜ਼ਮ ਅਤੇ ਅਧਿਕਾਰੀਆ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕਾਰਜਕਾਰੀ ਇੰਜੀਨੀਅਰ ਇਮਾਨ ਬੀਰ ਸਿੰਘ ਮਾਨ ਵੱਲੋਂ ਕਿਹਾ ਕੇ ਜੀਤ ਸਿੰਘ ਨੇ 39 ਸਾਲ ਦਾ ਲੰਮਾ ਸਫਰ ਅਤੇ ਸੰਘਰਸ਼ਸ਼ੀਲ ਤੇ ਮਿਸਾਲੀ ਨੌਕਰੀ ਪੂਰੀ ਕੀਤੀ। ਇਸ ਤੋ ਇਲਾਵਾ ਐੱਸ ਡੀ ਓ ਅਭੀ ਟੁਟੇਜਾ ਨੇ ਕੰਮ ਕਾਰ ਦੀ ਸ਼ਲਾਘਾ ਕੀਤੀ ਤੇ ਮੁਬਾਰਕਬਾਦ ਦਿੱਤੀ।ਜੂਨੀਅਰ ਇੰਜੀਨੀਅਰ ਅਮ੍ਰਿਬੀਰ ਸਿੰਘ ਢਿੱਲੋ ਨੇ ਦੱਸਿਆ ਕੇ ਫੀਲਡ ਮੁਲਾਜ਼ਮ ਰੀੜ ਦੀ ਹੱਡੀ ਹੁੰਦੇ ਹਨ। ਜਲ ਸਪਲਾਈ ਦੀ ਸਾਰੀ ਜਿੰਮੇਵਾਰੀ ਫੀਲਡ ਮੁਲਾਜ਼ਮ ਦੇ ਮੋਢਿਆਂ ਤੇ ਹੁੰਦੀ ਹੈ। ਇਸ ਮੌਕੇ ਸ਼ਾਮਲ ਹੋਏ ਜੂਨੀਅਰ ਇੰਜੀ. ਸੁਖਵਿੰਦਰ ਸਿੰਘ ਤੇ ਜੂਨੀਅਰ ਇੰਜੀ. ਆਸ਼ੂਤੋਸ਼,ਜੂਨੀਅਰ ਇੰਜੀ.ਗੁਰਾਂਸ਼ ਸਿੰਘ,ਦਿਲਬਾਹਰ ਰਾਣਾ ਨੇ ਜੀਤ ਸਿੰਘ ਨੂੰ ਮੁਬਾਰਕਬਾਦ ਦਿੱਤੀ। ਕਰਮਚਾਰੀ ਦਲ ਭਗੜਾਣਾ ਦੇ ਪ੍ਰਧਾਨ ਕੇਸਰ ਸਿੰਘ ਮੋਹਾਲੀ, ਸ੍ਰੀ ਫਤਹਿਗੜ੍ਹ ਸਾਹਿਬ ਦੇ ਪ੍ਰਧਾਨ ਅਸ਼ੋਕ ਕੁਮਾਰ ਸੰਘੋਲ ਨੇ ਵੀ ਸੰਬੋਧਨ ਕੀਤਾ ਤੇ ਸਨਮਾਨ ਚਿੰਨ੍ਹ ਭੇਟ ਕੀਤਾ। ਇਸ ਮੌਕੇ ਗੁਰਮੁੱਖ ਸਿੰਘ ਸਿਕੰਦਰਪੁਰ, ਜਗਜੀਤ ਸਿੰਘ, ਜੰਗ ਸਿੰਘ ਮਾਰਵਾ, ਹਿੰਮਤ ਸਿੰਘ ਮੜੌਲੀ, ਕੁਲਦੀਪ ਸਿੰਘ ਮੜੌਲੀ, ਸਤਵਿੰਦਰ ਸਿੰਘ ਮੜੌਲੀ, ਸੁਖਦੇਵ ਸਿੰਘ ਕੁਬਾਹੇੜੀ ਵਾਟਰ ਵਰਕਸ ਕਜੌਲੀ ਦੇ ਸਾਰੇ ਸਾਥੀ ਸ਼ਾਮਲ ਹੋਏ।



# ਮੁਲਾਜ਼ਮਾਂ ਤੇ ਪੈਨਸ਼ਨਰਜ਼ ਆਗੂਆਂ ਵੱਲੋਂ ਹਾਈਕੋਰਟ 'ਚ ਕੇਸ ਦਾਇਰ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਦੇ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਸੰਬੰਧੀ ਪੰਜਾਬ ਤੇ ਹਰਿਆਣਾ ਹਾਈਕੋਰਟ ਲੱਗੇ ਕੇਸ ਦੀ ਸੁਣਵਾਈ ਹੋਈ। ਮਾਣਯੋਗ ਅਦਾਲਤ ਵੱਲੋਂ ਸੰਖੇਪ ਵਿਚਾਰ-ਵਟਾਂਦਰੇ ਤੋਂ ਬਾਅਦ ਹੁਣ ਇਸ ਕੇਸ ਦੀ ਸੁਣਵਾਈ 2 ਜੁਲਾਈ ਤੱਕ ਮੁਲਤਵੀ ਕਰ ਦਿੱਤੀ ਗਈ ਹੈ। ਇਸ ਮੌਕੇ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਆਗੂ ਸਵੇਰ ਤੋਂ ਹੀ ਹਾਈਕੋਰਟ ਵਿਖੇ ਆਪਣੇ ਵਕੀਲਾਂ ਨਾਲ ਸਲਾਹ ਮਸ਼ਵਰਾ ਕਰ ਰਹੇ ਸਨ। ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਮੁਲਾਜ਼ਮਾਂ ਵਿੱਚ ਸਰਕਾਰ ਪ੍ਰਤੀ ਤਿੱਖਾ ਰੋਹ ਪਾਇਆ ਜਾ ਰਿਹਾ ਹੈ।ਇਸੇ ਦੌਰਾਨ ਪੰਜਾਬ ਸਕੱਤਰੇਤ ਸਾਂਝੀ ਐਕਸ਼ਨ ਕਮੇਟੀ ਦੇ ਚੇਅਰਮੈਨ ਮਨਜੀਤ ਸਿੰਘ ਰੰਧਾਵਾ ਅਤੇ ਪੰਜਾਬ ਸਿਵਲ ਸਕੱਤਰੇਤ ਰਿਟਾਇਰਡ ਆਫੀਸਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸ਼ਾਮ ਲਾਲ ਸ਼ਰਮਾ ਵੱਲੋਂ ਇੱਕ ਵੱਖਰੀ ਪਟੀਸ਼ਨ ਦਾਇਰ ਕੀਤੀ ਗਈ ਹੈ। ਇਨ੍ਹਾਂ ਆਗੂਆਂ ਵੱਲੋਂ ਇਸ ਪਟੀਸ਼ਨ ਰਾਹੀਂ ਅਦਾਲਤ ਅੱਗੇ ਇਹ ਤੱਥ ਰੱਖੇ ਗਏ ਹਨ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਲਟਕਾਇਆ ਜਾ ਰਿਹਾ ਹੈ। ਦੱਸਣਯੋਗ ਹੈ ਕਿ 1 ਜੁਲਾਈ ਤੋਂ ਹੀ ਸਰਕਾਰ ਵੱਲੋਂ ਔਰਤਾਂ ਲਈ ਹਜ਼ਾਰ ਅਤੇ ਪੰਦਰਾਂ ਸੌ ਰੁਪਏ ਦੀ ਰਾਸ਼ੀ ਉਨ੍ਹਾਂ ਦੇ ਖਾਤਿਆਂ ਵਿੱਚ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਸਰਕਾਰ ਨੂੰ ਹਰ ਵਰਗ ਨੂੰ ਖੁਸ਼ ਕਰਨ ਦਾ ਹੱਕ ਹੈ, ਪਰੰਤੂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਦੀ ਅਣਦੇਖੀ ਕਰਨੀ ਉਚਿਤ ਨਹੀਂ।



# ਵਿਧਾਇਕ ਰੰਧਾਵਾ ਵੱਲੋਂ ਵਿਕਾਸ ਕਾਰਜਾਂ ਦਾ ਉਦਘਾਟਨ

## • ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਮੌਕੇ 'ਤੇ ਹੱਲ ਕਰਨ ਦੇ ਨਿਰਦੇਸ਼

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਚਲਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਪਰਾਗਪੁਰ, ਇਬਰਾਹੀਮਪੁਰ ਅਤੇ ਹੰਸਾਲਾ ਦਾ ਦੌਰਾ ਕਰਕੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਗੱਲਬਾਤ ਕੀਤੀ, ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਸਮੇਂ ਸਿਰ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।



ਪਿੰਡ ਪਰਾਗਪੁਰ ਵਿਖੇ ਵਿਧਾਇਕ ਰੰਧਾਵਾ ਨੇ ਲਗਭਗ 23 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ, ਨਾਲੀਆਂ ਅਤੇ ਗੰਦੇ ਪਾਣੀ ਦੀ ਨਿਕਾਸੀ ਨਾਲ ਸਬੰਧਤ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਪਿੰਡ ਇਬਰਾਹੀਮਪੁਰ ਵਿਖੇ 12 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਗਲੀਆਂ, ਨਾਲੀਆਂ ਅਤੇ ਪਾਰਕ ਦੇ ਵਿਕਾਸ ਕਾਰਜ ਲੋਕ ਅਰਪਣ ਕੀਤੇ। ਇਸੇ ਲੜੀ ਤਹਿਤ ਪਿੰਡ ਹੰਸਾਲਾ ਵਿਖੇ ਜਨਰਲ ਧਰਮਸ਼ਾਲਾ ਵਿੱਚ 22 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਸ਼ੈੱਡ ਅਤੇ ਹੋਰ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਸ ਮੌਕੇ 'ਤੇ ਪਰਾਗਪੁਰ ਦੇ ਸਰਪੰਚ ਸੁਰਿੰਦਰ ਸਿੰਘ, ਇਬਰਾਹੀਮਪੁਰ ਦੀ ਸਰਪੰਚ ਗੁਰਵਿੰਦਰ ਕੌਰ, ਹੰਸਾਲਾ ਦੀ ਸਰਪੰਚ ਸਵਰਨੋ ਕੌਰ, ਹਲਕਾ ਸੰਗਠਨ ਇੰਚਾਰਜ ਗੁਰਸੇਵਕ ਸਿੰਘ, ਪੰਚਾਇਤ ਮੈਂਬਰ, ਨੇੜਲੇ ਪਿੰਡਾਂ ਦੇ ਸਰਪੰਚ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਦੇ ਬੀ. ਡਿਜ਼ਾਇਨ (ਮਲਟੀਮੀਡੀਆ) ਦਾ ਨਤੀਜਾ ਸ਼ਾਨਦਾਰ

**ਜਲੰਧਰ (ਸ਼ੈਲੀ ਐਲਬਰਟ)**-ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਬੀ. ਡਿਜ਼ਾਇਨ (ਮਲਟੀਮੀਡੀਆ) ਤੀਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣ ਗੀਤਿਕਾ ਅਤੇ ਕ੍ਰਿਸ਼ਨਾ ਨੇ 10 ਵਿਚੋਂ 9.20 ਐੱਸ ਜੀ ਪੀ ਏ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਸਾਂਝੇ ਰੂਪ ਵਿਚ ਪਹਿਲਾ ਸਥਾਨ ਅਤੇ ਮਿਤਾਲੀ ਸ਼ਰਮਾ ਨੇ 9.00 ਐੱਸ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਅਤੇ ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥਣਾਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਤੇ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਇਸ ਮੌਕੇ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਦੇ ਚੰਗੇ ਭਵਿੱਖ ਵਿਚ ਹੋਰ ਵੱਡੀਆਂ ਪ੍ਰਾਪਤੀਆਂ ਦੀ ਕਾਮਨਾ ਕੀਤੀ। ਵਿਦਿਆਰਥਣਾਂ ਨੇ ਆਪਣੀ ਇਸ ਉਪਲਬਧੀ ਦਾ ਸਿਹਰਾ ਅਧਿਆਪਕਾਂ ਨੂੰ ਅਤੇ ਕਾਲਜ ਦੇ ਵਧੀਆ ਪੜ੍ਹਾਈ ਦੇ ਵਾਤਾਵਰਣ ਨੂੰ ਦਿੱਤਾ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ ਮੁਖੀ ਕੰਪਿਊਟਰ ਸਾਇੰਸ ਵਿਭਾਗ, ਡਾ. ਦਲਜੀਤ ਕੌਰ, ਪ੍ਰੋ. ਨਵਨੀਤ ਕੌਰ ਅਤੇ ਪ੍ਰੋ. ਰਤਨਾਕਰ ਮਾਨ ਵੀ ਹਾਜ਼ਰ ਸਨ।



## ਜਨਮ ਦਿਨ ਮੁਬਾਰਕ



ਜਾਗਦੇ ਰਹੋ ਸਿੰਘ

(ਪਟਿਆਲਾ)

# ਖੜ੍ਹੇ ਟਰੱਕ ਨਾਲ ਟਕਰਾਇਆ ਕੈਂਟਰ, ਇੱਕ ਦੀ ਮੌਤ, ਦੋ ਗੰਭੀਰ ਜ਼ਖ਼ਮੀ

**ਫਿਲੌਰ (ਨਿਰਮਲ)**-ਫਿਲੌਰ ਦੇ ਜੀਟੀ ਰੋਡ ਸਥਿਤ ਸੀ ਐੱਨ ਜੀ ਪੰਪ ਨੇੜੇ ਮੁਰਗੀਆਂ ਨਾਲ ਭਰੇ ਇੱਕ ਕੈਂਟਰ ਦੀ ਸੜਕ ਕਿਨਾਰੇ ਖੜ੍ਹੇ ਟਰੱਕ ਨਾਲ ਟੱਕਰ ਹੋ ਗਈ, ਜਿਸ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਦੋ ਹੋਰ ਗੰਭੀਰ ਜ਼ਖ਼ਮੀ ਹੋ ਗਏ।ਹਾਦਸੇ ਮਗਰੋਂ ਟਰੱਕ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਜਾਣਕਾਰੀ ਅਨੁਸਾਰ ਕੈਂਟਰ ਮਾਛੀਵਾੜਾ ਤੋਂ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਊਨਾ ਦੇ ਸ਼ਹਿਰ ਗੰਗਰੇਟ ਵੱਲ ਜਾ ਰਿਹਾ ਸੀ।ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਸਰਬਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਹਾਦਸੇ ਦੀ ਸੂਚਨਾ ਇੱਕ ਰਾਹਗੀਰ ਵੱਲੋਂ ਦਿੱਤੀ ਗਈ ਸੀ। ਸੂਚਨਾ ਮਿਲਦਿਆਂ ਹੀ ਟੀਮ ਮੌਕੇ 'ਤੇ ਪੁੱਜੀ, ਜਿੱਥੇ ਲੇਲੈਂਡ ਕੈਂਟਰ ਹਾਦਸਾਗ੍ਰਸਤ ਹਾਲਤ ਵਿੱਚ ਮਿਲਿਆ।ਉਨ੍ਹਾਂ ਦੱਸਿਆ ਕਿ ਕੈਂਟਰ ਵਿੱਚ ਕੁੱਲ ਤਿੰਨ ਵਿਅਕਤੀ ਸਵਾਰ ਸਨ। ਗੁਰਾਇਆ ਵੱਲੋਂ ਆ ਰਹੇ ਕੈਂਟਰ ਦੇ ਡਰਾਈਵਰ ਦੀ ਅਚਾਨਕ ਅੱਖ ਲੱਗ ਜਾਣ ਕਾਰਨ ਵਾਹਨ ਸੜਕ ਕਿਨਾਰੇ ਖੜ੍ਹੇ ਟਰੱਕ ਨਾਲ ਜਾ ਟਕਰਾਇਆ। ਕੈਂਟਰ ਚਾਲਕ ਨੇ ਦੱਸਿਆ ਕਿ ਉਹ ਟਰੱਕ ਦਾ ਨੰਬਰ ਨੋਟ ਨਹੀਂ ਕਰ ਸਕਿਆ।ਹਾਦਸੇ ਵਿੱਚ ਡਰਾਈਵਰ ਸਮੇਤ ਤਿੰਨੇ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਸੜਕ ਸੁਰੱਖਿਆ ਫੋਰਸ ਨੇ 108 ਐਂਬੂਲੈਂਸ ਦੀ ਮਦਦ ਨਾਲ ਤਿੰਨਾਂ ਨੂੰ ਸਿਵਲ ਹਸਪਤਾਲ ਫਿਲੌਰ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਮੁਸ਼ਤਾਕ ਅਲੀ ਨੂੰ ਮ੍ਰਿਤਕ ਐਲਾਨ ਦਿੱਤਾ, ਜਦਕਿ ਬਾਕੀ ਦੋ ਜ਼ਖ਼ਮੀਆਂ ਦਾ ਇਲਾਜ ਜਾਰੀ ਹੈ।ਘਟਨਾ ਦੀ ਸੂਚਨਾ ਥਾਣਾ ਫਿਲੌਰ ਦੇ ਡਿਊਟੀ ਅਫ਼ਸਰ ਨੂੰ ਦੇ ਦਿੱਤੀ ਗਈ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਫਰਾਰ ਟਰੱਕ ਚਾਲਕ ਦੀ ਭਾਲ ਜਾਰੀ ਹੈ।

# ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਮਹਿਲਾਵਾਂ ਨੂੰ ਮਿਲਿਆ ਲਾਭ: ਲੋਹਟੀਆ

**ਫਿਲੌਰ, (ਹਰਜਿੰਦਰ ਕੌਰ ਚਾਹਲ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮਾਵਾਂ ਧੀਆਂ ਸਤਿਕਾਰ ਯੋਜਨਾ' ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਵਿਧਾਨ ਸਭਾ ਹਲਕਾ ਫਿਲੌਰ ਵਿੱਚ ਯੋਜਨਾ ਤਹਿਤ ਰੱਖੀ ਗਈ ਮੀਟਿੰਗ ਦੌਰਾਨ ਵੱਡੀ ਗਿਣਤੀ ਵਿੱਚ ਪਹੁੰਚੀਆਂ ਮਹਿਲਾਵਾਂ ਨੂੰ ਦੇਖ ਕੇ ਲੱਗਦਾ ਹੈ ਕਿ ਪੰਜਾਬ ਵਿੱਚ ਇਹ ਸਕੀਮ 100 ਫੀਸਦੀ ਕਾਮਯਾਬ ਰਹੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਲਕਾ ਇੰਚਾਰਜ ਮੈਡਮ ਹਰਜੋਤ ਕੌਰ ਲੋਹਟੀਆ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਲਈ ਸ਼ੁਰੂ ਕੀਤੀ ਗਈ ਇਸ ਯੋਜਨਾ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਯੋਗ ਪਾਈਆਂ ਜਾਣ ਵਾਲੀਆਂ ਮਹਿਲਾਵਾਂ ਨੂੰ ਸਰਕਾਰ ਵੱਲੋਂ ਜਲਦੀ ਹੀ ਯੋਜਨਾ ਦਾ ਲਾਭ ਦਿੱਤਾ ਜਾਵੇਗਾ।



ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਸ ਯੋਜਨਾ ਲਈ ਵਿਸ਼ੇਸ਼ ਕੈਂਪ ਲਗਾਏ ਗਏ, ਜਿੱਥੇ ਮਹਿਲਾਵਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਆਪਣੀਆਂ ਅਰਜ਼ੀਆਂ ਜਮ੍ਹਾਂ ਕਰਵਾਈਆਂ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹਰ ਯੋਗ ਮਹਿਲਾ ਤੱਕ ਇਸ ਯੋਜਨਾ ਦਾ ਲਾਭ ਪਹੁੰਚਾਉਣਾ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਮਹਿਲਾਵਾਂ ਦੇ ਸਸ਼ਕਤੀਕਰਨ ਲਈ ਸ਼ੁਰੂ ਕੀਤੀਆਂ ਯੋਜਨਾਵਾਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਮੌਕੇ ਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਦੇ ਖਾਤੇ ਵਿੱਚ 3000-4500 ਰੁਪਏ ਆਏ ਹਨ।ਜਿਸ ਲਈ ਉਨ੍ਹਾਂ ਮਹਿਲਾਵਾਂ ਦੀ ਹੌਂਸਲਾ ਅਫਜ਼ਾਈ ਕੀਤੀ ਅਤੇ ਕਿਹਾ ਕਿ ਸਾਡੀਆਂ ਮਹਿਲਾਵਾਂ ਇਸ ਦੀਆਂ ਹੱਕਦਾਰ ਹਨ ਮੌਕੇ ਤੇ ਹਾਜਰ ਮਹਿਲਾਵਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਜ਼ਿੰਦਾਬਾਦ ਦੇ ਨਾਅਰੇ ਲਗਾਏ ਅਤੇ ਕਿਹਾ ਕਿ ਮਾਨ ਸਰਕਾਰ ਨੇ ਮਹਿਲਾਵਾਂ ਨੂੰ ਬੱਸ ਸਫ਼ਰ ਮੁਫਤ, ਇੱਕ ਹਜ਼ਾਰ ਜਾਂ ਪੰਦਰਾਂ ਸੌ ਰੁਪਏ ਦੀ ਸਕੀਮ, 600 ਯੂਨਿਟ ਮੁਫ਼ਤ , ਮੁਫ਼ਤ ਰਾਸ਼ਨ ਅਤੇ ਹੋਰ ਸਕੀਮਾਂ ਦੇ ਕੇ ਪਹਿਲੀ ਸਰਕਾਰ ਬਣੀ ਹੈ ਜਿਸ ਨੇ ਵਾਅਦਾ ਪੂਰਾ ਕੀਤਾ ਹੈ ਜਿਸ ਲਈ ਉਨ੍ਹਾਂ ਮਾਨ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਹਾਜ਼ਰ ਪ੍ਰਦੀਪ ਦੁੱਗਲ ਜ਼ਿਲ੍ਹਾ ਪ੍ਰਧਾਨ, ਰੋਸ਼ਨ ਲਾਲ ਰੋਸੀ ਚੇਅਰਮੈਨ ਮਾਰਕੀਟ ਕਮੇਟੀ ਫਿਲੌਰ, ਡਾ ਵਰਿੰਦਰ ਸਿੰਘ ਸੈਣੀ, ਪਰਮਿੰਦਰ ਸਿੰਘ ਮਾਹਲ, ਸ਼ੁਖਦੀਪ ਸਿੰਘ ਅੱਪਰਾ, ਪੰਕਜ ਕੁਮਾਰ, ਹਰਮੇਸ਼ ਮੇਸ਼ੀ ਪ੍ਰਧਾਨ ਨਗਰ ਕੌਂਸਲ ਗੁਰਾਇਆ, ਹਰਜਿੰਦਰ ਕੌਰ ਬਲਾਕ ਕੋ ਆਰਡੀਨੇਟਰ, ਮਨਦੀਪ ਸਿੰਘ ਮੀਡੀਆ ਇੰਚਾਰਜ ਫਿਲੌਰ , ਗੌਰਵ ਬਾਵਾ ਮੀਡੀਆ ਇੰਚਾਰਜ ਗੁਰਾਇਆ, ਧਰਮਿੰਦਰ ਲਸਾੜਾ, ਅਮਰਜੀਤ ਸਿੰਘ ਲੋਟਾ ਅਤੇ ਹੋਰ ਹਾਜ਼ਰ ਸਨ

# ਜ਼ਿਲ੍ਹਾ ਚੋਣ ਅਫ਼ਸਰ ਨੇ ਐੱਸ ਆਈ ਆਰ-2026 ਦੀ ਪ੍ਰਗਤੀ ਦਾ ਲਿਆ ਜਾਇਜ਼ਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਆਪਣੇ ਦਫ਼ਤਰ ਵਿਖੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਐਸ ਡੀ ਐਮ) ਨਾਲ ਮੀਟਿੰਗ ਕਰਕੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.-2026) ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਮੀਟਿੰਗ ਦੌਰਾਨ ਉਨ੍ਹਾਂ ਹਦਾਇਤ ਕੀਤੀ ਕਿ ਵੋਟਰਾਂ ਨੂੰ ਵੰਡੇ ਗਏ ਐਨੂਮਰੇਸ਼ਨ ਫਾਰਮ ਸਾਰੇ ਲੋੜੀਂਦੇ ਵੇਰਵੇ ਭਰਵਾਉਣ ਉਪਰੰਤ ਸਮੇਂ ਸਿਰ (25 ਜੂਨ ਤੋਂ 24 ਜੁਲਾਈ) ਵਾਪਸ ਇਕੱਤਰ ਕੀਤੇ ਜਾਣ। ਉਨ੍ਹਾਂ ਕਿਹਾ ਕਿ 3 ਅਗਸਤ, 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਡਰਾਫਟ ਵੋਟਰ ਸੂਚੀ ਵਾਸਤੇ ਇਨ੍ਹਾਂ ਫਾਰਮਾਂ ਦਾ ਡਿਜੀਟਾਈਜ਼ੇਸ਼ਨ ਮੁਕੰਮਲ ਕਰਨਾ ਬਹੁਤ ਜ਼ਰੂਰੀ ਹੈ।ਜ਼ਿਲ੍ਹਾ ਚੋਣ ਅਫ਼ਸਰ ਨੇ ਈ.ਆਰ.ਓਜ਼. ਨੂੰ 1200 ਤੋਂ ਵੱਧ ਵੋਟਰਾਂ ਵਾਲੇ ਪੋਲਿੰਗ ਬੂਥਾਂ ਦੇ ਰੈਸ਼ਨਲਾਈਜ਼ੇਸ਼ਨ ਸਬੰਧੀ ਪ੍ਰਸਤਾਵ ਤਿਆਰ ਕਰਕੇ ਸਮੇਂ ਸਿਰ ਭੇਜਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼.) ਅਤੇ ਸੁਪਰਵਾਈਜ਼ਰਾਂ ਤੋਂ ਨਿਯਮਿਤ ਤੌਰ 'ਤੇ ਪ੍ਰਗਤੀ ਰਿਪੋਰਟ ਲਈ ਜਾਵੇ।ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਮੌਜੂਦਾ ਅਤੇ ਰੈਸ਼ਨਲਾਈਜ਼ੇਸ਼ਨ ਲਈ ਪ੍ਰਸਤਾਵਿਤ ਸਾਰੇ ਪੋਲਿੰਗ ਬੂਥਾਂ 'ਤੇ ਭਾਰਤ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਘੱਟੋ-ਘੱਟ ਲੋੜੀਂਦੀਆਂ ਸਹੂਲਤਾਂ (ਘੱਟੋ ਘੱਟ ਲੋੜੀਂਦੀਆਂ ਸੁਵਿਧਾਵਾਂ) ਹਰ ਹਾਲਤ ਵਿੱਚ ਯਕੀਨੀ ਬਣਾਈਆਂ ਜਾਣ। ਕੋਮਲ ਮਿੱਤਲ ਨੇ ਦੁਹਰਾਇਆ ਕਿ ਸਾਰੇ ਬੀ.ਐਲ.ਓਜ਼. ਘਰ-ਘਰ ਜਾ ਕੇ ਐਨੂਮਰੇਸ਼ਨ ਫਾਰਮ ਵੰਡਣ ਅਤੇ ਬਾਅਦ ਵਿੱਚ ਭਰੇ ਹੋਏ ਫਾਰਮ ਵਾਪਸ ਇਕੱਤਰ ਕਰਨ ਦੀ ਪ੍ਰਕਿਰਿਆ ਨੂੰ ਪੂਰੀ ਤਨਦੇਹੀ ਨਾਲ ਨੇਪਰੇ ਚਾੜ੍ਹਨ।ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੀਤਿਕਾ ਸਿੰਘ, ਈ.ਆਰ.ਓ. ਅਮਿਤ ਗੁਪਤਾ (ਐੱਸ.ਡੀ.ਐੱਮ. ਡੇਰਾਬੱਸੀ), ਈ.ਆਰ.ਓ. ਦਮਨਦੀਪ ਕੌਰ (ਐੱਸ.ਡੀ.ਐੱਮ. ਮੋਹਾਲੀ), ਈ.ਆਰ.ਓ. ਗੁਰਮੀਤ ਸਿੰਘ (ਐੱਸ.ਡੀ.ਐੱਮ. ਖਰੜ), ਚੋਣ ਤਹਿਸੀਲਦਾਰ ਹਰਪ੍ਰੀਤ ਕੌਰ ਅਤੇ ਹੋਰ ਅਧਿਕਾਰੀ ਹਾਜ਼ਰ ਸਨ।



# ਸਾਲਾਨਾ ਜੋੜ ਮੇਲਾ ਮਨਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੂਰਮਹਿਲ ਤਲਵਣ ਸੜਕ ਤੇ ਸਥਿਤ ਡੇਰਾ ਬਾਬਾ ਪੰਜ ਪੀਰ ਫਲਾਈਆ ਵਿਖੇ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ । ਗੱਦੀ ਨਸ਼ੀਨ ਕਾਲਾ ਫਲਾਈਆ ਨੇ ਦੱਸਿਆ ਮੇਲੇ ਦੌਰਾਨ ਝੰਡੇ ਦੀ ਰਸਮ,ਚਾਦਰ ਦੀ ਰਸਮ ਕੀਤੀ ਗਈ । ਉਪਰੰਤ ਸਟੇਜ ਪ੍ਰੋਗਰਾਮ ਖੁੱਲ੍ਹੇ ਪੰਡਾਲ ਵਿੱਚ ਹੋਇਆ ਜਿਸ ਵਿੱਚ ਗਾਇਕ ਕੇ ਐੱਸ ਮੱਖਣ ਤੇ ਹਰਪਾਲ ਠੱਠੇਵਾਲ ਨੇ ਗੀਤਾਂ ਰਾਹੀਂ ਆਪਣੀ ਹਾਜ਼ਰੀ ਲਗਵਾਈ।ਕੇ ਐੱਸ ਮੱਖਣ ਨੇ ਪਹਿਲੀ ਹਾਜ਼ਰੀ ਧਾਰਮਿਕ ਗੀਤ ਗਾ ਕੇ ਲਗਵਾਈ । ਉਪਰੰਤ ਸੱਜਣ ਹੁੰਦੇ ਨਸ਼ਿਆ ਵਰਗੇ ਛੱਡਣੇ ਸੌਖੇ ਨਹੀਂ ਗਾ ਕੇ ਸਰੋਤਿਆਂ ਦੀ ਵਾਹ ਵਾਹ ਖੱਟੀ।ਲੰਗਰ ਅਤੁੱਟ ਵਰਤਾਇਆ ਗਿਆ । ਇਸ ਮੌਕੇ ਅਵਤਾਰ ਸਿੰਘ, ਬਲਕਾਰ ਸਿੰਘ, ਪਰਮਜੀਤ ਸਿੰਘ, ਸ਼ਿੰਦਰਪਾਲ , ਪ੍ਰਵੀਨ ਕੁਮਾਰ, ਵਿੱਕੀ ਬਾਲੂ , ਜਸਪਾਲ ਸਿੰਘ, ਸੋਨੀ ਤਲਵਣ , ਬਾਬਾ ਦੀਪਾ ਤਲਵਣ , ਬੀਟਾ ਬਿਲਗਾ ਨਿਰਮਲਜੀਤ ਸਿੰਘ, ਨੋਨੂੰ ਬਾਲੂ ਅਤੇ ਸੈਕੜੇ ਸ਼ਰਧਾਲੂਆ ਨੇ ਆਪਣੀ ਹਾਜ਼ਰੀ ਲਗਵਾਈ।



# ਮਿਡ ਡੇ ਮੀਲ ਵਰਕਰਜ਼ ਯੂਨੀਅਨ ਵੱਲੋਂ ਰੋਸ ਰੈਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਕੂਲਾਂ ਅੰਦਰ ਖਾਣਾ ਬਣਾਉਣ ਵਾਲੀਆਂ ਮਹਿਲਾਵਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਮਿਡ ਡੇ ਮੀਲ ਵਰਕਰਜ਼ ਯੂਨਅਨ ਵਲੋਂ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਅਤੇ ਸਰਕਾਰ ਵਲੋਂ ਕੀਤੇ ਜਾ ਰਹੇ ਆਰਥਿਕ ਅਤੇ ਮਾਨਸਿਕ ਸ਼ੋਸ਼ਣ ਖਿਲਾਫ ਸੰਘਰਸ਼ ਕੀਤਾ ਜਾ ਰਿਹਾ ਹੈ। ਜੱਥੇਬੰਦੀ ਵਲੋਂ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਹੈ ਕਿ ਸੰਘਰਸ਼ ਨੂੰ ਹੋਰ ਤੇਜ਼ ਕਰਦਿਆਂ ਸੂਬੇ ਭਰ ਖਾਣਾ ਬਣਾਉਣਾ ਬੰਦ ਕਰਕੇ ਰੋਸ ਰੈਲੀਆਂ ਕੀਤੀਆਂ ਜਾਣਗੀਆਂ।ਇਸ ਸਬੰਧੀ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਅੱਗੇ ਜੱਥੇਬੰਦੀ ਦੀ ਜ਼ਿਲ੍ਹਾ ਪ੍ਰਧਾਨ ਆਸ਼ਾ ਰਾਣੀ ਦੀ ਅਗਵਾਈ ਹੇਠ ਰੋਸ ਰੈਲੀ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਆਸ਼ਾ ਰਾਣੀ ਨੇ ਕਿਹਾ ਕਿ ਸਰਕਾਰ ਵਲੋਂ ਜੱਥੇਬੰਦੀ ਨਾਲ ਕੀਤੀਆਂ ਮੀਟਿੰਗਾਂ ਵਿੱਚ ਹੋਏ ਫੈਸਲਿਆਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ ਜਿਸ ਕਾਰਣ ਸੂਬੇ ਭਰ ਦੀਆਂ ਮਿਡ ਡੇ ਮੀਲ ਵਰਕਰਾਂ ਅੰਦਰ ਭਾਰੀ ਰੋਸ ਹੈ। ਜੱਥੇਬੰਦੀ ਵਲੋਂ ਪਹਿਲੀ ਜੁਲਾਈ ਤੋਂ ਖਾਣਾ ਨਾ ਬਣਾਉਣ ਦਾ ਜੋ ਫੈਸਲਾ ਕੀਤਾ ਗਿਆ ਹੈ, ਉਸ ਸੰਬੰਧੀ ਖਾਣੇ ਬਣਾਉਣ ਦਾ ਬਾਈਕਾਟ ਕਰਕੇ ਰੈਲੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਬੇਸ਼ੱਕ ਸੰਘਰਸ਼ ਦੇ ਦਬਾਅ ਸਦਕਾ ਇੱਕ ਲਿਖਤੀ ਪੱਤਰ ਰਾਹੀ ਮਿਤੀ 3 ਜੁਲਾਈ ਨੂੰ ਸਿੱਖਿਆ ਮੰਤਰੀ ਨਾਲ ਮੀਟਿੰਗ ਫਿਕਸ ਕੀਤੀ ਗਈ ਹੈ ਅਤੇ ਜੇਕਰ ਮੀਟਿੰਗ ਵਿੱਚ ਮੰਗਾਂ ਨੂੰ ਬੂਰ ਨਾ ਪਿਆ ਤਾਂ ਸੰਘਰਸ਼ ਜਾਰੀ ਰੱਖਿਆ ਜਾਵੇਗਾ। ਰੈਲੀ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਪ ਸ ਸ ਫ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜ਼ਿਲ੍ਹਾ ਜਨਰਲ ਸਕੱਤਰ ਇੰਦਰਜੀਤ ਵਿਰਦੀ, ਪੈਨਸ਼ਨਰ ਆਗੂ ਮਨਜੀਤ ਬਾਜਵਾ, ਬਲਵੀਰ ਸੈਣੀ ਨੇ ਕਿਹਾ ਪ੍ਰਸ਼ਾਸਨ ਵਲੋਂ ਰਾਤ 11 ਵਜੇ ਸਿੱਖਿਆਂ ਮੰਤਰੀ ਨਾਲ ਮੀਟਿੰਗ ਦੇ ਸਮੇਂ ਵਾਲਾ ਪੱਤਰ ਜਾਰੀ ਕਰਨ ਤੋਂ ਇਹ ਸਪੱਸ਼ਟ ਹੈ ਕਿ ਇਹ ਪੱਤਰ ਸੰਘਰਸ਼ ਸਦਕਾ ਹੀ ਜਾਰੀ ਹੋਇਆ ਹੈ। ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਰੈਲੀ ਵਿੱਚ ਆ ਕੇ ਮੰਗ ਪੱਤਰ ਪ੍ਰਾਪਤ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫਸਰ ਹਰਜਿੰਦਰ ਕੌਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਅਮਨਦੀਪ ਅਰਮਾ ਵਲੋਂ ਸੰਬੋਧਨ ਕਰਦਿਆਂ ਯਕੀਨ ਦਵਾਇਆ ਕਿ ਜ਼ਿਲ੍ਹਾ ਪੱਧਰ ਦੀਆਂ ਮੰਗਾਂ ਅਥੇ ਸਕੂਲਾਂ ਅੰਦਰ ਪੇਸ਼ ਆ ਰਹੀਆਂ ਮੁਸ਼ਕਿਲਾਂ ਨੂੰ ਤੁਰੰਤ ਹੱਲ ਕੀਤਾ ਜਾਵੇਗਾ। ਰੈਲੀ ਨੂੰ ਸੰਬੋਧਨ ਕਰਦਿਆਂ ਜੱਥੇਬੰਦੀ ਦੀਆਂ ਜ਼ਿਲ੍ਹਾ ਆਗੂਆਂ ਰੀਨਾ ਰਾਣੀ, ਮਨਪ੍ਰੀਤ ਕੌਰ, ਸੁਨੀਤਾ ਦੇਵੀ, ਹਰਮਨਦੀਪ, ਮਮਤਾ ਰਾਣੀ, ਗੁਰਪ੍ਰੀਤ ਕੌਰ, ਜੈਸਨਵੀਰ ਕੌਰ, ਹਰਪ੍ਰੀਤ ਕੌਰ, ਮਨਜੀਤ ਕੌਰ, ਤਮੰਨਾ ਦੇਵੀ, ਜੋਤੀ, ਸੀਮਾ ਰਾਣੀ, ਸੁਨੀਤਾ ਦੇਵੀ, ਕਮਲਜੀਤ ਕੌਰ, ਅਮਰਜੀਤ ਕੌਰ, ਅਮਰ ਕੌਰ, ਸਾਬਕਾ ਪ੍ਰਧਾਨ ਬਲਵਿੰਦਰ ਕੌਰ ਨੇ ਕਿਹਾ ਕਿ ਭਵਿੱਖ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।



# ਮਿੱਡ ਡੇ ਮੀਲ ਬੰਦ ਕਰਕੇ ਕੀਤੀ ਰੋਸ ਰੈਲੀ

**ਗੁਰਾਇਆ (ਬਿੰਦਰ ਸੁਮਨ)**-ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣ ਭੱਤੇ 'ਤੇ ਕੰਮ ਕਰਦੀਆਂ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਪ੍ਰਧਾਨ ਬਿਮਲਾ ਦੇਵੀ ਫਾਜ਼ਿਲਕਾ ਅਤੇ ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਵਲੋਂ ਮਿਲੇ ਸੰਘਰਸ਼ ਦੇ ਸੁਨੇਹੇ ਅਨੁਸਾਰ ਸਿਮਰਨਜੀਤ ਪਾਸਲਾ ਪ੍ਰਧਾਨ ਗੁਰਾਇਆ 01 ਤੇ ਚਰਨਜੀਤ ਕੌਰ ਮਾਹਲ ਪ੍ਰਧਾਨ ਗੁਰਾਇਆ 02 ਦੀ ਅਗਵਾਈ ਹੇਠ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਗੁਰਾਇਆ ਦੇ ਦਫ਼ਤਰ ਵਿਖੇ ਇਕੱਠੇ ਹੋ ਕੇ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਰੋਹ ਭਰਪੂਰ ਰੈਲੀ ਕਰਨ ਉਪਰੰਤ ਬੀ ਪੀ ਈ ਓ ਦੀ ਗੈਰ ਮੌਜੂਦਗੀ ਵਿੱਚ ਦਫ਼ਤਰ ਦੇ ਅਕਾਊਂਟੈਂਟ ਰਾਕੇਸ਼ ਕੁਮਾਰ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ 'ਤੇ ਮਿੱਡ ਡੇ ਮੀਲ ਵਰਕਰਾਂ ਦੀਆਂ ਮੰਗਾਂ ਸੰਬੰਧੀ ਮੰਗ ਪੱਤਰ ਸੌਂਪਿਆ ਗਿਆ। ਰੈਲੀ ਨੂੰ ਸੰਬੋਧਨ ਕਰਦੇ ਹੋਏ ਸਿਮਰਨਜੀਤ ਪਾਸਲਾ, ਚਰਨਜੀਤ ਕੌਰ ਮਾਹਲ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਬਲਾਕ ਪ੍ਰਧਾਨ ਸੁਖਵਿੰਦਰ ਰਾਮ,ਪੈਨਸ਼ਨਰ ਆਗੂ ਕੁਲਦੀਪ ਸਿੰਘ ਕੌੜਾ, ਰਤਨ ਸਿੰਘ ਆਦਿ ਨੇ ਕਿਹਾ ਕਿ ਮਿੱਡ ਡੇ ਮੀਲ ਵਰਕਰਾਂ ਦਾ ਮਿਹਨਤਾਨਾ ਚੋਣ ਵਾਅਦੇ ਅਨੁਸਾਰ ਅੱਜ ਤੱਕ ਦੁਗਣਾ ਨਹੀਂ ਕੀਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਜਦੋਂ ਤੱਕ ਰੈਗੂਲਰ ਨਹੀਂ ਕੀਤਾ ਜਾਂਦਾ ਉਦੋਂ ਤੱਕ ਘੱਟੋ ਘੱਟ ਉਜਰਤ ਨੂੰ ਲਾਗੂ ਕਰਦੇ ਹੋਏ 26000/- ਰੁਪਏ ਮਿਹਨਤਾਨਾ ਦਿੱਤਾ ਜਾਵੇ। ਰੈਲੀ ਦੌਰਾਨ ਪੰਜਾਬ ਤੇ ਯੂ ਟੀ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਦੇ ਬੈਨਰ ਹੇਠ 17 ਜੁਲਾਈ ਮੋਹਾਲੀ ਵਿਖੇ ਕੀਤੀ ਜਾ ਰਹੀ ਰੈਲੀ ਅਤੇ 9 ਜੁਲਾਈ ਨੂੰ ਕੈਬਨਿਟ ਮੰਤਰੀ ਮਹਿੰਦਰ ਭਗਤ ਦੀ ਜਲੰਧਰ ਰਿਹਾਇਸ਼ ਦੇ ਘਿਰਾਓ ਕਰਨ ਦੇ ਐਕਸ਼ਨ ਵਿੱਚ ਵੀ ਭਰਵੀਂ ਸ਼ਮੂਲੀਅਤ ਕਰਨ ਦਾ ਵੀ ਐਲਾਨ ਕੀਤਾ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਿਮਰਨਜੀਤ ਪਾਸਲਾ, ਚਰਨਜੀਤ ਕੌਰ ਮਾਹਲ, ਬਲਜੀਤ, ਬਲਵੀਰ ਕੌਰ, ਕਮਲਜੀਤ ਕੌਰ, ਰਾਜ ਕੁਮਾਰੀ, ਕੁਲਵਿੰਦਰ ਕੌਰ, ਹਰਵਿੰਦਰ ਕੌਰ, ਜਸਵਿੰਦਰ ਕੌਰ, ਅਮਰਜੀਤ ਕੌਰ, ਰਣਜੀਤ ਕੌਰ, ਸੁਰਜੀਤ ਕੌਰ, ਬਖਸ਼ੋ, ਹਰਪ੍ਰੀਤ ਕੌਰ,ਰਜਨੀ ਦੇਵੀ, ਜਸਵਿੰਦਰ ਕੌਰ,ਹਰਦੀਸ ਕੌਰ, ਪ੍ਰਵੀਨ, ਜਗਦੀਸ਼ ਕੌਰ, ਪਰਮਜੀਤ ਕੌਰ, ਕੁਲਦੀਪ ਕੌਰ, ਸੁਰਿੰਦਰ ਕੌਰ, ਆਸ਼ਾ ਰਾਣੀ, ਸਰਬਜੀਤ ਕੌਰ ਲੇਹਲ , ਸੁਖਵਿੰਦਰ ਰਾਮ ਪ੍ਰਧਾਨ, ਕੁਲਦੀਪ ਸਿੰਘ ਕੌੜਾ ਅਤੇ ਰਤਨ ਸਿੰਘ ਆਦਿ ਹਾਜ਼ਰ ਸਨ।



# ਆਂਗਣਵਾੜੀ ਵਰਕਰਾਂ ਨੇ ਵਿਧਾਇਕ ਨੂੰ ਦਿੱਤਾ ਮੰਗ ਪੱਤਰ

**ਖਰੜ, (ਹਰਨਾਮ ਸਿੰਘ ਡੱਲਾ)**-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਸੰਬੰਧ ਵਿੱਚ ਆਂਗਣਵਾੜੀ ਵਰਕਰਾਂ ਨੇ ਆਪਣੀਆਂ ਸੇਵਾਵਾਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਆਪਣੀਆਂ ਮੰਗਾਂ ਦੇ ਸਬੰਧ ਵਿੱਚ ਮੰਗ ਪੱਤਰ ਮੋਹਾਲੀ ਦੇ ਵਿਧਾਇਕ ਸ. ਕੁਲਵੰਤ ਸਿੰਘ ਨੂੰ ਦਿੱਤਾ ਗਿਆ। ਮੰਗ ਪੱਤਰ ਦਿੰਦੇ ਹੋਏ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਪ੍ਰਧਾਨ ਹਰਗੋਬਿੰਦ ਕੌਰ ਨੇ ਕਿਹਾ ਕਿ ਆਂਗਣਵਾੜੀ ਵਰਕਰ ਆਰਥਿਕ ਪੱਖੋਂ ਕਮਜ਼ੋਰ ਹਨ ਤੇ ਕਈਆਂ ਦੇ ਕੋਲ ਤਾਂ ਮੋਬਾਇਲ ਫੋਨ ਵੀ ਨਹੀਂ ਹਨ। ਉਹ ਵਿਭਾਗ ਦਾ ਸਾਰਾ ਕੰਮ ਕਿਸੇ ਪਰਵਾਰਕ ਮੈਂਬਰ ਦੇ ਫੋਨ ਉੱਤੇ ਹੀ ਕਰਦੀਆਂ ਹਨ ਕਿਉਂਕਿ ਮਹਿਕਮੇ ਵੱਲੋਂ ਉਹਨਾਂ ਨੂੰ ਮੋਬਾਇਲ ਫੋਨ ਨਹੀਂ ਦਿੱਤੇ ਗਏ ਜਦਕਿ ਮਹਿਕਮੇ ਦਾ ਜਿਆਦਾ ਕੰਮ ਫੋਨ ਤੇ ਹੀ ਕਰਵਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਉਹਨਾਂ ਨੇ ਪਹਿਲਾਂ ਵੀ ਸਰਕਾਰ ਦੇ ਧਿਆਨ ਵਿੱਚ ਇਹ ਗੱਲ ਲਿਆਂਦੀ ਹੈ ਪਰ ਕਿਸੇ ਨੇ ਵੀ ਇਸ ਤੇ ਗੌਰ ਨਹੀਂ ਫਰਮਾਇਆ। ਵਿਭਾਗ ਦੀ ਡਾਇਰੈਕਟਰ ਤੇ ਸੀ ਡੀ ਪੀ ਓ ਅਤੇ ਮੌਜੂਦਾ ਐਮ ਐਲ ਏ ਨੂੰ ਮੰਗ ਪੱਤਰ ਦਿੱਤੇ ਗਏ ਪਰ ਕੋਈ ਵੀ ਸੁਣਵਾਈ ਨਹੀਂ ਹੋਈ। ਉਹਨਾਂ ਨੇ ਮੰਗ ਕੀਤੀ ਹੈ ਕਿ ਉਹਨਾਂ ਨੂੰ ਫੋਨ ਤੇ ਸੈਂਟਰ ਵਿੱਚ ਵਾਈਫਾਈ ਦੀ ਸੁਵਿਧਾ ਦਿੱਤੀ ਜਾਵੇ ਅਤੇ ਹਰੇਕ ਵਰਕਰ ਨੂੰ 200 ਰੁਪਏ ਤੇ ਹੈਲਪਰ ਨੂੰ ਸੌ ਰੁਪਏ ਪ੍ਰਤੀ ਲਾਭਪਾਤਰੀ ਦਿੱਤਾ ਜਾਵੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਜੀਤ ਕੌਰ, ਸਕੱਤਰ ਮਨਜੀਤ ਕੌਰ, ਸਰਕਲ ਪ੍ਰਧਾਨ ਮਨਜੀਤ ਕੌਰ ਕੁਲਦੀਪ ਕੌਰ ਅਤੇ ਹੋਰ ਆਂਗਣਵਾੜੀ ਵਰਕਰ ਵੀ ਹਾਜ਼ਰ ਸਨ।



# ਚੰਗਾ ਸਾਹਿਤ ਨਰੋਏ ਸਮਾਜ ਦੀ ਸਿਰਜਣਾ 'ਚ ਸਹਾਇਕ ਹੁੰਦਾ : ਸੀਚੇਵਾਲ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸਾਹਿਤ ਸਭਾ ਸੁਲਤਾਨਪੁਰ ਲੋਧੀ ਵੱਲੋਂ ਨਰਿੰਦਰ ਸਿੰਘ ਜੀਰਾ ਦੀ ਪੁਸਤਕ 'ਜੂਝਦਾ ਜਿਉਂਦਾ ਪੰਜਾਬ' ਵੱਡੀ ਗਿਣਤੀ ਵਿੱਚ ਹਾਜ਼ਰ ਸਾਹਿਤ ਪ੍ਰੇਮੀਆਂ ਦੇ ਇਕੱਠ ਵਿੱਚ ਰਿਲੀਜ਼ ਕੀਤੀ ਗਈ। ਸਮਾਗਮ ਦੀ ਪ੍ਰਧਾਨਗੀ ਸਭਾ ਦੇ ਪ੍ਰਧਾਨ ਡਾ. ਸਵਰਨ ਸਿੰਘ, ਉੱਘੇ ਵਿਦਵਾਨ ਡਾ. ਪਰਮਜੀਤ ਸਿੰਘ ਮਾਨਸਾ,ਐਡਵੋਕੇਟ ਰਜਿੰਦਰ ਸਿੰਘ ਰਾਣਾ, ਨਰਿੰਦਰ ਸਿੰਘ ਸੋਨੀਆ, ਉੱਘੇ ਗਲਪਕਾਰ ਸੁਰਿੰਦਰ ਸਿੰਘ ਨੇਕੀ, ਦਲਜੀਤ ਰਾਏ ਕਾਲੀਆ ਤੇ ਸ਼ਾਇਰਾ ਕੁਲਵਿੰਦਰ ਕੰਵਲ ਨੇ ਕੀਤੀ।ਡਾ. ਸਵਰਨ ਸਿੰਘ ਨੇ ਵਿਦਵਾਨਾਂ ਤੇ ਸਾਹਿਤ ਪ੍ਰੇਮੀਆਂ ਨੂੰ ਜੀ ਆਇਆਂ ਆਖਿਆ।ਇਸ ਮੌਕੇ ਸੰਤ ਸੀਚੇਵਾਲ ਨੇ ਕਿਹਾ ਕਿ ਸਾਹਿਤ ਸਮਾਜ ਦਾ ਸ਼ੀਸ਼ਾ ਹੁੰਦਾ ਹੈ ਤੇ ਚੰਗਾ ਸਾਹਿਤ ਨਰੋਏ ਸਮਾਜ ਦੀ ਸਿਰਜਣਾ ਲਈ ਲੋਕਾਂ ਨੂੰ ਜਾਗਰੂਕ ਕਰਦਾ ਹੈ। ਉਹਨਾਂ ਨਰਿੰਦਰ ਸਿੰਘ ਜੀਰਾ ਨੂੰ ਇਸ ਵਡਮੁੱਲੇ ਕਾਰਜ ਲਈ ਮੁਬਾਰਕਬਾਦ ਦਿੱਤੀ।ਸਾਹਿਤ ਸਭਾ ਦੇ ਸਕੱਤਰ ਮੁਖਤਾਰ ਸਿੰਘ ਚੰਦੀ, ਸੁਰਿੰਦਰ ਸਿੰਘ ਨੇਕੀ ਦਸੂਹਾ, ਪ੍ਰਿੰਸੀਪਲ ਲਖਬੀਰ ਸਿੰਘ, ਸਾਹਿਤ ਸਭਾ ਜੀਰਾ ਦੇ ਪ੍ਰਧਾਨ ਦਲਜੀਤ ਰਾਏ ਕਾਲੀਆ, ਸਤੀਸ਼ ਦੇਵਗਨ ਅਤੇ ਕਥਾਕਾਰ ਪੰਮੀ ਦਿਵੇਦੀ ਨੇ ਪੁਸਤਕ ਤੇ ਨਿੱਠ ਕੇ ਵਿਚਾਰ ਚਰਚਾ ਕੀਤੀ। ਡਾ. ਨਿਰੰਜਨ ਦਸੂਹਾ, ਮੁਖਤਾਰ ਸਿੰਘ ਚੰਦੀ ਅਤੇ ਕੁਲਵਿੰਦਰ ਕੰਵਲ ਨੇ ਆਪਣੀਆਂ ਕਵਿਤਾਵਾਂ, ਗ਼ਜ਼ਲਾਂ ਸੁਣਾ ਕੇ ਅਦਬੀ ਦੋਸਤਾਂ ਤੋਂ ਚੰਗੀ ਦਾਦ ਪ੍ਰਾਪਤ ਕੀਤੀ।ਸਟੇਜ ਦਾ ਸੰਚਾਲਨ ਮੁਖਤਾਰ ਸਿੰਘ ਚੰਦੀ ਨੇ ਸ਼ਾਇਰਾਨਾ ਅੰਦਾਜ਼ ਵਿੱਚ ਕੀਤਾ।ਇਸ ਮੌਕੇ ਸਾਹਿਤ ਸਭਾ ਵਲੋਂ ਮੁਖ ਮਹਿਮਾਨ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਅਤੇ ਪੁਸਤਕ ਲੇਖਕ ਨਰਿੰਦਰ ਸਿੰਘ ਜੀਰਾ ਦਾ ਸਨਮਾਨ ਵੀ ਕੀਤਾ ਗਿਆ।ਅੰਤ ਵਿੱਚ ਐਡਵੋਕੇਟ ਰਾਜਿੰਦਰ ਸਿੰਘ ਰਾਣਾ ਨੇ ਹਾਜ਼ਰੀਨ ਦਾ ਭਾਵਪੂਰਨ ਸ਼ਬਦਾਂ ਵਿੱਚ ਧੰਨਵਾਦ ਕੀਤਾ।ਇਸ ਮੌਕੇ ਸੰਤ ਸੁਖਜੀਤ ਸਿੰਘ ਸੀਚੇਵਾਲ, ਬਾਬਾ ਸੁਰਜੀਤ ਸਿੰਘ ਸ਼ੰਟੀ, ਮਾਸਟਰ ਅਜੀਤ ਸਿੰਘ, ਨਰਿੰਦਰ ਸਿੰਘ ਅਮਰਕੋਟ, ਦਿਆਲ ਸਿੰਘ ਦੀਪੇਵਾਲ, ਨਰਿੰਦਰ ਸਿੰਘ ਢਿੱਲੋਂ, ਦਰਸ਼ਨ ਸਿੰਘ ਸਤਾਬਗੜ੍ਹ, ਸਤਨਾਮ ਪਾਲ, ਬਲਵਿੰਦਰ ਸਿੰਘ ਧਾਲੀਵਾਲ, ਸੁਖਦੇਵ ਸਿੰਘ ਟਿੱਬਾ, ਮੁਖਤਿਆਰ ਸਿੰਘ ਖਿੰਡਾ, ਸੁਰਜੀਤ ਸਿੰਘ ਜੰਮੂ ਸਮੇਤ ਅਨੇਕਾਂ ਸਾਹਿਤ ਪ੍ਰੇਮੀ ਹਾਜ਼ਰ ਸਨ।

# ਐਡਵੋਕੇਟ ਰਜਿੰਦਰ ਸਿੰਘ ਮੰਡ ਦਾ ਦਿਹਾਂਤ ਕਿਸਾਨ ਅੰਦੋਲਨ ਤੇ ਵਕੀਲ ਭਾਈਚਾਰੇ ਲਈ ਨਾ ਪੂਰਾ ਹੋਣ ਵਾਲਾ ਘਾਟਾ : ਕਾਹਲੋਂ

**ਜਲੰਧਰ (ਰਾਜੇਸ਼ ਥਾਪਾ)**-ਐਡਵੋਕੇਟ ਫਾਰ ਫਾਰਮਰਸ ਐਂਡ ਲੇਬਰਜ਼ ਦੇ ਸੰਸਥਾਪਕ ਮੈਂਬਰ, ਉੱਘੇ ਵਕੀਲ, ਸਮਾਜਸੇਵੀ ਅਤੇ ਕਿਸਾਨ, ਮਜ਼ਦੂਰਾਂ ਦੇ ਹਿੱਤਾਂ ਦੇ ਨਿਡਰ ਪਹਿਰੇਦਾਰ ਐਡਵੋਕੇਟ ਰਜਿੰਦਰ ਸਿੰਘ ਮੰਡ ਦੇ ਅਚਾਨਕ ਦਿਹਾਂਤ ਦੀ ਦੁੱਖਦਾਈ ਖਬਰ ਨਾਲ ਸਮੁੱਚੇ ਵਕੀਲ ਭਾਈਚਾਰੇ, ਕਿਸਾਨ ਵਰਗ, ਮਜ਼ਦੂਰ ਭਾਈਚਾਰੇ ਅਤੇ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਸੰਸਥਾ ਦੇ ਪ੍ਰਧਾਨ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਨੇ ਕਿਹਾ ਕਿ ਸਵ: ਐਡਵੋਕੇਟ ਰਜਿੰਦਰ ਸਿੰਘ ਮੰਡ ਨੇ ਆਪਣਾ ਸਮੁੱਚਾ ਜੀਵਨ ਇਨਸਾਫ, ਸੰਵਿਧਾਨਕ ਕਦਰਾਂ-ਕੀਮਤਾਂ ਅਤੇ ਕਿਸਾਨਾਂ-ਮਜ਼ਦੂਰਾਂ ਦੇ ਹੱਕਾਂ ਦੀ ਰੱਖਿਆ ਲਈ ਸਮਰਪਿਤ ਕੀਤਾ। ਤਿੰਨ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਚਲੇ ਇਤਿਹਾਸਕ ਕਿਸਾਨ ਅੰਦੋਲਨ ਦੌਰਾਨ ਉਹਨਾਂ ਨੇ ਨਿਡਰਤਾ ਨਾਲ ਅਗਵਾਈ ਵਾਲੀ ਭੂਮਿਕਾ ਨਿਭਾਈ ਅਤੇ ਕਿਸਾਨਾਂ ਦੇ ਕਾਨੂੰਨੀ ਅਤੇ ਸੰਵਿਧਾਨਕ ਹੱਕਾਂ ਦੀ ਰੱਖਿਆ ਲਈ ਅਹਿਮ ਯੋਗਦਾਨ ਪਾਇਆ। ਸੰਸਥਾ ਦੇ ਜਨਰਲ ਸਕੱਤਰ ਐਡਵੋਕੇਟ ਰਾਜੂ ਅੰਬੇਡਕਰ ਨੇ ਕਿਹਾ ਕਿ ਸਵ: ਐਡਵੋਕੇਟ ਰਜਿੰਦਰ ਸਿੰਘ ਮੰਡ ਇੱਕ ਅਜਿਹੇ ਵਕੀਲ ਸਨ ਜਿਹਨਾਂ ਦੀ ਵਕਾਲਤ ਕੇਵਲ ਪੇਸ਼ਾ ਨਹੀਂ ਸਗੋਂ ਸਮਾਜ ਸੇਵਾ ਦਾ ਸਾਧਨ ਸੀ। ਅਸੀਂ ਐਡਵੋਕੇਟ ਫਾਰ ਫਾਰਮਰਜ਼ ਐਂਡ ਲੇਬਰਜ਼ ਦੇ ਸਾਰੇ ਮੈਂਬਰਾਨ, ਐਡਵੋਕੇਟ ਰਜਿੰਦਰ ਸਿੰਘ ਮੰਡ ਨੂੰ ਦਿਲੋਂ ਸ਼ਰਧਾਂਜਲੀ ਭੇਟ ਕਰਦੇ ਹਾਂ। ਸ਼ਰਧਾਂਜਲੀ ਸਭਾ ਵਿੱਚ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ, ਐਡਵੋਕੇਟ ਰਾਜੂ ਅੰਬੇਡਕਰ, ਐਡਵੋਕੇਟ ਪਰਮਿੰਦਰ ਸਿੰਘ ਢਿੱਲੋਂ, ਐਡਵੋਕੇਟ ਪਲਵਿੰਦਰ ਸਿੰਘ ਗੁਰਾਇਆ, ਐਡਵੋਕੇਟ ਪੂਜਾ, ਐਡਵੋਕੇਟ ਹਨੀ ਬਾਲੂ, ਐਡਵੋਕੇਟ ਵਿਸ਼ਾਖਾ, ਐਡਵੋਕੇਟ ਮਹਿਕਦੀਪ, ਐਡਵੋਕੇਟ ਸ਼ੈਲੀ ਸ਼ੁਕਲਾ, ਐਡਵੋਕੇਟ ਪ੍ਰਿਆ, ਐਡਵੋਕੇਟ ਰਾਜ ਕੁਮਾਰ, ਐਡਵੋਕੇਟ ਭੂਮੀ, ਐਡਵੋਕੇਟ ਸੰਦੀਪ ਸ਼ਰਮਾ, ਐਡਵੋਕੇਟ ਗੁਰਵਿੰਦਰ ਸਿੰਘ, ਐਡਵੋਕੇਟ ਡੌਲੀ, ਐਡਵੋਕੇਟ ਟੀਨਾ, ਐਡਵੋਕੇਟ ਅਮਨਦੀਪ ਸਿੰਘ ਜੰਮੂ, ਐਡਵੋਕੇਟ ਸੁਖਵੀਰ ਕੌਰ, ਐਡਵੋਕੇਟ ਕੁਲਦੀਪ ਭੱਟੀ, ਐਡਵੋਕੇਟ ਆਰ ਪੀ ਐੱਸ ਭੋਗਲ, ਐਡਵੋਕੇਟ ਵਿਨੋਦ ਕੁਮਾਰ ਗੁਪਤਾ, ਐਡਵੋਕੇਟ ਲਵਪ੍ਰੀਤ ਸਿੰਘ, ਅਸ਼ਵਨੀ ਚੌਕੜੀਆ, ਪ੍ਰਿੰਸ ਸ਼ਰਮਾ, ਐਡਵੋਕੇਟ ਸੁਸ਼ੀਲ ਕੁਮਾਰ ਬੰਟੀ, ਪੰਕਜ, ਅਸ਼ੋਕ ਕੰਡਾ ਅਤੇ ਹੋਰ ਹਾਜ਼ਰ ਸਨ।

